ਮੰਗਲਵਾਰ, 21 ਜੁਲਾਈ, 2026
6 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 50

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • TUESDAY, 21 JULY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨਵੀਂ ਪੀੜ੍ਹੀ ਨੇ ਪਹਿਲੀ ਵਾਰ ਹਾਕਮਾਂ ਨੂੰ ਵੰਗਾਰਿਆ

## ਸੰਸਦ ਵੱਲ ਮਾਰਚ 'ਚ ਵਿਦਿਆਰਥੀਆਂ-ਨੌਜਵਾਨਾਂ ਦੇ ਨਾਲ ਸਕੂਲੀ ਬੱਚੇ ਤੇ ਮਾਪੇ ਵੀ ਸ਼ਾਮਲ, ਕਈ ਲਹੂ-ਲੁਹਾਨ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਗਰੀਬ-ਵਿਰੋਧੀ ਸਿੱਖਿਆ ਨੀਤੀ ਅਤੇ ਪੇਪਰ ਲੀਕ ਕਰਕੇ ਵਿਦਿਆਰਥੀਆਂ ਦੇ ਭਵਿੱਖ ਨਾਲ ਕੀਤੇ ਜਾ ਰਹੇ ਖਿਲਵਾੜ ਖਿਲਾਫ ਕਈ ਦਿਨਾਂ ਤੋਂ ਬਣ ਰਿਹਾ ਲਾਵਾ ਸੋਮਵਾਰ ਫੁੱਟ ਪਿਆ, ਜਦੋਂ ਹਜ਼ਾਰਾਂ ਵਿਦਿਆਰਥੀਆਂ-ਨੌਜਵਾਨਾਂ ਤੇ ਉਨ੍ਹਾਂ ਦੇ ਮਾਪਿਆਂ ਨੇ ਵਰ੍ਹਦੇ ਮੀਂਹ ਵਿੱਚ ਲਾਠੀਆਂ ਤੇ ਹੰਝੂ ਗੈਸ ਦੇ ਗੋਲਿਆਂ ਦੀ ਪਰਵਾਹ ਨਾ ਕਰਦਿਆਂ ਜੰਤਰ-ਮੰਤਰ ਤੋਂ ਸੰਸਦ ਵੱਲ ਮਾਰਚ ਕੀਤਾ। ਉੱਥੋਂ ਤੱਕ ਪਹੁੰਚਦਿਆਂ ਅਨੇਕਾਂ ਲੋਕ ਲਹੂ-ਲੁਹਾਨ ਹੋ ਗਏ। ਜ਼ਬਰਦਸਤ ਬੈਰੀਕੇਡਿੰਗ ਨੂੰ ਪਾਰ ਕਰਦਿਆਂ ਪ੍ਰੋਟੈਸਟਰਾਂ ਨੇ ਕਈ ਕਿੱਲੋਮੀਟਰਾਂ ਦਾ ਪੈਂਡਾ ਤੈਅ ਕੀਤਾ। ਉਹ ਨਾਅਰੇ ਲਾ ਰਹੇ ਸਨ—ਭਾਰਤ ਮਾਤਾ ਕੀ ਜੈ, ਵੰਦੇ ਮਾਤਰਮ, ਜੈ ਭੀਮ, ਪੁਲਸ ਕੋ ਆਗੇ ਕਰਤਾ ਹੈ, ਧਰਮੇਂਦਰ ਪ੍ਰਧਾਨ ਅਸਤੀਫਾ ਦੋ। ਪ੍ਰੋਟੈਸਟਰਾਂ 'ਤੇ ਤਸ਼ੱਦਦ ਕਾਰਨ ਸੰਸਦ ਦੇ ਦੋਹਾਂ ਸਦਨਾਂ ਵਿੱਚ ਕਾਰਵਾਈ ਨਹੀਂ ਚੱਲ ਸਕੀ। ਪ੍ਰੋਟੈਸਟਰਾਂ ਤੋਂ ਡਰਦਿਆਂ ਸੰਸਦ ਭਵਨ ਦੇ ਗੇਟ ਬੰਦ ਕਰ ਦਿੱਤੇ ਗਏ ਸਨ।

ਇਸੇ ਦੌਰਾਨ ਪੁਲਸ ਨੇ ਅੰਦੋਲਨਕਾਰੀਆਂ ਦੇ ਜੰਤਰ-ਮੰਤਰ ਸਥਿਤ ਟੈਂਟ ਉਖਾੜ ਦਿੱਤੇ ਹਨ। ਕਾਕਰੋਚ ਜਨਤਾ ਪਾਰਟੀ ਨੇ ਕਿਹਾ ਹੈ ਕਿ ਸਰਕਾਰ ਜਿੰਨਾ ਮਰਜ਼ੀ ਤਸ਼ੱਦਦ ਕਰ ਲਵੇ, ਹੁਣ ਅੰਦੋਲਨ ਰੁਕਣ ਵਾਲਾ ਨਹੀਂ। ਹਜ਼ਾਰਾਂ ਮਾਰਚਕਾਰੀਆਂ ਵਿੱਚ



ਵੱਖ-ਵੱਖ ਰਾਜਾਂ ਤੋਂ ਪਹੁੰਚੇ ਬਜ਼ੁਰਗ ਅਤੇ ਦਿੱਲੀ ਵਿੱਚ ਘਰਾਂ 'ਚੋਂ ਖਿਸਕ ਕੇ ਆਏ ਬੱਚੇ ਵੀ ਕਾਫੀ ਗਿਣਤੀ 'ਚ ਸਨ। ਕੁਝ ਬੱਚੇ ਸਕੂਲੀ ਵਰਦੀ ਵਿੱਚ ਸਨ, ਜਦਕਿ ਕੁਝ ਨੇ 'ਕਾਕਰੋਚ' ਲਿਬਾਸ ਪਾਇਆ ਹੋਇਆ ਸੀ। ਦਿਨ ਚੜ੍ਹਦਿਆਂ ਹੀ ਕੇਂਦਰੀ ਦਿੱਲੀ ਵਿੱਚ ਝੰਡੇ ਤੇ ਤਖਤੀਆਂ ਚੁੱਕੀ ਲੋਕਾਂ ਦਾ ਹੜ੍ਹ ਆ ਗਿਆ ਸੀ। ਸੰਸਦ ਵੱਲ ਵਧ ਰਹੇ ਲੋਕਾਂ ਨੂੰ ਪੁਲਸ ਨੇ ਕਈ ਥਾਈਂ ਸਖਤੀ ਨਾਲ ਰੋਕਿਆ। ਪਾਰਲੀਮੈਂਟ ਸਟਰੀਟ, ਪਟੇਲ ਚੌਕ, ਰੇਲ ਭਵਨ ਤੇ ਹੋਰਨਾਂ ਇਲਾਕਿਆਂ ਵਿੱਚ • ਬਾਕੀ ਸਫਾ 2 'ਤੇ

## ਜਬਰ ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਤਿੱਖਾ ਵਿਰੋਧ

**ਜਲੰਧਰ** : 20 ਜੁਲਾਈ 1965 ਨੂੰ ਭਾਰਤ ਮਾਂ ਦੇ ਮਹਾਨ ਸਪੂਤ ਬਟੁਕੇਸ਼ਵਰ ਦੱਤ ਦਾ ਸਦੀਵੀ ਵਿਛੋੜਾ ਹੋਇਆ, ਉਸ ਦਿਨ ਸ਼ਹੀਦ ਭਗਤ ਸਿੰਘ ਦੇ ਸਾਥੀ ਬੀ ਕੇ ਦੱਤ ਨੂੰ ਸਿਜਦਾ ਕਰਨ ਦੀ ਬਜਾਏ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੇ ਮੁਲਕ ਦੀ ਰਾਜਧਾਨੀ ਨਵੀਂ ਦਿੱਲੀ ਦੇ ਜੰਤਰ ਮੰਤਰ ਵਿਖੇ ਜੁੜੇ ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਬੋਲ਼ੇ ਹਾਕਮ ਲਾਠੀਆਂ, ਅੱਥਰੂ ਗੈਸ ਦੇ ਗੋਲ਼ੇ ਵਰ੍ਹਾ ਕੇ ਅਤੇ ਧੜਾਧੜ ਗ੍ਰਿਫ਼ਤਾਰੀਆਂ ਕਰਕੇ ਸ਼ਹੀਦਾਂ ਦਾ ਅਪਮਾਨ ਕਰਦੇ ਰਹੇ। ਇਹ ਕਹਿਣਾ ਹੈ ਦੇਸ ਭਗਤ ਯਾਦਗਾਰ ਕਮੇਟੀ ਦਾ। ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ਼ ਵਾਅਦਾ-ਖ਼ਿਲਾਫ਼ੀ ਕਰਦੇ ਹੋਏ ਚੰਡੀਗੜ੍ਹ ਪ੍ਰਸ਼ਾਸਨ ਤੇ ਯੂਨੀਵਰਸਿਟੀ ਅਧਿਕਾਰੀਆਂ ਨੇ ਭਗਵਾਂ ਸੰਸਥਾਵਾਂ ਦਾ ਸਮਾਗਮ ਕਰਨ ਦਾ ਚੁਪਕੇ ਜਿਹੇ ਯਤਨ ਕੀਤਾ ਅਤੇ ਵਿਦਿਆਰਥੀਆਂ ਵੱਲੋਂ ਵਿਰੋਧ ਕਰਨ 'ਤੇ ਉਹਨਾਂ ਨੂੰ ਘੜੀਸ ਕੇ ਥਾਣੇ ਲਿਜਾਇਆ ਗਿਆ। ਜ਼ਬਰਦਸਤ ਵਿਰੋਧ ਹੋਣ 'ਤੇ ਵਿਦਿਆਰਥੀਆਂ • ਬਾਕੀ ਸਫਾ 2 'ਤੇ

## 'ਆਪ' ਵਿਦਿਆਰਥੀਆਂ ਦੇ ਨਾਲ : ਕੇਜਰੀਵਾਲ, ਮਾਨ

**ਚੰਡੀਗੜ੍ਹ** : ਅੰਦੋਲਨਕਾਰੀਆਂ 'ਤੇ ਲਾਠੀਚਾਰਜ ਕਰਨ 'ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸਰਕਾਰ ਨੇ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਲਾਠੀਚਾਰਜ ਕਰਵਾ ਦਿੱਤਾ। ਇਹ ਠੀਕ ਨਹੀਂ। ਉਨ੍ਹਾ ਕਿਹਾ ਕਿ ਮੈਂ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਇਹ ਸਾਡੇ ਹੀ ਦੇਸ਼ ਦੇ ਬੱਚੇ ਹਨ, ਜੋ ਇਨਸਾਫ਼ ਮੰਗਣ ਲਈ ਸੜਕਾਂ 'ਤੇ ਉਤਰੇ ਹਨ। ਪ੍ਰਧਾਨ ਮੰਤਰੀ ਜੀ, ਹੰਕਾਰ ਛੱਡੋ ਅਤੇ ਉਨ੍ਹਾਂ ਦੀ ਗੱਲ ਸੁਣੋ। ਇਹਨਾਂ ਨੌਜਵਾਨਾਂ ਦਾ ਗੁੱਸਾ ਸੰਭਾਲੋ। ਇਹ ਨੌਜਵਾਨ ਤੁਹਾਡਾ ਹੰਕਾਰ ਬਿਲਕੁਲ ਬਰਦਾਸ਼ਤ ਨਹੀਂ ਕਰਨਗੇ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, 'ਬਹੁਤ ਸਾਰੇ ਬੱਚੇ ਅਜਿਹੇ ਹਨ, ਜੋ ਇਹ ਸੋਚਦੇ ਹਨ ਕਿ ਕਿਤਾਬ ਮੇਰੀ ਜ਼ਿੰਦਗੀ ਅਤੇ ਮੇਰੇ ਪਰਵਾਰ ਦਾ ਭਵਿੱਖ ਬਦਲ ਦੇਵੇਗੀ ਅਤੇ ਮੈਂ ਕਿਤਾਬ ਪੜ੍ਹਾਂਗਾ। ਬੱਚੇ ਸਵੇਰੇ 3 ਵਜੇ ਦਾ ਅਲਾਰਮ ਲਗਾ ਕੇ ਪੜ੍ਹਨ ਬੈਠਦੇ ਹਨ। ਉਨ੍ਹਾਂ ਦੀ 14-14 ਘੰਟੇ ਦੀ ਸਿਟਿੰਗ ਹੁੰਦੀ ਹੈ, ਤਦ ਜਾ ਕੇ ਕਿਤੇ ਉਹ ਨੀਟ ਪ੍ਰੀਖਿਆ ਦੀ ਤਿਆਰੀ ਕਰਦੇ • ਬਾਕੀ ਸਫਾ 2 'ਤੇ

## ਲੋਕਤੰਤਰ ਦੀ ਮਾਂ ਗੱਲ ਕਿਉਂ ਨਹੀਂ ਕਰਦੀ ?



**ਨਵੀਂ ਦਿੱਲੀ** : ਹੈਲੇ ਲਿੰਗ ਸਵੈਂਡਸਨ ਨੂੰ ਫੁੱਟਬਾਲ ਸਟਾਰ ਏਰਲਿੰਗ ਹਾਲੈਂਡ ਤੋਂ ਬਾਅਦ, ਭਾਰਤ ਵਿੱਚ ਦੂਜੀ ਸਭ ਤੋਂ ਮਸ਼ਹੂਰ ਨਾਰਵੇਈਅਨ ਕਿਹਾ ਜਾ ਸਕਦਾ ਹੈ। ਨਾਰਵੇਈ ਪੱਤਰਕਾਰ ਲਿੰਗ, ਜਿਹੜੀ ਮਈ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਤਿੱਖਾ ਸਵਾਲ ਕਰਨ 'ਤੇ ਚਰਚਾ ਵਿੱਚ ਆਈ ਸੀ, ਅਜੇ ਵੀ ਭਾਰਤ ਨੂੰ ਅਸਹਿਜ ਸਵਾਲ ਕਰ ਰਹੀ ਹੈ। ਆਪਣੇ ਸੋਸ਼ਲ ਮੀਡੀਆ 'ਤੇ ਉਹ ਭਾਰਤ ਦੇ ਮੌਜੂਦਾ ਮੁੱਦਿਆਂ ਨੂੰ ਉਜਾਗਰ ਕਰ ਰਹੀ ਹੈ, ਜਿਸ ਦੀ ਅਕਸਰ ਭਾਰਤੀ ਪੱਤਰਕਾਰਾਂ ਸਮੇਤ ਰਾਸ਼ਟਰਵਾਦੀ ਕੀਬੋਰਡ ਯੋਧਿਆਂ ਵੱਲੋਂ ਆਲੋਚਨਾ ਕੀਤੀ ਜਾਂਦੀ ਹੈ। ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਭੁੱਖ ਹੜਤਾਲ 'ਤੇ ਬੈਠੇ ਸੋਨਮ ਵਾਂਗਚੁੱਕ ਨੂੰ ਜ਼ਬਰਦਸਤੀ ਚੁੱਕ ਕੇ ਹਸਪਤਾਲ ਲਿਜਾਣ ਤੋਂ ਬਾਅਦ, ਲਿੰਗ ਨੇ ਪੋਸਟ ਪਾਈ, "ਲੋਕਤੰਤਰ ਦੀ ਮਾਂ ਸੰਵਾਦ ਕਰਨ ਅਤੇ ਪ੍ਰਦਰਸ਼ਨਕਾਰੀਆਂ ਨੂੰ ਜਵਾਬ ਦੇਣ ਦੀ ਥਾਂ ਇਸ ਸ਼ੈਲੀ ਨੂੰ ਚੁਣਦੀ ਹੈ।" ਕੁਝ ਸੋਸ਼ਲ • ਬਾਕੀ ਸਫਾ 2 'ਤੇ

## ਪੀ ਯੂ 'ਚ ਸੰਘ ਦੇ ਪ੍ਰੋਗਰਾਮ ਦਾ ਵਿਰੋਧ ਕਰਨ ਵਾਲਿਆਂ ਦੀ ਖਿੱਚ-ਧੂਹ



**ਚੰਡੀਗੜ੍ਹ (ਨ ਜ਼ ਸ)**-ਇੱਥੇ ਪੰਜਾਬ ਯੂਨੀਵਰਸਿਟੀ ਵਿਖੇ ਆਰ ਐੱਸ ਐੱਸ ਦੇ ਪ੍ਰੋਗਰਾਮ ਦਾ ਵਿਰੋਧ ਕਰ ਰਹੇ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਦੇ ਆਗੂਆਂ ਦੀ ਪੁਲਸ ਨੇ ਬੁਰੀ ਤਰ੍ਹਾਂ ਖਿੱਚ-ਧੂਹ ਕੀਤੀ ਅਤੇ ਕਈ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲੈ ਕੇ ਪੁਲਸ ਸਟੇਸ਼ਨ ਲੈ ਗਈ। ਵਿਦਿਆਰਥੀ ਆਗੂਆਂ, ਜਿਨ੍ਹਾਂ ਵਿੱਚ ਜ਼ੋਬਨ, ਸਾਰਾਹ ਸ਼ਰਮਾ, ਸੰਦੀਪ ਆਦਿ ਸ਼ਾਮਲ ਸਨ, ਨੇ ਕਿਹਾ ਕਿ ਪੀ ਯੂ ਅਥਾਰਿਟੀ ਨੇ ਵਿਦਿਆਰਥੀਆਂ ਵੱਲੋਂ ਵਿਰੋਧ ਪ੍ਰਦਰਸ਼ਨ ਦੀ ਚਿਤਾਵਨੀ ਦਿੱਤੇ ਜਾਣ 'ਤੇ ਕੁਝ ਦਿਨ ਪਹਿਲਾਂ ਇਹ ਪ੍ਰੋਗਰਾਮ ਰੱਦ ਕਰਨ ਦਾ ਭਰੋਸਾ ਦਿੱਤਾ ਸੀ, ਪਰ ਇਸ ਦੇ ਬਾਵਜੂਦ ਪ੍ਰੋਗਰਾਮ ਰੱਦ ਨਹੀਂ ਕੀਤਾ ਗਿਆ। ਸੋਮਵਾਰ ਜਦੋਂ • ਬਾਕੀ ਸਫਾ 2 'ਤੇ

## ਭਾਜਪਾ ਦੇ ਨਾਪਾਕ ਇਰਾਦਿਆਂ ਨੂੰ ਪਛਾੜਨ ਲਈ ਪਹਿਲੀ ਸਤੰਬਰ ਨੂੰ ਦਿੱਲੀ 'ਚ ਦੇਸ਼ ਪੱਧਰੀ ਰੈਲੀ : ਮਾੜੀਮੇਘਾ



**ਹੁਸ਼ਿਆਰਪੁਰ (ਨ ਜ਼ ਸ)**-ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਮੈਮੋਰੀਅਲ ਹਾਲ ਹੁਸ਼ਿਆਰਪੁਰ ਵਿਖੇ ਜਨਰਲ ਬਾਡੀ ਮੀਟਿੰਗ ਸਾਧੂ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਜ਼ਿਲ੍ਹਾ ਹੁਸ਼ਿਆਰਪੁਰ ਦੇ ਸਕੱਤਰ ਉਂਕਾਰ ਸਿੰਘ ਨੇ ਪਿਛਲੇ ਸਮੇਂ ਵਿੱਚ ਹੋਏ ਰਾਜਨੀਤਕ ਕੰਮਾਂ ਦੀ ਰਿਪੋਰਟ ਕੀਤੀ।ਸੰਬੋਧਨ ਦੌਰਾਨ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਪਹਿਲੀ ਸਤੰਬਰ ਨੂੰ ਕੁੱਲ ਹਿੰਦ ਪੱਧਰ ਦੀ ਰੈਲੀ ਦਿੱਲੀ ਵਿਖੇ ਹੋ ਰਹੀ ਹੈ।ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇਸ਼ ਦੇ • ਬਾਕੀ ਸਫਾ 2 'ਤੇ

## ਮੈਸੀ ਨੂੰ ਚੱਲਣ ਨਹੀਂ ਦਿੱਤਾ

**ਨਿਊਯਾਰਕ (ਨ ਜ਼ ਸ)**

ਨਿਊ ਜਰਸੀ ਸਟੇਡੀਅਮ 'ਚ ਸਪੇਨ ਨੇ ਪਿਛਲੇ ਚੈਂਪੀਅਨ ਅਰਜਨਟੀਨਾ ਨੂੰ 1-0 ਨਾਲ ਹਰਾ ਕੇ ਵਿਸ਼ਵ ਕੱਪ ਫੁੱਟਬਾਲ ਦਾ ਖਿਤਾਬ ਜਿੱਤ ਲਿਆ। ਸਪੇਨ ਨੇ ਇਸ ਤੋਂ ਪਹਿਲਾਂ 2010 ਵਿਚ ਵਿਸ਼ਵ ਕੱਪ ਜਿੱਤਿਆ ਸੀ।

ਦੋਵੇਂ ਟੀਮਾਂ ਦਰਮਿਆਨ ਸ਼ੁਰੂਆਤੀ 90 ਮਿੰਟ ਤੱਕ ਮੁਕਾਬਲਾ 0-0 ਨਾਲ ਬਰਾਬਰੀ 'ਤੇ ਰਿਹਾ। ਇਸ ਤੋਂ ਬਾਅਦ ਸਪੇਨ ਦੇ ਫੇਰਨ ਟੋਰੇਸ ਨੇ ਵਾਧੂ ਸਮੇਂ ਦੇ ਦੂਜੇ ਹਾਫ ਵਿਚ ਸ਼ਾਨਦਾਰ ਗੋਲ ਦਾਗ ਕੇ ਸਪੇਨ ਨੂੰ 1-0 ਦੀ ਲੀਡ ਦਿਵਾਈ। ਇਸ ਤੋਂ ਪਹਿਲਾਂ ਸਪੇਨ ਨੂੰ ਗੋਲ ਕਰਨ ਦੇ ਕਈ ਮੌਕੇ ਮਿਲੇ, ਪਰ ਸਪੇਨ ਦੀ ਟੀਮ • ਬਾਕੀ ਸਫਾ 2 'ਤੇ

## 5 ਨੂੰ ਮਜ਼ਦੂਰਾਂ ਵੱਲੋਂ ਜਲੰਧਰ 'ਚ ਰੈਲੀ ਤੇ ਮੁਜ਼ਾਹਰਾ



**ਜਲੰਧਰ (ਗਿਆਨ ਸੈਦਪੁਰੀ, ਰਾਜੇਸ਼ ਥਾਪਾ)**

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਐਲਾਨ ਕੀਤਾ ਹੈ ਕਿ ਬੇਜ਼ਮੀਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ, ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ।ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਸੋਮਵਾਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾਈ ਮੀਟਿੰਗ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਪ੍ਰੈੱਸ ਮਿਲਣੀ ਦੌਰਾਨ ਮਜ਼ਦੂਰ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ ਜਥੇਬੰਦੀਆਂ ਲਗਾਤਾਰ ਸੰਘਰਸ਼ ਕਰਦੀਆਂ ਆ ਰਹੀਆਂ ਹਨ, ਪਰ ਲਾਰਿਆਂ ਅਤੇ ਫੋਕੇ ਵਾਅਦਿਆਂ ਤੋਂ ਬਿਨਾਂ ਕੁਝ ਵੀ ਪੱਲੇ ਨਹੀਂ ਪਿਆ। ਉਨ੍ਹਾਂ ਕਿਹਾ ਕਿ ਪੰਜ ਵਾਰ ਮੁੱਖ ਮੰਤਰੀ ਪੰਜਾਬ ਮੀਟਿੰਗ ਦਾ ਸੱਦਾ ਦੇ ਕੇ ਮੁੱਕਰ ਜਾਂਦੇ ਰਹੇ ਅਤੇ ਕੈਬਨਿਟ ਸਬ ਕਮੇਟੀ ਵੱਲੋਂ ਮੀਟਿੰਗਾਂ ਵਿੱਚ ਮੰਨੀਆਂ ਹੋਈਆਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਗਿਆ, ਜਿਸ ਦਾ ਮਜ਼ਦੂਰਾਂ ਦੇ ਮਨਾਂ ਅੰਦਰ ਭਾਰੀ ਰੋਸ ਹੈ। ਸੂਬਾਈ ਆਗੂਆਂ ਸਰਵਸਾਥੀ ਦਰਸ਼ਨ ਨਾਹਰ (ਸੂਬਾ • ਬਾਕੀ ਸਫਾ 2 'ਤੇ

## ਅੱਜ-ਨਾਮਾ

ਚੋਣ ਅਸੈਂਬਲੀ ਦੀ ਨੇੜੇ ਆਈ ਪਈ ਆ,
ਹੋਈ ਦਲਬਦਲੀ ਵੀ ਫੇਰ ਹੈ ਤੇਜ਼ ਬੇਲੀ।
ਜਿਹੜੀ ਪਾਰਟੀ ਕਹਿੰਦੇ ਰਹੇ ਮਾਂ ਪਹਿਲਾਂ,
ਉਸ ਨੂੰ ਛੱਡਣ ਦਾ ਨਾਹੀਂ ਪਰਹੇਜ਼ ਬੇਲੀ।
ਜਿਹੜੇ ਲੀਡਰ ਦੇ ਲਾਏ ਕੱਲ੍ਹ ਹੱਥ ਪੈਰੀਂ,
ਦੋਸ਼ ਲਾਉਣ ਲੱਗਦੇ ਸਨਸਨੀਖੇਜ਼ ਬੇਲੀ।
ਅਗਲੇ ਬੰਨੇ ਫਿਰ ਫਿਰਨ ਸ਼ਰੀਕ ਬਾਹਲੇ,
ਵਿਛਾਈ ਕੰਡਿਆਂ ਦੀ ਫਿਰਦੇ ਸੇਜ ਬੇਲੀ।
ਪਹਿਲੀ ਪਾਰਟੀ ਅੰਦਰ ਸੀ ਰੋਣ ਜਿਹੜਾ,
ਆਗੂ ਹੁੰਦੇ ਸੀ ਆਪਸ ਵਿੱਚ ਲੜੇ ਬੇਲੀ।
ਅਗਲੀ ਪਾਰਟੀ ਵਿੱਚ ਵੀ ਹਾਲ ਇਹੀਉ,
ਪੱਗੋ-ਹੱਥੀ ਕਈ ਹੋਣ ਲਈ ਖੜੇ ਬੇਲੀ।

-ਤੀਸ ਮਾਰ ਖਾਂ

## ਸੁਖਬੀਰ ਤੋਂ ਸਵਾ ਦੋ ਘੰਟੇ ਪੁੱਛਗਿੱਛ

**ਚੰਡੀਗੜ੍ਹ (ਨ ਜ਼ ਸ)**

ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਤੋਂ ਵਿਸ਼ੇਸ਼ ਜਾਂਚ ਟੀਮ (ਸਿੱਟ) ਨੇ ਬਹਿਬਲ ਕਲਾਂ ਗੋਲੀਕਾਂਡ ਮਾਮਲੇ ਵਿੱਚ ਇੱਥੇ ਸਵਾ ਦੋ ਘੰਟੇ ਦੇ ਕਰੀਬ ਪੁੱਛਗਿੱਛ ਕੀਤੀ। ਬਾਅਦ 'ਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਬੀਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਫਰਮਾਨ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਅਜਿਹੇ ਹਥਕੰਡੇ ਅਪਣਾਏ ਜਾ ਰਹੇ ਹਨ, ਪਰ ਅਕਾਲੀ ਦਲ ਨਾ ਕਦੇ ਦਬੇਗਾ ਅਤੇ ਨਾ ਹੀ ਝੁਕੇਗਾ।ਉਨ੍ਹਾ ਸਪੱਸ਼ਟ ਕੀਤਾ ਕਿ ਸਿੱਟ ਵੱਲੋਂ ਜਿੰਨੀ ਵਾਰ ਵੀ ਉਨ੍ਹਾ ਨੂੰ ਬੁਲਾਇਆ ਜਾਵੇਗਾ, ਉਹ ਉਸ ਅੱਗੇ ਜ਼ਰੂਰ ਪੇਸ਼ ਹੋਣਗੇ।

ਪੰਜਾਬ ਪੁਲਸ ਆਫੀਸਰਜ਼ ਇੰਸਟੀਚਿਊਟ, ਸੈਕਟਰ-32 ਵਿਖੇ • ਬਾਕੀ ਸਫਾ 2 'ਤੇ



## ਦੀਪਕ ਪਾਲ ਸ਼ਰਮਾ ਪ੍ਰਧਾਨ ਤੇ ਕੁਲਦੀਪ ਸਿੰਘ ਰਿਣੀ ਬਣੇ ਪ੍ਰੈੱਸ ਕਲੱਬ ਦੇ ਚੇਅਰਮੈਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਪੱਤਰਕਾਰ ਤੇਜਿੰਦਰ ਸਿੰਘ ਧੁਰੀਆ ਦੀ ਪ੍ਰਧਾਨਗੀ ਹੇਠ ਪੱਤਰਕਾਰਾਂ ਦੀ ਮੀਟਿੰਗ ਹੋਈ।ਮੀਟਿੰਗ ਵਿੱਚ ਪ੍ਰੈੱਸ ਕਲੱਬ ਦੀ ਨਵੇਂ ਸਾਲ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਦੀਪਕ ਪਾਲ ਸ਼ਰਮਾ, ਸਰਪ੍ਰਸਤ ਕਾਲਾ ਸਿੰਘ ਬੇਦੀ, ਚੇਅਰਮੈਨ ਕੁਲਦੀਪ ਸਿੰਘ ਰਿਣੀ, ਉਪ ਚੇਅਰਮੈਨ ਸ਼ਮਿੰਦਰਪਾਲ ਸੀਟਾ, ਸੀਨੀਅਰ ਮੀਤ ਪ੍ਰਧਾਨ ਤੇਜਿੰਦਰ ਸਿੰਘ ਧੁਰੀਆ ਐਮ ਸੀ, ਮੀਤ ਪ੍ਰਧਾਨ ਅਨਮੋਲ ਵੜਿੰਗ, ਨਰਿੰਦਰ ਕਲੂਜਾ, ਆਕਾਸ਼ ਵਿਜੇ ਗੁਪਤਾ ਤੇ ਆਦੇਸ਼ ਮਨੂ ਸ਼ਰਮਾ, ਜਨਰਲ ਸਕੱਤਰ ਹਰਸਿਮਰਨ ਸਿੰਘ ਕਪੂਰ, ਖ਼ਜ਼ਾਨਚੀ ਪਰਮਜੀਤ ਸਿੰਘ ਗਿੱਲ, ਸਕੱਤਰ ਬੂਟਾ ਸਿੰਘ, ਪ੍ਰੈੱਸ ਸਕੱਤਰ ਅਮਿਤ ਸ਼ੇਰੂ ਤੇ ਜਗਦੀਸ਼ ਜੋਸ਼ੀ, ਜੁਆਇੰਟ ਸਕੱਤਰ ਗੌਰਵ ਗੋਰਾ ਛਾਬੜਾ, ਪ੍ਰਚਾਰ ਸਕੱਤਰ ਰਵੀ ਅਗਰਵਾਲ, ਆਫਿਸ ਸਕੱਤਰ ਪਿਊਸ਼ ਪਾਲ ਸ਼ਰਮਾ, ਕਾਨੂੰਨੀ ਸਲਾਹਕਾਰ ਐਡਵੋਕੇਟ ਸਿਮਰਪ੍ਰੀਤ ਕਪੂਰ, ਜਥੇਬੰਦਕ ਸਕੱਤਰ ਵਿਕਰੀਤ ਬਾਵਾ, ਕਾਰਜਕਾਰਨੀ ਮੈਂਬਰ ਪੂਜਾ ਰਾਣੀ ਤੇ ਰਵੀਨਾ ਅਰੋੜਾ ਨੂੰ ਸਰਬਸੰਮਤੀ ਨਾਲ ਚੁਣਿਆ ਗਿਆ।ਸਰਬਸੰਮਤੀ ਨਾਲ ਫ਼ੈਸਲਾ ਲਿਆ ਗਿਆ ਕਿ ਇਸ ਯੂਨੀਅਨ ਦਾ ਮੈਂਬਰ ਕਿਸੇ ਹੋਰ ਪੱਤਰਕਾਰ ਯੂਨੀਅਨ ਦਾ ਮੈਂਬਰ ਨਹੀਂ ਬਣੇਗਾ।ਜੇਕਰ ਬਣੇਗਾ ਤਾਂ ਉਸ ਨੂੰ ਬਿਨਾਂ ਦਸੇ ਗਰੁੱਪ 'ਚੋਂ ਬਾਹਰ ਕਰ ਦਿੱਤਾ ਜਾਵੇਗਾ।ਕਲੱਬ ਵੱਲੋਂ ਛੇਤੀ ਹੀ ਬੂਟੇ ਲਾਏ ਜਾਣਗੇ ਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਾਇਆ ਜਾਵੇਗਾ।

# ਹਮੀਦੀ ਦੇ 3300 ਏਕੜ ਖੇਤਾਂ ਤੱਕ ਪਾਣੀ ਪੁਚਾਉਣ ਲਈ ਪ੍ਰੋਜੈਕਟ ਸ਼ੁਰੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਹਮੀਦੀ ਦੇ ਕਿਸਾਨਾਂ ਲਈ ਕਰੀਬ 3300 ਏਕੜ ਖੇਤੀਬਾੜੀ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਮੁਹੱਈਆ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਪ੍ਰੋਜੈਕਟ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਯੋਜਨਾ ਤਹਿਤ ਕੁਰੜ ਮਾਈਨਰ ਦੇ ਮੋਘਾ ਨੰਬਰ 30316 ਐਲ ਲਈ ਪਹਿਲੇ ਪੜਾਅ ਵਿੱਚ ਨਵੀਆਂ ਪਾਈਪਾਂ ਪਿੰਡ ਹਮੀਦੀ ਪਹੁੰਚ ਗਈਆਂ ਹਨ, ਜਿਸ ਨਾਲ ਪਿੰਡ ਦੇ ਕਿਸਾਨਾਂ 'ਚ ਖ਼ੁਸ਼ੀ ਦੀ ਲਹਿਰ ਹੈ। ਇਸ ਪ੍ਰੋਜੈਕਟ ਦੀ ਸ਼ੁਰੂਆਤ ਪਿੱਛੇ ਪਿੰਡ ਦੇ ਸਰਪੰਚ ਉਮਨਦੀਪ ਸਿੰਘ ਸੋਹੀ ਤੇ ਸਮੂਹ ਗ੍ਰਾਮ ਪੰਚਾਇਤ ਦੀ ਅਹਿਮ ਭੂਮਿਕਾ ਹੈ।ਸਰਪੰਚ ਸੋਹੀ ਨੇ 8 ਜੁਲਾਈ ਨੂੰ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਪਿੰਡ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਮੰਗ ਰੱਖੀ ਸੀ।ਇਸ ਦੇ ਨਾਲ ਹੀ ਗ੍ਰਾਮ ਪੰਚਾਇਤ ਨੇ ਪਿੰਡ ਦੇ ਵਿਕਾਸ ਨੂੰ ਪਹਿਲ ਦਿੰਦਿਆਂ ਆਪਣੇ 10 ਹਜ਼ਾਰ ਰੁਪਏ ਮਾਣ-ਭੱਤੇ ਦਾ ਤਿਆਗ ਕਰਨ ਦਾ ਐਲਾਨ ਵੀ ਕੀਤਾ ਸੀ, ਜਿਸ ਦੀ ਭਾਰੀ ਚਰਚਾ ਹੋਈ।ਸਰਪੰਚ ਸੋਹੀ ਨੇ ਦੱਸਿਆ ਕਿ 11 ਜੁਲਾਈ ਨੂੰ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਕਿ ਮਾਨ ਸਰਕਾਰ ਨੇ ਪਿੰਡ ਹਮੀਦੀ ਦੀ ਮੰਗ ਨੂੰ ਪਹਿਲ ਦੇ ਆਧਾਰ 'ਤੇ ਮਨਜ਼ੂਰ ਕਰ ਲਿਆ ਹੈ।ਮੁੱਖ ਮੰਤਰੀ ਦੇ ਨਿਰਦੇਸ਼ਾਂ ਉਪਰੰਤ ਸਿੰਚਾਈ ਵਿਭਾਗ ਸਮੇਤ ਵੱਖ-ਵੱਖ ਮਹਿਕਮਿਆਂ ਦੀਆਂ ਟੀਮਾਂ ਨੇ ਪਿੰਡ ਵਿੱਚ ਪਹੁੰਚ ਕੇ ਮੌਕੇ ਦਾ ਵਿਸਥਾਰਪੂਰਵਕ ਸਰਵੇ ਕੀਤਾ।ਸਰਵੇ ਦੌਰਾਨ ਖੇਤੀਬਾੜੀ ਰਕਬੇ, ਪਾਣੀ ਦੀ ਲੋੜ ਤੇ ਪਾਈਪ ਲਾਈਨ ਦੇ ਰੂਟ ਦਾ ਮੁਲਾਂਕਣ ਕੀਤਾ ਗਿਆ।ਸਰਵੇ ਮੁਕੰਮਲ ਹੋਣ ਉਪਰੰਤ ਪ੍ਰੋਜੈਕਟ ਦੇ ਪਹਿਲੇ ਪੜਾਅ ਵਜੋਂ ਕੁਰੜ ਮਾਈਨਰ ਦੇ ਮੋਘਾ ਨੰਬਰ 30316 ਲਈ ਨਵੀਆਂ ਪਾਈਪਾਂ ਪਿੰਡ ਹਮੀਦੀ ਪਹੁੰਚਾ ਦਿੱਤੀਆਂ ਗਈਆਂ ਹਨ।ਸਰਪੰਚ ਉਮਨਦੀਪ ਸਿੰਘ ਸੋਹੀ, ਹਰਪ੍ਰੀਤ ਸਿੰਘ ਦਿਉਲ, ਪ੍ਰਧਾਨ ਕੁਲਵਿੰਦਰ ਸਿੰਘ ਚੀਮਾ ਨੇ ਦੱਸਿਆ ਕਿ ਇਸ ਪ੍ਰੋਜੈਕਟ 'ਤੇ ਲਗਭਗ 3 ਕਰੋੜ ਰੁਪਏ ਖਰਚ ਆਉਣਗੇ।ਪਾਈਪ ਲਾਈਨ ਵਿਛਾਉਣ 'ਤੋਂ ਬਾਅਦ ਕਰੀਬ 150 ਕਿਸਾਨਾਂ ਦੀ ਖੇਤੀਬਾੜੀ ਜ਼ਮੀਨ ਨੂੰ ਨਹਿਰੀ ਪਾਣੀ ਦੀ ਸਿੱਧੀ ਸਹੂਲਤ ਮਿਲੇਗੀ।ਇਸ ਨਾਲ ਟਿਊਬਵੈੱਲਾਂ 'ਤੇ ਨਿਰਭਰਤਾ ਘਟੇਗੀ, ਭੂਗਰਭ ਜਲ ਦੀ ਬਚਤ ਹੋਵੇਗੀ, ਬਿਜਲੀ ਦੀ ਖਪਤ ਘਟੇਗੀ ਤੇ ਕਿਸਾਨਾਂ ਦੀ ਸਿੰਚਾਈ ਲਾਗਤ ਵਿੱਚ ਵੀ ਵੱਡੀ ਕਮੀ ਆਵੇਗੀ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤ ਦਾ ਇੱਕੋ-ਇੱਕ ਟੀਚਾ ਪਿੰਡ ਹਮੀਦੀ ਨੂੰ ਵਿਕਾਸ ਪੱਖੋਂ ਇੱਕ ਮਾਡਲ ਪਿੰਡ ਵਜੋਂ ਸਥਾਪਤ ਕਰਨਾ ਹੈ, ਜਿੱਥੇ ਕਿਸਾਨਾਂ, ਨੌਜਵਾਨਾਂ ਤੇ ਆਮ ਲੋਕਾਂ ਨੂੰ ਹਰ ਬੁਨਿਆਦੀ ਸਹੂਲਤ ਸਮੇਂ ਸਿਰ ਮਿਲ ਸਕੇ।ਕਿਸਾਨਾਂ ਨੇ ਵੀ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਰਪੰਚ ਉਮਨਦੀਪ ਸਿੰਘ ਸੋਹੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਲਟਕ ਰਹੀ ਇਹ ਮੰਗ ਪੂਰੀ ਹੋਣ ਨਾਲ ਖੇਤੀਬਾੜੀ ਨੂੰ ਨਵੀਂ ਦਿਸ਼ਾ ਮਿਲੇਗੀ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਮਿਲਣ ਨਾਲ ਫ਼ਸਲਾਂ ਦੀ ਪੈਦਾਵਾਰ 'ਚ ਵਾਧਾ ਹੋਵੇਗਾ ਤੇ ਭੂਗਰਭ ਪਾਣੀ ਦੀ ਸੰਭਾਲ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਵੇਗਾ।

## ਨਗਰ ਕੌਂਸਲ ਸੰਜੀਦਗੀ ਨਾਲ ਸ਼ਹਿਰ ਦੇ ਮਸਲੇ ਹੱਲ ਕਰੇਗੀ : ਮਨਪ੍ਰੀਤ ਬਾਂਸਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬੀਤੇ ਦਿਨ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮਹੀਨਾਵਾਰ ਮੀਟਿੰਗ ਪ੍ਰਧਾਨ ਰੁਪਿੰਦਰ ਭਾਰਦਵਾਜ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਮਾਨਯੋਗ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਰਹਿਨੁਮਾਈ ਹੇਠ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਨ ਲਈ ਪੂਰਾ ਜ਼ੋਰ ਲਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਬੜੀ ਸੰਜੀਦਗੀ ਨਾਲ ਸ਼ਹਿਰ ਦੇ ਸਾਰੇ ਮਸਲੇ ਹੱਲ ਕੀਤੇ ਜਾਣਗੇ। ਬਰਸਾਤ ਦੇ ਮੱਦੇਨਜ਼ਰ ਸਾਰੇ ਸ਼ਹਿਰ ਦੇ ਸੀਵਰੇਜ ਦੀ ਪੂਰੀ ਸਫ਼ਾਈ ਕਰਵਾਈ ਜਾ ਰਹੀ ਹੈ।ਛੇਤੀ ਹੀ ਸ਼ਹਿਰ ਦੀਆਂ ਅੰਦਰੂਨੀ ਸੜਕਾਂ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਹੋ ਰਿਹਾ ਹੈ।ਸ਼ਹਿਰ ਨਿਵਾਸੀਆਂ ਨੂੰ ਸਫ਼ਾਈ, ਪਾਣੀ, ਸੀਵਰੇਜ, ਸਟਰੀਟ ਲਾਈਟ ਸਬੰਧੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਸ਼ਹਿਰ 'ਚੋਂ ਛੱਡੇ ਹੋਏ ਜਾਨਵਰਾਂ ਨੂੰ ਗਊਸ਼ਾਲਾ ਵਿੱਚ ਭੇਜਣ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ ਤਾਂ ਕਿ ਕਿਸੇ ਵੀ ਇਨਸਾਨ ਦਾ ਕੋਈ ਨੁਕਸਾਨ ਨਾ ਹੋਵੇ।ਉਨ੍ਹਾਂ ਸੀਨੀਅਰ ਸਿਟੀਜਨ ਐਸੋਸੀਏਸ਼ਨ ਲਈ ਇੱਕ ਵਧੀਆ ਦਫਤਰ ਵਾਸਤੇ ਜਗ੍ਹਾ ਮੁਹੱਈਆ ਕਰਵਾਉਣ ਲਈ ਪੂਰਾ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ ਤੇ ਸੰਸਥਾ ਦਾ ਇੱਥੇ ਬੁਲਾਉਣ 'ਤੇ ਧੰਨਵਾਦ ਵੀ ਕੀਤਾ।ਇਸ ਮੌਕੇ ਐਸੋਸੀਏਸ਼ਨ ਵੱਲੋਂ ਮਨਪ੍ਰੀਤ ਬਾਂਸਲ ਨੂੰ ਸਨਮਾਨਤ ਵੀ ਕੀਤਾ ਗਿਆ।ਮੀਟਿੰਗ ਨੂੰ ਪ੍ਰਧਾਨ ਰੁਪਿੰਦਰ ਭਾਰਦਵਾਜ, ਬੀਰਬਲ ਬਾਂਸਲ, ਪਵਨ ਗੁਜਰਾਂ ਤੇ ਕ੍ਰਿਸ਼ਨ ਸੰਦੋਹਾ ਤੇ ਭਰਤ ਹਰੀ ਸ਼ਰਮਾ ਨੇ ਵੀ ਸੰਬੋਧਨ ਕੀਤਾ ਤੇ ਮਨਪ੍ਰੀਤ ਬਾਂਸਲ ਨੂੰ ਨਗਰ ਕੌਂਸਲ ਦਾ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਜੀ ਦਾ ਧੰਨਵਾਦ ਕੀਤਾ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਕਾਰਜਕਾਰਨੀ ਦੀ ਅਹਿਮ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾਂ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਹੋਈ।ਮੀਟਿੰਗ ਦੌਰਾਨ ਮੁੱਖ ਤੌਰ 'ਤੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਸਬੰਧੀ ਧਾਰਨ ਕੀਤੇ ਗਏ ਅੜੀਅਲ ਵਤੀਰੇ ਦੀ ਸਖ਼ਤ ਆਲੋਚਨਾ ਕੀਤੀ ਗਈ।ਆਗੂਆਂ ਨੇ ਹੈਰਾਨੀ ਪ੍ਰਗਟ ਕੀਤੀ ਕਿ ਮਾਨਯੋਗ ਅਦਾਲਤਾਂ 'ਚ ਵੀ ਸਰਕਾਰ ਵੱਲੋਂ ਹਰ ਤਰ੍ਹਾਂ ਦੇ ਕੋਝੇ ਹਥਕੰਡੇ ਵਰਤਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਸਰਕਾਰ ਪੈਨਸ਼ਨਰਾਂ, ਮੁਲਾਜ਼ਮਾਂ, ਮਜ਼ਦੂਰਾਂ ਤੇ ਕਿਸਾਨਾਂ ਦੀਆਂ ਮੰਗਾਂ ਨੂੰ ਸੁਣਨ ਅਤੇ ਮੰਨਣ ਤੋਂ ਪੂਰੀ ਤਰ੍ਹਾਂ ਹੱਥ ਖੜੇ ਕਰ ਚੁੱਕੀ ਹੈ।ਮੀਟਿੰਗ ਦੌਰਾਨ 29 ਜੁਲਾਈ ਦੀ ਸੰਗਰੂਰ ਰੈਲੀ ਤੇ 7 ਅਗਸਤ ਨੂੰ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮੁਹਾਲੀ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ 'ਚ ਸ਼ਮੂਲੀਅਤ ਕਰਨ ਲਈ ਵਿਚਾਰ ਵਟਾਂਦਰੇ ਉਪਰੰਤ ਬਾਕਾਇਦਾ ਆਗੂਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।ਇਨ੍ਹਾਂ ਦੋਵਾਂ ਪ੍ਰੋਗਰਾਮਾਂ 'ਚ ਮਾਨਸਾ ਜ਼ਿਲ੍ਹੇ ਵੱਲੋਂ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਇਸੇ ਤਰ੍ਹਾਂ ਪੈਨਸ਼ਨਰਜ਼ ਭਵਨ ਦੀ ਸਾਂਭ ਸੰਭਾਲ ਤੇ ਸਫ਼ਾਈ ਆਦਿ ਕਰਨ ਲਈ ਇੱਕ ਪਾਰਟ ਟਾਈਮ ਮੁਲਾਜ਼ਮ ਨਿਯੁਕਤ ਕਰਨ ਦਾ ਮਤਾ ਵੀ ਪਾਸ ਕੀਤਾ ਗਿਆ।

# ਰੋਗ ਨਿਵਾਰਨ ਜੀਵਨਧਾਰਾ ਵਿਖੇ ਵਣ-ਮਹਾਂਉਤਸਵ ਮਨਾਇਆ

**ਰਾਜਵੀਰ ਸਿੰਘ ਦੀ ਯਾਦ 'ਚ ਲਾਏ ਬੂਟੇ**



**ਜ਼ੀਰਾ (ਨਰਿੰਦਰ ਅਨੇਜਾ)**-ਕੁਦਰਤ ਨਾਲ ਇਕਮਿਕਤਾ, ਸਿਹਤ, ਤੰਦਰੁਸਤੀ ਤੇ ਮਨ ਦੀ ਸ਼ਾਂਤੀ ਲਈ ਕੰਮ ਕਰ ਰਹੀ ਸੰਸਥਾ ਰੋਗ ਨਿਵਾਰਨ ਜੀਵਨ ਧਾਰਾ ਜ਼ੀਰਾ ਵੱਲੋਂ ਬੂਟੇ ਲਗਾ ਕੇ ਵਣ ਮਹਾਂ ਉਤਸਵ ਮਨਾਇਆ ਗਿਆ।ਇਸ ਸੰਸਥਾ ਦੇ ਸੰਚਾਲਕ ਸਾਹਿਤਕਾਰ ਅਤੇ ਲੇਖਕ ਗੁਰਚਰਨ ਸਿੰਘ ਨੂਰਪੁਰ ਨੇ ਦੱਸਿਆ ਕਿ ਸੰਸਥਾ ਦੇ ਮੈਂਬਰ ਪ੍ਰਵੀਨ ਕੌਰ ਵੱਲੋਂ ਆਪਣੇ ਬੇਟੇ ਰਾਜਵੀਰ ਦੀ ਯਾਦ ਨੂੰ ਤਾਜ਼ਾ ਕਰਦਿਆਂ ਸੰਸਥਾ ਨੂੰ ਬੂਟੇ ਭੇਂਟ ਕੀਤੇ ਗਏ।ਇਹ ਵੱਖ-ਵੱਖ ਤਰਾਂ ਦੇ ਫਲਾਂ ਅਤੇ ਛਾਂਦਾਰ ਬੂਟੇ ਰੋਗ ਨਿਵਾਰਨ ਜੀਵਨ ਧਾਰਾ ਵਿਖੇ ਲਗਾ ਕੇ ਪਾਣੀ ਦੇ ਕੇ ਸੰਸਥਾ ਵੱਲੋਂ ਇਨਾਂ ਦੀ ਸੁਚੱਜੇ ਢੰਗ ਨਾਲ ਪਰਵਰਿਸ਼ ਕਰਨ ਦਾ ਅਹਿਦ ਲਿਆ ਗਿਆ।ਇਸ ਦੌਰਾਨ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਨੇ ਦੱਸਿਆ ਕਿ ਵਿਕਾਸ ਦੇ ਨਾਮ ਤੇ ਦਰੱਖਤਾਂ ਦੀ ਕੀਤੀ ਗਈ ਅੰਨ੍ਹੇਵਾਹ ਕਟਾਈ ਦੇ ਕਾਰਨ ਵਾਤਾਵਰਨ ਵਿੱਚ ਵਿਗਾੜ ਆ ਗਿਆ ਹੈ, ਜਿਸ ਕਰਕੇ ਆਲਮੀ ਤਪਸ਼ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਚਿੰਤਾ ਦੀ ਗੱਲ ਤਾਂ ਇਹ ਹੈ ਕਿ ਵਾਤਾਵਰਨ ਨੂੰ ਬਚਾਉਣ ਲਈ ਸਰਕਾਰਾਂ ਦੇ ਸੰਜੀਦਾ ਹੋਣ ਦੀ ਬਜਾਏ ਕਾਰਪੋਰੇਟ ਘਰਾਣਿਆਂ ਨੂੰ ਫੈਕਟਰੀਆਂ ਲਗਾ ਕੇ ਪ੍ਰਦੂਸ਼ਣ ਫੈਲਾਉਣ ਲਈ ਵਾਤਾਵਰਨ ਨਾਲ ਖੁੱਲ੍ਹ ਕੇ ਖੇਡਣ ਦੀ ਇਜਾਜ਼ਤ ਦਿੱਤੀ ਹੋਈ ਹੈ।ਉਨ੍ਹਾਂ ਕਿਹਾ ਕਿ ਜੇਕਰ ਵਾਤਾਵਰਨ ਨੂੰ ਬਚਾਉਣ ਲਈ ਵਾਤਾਵਰਨ ਪ੍ਰੇਮੀ, ਬੁੱਧੀਜੀਵੀ ਤੇ ਚਿੰਤਕ ਅੱਗੇ ਨਾ ਆਏ ਤਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ।ਇਸ ਮੌਕੇ ਜਸਵਿੰਦਰ ਸਿੰਘ ਸਨੇਰ, ਡਾ. ਸੰਦੀਪ ਸਿੰਘ, ਪ੍ਰਦੀਪ ਸਿੰਘ, ਸਿਮਰਨਜੀਤ ਸਿੰਘ ਕੋਟ ਈਸੇ ਖਾਂ, ਜਸ਼ਨਦੀਪ ਸਿੰਘ, ਮੈਡਮ ਰਾਜਵੰਤ ਕੌਰ, ਕੁਲਜੀਤ ਕੌਰ, ਰਸ਼ਪਾਲ ਸਿੰਘ ਸ਼ਾਹਵਾਲਾ, ਗੁਰਜੀਤ ਸਿੰਘ ਨੂਰਪੁਰ, ਦਲਜੀਤ ਕੌਰ, ਚਰਨਜੀਤ ਕੌਰ, ਮਹਾਂਵੀਰ ਸਿੰਘ, ਆਰਤੀ, ਜਸਕਰਨ ਸਿੰਘ, ਤਰਨਵੀਰ ਸਿੰਘ, ਹਰਨੀਤ ਕੌਰ, ਅਰਮਾਨਜੋਤ ਸਿੰਘ ਤੇ ਕਰਮਜੀਤ ਕੌਰ ਆਦਿ ਮੈਂਬਰ ਹਾਜ਼ਰ ਸਨ।

## ਸਰਕਾਰੀ ਸਕੂਲ ਨੂੰ ਏਅਰਕੰਡੀਸ਼ਨ ਦਾਨ



**ਰਾਏਕੋਟ (ਸੰਤੋਖ ਗਿੱਲ)**-ਪਿੰਡ ਐਤੀਆਣਾ ਵਾਸੀ ਮਾਤਾ ਰਣਜੀਤ ਕੌਰ ਤੇ ਪਰਵਾਰ ਵੱਲੋਂ ਸਵਰਗੀ ਅਮਰ ਸਿੰਘ 'ਭਰਮ ਤੋੜ' ਦੀ ਯਾਦ ਵਿੱਚ ਸਰਕਾਰੀ ਹਾਈ ਸਕੂਲ ਐਤੀਆਣਾ ਦੇ ਦਫ਼ਤਰ ਲਈ ਏਅਰਕੰਡੀਸ਼ਨ ਦਾਨ ਕੀਤਾ।ਸਾਬਕਾ ਸਰਪੰਚ ਲਖਵੀਰ ਸਿੰਘ, ਗੁਰਮੀਤ ਸਿੰਘ ਗਿੱਲ ਤੇ ਸਹਿਕਾਰੀ ਸਭਾ ਦੇ ਪ੍ਰਧਾਨ ਇੰਦਰਜੀਤ ਸਿੰਘ ਸਿੱਧੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਵਰਗੀ ਅਮਰ ਸਿੰਘ ਭਰਮ ਤੋੜ ਦਾ ਪਰਵਾਰ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਵਧ ਚੜ੍ਹ ਕੇ ਹਿੱਸਾ ਪਾਉਂਦਾ ਆ ਰਿਹਾ ਹੈ।ਅੱਤ ਦੀ ਗਰਮੀ ਦੇ ਇਸ ਮੌਸਮ ਦੌਰਾਨ ਏਅਰਕੰਡੀਸ਼ਨ ਦੀ ਲੋੜ ਨੂੰ ਸਮਝਦਿਆਂ ਆਪਣਾ ਹੱਥ ਅੱਗੇ ਵਧਾਇਆ ਹੈ।ਸਕੂਲ ਦੀ ਮੁੱਖ ਅਧਿਆਪਕਾ ਹਰਪ੍ਰੀਤ ਕੌਰ, ਸਕੂਲ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਤੇ ਸੂਕਲ ਸਟਾਫ਼ ਮੈਂਬਰਾਂ ਨੇ ਮਾਤਾ ਰਣਜੀਤ ਕੌਰ ਤੇ ਉਨ੍ਹਾਂ ਦੇ ਪਰਵਾਰ ਦਾ ਧੰਨਵਾਦ ਕੀਤਾ।

## ਰਾਮਬਾਗ ਕਮੇਟੀ ਨੂੰ ਕੀਤਾ ਫਰੀਜ਼ਰ ਭੇਟ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸਮਾਜ ਸੇਵੀ ਸੁਰੇਸ਼ ਬਾਂਸਲ ਨੇ ਆਪਣੇ ਸਵ: ਪਿਤਾ ਰੂਪ ਚੰਦ ਤੇ ਮਾਤਾ ਦੇਵਕੀ ਦੇਵੀ ਦੀ ਯਾਦ 'ਚ ਦੀ ਰਾਮਬਾਗ ਕਮੇਟੀ ਨੂੰ ਮ੍ਰਿਤਕ ਦੇਹ ਸੰਭਾਲਣ ਲਈ ਇੱਕ ਵੱਡਾ ਫਰੀਜ਼ਰ ਭੇਟ ਕੀਤਾ।ਸੁਰੇਸ਼ ਬਾਂਸਲ ਨੇ ਕਿਹਾ ਕਿ ਇਨਸਾਨ ਵੱਲੋਂ ਆਪਣੀ ਦਸਾਂ ਨੌਂਹਾਂ ਦੀ ਕਿਰਤ ਕਮਾਈ 'ਚੋਂ ਲੋੜਵੰਦਾਂ ਦੀ ਕੀਤੀ ਮਦਦ ਹੀ ਸਹੀ ਅਰਥਾਂ ਵਿੱਚ ਸਮਾਜ ਸੇਵਾ ਹੈ।ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਸਮਾਜ ਭਲਾਈ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਨਿਰੰਤਰ ਜਾਰੀ ਰੱਖਣਗੇ।ਜ਼ਿਕਰਯੋਗ ਹੈ ਕਿ ਸੁਰੇਸ਼ ਬਾਂਸਲ ਇਲਾਕੇ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਜੁੜ ਕੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾਅ ਰਹੇ ਹਨ।ਰਾਮਬਾਗ ਕਮੇਟੀ ਦੇ ਅਹੁਦੇਦਾਰਾਂ ਨੇ ਇਸ ਲੋਕ ਭਲਾਈ ਦੇ ਉਪਰਾਲੇ ਲਈ ਸੁਰੇਸ਼ ਬਾਂਸਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਭੇਂਟ ਕੀਤਾ ਗਿਆ ਫਰੀਜ਼ਰ ਲੋੜ ਦੇ ਸਮੇਂ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੋਵੇਗਾ।

## ਸਾਬਕਾ ਵਿਧਾਇਕ ਤੇ ਸਮਾਜ ਸੇਵੀ ਰਮਿੰਦਰ ਸਿੰਘ ਆਂਵਲਾ ਦੇ ਜਨਮ ਦਿਨ 'ਤੇ ਲਾਇਆ ਖ਼ੂਨਦਾਨ ਕੈਂਪ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਭਗਵਾਨ ਸ੍ਰੀ ਵਾਲਮੀਕ ਮੰਦਿਰ ਵਿੱਚ ਐਮ ਸੀ ਮਾਸਟਰ ਸੋਨੂੰ ਸੰਧੂ ਤੇ ਉਹਨਾ ਦੀ ਟੀਮ ਰਮਿੰਦਰ ਸਿੰਘ ਆਵਲਾ ਦੇ ਜਨਮ ਦਿਨ ਮੌਕੇ ਖ਼ੂਨ ਦਾਨ ਕੈਂਪ ਲਗਾਇਆ ਗਿਆ।ਜਿਸ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਕੇ ਕਾਂਗਰਸੀ ਵਰਕਰਾ ਵਲੋ ਰਮਿੰਦਰ ਆਵਲਾ ਦੇ ਜਨਮ ਦਿਨ ਦੀ ਖੁਸ਼ੀ ਮਨਾਉਂਦੇ ਹੋਏ ਖ਼ੂਨਦਾਨ ਕੀਤਾ।ਇਸ ਮੌਕੇ ਐਮ ਸੀ ਰਜਿੰਦਰ ਚੌਧਰੀ, ਸ਼ਿੰਦਰਪਾਲ ਸਿੰਘ ਭੋਲਾ ਐਮ ਸੀ, ਐਮ ਸੀ ਸਰਵਣ ਚੋਪੜਾ, ਕੁਲਵਿੰਦਰ ਸਰਪੰਚ, ਭੁਪਿੰਦਰ ਸਿੰਘ ਸਰਪੰਚ, ਭੋਲਾ ਬਲਾਕ ਸੰਮਤੀ, ਰਾਜਵਿੰਦਰ, ਸੁਖਦੇਵ ਸਿੰਘ, ਸੁਖਚੈਨ ਆਦੀਵਾਲ, ਪੱਪੂ ਗਿੱਲ, ਮਾਹਣਾ ਭੱਟੀ, ਹਿੰਮਤ ਬਰਾੜ, ਪਿੰਦਰ ਸੰਧੂ, ਰਿੰਕੂ ਸੋਢੀ, ਰਿੰਕੂ ਕੰਬੋਜ, ਸੁਦਰਸ਼ ਸਿੰਘ, ਗੁਰਵਿੰਦਰ ਸਿੰਘ, ਹਰਜਿੰਦਰ ਸਿੰਘ, ਉਡੀਕ ਠੇਕੇਦਾਰ, ਕੁਲਦੀਪ ਠੇਕੇਦਾਰ, ਵੀਰੂ ਪ੍ਰਦੀਪ ਗਗਨ, ਪਵਨ ਕੁਮਾਰ, ਰਮਨ ਕੁਮਾਰ ,ਅਜੇ ਭੱਟੀ, ਡਾਕਟਰ ਵਿਜੇ ਧਵਨ ,ਡਾਕਟਰ ਅਜੇ ਧਵਨ, ਸਾਜਨ ਸੰਧੂ ,ਸੁਭਾਸ਼ ਕੰਬੋਜ, ਰਵੀ ਸਹੋਤਾ ਅਸ਼ੋਕ ਕੁਮਾਰ ਆਦਿਕ ਹਾਜ਼ਰ ਸਨ।

## ਬਲਦੇਵ ਰਾਜ ਸ਼ਰਮਾ ਨੂੰ ਬ੍ਰਾਹਮਣ ਵੈੱਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸੀਨੀਅਰ ਪੱਤਰਕਾਰ ਤੇ ਸਮਾਜ ਸੇਵਕ ਬਲਦੇਵ ਰਾਜ ਸ਼ਰਮਾ ਨੂੰ ਵੱਡੀ ਜ਼ਿੰਮੇਵਾਰੀ ਸੌਂਪਦੇ ਹੋਏ ਬ੍ਰਾਹਮਣ ਵੈਲਫੇਅਰ ਬੋਰਡ ਫ਼ਿਰੋਜ਼ਪੁਰ ਦਿਹਾਤੀ ਦਾ ਚੈਅਰਮੇਨ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਨਾਲ ਮਮਦੋਟ ਦੇ ਪੱਤਰਕਾਰ ਭਾਈਚਾਰੇ, ਬ੍ਰਾਹਮਣ ਸਮਾਜ ਅਤੇ ਵੱਖ ਵੱਖ ਲੋਕਾਂ ਵਿੱਚ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।ਬਲਦੇਵ ਰਾਜ ਸ਼ਰਮਾਂ ਇਸ ਸਮੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾ ਐਗਜੇਕਟਿਵ ਮੈਬਰ ਤੇ ਪ੍ਰੈੱਸ ਕਲੱਬ ਮਮਦੋਟ ਦੇ ਸਰਪ੍ਰਸਤ ਹਨ। ਸ੍ਰੀ ਸ਼ਰਮਾ ਨੂੰ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਹਲਕਾ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਾਇਆ ਗਿਆ। ਬਲਦੇਵ ਰਾਜ ਸ਼ਰਮਾ ਨੇ ਇਸ ਨਿਯੁਕਤੀ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਅੱਗੇ ਨਾਲੋਂ ਵੀ ਵੱਧ ਸਮਾਜ ਵਿੱਚ ਲੋਕਾਂ ਦੀ ਸੇਵਾ ਕਰਦੇ ਰਹਿਣਗੇ।

## ਪੈਨਸ਼ਨਰਾਂ ਵੱਲੋਂ ਮਾਰਚ, ਰਾਸ਼ਟਰਪਤੀ ਦੇ ਨਾਂਅ ਮੰਗ-ਪੱਤਰ ਭੇਜਿਆ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ/ਸੁਖਦੇਵ ਧੂਰੀ)**-ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ. ਧੂਰੀ ਵੱਲੋਂ ਨੀਟ ਪੇਪਰ ਲੀਕ ਮਾਮਲੇ ਸਬੰਧੀ ਦਿੱਲੀ ਦੇ ਜੰਤਰ-ਮੰਤਰ 'ਤੇ ਚੱਲ ਰਹੇ ਅੰਦੋਲਨ ਦੇ ਸਮਰਥਨ ਵਿੱਚ ਮਾਰਚ ਕੱਢਿਆ ਗਿਆ।ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਰਾਸ਼ਟਰਪਤੀ ਦੇ ਨਾਂਅ ਮੰਗ-ਪੱਤਰ ਐੱਸਡੀਐੱਮ ਧੂਰੀ ਇਸ਼ਮਤ ਵਿਜੇ ਸਿੰਘ ਨੂੰ ਸੌਂਪਿਆ ਗਿਆ।ਇਸ ਤੋਂ ਪਹਿਲਾਂ ਪੈਨਸ਼ਨ ਦਫ਼ਤਰ (ਸੰਗਰੂਰ ਵਾਲੀ ਕੋਠੀ) ਵਿੱਚ ਪ੍ਰਧਾਨ ਸੁਖਦੇਵ ਸ਼ਰਮਾ ਤੇ ਜਨਰਲ ਸਕੱਤਰ ਡਾ. ਅਮਰਜੀਤ ਸਿੰਘ ਦੀ ਅਗਵਾਈ ਹੇਠ ਪੈਨਸ਼ਨਰ ਇਕੱਠੇ ਹੋਏ।ਚਰਨਜੀਤ ਸਿੰਘ ਕੈਂਥ, ਇੰਦਰਜੀਤ ਸ਼ਰਮਾ, ਦਰਸ਼ਨ ਸਿੰਘ ਤੇ ਮਾਸਟਰ ਰਾਮ ਸਰੂਪ ਨੇ ਸੰਬੋਧਨ ਕਰਦਿਆਂ ਨੀਟ ਸਮੇਤ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਪੇਪਰ ਲੀਕ ਦੀਆਂ ਘਟਨਾਵਾਂ ਦੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਹਰ ਸਾਲ ਪੇਪਰ ਲੀਕ ਦੇ ਮਾਮਲੇ ਸਾਹਮਣੇ ਆ ਰਹੇ ਹਨ, ਪਰ ਸਰਕਾਰ ਇਨ੍ਹਾਂ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਦਮ ਚੁੱਕਣ ਵਿੱਚ ਨਾਕਾਮ ਰਹੀ ਹੈ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਸਰਕਾਰ ਅੰਦੋਲਨਕਾਰੀਆਂ ਨਾਲ ਗੱਲਬਾਤ ਕਰਨ ਦੀ ਬਜਾਏ ਦਮਨਕਾਰੀ ਨੀਤੀ ਅਪਣਾ ਰਹੀ ਹੈ। ਉਨ੍ਹਾਂ ਕਿਹਾ ਕਿ ਜੰਤਰ-ਮੰਤਰ 'ਤੇ ਚੱਲ ਰਹੇ ਅੰਦੋਲਨ ਨੂੰ ਦੇਸ਼ ਭਰ ਤੋਂ ਸਮਰਥਨ ਮਿਲ ਰਿਹਾ ਹੈ ਅਤੇ ਉਮੀਦ ਹੈ ਕਿ ਇਸ ਮਾਮਲੇ ਦਾ ਜਲਦੀ ਹੱਲ ਨਿਕਲੇਗਾ।ਬਾਅਦ ਵਿੱਚ ਪੈਨਸ਼ਨਰਾਂ ਨੇ ਸ਼ਹਿਰ ਵਿੱਚ ਮਾਰਚ ਕਰਦਿਆਂ ਐੱਸਡੀਐੱਮ ਦਫ਼ਤਰ ਪਹੁੰਚ ਕੇ ਰਾਸ਼ਟਰਪਤੀ ਦੇ ਨਾਂਅ ਮੰਗ-ਪੱਤਰ ਸੌਂਪਿਆ।ਐੱਸਡੀਐੱਮ ਇਸ਼ਮਤ ਵਿਜੇ ਸਿੰਘ ਨੇ ਭਰੋਸਾ ਦਿੱਤਾ ਕਿ ਮੰਗ-ਪੱਤਰ ਰਾਸ਼ਟਰਪਤੀ ਤੱਕ ਭੇਜਿਆ ਜਾਵੇਗਾ।

## ਦਲਬੀਰ ਗੋਲਡੀ ਵੱਲੋਂ ਕੰਧਾਰਗੜ੍ਹ ਛੰਨਾ ਦੇ ਸਕੂਲ ਦਾ ਦੌਰਾ



**ਧੂਰੀ (ਬਿੰਨੀ ਗਰਗ/ਮਨੋਹਰ ਸੱਗੂ/ਮੋਹਿਤ ਗਰਗ)**-ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡ ਕੰਧਾਰਗੜ੍ਹ ਛੰਨਾ ਦੇ ਸਰਕਾਰੀ ਸਕੂਲ ਦਾ ਦੌਰਾ ਕੀਤਾ।ਦਲਬੀਰ ਸਿੰਘ ਗੋਲਡੀ ਨੇ ਸਕੂਲ ਦੀਆਂ ਬੁਨਿਆਦੀ ਸਹੂਲਤਾਂ ਤੇ ਅਧਿਆਪਕਾਂ ਦੀ ਘਾਟ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਸਕੂਲ ਵਿੱਚ ਗਣਿਤ, ਸਾਇੰਸ ਤੇ ਡੀ ਪੀ ਵਿਸ਼ਿਆਂ ਦੇ ਅਧਿਆਪਕ ਨਾ ਹੋਣ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ, ਜਦਕਿ ਸਰਕਾਰ 'ਮਿਸ਼ਨ ਸਮਰੱਥ' ਦੇ ਵੱਡੇ ਦਾਅਵੇ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਸਕੂਲ ਦਾ ਖੇਡ ਮੈਦਾਨ ਖ਼ਰਾਬ ਹਾਲਤ ਵਿੱਚ ਹੈ ਤੇ ਵਿਦਿਆਰਥੀਆਂ ਲਈ ਪੀਣ ਵਾਲੇ ਸਾਫ਼ ਪਾਣੀ ਦੀ ਵੀ ਢੁੱਕਵੀਂ ਵਿਵਸਥਾ ਨਹੀਂ ਹੈ।ਗੋਲਡੀ ਨੇ ਦੋਸ਼ ਲਾਇਆ ਕਿ ਅਧਿਆਪਕਾਂ ਨੂੰ ਪੜ੍ਹਾਈ ਦੀ ਬਜਾਏ ਵੱਖ-ਵੱਖ ਸਰਕਾਰੀ ਤੇ ਪ੍ਰਸ਼ਾਸਕੀ ਕੰਮਾਂ ਵਿੱਚ ਲਗਾਇਆ ਜਾ ਰਿਹਾ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖਾਲੀ ਅਧਿਆਪਕ ਅਸਾਮੀਆਂ ਤੁਰੰਤ ਭਰੀਆਂ ਜਾਣ, ਪਾਣੀ ਤੇ ਖੇਡਾਂ ਸਮੇਤ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕੀਤਾ ਜਾਵੇ ਅਤੇ ਸਰਕਾਰੀ ਸਕੂਲਾਂ ਦੀ ਹਾਲਤ ਸੁਧਾਰਨ ਨੂੰ ਤਰਜੀਹ ਦਿੱਤੀ ਜਾਵੇ।

# ਸਫਾ 1 ਦੇ ਬਾਕੀ...

### ਨਵੀਂ ਪੀੜ੍ਹੀ ਨੇ ਪਹਿਲੀ...

ਹੰਝੂ ਗੈਸ ਛੱਡੀ ਤੇ ਲਾਠੀਚਾਰਜ ਕੀਤਾ। ਇਸ ਦੌਰਾਨ ਕਈ ਲੋਕ ਜ਼ਖਮੀ ਹੋ ਗਏ। ਕੇਂਦਰੀ ਦਿੱਲੀ ਦੇ ਕਈ ਹਿੱਸਿਆਂ ਵਿੱਚ ਇੰਟਰਨੈੱਟ ਸੇਵਾ ਬੰਦ ਕਰ ਦਿੱਤੀ ਗਈ ਸੀ।

ਮਾਰਚ ਜੰਤਰ-ਮੰਤਰ ਤੋਂ ਸ਼ੁਰੂ ਹੋਇਆ, ਜਿੱਥੇ ਸੀ ਜੇ ਪੀ ਵੱਲੋਂ 20 ਜੂਨ ਤੋਂ ਭੁੱਖ ਹੜਤਾਲ ਕੀਤੀ ਜਾ ਰਹੀ ਸੀ। ਪੁਲਸ ਵੱਲੋਂ ਪਿੱਛੇ ਧੱਕਣ ਦੇ ਬਾਵਜੂਦ ਅੰਦੋਲਨਕਾਰੀ ਮੁੜ-ਮੁੜ ਕੇ ਅੱਗੇ ਵਧਦੇ ਰਹੇ। ਕੁਝ ਤਾਂ ਬੈਰੀਕੇਡਾਂ 'ਤੇ ਵੀ ਚੜ੍ਹਦੇ ਰਹੇ। ਪ੍ਰਕਾਸ਼ ਨਾਂਅ ਦੇ ਪ੍ਰੋਟੈਸਟਰ ਨੇ ਕਿਹਾ ਕਿ ਬਜ਼ੁਰਗ ਬੇਹੋਸ਼ ਹੁੰਦੇ ਰਹੇ, ਪਰ ਪੁਲਸ ਨੇ ਸਾਰ ਨਹੀਂ ਲਈ। ਸਿਰ 'ਤੇ ਪੁਲਸ ਦਾ ਡੰਡਾ ਖਾਣ ਵਾਲੇ ਵਿਦਿਆਰਥੀ ਸੰਦੀਪ ਨੇ ਕਿਹਾ, 'ਜੇ ਅਸੀਂ ਡਰ ਗਏ ਤਾਂ ਸਾਨੂੰ ਬੁਜ਼ਦਿਲ ਕਿਹਾ ਜਾਵੇਗਾ। ਉਹ (ਹਾਕਮ) ਆਪਣੇ ਬੱਚੇ ਪੜ੍ਹਨ ਲਈ ਵਿਦੇਸ਼ ਭੇਜਦੇ ਹਨ, ਪਰ ਸਾਡੀ ਕੋਈ ਪਰਵਾਹ ਨਹੀਂ ਕਰਦੇ।'

ਵਿਰੋਧੀ ਧਿਰ ਦੇ ਸੰਸਦ ਮੈਂਬਰਾਂ, ਸਮਾਜਕ ਕਾਰਕੁੰਨਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦੇ ਵਫਦ ਦੀ ਅਪੀਲ ਤੋਂ ਬਾਅਦ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਈਸਾ) ਦੇ ਆਗੂਆਂ ਨੇਹਾ, ਮਨੀਸ਼ ਅਤੇ ਆਮੀਨ ਨੇ ਸੋਮਵਾਰ ਭੁੱਖ ਹੜਤਾਲ ਖਤਮ ਕਰ ਦਿੱਤੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਇੱਕ ਮਹੀਨੇ ਤੱਕ ਅੰਦੋਲਨ ਜਾਰੀ ਰੱਖਣ ਦਾ ਐਲਾਨ ਵੀ ਕੀਤਾ। ਸਾਂਸਦ ਮਨੋਜ ਝਾਅ, ਰਾਜਾਰਾਮ ਸਿੰਘ ਤੇ ਅਮਰਾ ਰਾਮ, ਸਮਾਜਕ ਕਾਰਕੁੰਨ ਯੋਗਿੰਦਰ ਯਾਦਵ, ਸੀਨੀਅਰ ਵਕੀਲ ਪ੍ਰਸ਼ਾਂਤ ਭੂਸ਼ਣ, ਪ੍ਰੋਫੈਸਰ ਅਤੁਲ ਸੂਦ ਅਤੇ ਅਦਾਕਾਰ ਪ੍ਰਕਾਸ਼ ਰਾਜ ਤੇ ਸ਼ਬਾਨਾ ਆਜ਼ਮੀ ਨੇ ਵਿਦਿਆਰਥੀ ਆਗੂਆਂ ਨਾਲ ਮੁਲਾਕਾਤ ਕੀਤੀ ਸੀ।

ਇਸ ਦੌਰਾਨ ਡਾ. ਯੋਗੇਂਦਰ ਯਾਦਵ ਨੇ ਕਿਹਾ ਕਿ ਇਹ ਭੁੱਖ ਹੜਤਾਲ ਦਾ ਟੁੱਟਣਾ ਨਹੀਂ ਹੈ, ਸਗੋਂ ਸੰਘਰਸ਼ ਦੇ ਇਸ ਰੂਪ ਦਾ ਇੱਕ ਸਿੱਟਾ ਹੈ। ਡਾ. ਮਨੋਜ ਝਾਅ ਨੇ ਕਿਹਾ, "ਤੁਸੀਂ ਜੋ ਪ੍ਰਾਪਤ ਕੀਤਾ ਹੈ ਉਹ ਬਹੁਤ ਵੱਡਾ ਹੈ, ਕਿਉਂਕਿ ਇਹ ਸਰਕਾਰ ਸਾਰੇ ਮੋਰਚਿਆਂ 'ਤੇ ਬੇਨਕਾਬ ਹੋ ਚੁੱਕੀ ਹੈ।" ਸ਼ਬਾਨਾ ਆਜ਼ਮੀ ਨੇ ਕਿਹਾ, "ਅਸੀਂ ਇੱਕ ਪੀੜ੍ਹੀ ਦੇ ਤੌਰ 'ਤੇ ਆਪਣੀ ਜਨਰੇਸ਼ਨ ਜ਼ੈਡ ਦਾ ਭਲਾ ਕਰਨ ਵਿੱਚ ਅਸਫਲ ਰਹੇ ਹਾਂ, ਪਰ ਤੁਸੀਂ ਲੋਕਾਂ ਨੇ ਸਾਨੂੰ ਅੱਗੇ ਵਧਣ ਦਾ ਰਸਤਾ ਦਿਖਾਇਆ ਹੈ।" ਉੱਥੇ ਹੀ ਰਾਜਾਰਾਮ ਸਿੰਘ ਨੇ ਗੱਲ ਖਤਮ ਕਰਦਿਆਂ ਕਿਹਾ, "ਤੁਹਾਡਾ ਸੰਘਰਸ਼ ਅੱਜ ਤੋਂ ਲੋਕਤੰਤਰ ਦੇ ਘਰ ਵਿੱਚ ਵੀ ਗੂੰਜੇਗਾ। ਤੁਸੀਂ ਪੂਰੀ ਵਿਰੋਧੀ ਧਿਰ ਨੂੰ ਲੜਨ ਦਾ ਰਸਤਾ ਦਿਖਾਇਆ ਹੈ।"

ਆਈਸਾ ਨੇ ਕਿਹਾ ਕਿ ਮਰਨ ਵਰਤ ਦੌਰਾਨ ਤਿੰਨਾਂ ਵਿਦਿਆਰਥੀਆਂ ਦਾ ਭਾਰ 12 ਫੀਸਦੀ ਤੋਂ ਵੱਧ ਘਟ ਗਿਆ ਸੀ ਅਤੇ ਉਨ੍ਹਾਂ ਨੂੰ ਖਤਰਨਾਕ ਤੌਰ 'ਤੇ ਘੱਟ ਬਲੱਡ ਸ਼ੂਗਰ ਦੇ ਪੱਧਰ ਦੇ ਨਾਲ-ਨਾਲ ਅੰਗਾਂ 'ਤੇ ਗੰਭੀਰ ਅਸਰ ਦਾ ਸਾਹਮਣਾ ਕਰਨਾ ਪਿਆ। ਸਖਤ ਸੁਰੱਖਿਆ ਪ੍ਰਬੰਧਾਂ ਦੇ ਬਾਵਜੂਦ ਵਿਦਿਆਰਥੀਆਂ ਨੇ ਸੱਤਾ ਵਿਰੋਧੀ ਨਾਅਰੇਬਾਜ਼ੀ ਵੀ ਕੀਤੀ। ਆਈਸਾ ਨੇ ਐਲਾਨ ਕੀਤਾ ਕਿ ਜੰਤਰ-ਮੰਤਰ ਅੰਦੋਲਨ ਦੀਆਂ ਮੰਗਾਂ ਨੂੰ ਜਾਰੀ ਰੱਖਦੇ ਹੋਏ, ਸੰਸਦ ਸੈਸ਼ਨ ਦੇ ਸਮਾਨਾਂਤਰ ਕੇਂਦਰੀ ਮੰਤਰੀ ਧਰਮੇਂਦਰ ਪ੍ਰਧਾਨ, ਐੱਨ ਟੀ ਏ ਅਤੇ ਨਵੀਂ ਸਿੱਖਿਆ ਨੀਤੀ ਵਿਰੁੱਧ ਇੱਕ ਮਹੀਨਾ ਲੰਮੀ ਮੁਹਿੰਮ ਚਲਾਈ ਜਾਵੇਗੀ।

ਆਈਸਾ ਨੇ ਦੋਸ਼ ਲਗਾਇਆ ਹੈ ਕਿ ਪੁਲਸ ਕਾਰਵਾਈ ਦੌਰਾਨ ਉਸ ਦੀ ਦਿੱਲੀ ਯੂਨੀਵਰਸਿਟੀ ਇਕਾਈ ਦੇ ਅਹੁਦੇਦਾਰ ਰੋਵਿਨ ਦੀ ਖੱਬੀ ਬਾਂਹ ਵਿੱਚ ਫ੍ਰੈਕਚਰ ਹੋ ਗਿਆ ਹੈ ਅਤੇ ਉਸ ਦੇ ਕਈ ਹੋਰ ਗੰਭੀਰ ਸੱਟਾਂ ਲੱਗੀਆਂ ਹਨ। ਕਈ ਹੋਰ ਕਾਰਕੁੰਨਾਂ ਦੀਆਂ ਧੌਣਾਂ, ਪਿੱਠ, ਬਾਹਾਂ ਤੇ ਲੱਤਾਂ 'ਤੇ ਗੰਭੀਰ ਸੱਟਾਂ ਆਈਆਂ ਹਨ, ਜਦੋਂ ਕਿ ਇੱਕ ਵਿਦਿਆਰਥੀ ਦਾ ਮੋਢਾ ਉਤਰਨ ਦੀ ਵੀ ਖਬਰ ਹੈ। ਆਈਸਾ ਨੇ ਦੋਸ਼ ਲਾਇਆ ਕਿ ਪੁਰਸ਼ ਪੁਲਸ ਅਧਿਕਾਰੀਆਂ ਨੇ ਪ੍ਰਦਰਸ਼ਨਕਾਰੀ ਔਰਤਾਂ 'ਤੇ ਲਾਠੀਚਾਰਜ ਕੀਤਾ। ਉਸ ਨੇ ਲੋੜ ਤੋਂ ਵੱਧ ਤਾਕਤ ਦੀ ਵਰਤੋਂ ਕੀਤੀ। ਸੋਨਮ ਵਾਂਗਚੁਕ ਦੀ ਪਤਨੀ ਗੀਤਾਂਜਲੀ ਅੰਗਮੋ ਨੇ ਕਿਹਾ, "ਉਨ੍ਹਾ ਦੀ ਸਿਹਤ ਠੀਕ ਹੈ। ਉਹ ਖੁਸ਼ ਹਨ ਕਿ ਲੋਕ ਏਨੀ ਵੱਡੀ ਗਿਣਤੀ ਵਿੱਚ ਬਾਹਰ ਆਏ ਹਨ ਅਤੇ ਜੋ ਅੰਦੋਲਨ ਉਨ੍ਹਾ ਸ਼ੁਰੂ ਕੀਤਾ ਸੀ, ਉਹ ਏਨਾ ਵੱਡਾ ਹੋ ਗਿਆ ਹੈ। ਅੱਜ ਦਾ ਦਿਨ ਇੱਕ ਮਹੱਤਵਪੂਰਨ ਦਿਨ ਹੈ, ਪਰ ਇਹ ਅੰਤ ਨਹੀਂ। ਇਹ ਅੰਦੋਲਨ ਜਾਰੀ ਰਹੇਗਾ— ਜ਼ਰੂਰੀ ਨਹੀਂ ਕਿ ਵਿਰੋਧ ਪ੍ਰਦਰਸ਼ਨਾਂ ਜਾਂ ਵਰਤ ਰਾਹੀਂ ਹੀ ਹੋਵੇ, ਸਗੋਂ ਇਸ ਮੰਗ ਰਾਹੀਂ ਕਿ ਸਿੱਖਿਆ ਅਤੇ ਸਿੱਖਿਆ ਸੁਧਾਰ ਭਾਰਤ ਦਾ ਸਭ ਤੋਂ ਅਹਿਮ ਮੁੱਦਾ ਬਣਨ, ਤਾਂ ਜੋ ਭਾਰਤ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਮੌਕੇ ਮਿਲ ਸਕਣ ਅਤੇ ਉਹ ਆਪਣੀ ਉਸ ਸਮਰੱਥਾ ਨੂੰ ਪਛਾਣ ਸਕਣ, ਜਿਸ ਲਈ ਉਹ ਪੈਦਾ ਹੋਈਆਂ ਹਨ। ਉਦੋਂ ਹੀ ਭਾਰਤ 'ਵਿਸ਼ਵ ਨੇਤਾ ਅਤੇ ਵਿਸ਼ਵਗੁਰੂ' ਬਣੇਗਾ।" ਉੱਧਰ, ਸੀ ਜੇ ਪੀ ਆਗੂ ਅਭਿਜੀਤ ਦੀਪਕੇ ਨੇ ਵਾਂਗਚੁਕ ਦੀ ਬੇਨਤੀ 'ਤੇ ਆਪਣੀ ਭੁੱਖ ਹੜਤਾਲ ਖ਼ਤਮ ਕਰ ਦਿੱਤੀ ਹੈ। ਵਾਂਗਚੁਕ ਨੇ ਵਰਤ ਰੱਖਣ ਵਾਲੇ ਸਾਰੇ ਲੋਕਾਂ ਨੂੰ ਹੜਤਾਲ ਖਤਮ ਕਰਨ ਲਈ ਕਿਹਾ ਸੀ, ਤਾਂ ਜੋ ਉਹ ਆਉਣ ਵਾਲੇ ਸੰਸਦ ਮਾਰਚ ਲਈ ਆਪਣੀ ਊਰਜਾ ਅਤੇ ਤਾਕਤ ਬਚਾ ਕੇ ਰੱਖ ਸਕਣ। ਦੀਪਕੇ ਨੇ ਦੇਹਰਾਦੂਨ ਦੀ ਇੱਕ ਨੀਟ ਦੀ ਤਿਆਰੀ ਕਰ ਰਹੀ ਵਿਦਿਆਰਥਣ ਰਿਆ ਦੇ ਪਿਤਾ ਦੇ ਹੱਥੋਂ ਜੂਸ ਪੀ ਕੇ ਵਰਤ ਤੋੜਿਆ, ਜਿਸ ਨੇ ਪਿਛਲੇ ਮਹੀਨੇ ਖ਼ੁਦਕੁਸ਼ੀ ਕਰ ਲਈ ਸੀ।

### ਜਬਰ ਦਾ ਦੇਸ਼ ਭਗਤ...

ਨੂੰ ਭਾਵੇਂ ਛੱਡ ਦਿੱਤਾ, ਪਰ ਸਾਧਵੀ ਰਿਤੰਬਰਾ ਅਤੇ ਸ਼ਾਂਤੀ ਕੁਮਾਰੀ ਵਰਗਿਆਂ ਨੂੰ ਯੂਨੀਵਰਸਿਟੀ ਅੰਦਰ ਆਉਣ ਅਤੇ ਫ਼ਿਰਕੂ ਜ਼ਹਿਰ ਦਾ ਛੱਟਾ ਦੇਣ ਵਾਲੀਆਂ ਸੰਸਥਾਵਾਂ ਨੂੰ ਪ੍ਰਸ਼ਾਸਨ ਵੱਲੋਂ ਪਲਕਾਂ 'ਤੇ ਬਿਠਾਉਣ ਲਈ ਤਰਲੋਮੱਛੀ ਹੋਣਾ ਤਿੱਖੇ ਸੁਆਲ ਖੜ੍ਹੇ ਕਰ ਰਿਹਾ ਹੈ। ਇਉਂ ਹੀ ਜੰਤਰ ਮੰਤਰ ਵਿਖੇ ਵਿਦਿਆਰਥੀਆਂ ਅਤੇ ਲੋਕਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਬੰਦ ਕਰਾਉਣ ਲਈ ਭਾਜਪਾ ਹਕੂਮਤ ਦਾ ਪੱਬਾਂ ਭਾਰ ਹੋਣਾ ਦਰਸਾਉਂਦਾ ਹੈ ਕਿ ਭਾਰਤ ਅੰਦਰ ਇਹ ਕੇਹੀ ਜਮਹੂਰੀਅਤ ਹੈ।ਚੰਡੀਗੜ੍ਹ ਤੇ ਨਵੀਂ ਦਿੱਲੀ ਦੀਆਂ ਇਹਨਾਂ ਤਾਜ਼ਾ ਘਟਨਾਵਾਂ 'ਤੇ ਆਜ਼ਾਦੀ ਸੰਗਰਾਮ ਦੀ ਵਾਰਸ ਸੰਸਥਾ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਮੇਟੀ ਤਰਫ਼ੋਂ ਤਿੱਖੀ ਰੋਸ ਪ੍ਰਤੀਕਿਰਿਆ ਦਾ ਪ੍ਰਗਟਾਵਾ ਕਰਦਿਆਂ ਇਸ ਨੂੰ ਜਮਹੂਰੀ ਹੱਕਾਂ ਉਪਰ ਬੁਲਡੋਜ਼ਰ ਚਲਾਉਣਾ ਦੱਸਿਆ ਹੈ। ਦੇਸ਼ ਭਗਤ ਕਮੇਟੀ ਦਾ ਕਹਿਣਾ ਹੈ ਕਿ ਫ਼ਿਰਕੂ ਤਾਕਤਾਂ ਦੀ ਪਿੱਠ ਥਾਪੜਨਾ ਅਤੇ ਜਮਹੂਰੀ ਤਾਕਤਾਂ ਦੀ ਜ਼ੁਬਾਨਬੰਦੀ ਕਰਨਾ ਅੱਗੇ ਵਧਦੇ ਫ਼ਿਰਕੂ ਫਾਸ਼ੀ ਹੱਲੇ ਦਾ ਪ੍ਰਤੀਕ ਹੈ, ਜਿਸ ਨੂੰ ਦੇਸ਼ ਵਾਸੀ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।

### ਲੋਕਤੰਤਰ ਦੀ ਮਾਂ...

ਮੀਡੀਆ ਯੂਜ਼ਰ ਨੇ ਉਸ 'ਤੇ ਭਾਰਤ ਬਾਰੇ ਚੋਣਵੀਆਂ ਟਿੱਪਣੀਆਂ ਕਰਨ ਦਾ ਦੋਸ਼ ਲਗਾਇਆ ਹੈ। ਟੈਲੀਗ੍ਰਾਫ ਆਨਲਾਈਨ ਨੇ ਜਦ ਉਸ ਨੂੰ ਦੱਸਿਆ ਕਿ ਭਾਰਤ ਵਿੱਚ ਅਜਿਹੇ ਪੱਤਰਕਾਰ ਅਤੇ ਅਖਬਾਰ ਹਨ, ਜਿਹੜੇ ਸੱਤਾ ਵਿੱਚ ਬੈਠੇ ਲੋਕਾਂ ਤੋਂ ਜਵਾਬ ਮੰਗਦੇ ਹਨ, ਤਾਂ ਲਿੰਗ ਨੇ ਕਿਹਾ, "ਮੈਂ ਆਪਣੇ ਐੱਕਸ ਅਤੇ ਆਪਣੇ ਇੰਸਟਾਗ੍ਰਾਮ 'ਤੇ ਇਨ੍ਹਾਂ ਵਿੱਚੋਂ ਬਹੁਤ ਸਾਰੇ ਪੱਤਰਕਾਰਾਂ ਅਤੇ ਅਖਬਾਰਾਂ ਨੂੰ ਉਜਾਗਰ ਕੀਤਾ ਹੈ, ਜੋ ਸੱਤਾ ਦੇ ਸਾਹਮਣੇ ਸੱਚ ਬੋਲਦੇ ਹਨ। ਜਿਵੇਂ ਕਿ ਮੈਂ ਪਹਿਲਾਂ ਕਿਹਾ ਹੈ, ਉਹ ਸੱਚਮੁੱਚ ਭਾਰੀ ਮਿਹਨਤ ਕਰ ਰਹੇ ਹਨ।"

ਉਸ ਨੇ ਇਸ ਧਾਰਨਾ ਨੂੰ ਵੀ ਰੱਦ ਕਰ ਦਿੱਤਾ ਕਿ ਉਹ ਓਸਲੋ ਵਿੱਚ ਸੁਰਖੀਆਂ ਵਿੱਚ ਆਉਣ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਦਾ ਪਿੱਛਾ ਕਰ ਰਹੀ ਹੈ। ਉਸ ਨੇ ਕਿਹਾ, "ਮੈਂ ਇਹ ਨਹੀਂ ਕਹਾਂਗੀ ਕਿ ਮੈਂ ਉਨ੍ਹਾ ਦਾ ਪਿੱਛਾ ਕਰਦੀ ਹਾਂ। ਮੈਂ ਸਿਰਫ ਆਪਣੀ ਆਵਾਜ਼ ਉਠਾਈ ਸੀ ਅਤੇ ਇੱਕ ਸਵਾਲ ਪੁੱਛਿਆ ਸੀ। ਅਤੇ ਮੈਂ ਹਾਲ ਹੀ ਵਿੱਚ ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਵਿੱਚ ਹੋਏ ਘਟਨਾਕ੍ਰਮ ਤੋਂ ਬਾਅਦ ਮੈਂ ਭਾਰਤੀ ਰਾਜਨੀਤੀ ਵਿੱਚ ਦੁਬਾਰਾ ਸ਼ਾਮਲ ਹੋਈ ਹਾਂ।"

ਭਾਰਤ ਵਿੱਚ ਪ੍ਰੈੱਸ ਜਵਾਬਦੇਹੀ ਬਾਰੇ ਉਸ ਦੀਆਂ ਤਾਜ਼ਾ ਟਿੱਪਣੀਆਂ ਅਤੇ ਸੋਨਮ ਵਾਂਗਚੁੱਕ ਦੀ ਭੁੱਖ ਹੜਤਾਲ, ਜਿਸ ਨੇ ਵਿਸ਼ਵਵਿਆਪੀ ਧਿਆਨ ਖਿੱਚਿਆ ਹੈ, ਨੇ ਇੱਕ ਜਾਣੇ-ਪਛਾਣੇ ਵਿਵਾਦ ਨੂੰ ਮੁੜ ਸੁਰਜੀਤ ਕਰ ਦਿੱਤਾ ਹੈ, ਜਿਸ ਵਿੱਚ ਬਹੁਤ ਸਾਰੇ ਲੋਕ ਪੁੱਛ ਰਹੇ ਹਨ ਕਿ ਨਾਰਵੇ ਦੀ ਇੱਕ ਪੱਤਰਕਾਰ ਭਾਰਤ ਦੇ ਘਰੇਲੂ ਮਾਮਲਿਆਂ 'ਤੇ ਲਗਾਤਾਰ ਟਿੱਪਣੀਆਂ ਕਿਉਂ ਕਰ ਰਹੀ ਹੈ। ਲਿੰਗ ਨੇ ਕਿਹਾ ਕਿ ਭਾਰਤ ਵਿੱਚ ਉਸ ਦੀ ਦਿਲਚਸਪੀ ਉਤਸੁਕਤਾ-ਵੱਸ ਹੈ, ਕਿਸੇ ਏਜੰਡੇ ਤਹਿਤ ਨਹੀਂ। ਉਸ ਨੇ ਕਿਹਾ, "ਮੇਰੀ ਭਾਰਤ ਅਤੇ ਖਾਸ ਕਰਕੇ ਉੱਥੇ ਪ੍ਰੈੱਸ ਦੀ ਆਜ਼ਾਦੀ ਵਿੱਚ ਦਿਲਚਸਪੀ ਵਧ ਰਹੀ ਹੈ। ਮੈਂ ਜਿੰਨਾ ਜ਼ਿਆਦਾ ਜਾਣਦੀ ਹਾਂ, ਓਨਾ ਹੀ ਮੈਂ ਇਸ 'ਤੇ ਚਰਚਾ ਕਰਨਾ ਚਾਹੁੰਦੀ ਹਾਂ। ਲੋਕ ਇਸ ਦੀ ਵਿਆਖਿਆ ਆਪਣੀ ਮਰਜ਼ੀ ਨਾਲ ਕਰ ਸਕਦੇ ਹਨ, ਮੈਂ ਸਿਰਫ ਸਵਾਲ ਪੁੱਛ ਰਹੀ ਹਾਂ। ਭਾਰਤ ਇੱਕ ਵੱਡਾ ਅਤੇ ਸ਼ਕਤੀਸ਼ਾਲੀ ਰਾਸ਼ਟਰ ਹੈ।"

ਆਲੋਚਕਾਂ ਵੱਲੋਂ ਉਸ 'ਤੇ ਭਾਰਤ ਦੇ ਸੰਦਰਭ ਨੂੰ ਪੂਰੀ ਤਰ੍ਹਾਂ ਸਮਝੇ ਬਿਨਾਂ ਘਰੇਲੂ ਮੁੱਦਿਆਂ 'ਤੇ ਟਿੱਪਣੀ ਕਰਨ ਦਾ ਦੋਸ਼ ਲਾਉਣ ਬਾਰੇ ਲਿੰਗ ਨੇ ਕਿਹਾ, "ਲੋਕ ਇਸ 'ਤੇ ਬਹਿਸ ਕਰ ਸਕਦੇ ਹਨ ਅਤੇ ਮੈਂ ਉਨ੍ਹਾਂ ਦੀ ਰਾਏ ਦੀ ਕਦਰ ਕਰਦੀ ਹਾਂ ਅਤੇ ਉਨ੍ਹਾਂ ਦਾ ਸਵਾਗਤ ਕਰਦੀ ਹਾਂ। ਮੈਂ ਸੱਚਮੁੱਚ ਭਾਰਤ ਦੀ ਮਾਹਰ ਨਹੀਂ ਹਾਂ।"

ਪਰ ਭਾਰਤ 'ਤੇ ਉਹ ਏਨਾ ਫੋਕਸ ਕਿਉਂ ਕਰ ਰਹੀ ਹੈ, ਦੇ ਜਵਾਬ ਵਿੱਚ ਲਿੰਗ ਨੇ ਕਿਹਾ ਕਿ ਦੇਸ਼ ਦਾ ਵਧਦਾ ਪ੍ਰਭਾਵ ਕੁਦਰਤੀ ਤੌਰ 'ਤੇ ਕੌਮਾਂਤਰੀ ਧਿਆਨ ਖਿੱਚਦਾ ਹੈ। ਉਸ ਨੇ ਅੱਗੇ ਕਿਹਾ, "ਮੈਂ ਚੀਨ ਬਾਰੇ ਵੀ ਗੱਲ ਕੀਤੀ ਹੈ। ਇਸ ਸਮੇਂ, ਮੈਨੂੰ ਫਾਲੋ ਕਰਨ ਵਾਲੇ ਲੋਕ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ ਬਾਰੇ ਮੇਰੇ ਵਿਚਾਰ ਵਿੱਚ ਦਿਲਚਸਪੀ ਰੱਖਦੇ ਹਨ। ਮੈਂ ਇਹ ਵੀ ਮੰਨਦੀ ਹਾਂ ਕਿ ਕੌਮਾਂਤਰੀ ਮੀਡੀਆ ਭਾਰਤ ਨੂੰ ਜ਼ਿਆਦਾ ਪਰਖੇ। ਬਹੁਤ ਸਾਰੇ ਲੋਕ ਯੂਰਪੀ ਸੰਘ ਦੀਆਂ ਸਮੱਸਿਆਵਾਂ ਬਾਰੇ ਬਹੁਤ ਕੁਝ ਲਿਖਦੇ ਹਨ। ਮਿਸਾਲ ਵਜੋਂ ਹੰਗਰੀ ਬਾਰੇ। ਮੈਨੂੰ ਲੱਗਦਾ ਹੈ ਕਿ ਕੌਮਾਂਤਰੀ ਪ੍ਰੈੱਸ ਵਿੱਚ ਭਾਰਤ ਨੂੰ ਕੁਝ ਹੱਦ ਤੱਕ ਅਣਗੌਲਿਆ ਕੀਤਾ ਗਿਆ ਹੈ। ਅਤੇ ਨਾਲ ਹੀ ਜੋ ਲੋਕ ਇਸ ਸਮੇਂ ਮੇਰੇ ਵਿਚਾਰ ਪੜ੍ਹਨਾ ਚਾਹੁੰਦੇ ਹਨ, ਉਹ ਮੁੱਖ ਤੌਰ 'ਤੇ ਭਾਰਤ ਵਿੱਚ ਹਨ।"

### ਮੈਸੀ ਨੂੰ ਚੱਲਣ ...

ਗੋਲ ਨਾ ਕਰ ਸਕੀ। ਦੂਜੇ ਪਾਸੇ ਅਰਜਨਟੀਨਾ ਨੂੰ ਇਸ ਮੈਚ ਵਿਚ ਗੋਲ ਕਰਨ ਦੇ ਬਹੁਤ ਘੱਟ ਮੌਕੇ ਮਿਲੇ। ਅਰਜਨਟੀਨਾ ਦੇ ਖਿਡਾਰੀ ਏਂਜੋ ਫਰਨਾਡੇਜ਼ ਨੂੰ ਰੈਫਰੀ ਨੇ ਰੈਡ ਕਾਰਡ ਦਿਖਾਇਆ, ਜਿਸ ਕਾਰਨ ਅਰਜਨਟੀਨਾ ਨੂੰ ਵਾਧੂ ਸਮੇਂ ਵਿੱਚ ਗਿਆਰਾਂ ਦੀ ਥਾਂ ਦਸ ਖਿਡਾਰੀਆਂ ਨਾਲ ਖੇਡਣਾ ਪਿਆ। ਇਸ ਮੈਚ ਵਿੱਚ ਪੂਰਾ ਸਮਾਂ ਸਪੇਨ ਦੀ ਟੀਮ ਅਰਜਨਟੀਨਾ 'ਤੇ ਭਾਰੂ ਰਹੀ ਤੇ ਅਰਜਨਟੀਨਾ ਦੇ ਸਟਾਰ ਖਿਡਾਰੀ ਮੈਸੀ ਨੂੰ ਗੋਲ ਕਰਨ ਦਾ ਮੌਕਾ ਨਹੀਂ ਦਿੱਤਾ। ਸਪੇਨ ਨੇ ਨਿਰਧਾਰਤ ਸਮੇਂ ਵਿੱਚ 15 ਸ਼ਾਟ ਲਗਾਏ, ਜਦੋਂ ਕਿ ਅਰਜਨਟੀਨਾ ਇੱਕ ਵੀ ਸ਼ਾਟ ਨਹੀਂ ਲਗਾ ਸਕੀ। ਇਸ ਤੋਂ ਇਲਾਵਾ ਸਪੇਨ ਨੂੰ ਨੌਂ ਅਤੇ ਅਰਜਨਟੀਨਾ ਨੂੰ ਸਿਰਫ ਇੱਕ ਕਾਰਨਰ ਮਿਲਿਆ। ਇਸ ਜਿੱਤ ਦੇ ਨਾਲ ਹੀ ਸਪੇਨ ਪੁਰਸ਼ ਅਤੇ ਮਹਿਲਾ ਫੁਟਬਾਲ ਵਿਸ਼ਵ ਕੱਪ ਇੱਕੋ ਸਮੇਂ ਜਿੱਤਣ ਵਾਲਾ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਹੈ।

### ਸੁਖਬੀਰ ਤੋਂ ਸਵਾ...

ਪੇਸ਼ੀ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਤੇ ਹੋਰ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਵੀ ਮੌਜੂਦ ਰਹੇ। ਸੁਖਬੀਰ ਬਾਦਲ ਨੇ ਪੁੱਛਗਿੱਛ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਸੀ ਕਿ ਆਮ ਆਦਮੀ ਪਾਰਟੀ ਇਸ ਮਾਮਲੇ ਵਿੱਚ ਸਿਆਸਤ ਕਰਨ 'ਚ ਲੱਗੀ ਹੋਈ ਹੈ। ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤੀ ਨਾਲ ਅੱਗੇ ਵਧ ਰਿਹਾ ਹੈ, ਜਿਸ ਨੂੰ ਰੋਕਣ ਲਈ ਆਮ ਆਦਮੀ ਪਾਰਟੀ ਵੱਲੋਂ ਅਜਿਹੇ ਹਥਕੰਡੇ ਅਪਣਾਏ ਜਾ ਰਹੇ ਹਨ। ਸੁਖਬੀਰ ਨੇ ਕਿਹਾ ਕਿ ਪੰਜਾਬ ਵਿੱਚ ਸਿਰਫ ਪੰਜਾਬੀਆਂ ਦਾ ਰਾਜ ਹੋਵੇਗਾ ਅਤੇ ਆਗਾਮੀ ਚੋਣਾਂ ਵਿੱਚ ਕਾਂਗਰਸ ਤੇ 'ਆਪ' ਦਾ ਸਫਾਇਆ ਹੋ ਜਾਵੇਗਾ। 2015 ਵਿੱਚ ਬਰਗਾੜੀ ਵਿਖੇ ਹੋਈ ਬੇਅਦਬੀ ਦੀ ਘਟਨਾ ਦੇ ਰੋਸ ਵਜੋਂ ਬਹਿਬਲ ਕਲਾਂ ਵਿਖੇ ਸ਼ਾਂਤਮਈ ਧਰਨਾ ਦੇ ਰਹੇ ਪ੍ਰਦਰਸ਼ਨਕਾਰੀਆਂ 'ਤੇ ਪੁਲਸ ਵੱਲੋਂ ਕੀਤੀ ਗਈ ਗੋਲੀਬਾਰੀ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ ਸੀ। ਇਸ ਮਾਮਲੇ ਦੀ ਜਾਂਚ ਲਈ ਗਠਿਤ ਸਿੱਟ ਲਗਾਤਾਰ ਸਬੂਤਾਂ ਨੂੰ ਖੰਗਾਲ ਰਹੀ ਹੈ ਅਤੇ ਇਸੇ ਲੜੀ ਤਹਿਤ ਹੁਣ ਸੁਖਬੀਰ ਬਾਦਲ ਤੋਂ ਪੁੱਛਗਿੱਛ ਕੀਤੀ ਗਈ ਹੈ।

### ਭਾਜਪਾ ਦੇ ਨਾਪਾਕ...

ਸੰਵਿਧਾਨ ਨੂੰ ਖਤਮ ਕਰਨ ਤੇ ਜਮਹੂਰੀਅਤ ਦਾ ਘਾਣ ਕਰਨ ਦੇ ਰਾਹ ਤੁਰੀ ਹੈ।ਦੇਸ਼ ਵਿੱਚ ਘੱਟ ਗਿਣਤੀਆਂ ਨੂੰ ਦਬਾਇਆ ਜਾ ਰਿਹਾ ਹੈ।ਹਕੀਕਤ ਇਹ ਹੈ ਕਿ ਭਾਜਪਾ ਦੀ ਹਕੂਮਤ ਨੇ ਹਿੰਦੁਸਤਾਨ ਵਿੱਚ ਵੱਖਰੀ ਕਿਸਮ ਦਾ ਫਾਸ਼ੀਵਾਦ ਕਾਇਮ ਕੀਤਾ ਹੋਇਆ ਹੈ। ਵੋਟਾਂ ਦੀ ਪੜਤਾਲ ਪਿੱਛੇ ਵੀ ਭਾਜਪਾ ਦੀ ਚਾਲ ਇਹ ਹੈ ਕਿ ਦੇਸ਼ ਵਿੱਚੋਂ ਮੁਸਲਿਮ ਭਾਈਚਾਰੇ ਦੀਆਂ ਵੋਟਾਂ ਕੱਟ ਕੇ ਉਨ੍ਹਾਂ ਨੂੰ ਵੋਟਾਂ ਪਾਉਣ ਤੋਂ ਵਾਂਝਿਆਂ ਕੀਤਾ ਜਾਵੇ।ਆਰ ਐੱਸ ਐੱਸ ਦੇ ਇਸ਼ਾਰੇ 'ਤੇ ਭਾਜਪਾ ਵੋਟਾਂ ਕੱਟਣ ਵਾਲਾ ਵਰਤਾਰਾ ਪਹਿਲਾਂ ਬਿਹਾਰ ਅਤੇ ਪੱਛਮੀ ਬੰਗਾਲ ਵਿੱਚ ਵਰਤ ਚੁੱਕੀ ਹੈ।ਇਸ ਢੰਗ ਨਾਲ ਭਾਜਪਾ ਨੇ ਇਨ੍ਹਾਂ ਦੋਵਾਂ ਸੂਬਿਆਂ 'ਤੇ ਕਬਜ਼ਾ ਕੀਤਾ ਹੈ।ਭਾਜਪਾ ਸਰਕਾਰ ਦੀ ਫਾਸ਼ੀਵਾਦੀ ਨੀਤੀ ਵਿਰੁੱਧ ਜਿਹੜਾ ਬੋਲਦਾ ਹੈ, ਉਸ ਨੂੰ ਜੇਲ੍ਹ ਵਿੱਚ ਬੰਦ ਕਰ ਦਿੱਤਾ ਜਾਂਦਾ ਹੈ।ਕਈ ਬੁੱਧੀਜੀਵੀ ਤੇ ਲਿਖਾਰੀਆਂ ਦੀ ਜ਼ਬਾਨ ਬੰਦ ਕਰਨ ਲਈ ਕੇਂਦਰ ਸਰਕਾਰ ਨੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਲੰਮੇ ਸਮੇਂ ਤੋਂ ਬੰਦ ਕੀਤਾ ਹੋਇਆ ਹੈ।

ਮਾੜੀਮੇਘਾ ਨੇ ਕਿਹਾ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲ ਰਿਹਾ। ਉਹ ਵਿਦੇਸ਼ਾਂ ਵਿੱਚ ਧੱਕੇ ਖਾਣ ਲਈ ਮਜਬੂਰ ਹਨ। ਪੜ੍ਹਾਈ ਦੇ ਸਿਲੇਬਸ 'ਚੋਂ ਦੇਸ਼ ਭਗਤੀ ਵਾਲੇ ਚੈਪਟਰ ਖਤਮ ਕਰ ਦਿੱਤੇ ਗਏ ਹਨ ਅਤੇ ਪੜ੍ਹਾਈ ਵੀ ਬਹੁਤ ਮਹਿੰਗੀ ਹੈ। ਗਰੀਬ ਤੇ ਮੱਧ ਵਰਗ ਦੇ ਬੱਚੇ ਵਿਦਿਆ ਲੈਣ ਤੋਂ ਅਸਮਰਥ ਹਨ। ਮਨਰੇਗਾ ਕਾਨੂੰਨ ਰਾਹੀਂ ਪਿੰਡਾਂ ਵਿੱਚ ਗਰੀਬਾਂ ਨੂੰ ਕੰਮ ਮਿਲ ਜਾਂਦਾ ਸੀ, ਉਹ ਕਾਨੂੰਨ ਵੀ ਖਤਮ ਕਰਕੇ ਕੰਮ ਲੈਣ ਲਈ ਬਹੁਤ ਕਰੜੀਆਂ ਧਾਰਾਵਾਂ ਲਾ ਦਿੱਤੀਆਂ ਗਈਆਂ, ਜਿਸ ਕਰਕੇ ਹੁਣ ਕੰਮ ਮਿਲਣਾ ਮੁਸ਼ਕਲ ਹੈ। ਇਨ੍ਹਾਂ ਮਸਲਿਆਂ ਨੂੰ ਲੈ ਕੇ ਪਹਿਲਾਂ 7 ਤੋਂ 15 ਅਗਸਤ ਤੱਕ ਪੰਜਾਬ ਭਰ ਦੇ ਜ਼ਿਲ੍ਹਿਆਂ ਵਿੱਚ ਜਥੇ ਮਾਰਚ ਕੀਤੇ ਜਾਣਗੇ ਅਤੇ ਪਹਿਲੀ ਸਤੰਬਰ ਨੂੰ ਹੁੰਮਹੁਮਾ ਕੇ ਦਿੱਲੀ ਪਹੁੰਚਿਆ ਜਾਵੇਗਾ। ਉਕਤ ਮਸਲਿਆਂ ਤੋਂ ਇਲਾਵਾ ਜਥਾ ਮਾਰਚ ਵਿੱਚ ਚੰਡੀਗੜ੍ਹ ਪੰਜਾਬ ਨੂੰ ਦੇਣ, ਪੰਜਾਬ ਦੇ ਦਰਿਆਵਾਂ ਦੇ ਪਾਣੀ ਪੰਜਾਬ ਲਈ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਆਪਣੇ ਹੱਕ ਬਹਾਲ ਕਰਾਉਣ ਲਈ ਆਦਿ ਮਸਲੇ ਵਿਚਾਰੇ ਜਾਣਗੇ।

### 'ਆਪ' ਵਿਦਿਆਰਥੀਆਂ ...

ਹਨ, ਪਰ ਪ੍ਰੀਖਿਆ ਤੋਂ ਇੱਕ-ਦੋ ਦਿਨ ਪਹਿਲਾਂ ਪਤਾ ਲੱਗਦਾ ਹੈ ਕਿ ਪੇਪਰ ਤਾਂ ਲੀਕ ਹੋ ਗਿਆ। ਵੱਡੇ-ਵੱਡੇ ਅਮੀਰ ਲੋਕਾਂ ਨੇ ਪੇਪਰ ਖਰੀਦ ਲਿਆ ਹੈ ਅਤੇ ਹੁਣ ਕੇਵਲ ਉਨ੍ਹਾਂ ਦੇ ਹੀ ਬੱਚੇ ਅੱਗੇ ਆਉਣਗੇ। ਇਹ ਬਿਲਕੁਲ ਸਹੀ ਨਹੀਂ। ਜੰਤਰ-ਮੰਤਰ 'ਤੇ ਸਾਡੇ ਵਿਦਿਆਰਥੀਆਂ ਦਾ ਜੋ ਪ੍ਰਦਰਸ਼ਨ ਚੱਲ ਰਿਹਾ ਹੈ, ਮੈਂ ਉਸ ਦਾ ਪੂਰਾ ਸਮਰਥਨ ਕਰਦਾ ਹਾਂ। ਅਸੀਂ ਸਾਰੇ ਵਿਦਿਆਰਥੀਆਂ ਦੇ ਨਾਲ ਹਾਂ।'

### 5 ਨੂੰ ਮਜ਼ਦੂਰਾਂ ਵੱਲੋਂ ...

ਪ੍ਰਧਾਨ ਦਿਹਾਤੀ ਮਜ਼ਦੂਰ ਸਭਾ), ਜੋਰਾ ਸਿੰਘ ਨਸਰਾਲੀ (ਸੂਬਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਯੂਨੀਅਨ) ਗੋਬਿੰਦ ਸਿੰਘ ਛਾਜਲੀ (ਸੂਬਾ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਪੰਜਾਬ), ਕਸ਼ਮੀਰ ਸਿੰਘ ਘੁਗਸ਼ੋਰ (ਪ੍ਰੈੱਸ ਸਕੱਤਰ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ), ਗੁਰਬਿੰਦਰ ਸਿੰਘ ਬੌੜਾਂ (ਸੂਬਾ ਸਕੱਤਰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ), ਚਮਕੌਰ ਸਿੰਘ ਖੇੜੀ (ਸੂਬਾ ਸਕੱਤਰ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ), ਪ੍ਰਗਟ ਸਿੰਘ ਕਾਲਾ ਝਾੜ (ਸੂਬਾ ਆਗੂ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ) ਨੇ ਕਿਹਾ ਕਿ ਮਜ਼ਦੂਰਾਂ ਲਈ ਸਾਲ ਭਰ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਨਵੇਂ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਕੇ ਮਨਰੇਗਾ ਕਾਨੂੰਨ ਨੂੰ ਬਹਾਲ ਕਰਕੇ ਬਾਲਗ ਜੀਆਂ ਨੂੰ ਪ੍ਰਤੀ ਦਿਨ 700 ਰੁਪਏ ਦਿਹਾੜੀ ਦੇਣ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨ 5000 ਰੁਪਏ ਮਹੀਨਾ ਕਰਨ, ਔਰਤਾਂ ਦੇ ਖਾਤੇ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦਾ ਬਕਾਇਆ ਪਾਉਣ, ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਅਤੇ ਮਕਾਨ ਉਸਾਰੀ ਲਈ ਗਰਾਂਟ ਦੇਣ, ਪੰਚਾਇਤੀ ਜ਼ਮੀਨਾਂ 'ਚੋਂ ਰਾਖਵੇਂ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ, ਮਜ਼ਦੂਰਾਂ ਸਿਰ ਚੜ੍ਹੇ ਸਮੁੱਚੇ ਕਰਜ਼ੇ ਮਾਫ਼ ਕਰਨ ਅਤੇ ਕਿਰਤ ਕਾਨੂੰਨਾਂ ਨੂੰ ਮੁੜ ਬਹਾਲ ਕਰਨ ਅਤੇ ਨਵੇਂ ਚਾਰ ਲੇਬਰ ਕੋਡ ਰੱਦ ਕਰਨ ਵਰਗੀਆਂ ਮੰਗਾਂ 'ਤੇ ਮਜ਼ਦੂਰ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਪਰ ਪਹਿਲੀਆਂ ਸਰਕਾਰਾਂ ਵਾਂਗ ਹੀ ਮੌਜੂਦਾ ਸਰਕਾਰ ਵੀ ਮਜ਼ਦੂਰ ਮੰਗਾਂ ਨੂੰ ਦਰਕਿਨਾਰ ਕਰਕੇ ਮਜ਼ਦੂਰਾਂ ਨਾਲ ਵਿਤਕਰਾ ਕਰ ਰਹੀ ਹੈ।ਮਜ਼ਦੂਰ ਆਗੂਆਂ ਨੇ ਕਿਹਾ ਕਿ ਸਦੀਆਂ ਤੋਂ ਜਾਤੀ-ਪਾਤੀ ਵਿਤਕਰੇ, ਸਰਕਾਰੀ ਤੇ ਜਾਗੀਰੂ ਜਬਰ ਦੇ ਸਤਾਏ ਬੇਜ਼ਮੀਨੇ ਮਜ਼ਦੂਰ ਅੱਜ ਵੀ ਅੱਤ ਦੀ ਮਹਿੰਗਾਈ, ਇਲਾਜ ਕਰਵਾਉਣ ਤੋਂ ਅਸਮਰੱਥ, ਬੱਚਿਆਂ ਨੂੰ ਉੱਚ ਸਿੱਖਿਆ ਦਿਵਾਉਣ ਅਤੇ ਰੋਜ਼ਾਨਾ ਜੀਵਨ ਲੋੜਾਂ ਪੂਰੀਆਂ ਕਰਨ ਤੋਂ ਅਸਮਰੱਥ ਹਨ ਅਤੇ ਕਰਜ਼ੇ ਹੇਠ ਦੱਬੇ ਹੋਏ ਹਨ, ਪਰ ਸਰਕਾਰਾਂ ਫੋਕੇ ਦਾਅਵੇ ਕਰਕੇ ਵਿਕਾਸ ਦੇ ਦਮਗਜੇ ਮਾਰ ਕੇ ਮਜ਼ਦੂਰਾਂ ਦੀਆਂ ਵੋਟਾਂ ਬਟੋਰਨ ਦੇ ਆਹਰ ਵਿੱਚ ਲੱਗੀਆਂ ਹੋਈਆਂ ਹਨ।ਮਜ਼ਦੂਰ ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਤੇਜ਼ੀ ਨਾਲ ਮਜ਼ਦੂਰ/ਦਲਿਤ ਵਿਰੋਧੀ ਕਾਨੂੰਨ ਬਣਾਏ ਤੇ ਲਾਗੂ ਕੀਤੇ ਜਾ ਰਹੇ ਹਨ।

ਉਹਨਾਂ ਕਿਹਾ ਕਿ ਅਜਿਹਾ ਕਰਕੇ ਅਸਲ ਵਿੱਚ ਸਦੀਆਂ ਪੁਰਾਣੇ ਮਨੂੰਵਾਦੀ ਵਿਵਸਥਾ ਨੂੰ ਲਾਗੂ ਕਰ ਰਹੇ ਹਨ।ਉਹਨਾਂ ਕਿਹਾ ਕਿ 5 ਅਗਸਤ ਨੂੰ ਪੰਜਾਬ ਭਰ 'ਚੋਂ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣਗੇ। ਮਜ਼ਦੂਰ ਆਗੂਆਂ ਨੇ ਪੰਜਾਬ ਪੱਧਰ 'ਤੇ ਸਫਾਈ ਮਜ਼ਦੂਰਾਂ ਦੀ ਚੱਲ ਰਹੀ ਹੜਤਾਲ ਦੀ ਹਮਾਇਤ ਕਰਦਿਆਂ ਪੰਜਾਬ ਸਰਕਾਰ ਦੇ ਸਫ਼ਾਈ ਮਜ਼ਦੂਰਾਂ ਵਿਰੋਧੀ ਰਵੱਈਏ ਦੀ ਨਿਖੇਧੀ ਕੀਤੀ, ਉੱਥੇ ਪੰਜਾਬ ਭਰ ਵਿੱਚ ਸੰਘਰਸ਼ ਕਰ ਰਹੇ ਬੇਰੁਜ਼ਗਾਰਾਂ, ਕੱਚੇ ਮੁਲਾਜ਼ਮਾਂ, ਖੇਤ ਮਜ਼ਦੂਰਾਂ 'ਤੇ ਪੁਲਸ ਜਬਰ ਦੀ ਨਿਖੇਧੀ ਕੀਤੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬਲਦੇਵ ਨੂਰਪੁਰੀ, ਗਿਆਨ ਸੈਦਪੁਰੀ, ਹਰਮੇਸ਼ ਮਾਲੜੀ, ਹਰਬੰਸ ਸਿੰਘ ਧੂਤ, ਸੋਡੀ ਲਾਲ ਉੱਪਲ ਵੀ ਹਾਜ਼ਰ ਸਨ।

### ਪੀ ਯੂ 'ਚ ਸੰਘ ਦੇ ...

ਪ੍ਰੋਗਰਾਮ ਸ਼ੁਰੂ ਹੋਇਆ ਤਾਂ ਵਿਦਿਆਰਥੀਆਂ ਵੱਲੋਂ ਜਮਹੂਰੀ ਢੰਗ ਨਾਲ ਵਿਰੋਧ ਕੀਤਾ ਗਿਆ, ਜਿਸ ਤੋਂ ਬਾਅਦ ਪੁਲਸ ਨੇ ਉਨ੍ਹਾਂ ਨਾਲ ਖਿੱਚ-ਧੂਹ ਕੀਤੀ। ਪ੍ਰੋਗਰਾਮ ਦਾ ਵਿਰੋਧ ਇਸ ਲਈ ਕੀਤਾ ਗਿਆ ਸੀ, ਕਿਉਂਕਿ ਇਸ ਵਿੱਚ ਬੁਲਾਏ ਗਏ ਬੁਲਾਰੇ (ਸਾਧਵੀ ਰਿਤੰਭਰਾ ਅਤੇ ਸ਼ਾਂਤਾ ਕੁਮਾਰੀ) ਆਰ ਐੱਸ ਐੱਸ ਦੇ ਫਿਰਕੂ, ਫੁੱਟ ਪਾਊ ਏਜੰਡੇ ਅਤੇ ਪਿੱਤਰਸੱਤਾ ਨੂੰ ਪਰਨਾਏ ਹੋਏ ਹਨ। 'ਪੀ ਯੂ ਅਗੇਂਸਟ ਸੈਫਰੋਨਾਈਜ਼ੇਸ਼ਨ' ਵੱਲੋਂ ਬੀਤੇ ਦਿਨ ਹੀ ਇਸ ਦੇ ਵਿਰੋਧ ਦਾ ਐਲਾਨ ਕੀਤਾ ਗਿਆ ਸੀ। ਜਦੋਂ ਵਿਦਿਆਰਥੀਆਂ ਵੱਲੋਂ ਸ਼ਾਂਤਮਈ ਢੰਗ ਨਾਲ ਪ੍ਰੋਗਰਾਮ ਦੀ ਥਾਂ ਵੱਲ ਮਾਰਚ ਕੀਤਾ ਜਾ ਰਿਹਾ ਸੀ, ਤਾਂ ਚੰਡੀਗੜ੍ਹ ਪੁਲਸ ਵੱਲੋਂ ਆਡੀਟੋਰੀਅਮ ਦੇ ਗੇਟ 'ਤੇ ਵਿਦਿਆਰਥੀਆਂ ਨੂੰ ਰੋਕ ਲਿਆ ਗਿਆ। ਵਿਦਿਆਰਥੀਆਂ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਇਸ ਉਪਰੰਤ ਉਨ੍ਹਾਂ ਨਾਲ ਧੱਕਾਮੁੱਕੀ ਕੀਤੀ ਗਈ ਅਤੇ ਹਥਿਆਰਬੰਦ ਅਧਿਕਾਰੀਆਂ ਵੱਲੋਂ ਧਮਕੀਆਂ ਦਿੱਤੀਆਂ ਗਈਆਂ। ਇਸ ਤੋਂ ਬਾਅਦ ਪੁਲਸ ਨੇ ਵਿਦਿਆਰਥੀਆਂ ਨੂੰ ਧੱਕੇ ਨਾਲ ਪੁਲਸ ਵੈਨਾਂ ਵਿੱਚ ਸੁੱਟ ਕੇ ਸੈਕਟਰ-24 ਦੇ ਥਾਣੇ ਲਿਜਾਇਆ ਗਿਆ। 'ਪੀ ਯੂ ਅਗੇਂਸਟ ਸੈਫਰੋਨਾਈਜ਼ੇਸ਼ਨ' ਨੇ ਚੰਡੀਗੜ੍ਹ ਪੁਲਸ ਦੀ ਇਸ ਕਾਰਵਾਈ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਉਹ ਹੋਰ ਵੀ ਬੁਲੰਦ ਹੌਸਲੇ ਨਾਲ ਅਜਿਹੇ ਪ੍ਰੋਗਰਾਮਾਂ ਦਾ ਟਾਕਰਾ ਕਰਦੇ ਰਹਿਣਗੇ। ਪੁਲਸ ਦੀ ਧੱਕੇਸ਼ਾਹੀ ਖਿਲਾਫ ਸ਼ਾਮ 5:30 ਵਜੇ ਸਾਰੇ ਵਿਦਿਆਰਥੀਆਂ ਨੂੰ ਸਟੂਡੈਂਟਸ ਸੈਂਟਰ ਵਿਖੇ ਪਹੁੰਚਣ ਦੀ ਅਪੀਲ ਕੀਤੀ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਪਹਿਲੀ ਅਗਸਤ ਨੂੰ ਮੁੜ ਪੈਣਗੇ ਮਾਵਾਂ-ਧੀਆਂ ਦੇ ਖਾਤਿਆਂ 'ਚ ਪੈਸੇ : ਈਟੀਓ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**
ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਅਤੇ ਮਹਿਲਾ ਸਸ਼ਕਤੀਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸੇ ਵਚਨਬੱਧਤਾ ਦਾ ਨਤੀਜਾ ਹੈ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 1 ਅਗਸਤ ਨੂੰ ਇੱਕ ਵਾਰ ਫਿਰ ਯੋਗ ਮਹਿਲਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਵਿੱਤੀ ਸਹਾਇਤਾ ਦੀ ਰਕਮ ਜਮ੍ਹਾਂ ਕਰਵਾਈ ਜਾਵੇਗੀ, ਜਿਸ ਸਬੰਧੀ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਸੁਨੇਹੇ ਵੀ ਪ੍ਰਾਪਤ ਹੋਣਗੇ।ਲੋਕ ਨਿਰਮਾਣ ਮੰਤਰੀ ਈ.ਟੀ.ਓ. ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪਿੰਡ ਪੰਡੋਰੀ, ਗੱਗੜਭਾਣਾ ਅਤੇ ਰਮਾਣਾ ਚੱਕ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮਾਂ ਨੂੰ ਸੰਬੋਧਨ ਕਰ ਰਹੇ ਸਨ।ਇਸ ਮੌਕੇ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਦਾ ਭਰਪੂਰ ਸਮਰਥਨ ਕੀਤਾ ਗਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਤਹਿਤ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀ ਹਰ ਯੋਗ ਮਹਿਲਾ ਨੂੰ 1,000 ਰੁਪਏ ਪ੍ਰਤੀ ਮਹੀਨਾ, ਜਦਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਯੋਗ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 1 ਜੁਲਾਈ ਤੋਂ ਇਸ ਯੋਜਨਾ ਦਾ ਲਾਭ ਮਿਲਣਾ ਸ਼ੁਰੂ ਹੋ ਚੁੱਕਾ ਹੈ ਅਤੇ ਹੁਣ ਤੱਕ 32 ਲੱਖ ਤੋਂ ਵੱਧ ਮਹਿਲਾਵਾਂ ਇਸ ਸਕੀਮ ਨਾਲ ਜੁੜ ਚੁੱਕੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਲੋਕ ਭਲਾਈ ਦੀਆਂ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।ਉਨ੍ਹਾਂ ਕਿਹਾ ਕਿ ਜਿਹੜੀਆਂ ਮਹਿਲਾਵਾਂ ਕਿਸੇ ਕਾਰਨ ਜੁਲਾਈ ਮਹੀਨੇ ਦੌਰਾਨ ਆਪਣੀ ਰਜਿਸਟ੍ਰੇਸ਼ਨ ਨਹੀਂ ਕਰਵਾ ਸਕੀਆਂ, ਉਨ੍ਹਾਂ ਨੂੰ ਅਗਸਤ ਮਹੀਨੇ ਵਿੱਚ ਤਿੰਨ ਮਹੀਨਿਆਂ ਦੀ ਰਕਮ ਇਕੱਠੀ ਜਾਰੀ ਕਰਵਾਈ ਜਾਵੇਗੀ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਸ ਸਕੀਮ ਦੇ ਲਾਭ ਤੋਂ ਵਾਂਝੀ ਨਾ ਰਹੇ।ਉਨ੍ਹਾਂ ਕਿਹਾ ਕਿ ਇਹ ਯੋਜਨਾ ਸਿਰਫ਼ ਵਿੱਤੀ ਸਹਾਇਤਾ ਤੱਕ ਸੀਮਤ ਨਹੀਂ, ਸਗੋਂ ਸੂਬੇ ਦੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ, ਉਨ੍ਹਾਂ ਦੇ ਸਵੈ-ਸਨਮਾਨ ਨੂੰ ਮਜ਼ਬੂਤ ਕਰਨ ਅਤੇ ਪਰਿਵਾਰਾਂ ਦੀ ਆਰਥਿਕ ਸਥਿਤੀ ਨੂੰ ਬਿਹਤਰ ਬਣਾਉਣ ਵੱਲ ਇੱਕ ਇਤਿਹਾਸਕ ਕਦਮ ਹੈ।ਪੰਜਾਬ ਸਰਕਾਰ ਇਸ ਯੋਜਨਾ ਨੂੰ ਲਗਾਤਾਰ ਜਾਰੀ ਰੱਖੇਗੀ ਅਤੇ ਵੱਧ ਤੋਂ ਵੱਧ ਯੋਗ ਮਹਿਲਾਵਾਂ ਨੂੰ ਇਸ ਨਾਲ ਜੋੜਨ ਲਈ ਯਤਨ ਜਾਰੀ ਰਹਿਣਗੇ।ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਕੈਬਨਿਟ ਮੰਤਰੀ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦਾ ਤੁਰੰਤ ਅਤੇ ਤਰਜੀਹੀ ਆਧਾਰ 'ਤੇ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਯਕੀਨੀ ਬਣਾਉਣਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਆਗੂ, ਪੰਚਾਇਤੀ ਨੁਮਾਇੰਦੇ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਭਾਰੀ ਮੀਂਹ ਨੇ ਸ਼ਹਿਰ ਅੰਦਰ ਨਗਰ ਕੌਂਸਲ ਦੇ ਅਗਾਊਂ ਪ੍ਰਬੰਧਾਂ ਦੀ ਪੋਲ ਖੋਲ੍ਹੀ



**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਅੰਦਰ ਪਏ ਭਾਰੀ ਮੀਂਹ ਨੇ ਨਗਰ ਕੌਂਸਲ ਦੇ ਪ੍ਰਬੰਧਾਂ ਦੀ ਸ਼ਹਿਰ ਵਾਸੀਆਂ ਸਾਹਮਣੇ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਸੀਵਰੇਜ ਦੇ ਘਟੀਆ ਪ੍ਰਬੰਧ ਦਾ ਹੀ ਨਤੀਜਾ ਹੈ ਕਿ ਕੁਝ ਸੜਕਾਂ 'ਤੇ ਗੋਡੇ-ਗੋਡੇ ਪਾਣੀ ਖੜਾ ਰਹਿਣ ਕਰਕੇ ਰਾਹਗੀਰਾਂ ਨੂੰ ਕਾਫੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਸ਼ਹਿਰ ਵਾਸੀਆਂ ਨੇ ਦੱਸਿਆ ਕਿ ਸ਼ਹਿਰ ਅੰਦਰ ਨਾਲੀਆਂ ਦੀ ਚੌੜਾਈ ਘੱਟ ਹੋਣ ਕਰਕੇ ਵਰਖਾ ਦੇ ਦਿਨਾਂ ਵਿਚ ਪਾਣੀ ਸੜਕਾਂ 'ਤੇ ਖੜਾ ਹੋ ਜਾਂਦਾ ਹੈ ਜਿਸ ਵਿੱਚੋਂ ਲੰਘਣਾ ਔਖਾ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਨਾਲ ਗੰਦਗੀ ਵੀ ਫੈਲ ਜਾਂਦੀ ਹੈ ਜਿਸ ਨਾਲ ਸ਼ਹਿਰ ਵਾਸੀਆਂ ਨੂੰ ਭਾਰੀ ਮੁਸ਼ਕਲ ਆਉਂਦੀ ਹੈ। ਉਨ੍ਹਾਂ ਕਿਹਾ ਇਸ ਸਬੰਧੀ ਮਹਿਕਮਾ ਨਗਰ ਕੌਂਸਲ ਗੁਰਦਾਸਪੁਰ ਨੂੰ ਕਈ ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਵੀ ਕੋਈ ਹੱਲ ਨਹੀਂ ਕੀਤਾ ਜਾਂਦਾ। ਉਨ੍ਹਾਂ ਦੱਸਿਆ ਸ਼ਹਿਰ ਦੀ ਸਾਫ਼ ਸਫ਼ਾਈ ਤੇ ਗਲੀਆਂ ਨਾਲੀਆਂ ਦੀ ਸਫਾਈ ਨਾ ਹੋਣ ਕਾਰਨ ਸ਼ਹਿਰ ਦੀ ਹਾਲਤ ਬਦਤਰ ਬਣੀ ਹੋਈ ਹੈ। ਲੋਕਾਂ ਨੇ ਪੰਜਾਬ ਦੇ ਸੀਵਰੇਜ ਤੇ ਵਾਟਰ ਸਪਲਾਈ ਮੰਤਰੀ ਪਾਸੋਂ ਮੰਗ ਕੀਤੀ ਹੈ ਕਿ ਸ਼ਹਿਰ ਵਿਚ ਗਲੀਆਂ, ਨਾਲੀਆਂ 'ਤੇ ਖੜਦੇ ਪਾਣੀ ਦਾ ਕੋਈ ਪੱਕਾ ਹੱਲ ਕੀਤਾ ਜਾਵੇ ਤਾਂ ਜੋ ਵਰਖਾ ਦੇ ਦਿਨਾਂ ਵਿਚ ਸ਼ਹਿਰ ਵਾਸੀਆਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਸਾਧਪੁਰ 'ਚ ਬੜੇ ਚਾਵਾਂ ਤੇ ਮਲਾਰਾਂ ਨਾਲ ਮਨਾਇਆ ਤੀਆਂ ਦਾ ਮੇਲਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**
ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਸਾਧਪੁਰ ਦੇ ਸਰਪੰਚ ਸਰਬਜੀਤ ਸਿੰਘ ਵੱਲੋਂ ਅੱਜ ਆਮ ਆਦਮੀ ਪਾਰਟੀ ਵੱਲੋਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡ ਦੇ ਸਕੂਲ ਵਿੱਚ ਚਾਅ ਧੀਆਂ ਦਾ, ਮੇਲਾ ਤੀਆਂ ਦਾ ਕਰਵਾਇਆ ਗਿਆ ਜਿਸ ਵਿੱਚ ਪਿੰਡ ਦੀਆਂ ਧੀਆਂ ਅਤੇ ਨੂੰਹਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਸਰਬਜੀਤ ਸਿੰਘ ਨੇ ਕਿਹਾ ਕਿ ਤੀਆਂ ਪੁਰਾਤਨ ਸਮੇਂ ਤੋਂ ਨੂੰਹਾਂ ਧੀਆਂ ਰਲ ਕੇ ਮਨਾਉਂਦੀਆਂ ਰਹੀਆਂ ਹਨ। ਇਸੇ ਪਰੰਪਰਾ ਨੂੰ ਮੁੱਖ ਰੱਖਦਿਆਂ ਪੰਚਾਇਤ ਅਤੇ ਹੋਰ ਨਗਰ ਦੇ ਪਤਵੰਤਿਆਂ ਦੇ ਸਹਿਯੋਗ ਨਾਲ ਕਰੀਬ 45 ਸਾਲ ਬਾਅਦ ਇਹ ਮੇਲਾ ਮਨਾਇਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇੱਕ ਹੀ ਸੁਪਨਾ ਹੈ ਕਿ ਪੰਜਾਬ ਨੂੰ ਰੰਗਲਾ ਪੰਜਾਬ ਜਾਵੇ। ਇਹ ਤਾਂ ਹੀ ਸੰਭਵ ਹੈ ਜੇਕਰ ਅਸੀਂ ਸਾਰੇ ਹੀ ਪੰਜਾਬ ਸਰਕਾਰ ਦਾ ਸਹਿਯੋਗ ਕਰੀਏ ਅਤੇ ਆਪਣੇ ਵਿਰਸੇ ਨੂੰ ਸਾਂਭ ਕੇ ਰੱਖੀਏ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਹੀ ਆਪੋ ਆਪਣੇ ਪਿੰਡਾਂ ਵਿੱਚ ਤੀਆਂ ਦਾ ਮੇਲਾ ਜ਼ਰੂਰ ਕਰਾਉਣਾ ਚਾਹੀਦਾ। ਇਸ ਮੌਕੇ ਤੇ ਖੀਰ ਅਤੇ ਪੂੜੇ ਵੀ ਵਰਤਾਏ ਗਏ ।

# ਯੋਗ ਸਾਧਨਾ ਆਸ਼ਰਮ ਛੇਹਰਟਾ ਵਿਖੇ ਪਲੇਠਾ ਸਾਵਣ ਸਮਾਗਮ ਸੰਪੰਨ



**ਅੰਮ੍ਰਿਤਸਰ (ਅਰੋੜਾ)**
ਯੋਗ ਸਾਧਨ ਆਸ਼ਰਮ ਛੇਹਰਟਾ ਵਿਖੇ ਸਵਾਮੀ ਗੁਰਬਖਸ਼ ਰਾਏ ਦੀ ਦੇਖ-ਰੇਖ ਹੇਠ ਪਹਿਲਾ ਸਾਵਣ ਸਮਾਗਮ ਬੜੀ ਸ਼ਰਧਾ ਅਤੇ ਧੂਮਧਾਮ ਦੇ ਨਾਲ ਮਨਾਇਆ ਗਿਆ।ਪਹਿਲਾ ਸਾਵਣ ਐਤਵਾਰ ਭਗਵਾਨ ਸ਼ੰਕਰ ਜੀ ਦੀ ਪ੍ਰਤਿਮਾ ਤੇ ਉਨ੍ਹਾਂ ਦੇ ਚਰਨਾਂ ਵਿੱਚ ਜਲ ਅਰਪਿਤ ਕਰਕੇ ਉਨਾਂ ਨੂੰ ਜਲ ਅਤੇ ਦੁੱਧ ਦੇ ਨਾਲ ਇਸ਼ਨਾਲ ਕਰਵਾਇਆ। ਵਿਧੀ ਵਿਧਾਨ ਦੇ ਨਾਲ ਮੂਲ ਮੰਤਰ ਦਾ ਉਚਾਰਨ ਕਰਕੇ ਭਗਵਾਨ ਸ਼ੰਕਰ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਾਰੇ ਯੋਗ ਪ੍ਰੇਮੀਆਂ ਨੇ ਫੁੱਲ ਮਾਲਾਵਾਂ ਅਤੇ ਪੁਸ਼ਪ ਭੇਟ ਕਰਕੇ ਭਗਵਾਨ ਸ਼ੰਕਰ ਦੇ ਚਰਨਾਂ ਵਿੱਚ ਨਮਨ ਹੋ ਕੇ ਵਿਸ਼ਵ ਸ਼ਾਂਤਿ, ਆਪਸੀ ਪ੍ਰੇਮ ਅਤੇ ਭਾਈਚਾਰਾ ਕਾਇਮ ਰੱਖਣ ਦੀ ਅਰਦਾਸ ਕੀਤੀ।ਇਸ ਮੌਕੇ ਰੋਟਰੀ ਕਲੱਬ ਆਸਥਾ ਦੇ ਸਾਬਕਾ ਪ੍ਰਧਾਨ ਸਮਾਜ ਸੇਵਕ ਅੰਦੇਸ਼ ਭੱਲਾ, ਹਰਦੀਪ ਸਿੰਘ, ਕੌਂਸਲਰ ਬੌਬੀ, ਰਾਜਨ ਕੁਮਾਰ, ਸਮਾਜ ਸੇਵਕ ਗੁਪਤਾ, ਨਰੇਸ਼ ਸ਼ਰਮਾ, ਡਾ. ਰਾਜੇਸ਼ ਕੁਮਾਰ, ਵਿਜੇ ਕੁਮਾਰ ਵਡਾਲੀ ਵਾਲੇ ਸਮੇਤ ਵੱਡੀ ਗਿਣਤੀ ਵਿੱਚ ਸ਼ਿਵ ਭਗਤਾਂ, ਯੋਗ ਪ੍ਰੇਮੀਆਂ ਨੇ ਇਸ ਧਾਰਮਿਕ ਸਮਾਗਮ ਵਿੱਚ ਭਾਗ ਲਿਆ।

# ਬੁਰਜ ਦੀ ਅਸ਼ੀਰਵਾਦ ਯਾਤਰਾ ਪਿੰਡ ਚਾਹਲ ਪਹੁੰਚੀ, ਲੋਕਾਂ ਵੱਲੋਂ ਮਿਲਿਆ ਭਰਵਾਂ ਹੁੰਗਾਰਾ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**
ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਸ਼ੁਰੂ ਕੀਤੀ ਗਈ ਅਸ਼ੀਰਵਾਦ ਯਾਤਰਾ ਲਗਾਤਾਰ ਲੋਕਾਂ ਵਿੱਚ ਹਰਮਨ ਪਿਆਰੀ ਬਣਦੀ ਜਾ ਰਹੀ ਹੈ।ਇਸੇ ਯਾਤਰਾ ਦੇ ਗੇੜ ਤਹਿਤ ਬੀਤੇ ਦਿਨ ਉਹ ਹਲਕੇ ਦੇ ਪਿੰਡ ਚਾਹਲ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਆਗਾਮੀ ਸਮੇਂ ਲਈ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ।ਪਿੰਡ ਵਿੱਚ ਪਹੁੰਚਣ 'ਤੇ ਪਿੰਡ ਵਾਸੀਆਂ ਅਤੇ ਕਾਂਗਰਸੀ ਵਰਕਰਾਂ ਵੱਲੋਂ ਕਰਨਬੀਰ ਸਿੰਘ ਬੁਰਜ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੇ ਬਜ਼ੁਰਗਾਂ ਤੋਂ ਅਸ਼ੀਰਵਾਦ ਲਿਆ ਅਤੇ ਨੌਜਵਾਨਾਂ ਤੇ ਬੀਬੀਆਂ ਨਾਲ ਖੁੱਲ੍ਹ ਕੇ ਵਿਚਾਰ ਸਾਂਝੇ ਕੀਤੇ।ਲੋਕਾਂ ਨੇ ਆਪਣੀਆਂ ਮੁਸ਼ਕਲਾਂ ਅਤੇ ਪਿੰਡ ਦੀਆਂ ਸਮੱਸਿਆਵਾਂ ਉਨ੍ਹਾਂ ਦੇ ਸਾਹਮਣੇ ਰੱਖੀਆਂ, ਜਿਨ੍ਹਾਂ ਨੂੰ ਕਰਨਬੀਰ ਸਿੰਘ ਬੁਰਜ ਨੇ ਧਿਆਨ ਨਾਲ ਸੁਣਿਆ ਅਤੇ ਹੱਲ ਕਰਵਾਉਣ ਦਾ ਭਰੋਸਾ ਦਿੱਤਾ।ਇਸ ਦੌਰਾਨ ਪਿੰਡ ਵਾਸੀਆਂ ਨੇ ਕਰਨਬੀਰ ਸਿੰਘ ਬੁਰਜ ਦੇ ਸਵਰਗਵਾਸੀ ਪਿਤਾ ਸ. ਜਸਬੀਰ ਸਿੰਘ ਜੱਸ ਬੁਰਜ ਨੂੰ ਯਾਦ ਕਰਦਿਆਂ ਕਿਹਾ ਕਿ ਜੱਸ ਬੁਰਜ ਨੇ ਹਮੇਸ਼ਾ ਸਮਾਜ ਭਲਾਈ ਦੇ ਕੰਮਾਂ ਨੂੰ ਪਹਿਲ ਦਿੱਤੀ ਸੀ। ਉਨ੍ਹਾਂ ਵਲੋਂ ਗਰੀਬਾਂ ਦੀ ਮਦਦ, ਧਾਰਮਿਕ ਕੰਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਅਤੇ ਹਰ ਇੱਕ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋਣ ਵਾਲੀ ਭਾਵਨਾ ਨੂੰ ਲੋਕ ਅੱਜ ਵੀ ਯਾਦ ਕਰਦੇ ਹਨ। ਲੋਕਾਂ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਵਾਲੀ ਹੀ ਸੇਵਾ ਭਾਵਨਾ ਕਰਨਬੀਰ ਸਿੰਘ ਬੁਰਜ ਵਿੱਚ ਵੀ ਦਿਖਾਈ ਦੇ ਰਹੀ ਹੈ।ਪਿੰਡ ਵਾਸੀਆਂ ਨੇ ਇੱਕਜੁੱਟ ਹੋ ਕੇ ਐਲਾਨ ਕੀਤਾ ਕਿ ਉਹ ਇਸ ਅਸ਼ੀਰਵਾਦ ਯਾਤਰਾ ਦਾ ਪੂਰਾ ਸਮਰਥਨ ਕਰਦੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਹਰ ਤਰ੍ਹਾਂ ਨਾਲ ਕਰਨਬੀਰ ਸਿੰਘ ਬੁਰਜ ਦਾ ਸਾਥ ਦੇਣਗੇ।ਇਸ ਮੌਕੇ ਬਲਾਕ ਪ੍ਰਧਾਨ ਨੌਨਿਹਾਲ ਸਿੰਘ ਕਸੇਲ, ਜ਼ਿਲਾ ਮੀਤ ਪ੍ਰਧਾਨ ਗੁਰਪਾਲ ਸਿੰਘ ਜਗਤਪੁਰ, ਸਾਬਕਾ ਸਰਪੰਚ ਮਹਾਂਬੀਰ ਸਿੰਘ, ਮਲਕੀਤ ਸਿੰਘ ਗਹਿਰੀ, ਸਰਪੰਚ ਗੁਰਚਰਨ ਸਿੰਘ ਖੈਰਦੀਨਕੇ, ਭਲਵਿੰਦਰ ਸਿੰਘ ਚਾਹਲ, ਬੂਟਾ ਸਿੰਘ ਚਾਹਲ ,ਪ੍ਰਧਾਨ ਕਾਬਲ ਸਿੰਘ ਚਾਹਲ, ਸੁਰਜਨ ਸਿੰਘ, ਸਤਨਾਮ ਸਿੰਘ, ਸੁਖਚੈਨ ਸਿੰਘ, ਦਿਲਬਾਗ ਸਿੰਘ, ਬਲਕਾਰ ਸਿੰਘ, ਸਾਹਿਲ ਪ੍ਰੀਤ ਸਿੰਘ ਤੋਂ ਇਲਾਵਾ ਹੋਰ ਮੈਂਬਰ ਹਾਜ਼ਰ ਸਨ।

# ਪੰਜਾਬ ਸਰਕਾਰ ਦੀ ਵਿਲੱਖਣ ਪਹਿਲ : ਪਿੰਡਾਂ 'ਚ ਗੁਰੂ ਰਵਿਦਾਸ ਜੀ ਦੇ ਜੀਵਨ ਦਰਸ਼ਨ ਦੀ ਪੇਸ਼ਕਾਰੀ



**ਧਾਰੀਵਾਲ, (ਮਨਦੀਪ ਵਿੱਕੀ)**
ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨਾਂ ਪਿੰਡ ਰੱਤੇਵਾਲ, ਲੋਧੀਪੁਰ, ਬੱਬਰੀ ਵਿਖੇ ਪਹੁੰਚੀਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਉਪਦੇਸ਼ਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪ੍ਰਚਾਰ ਵੈਨ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਅਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਡਾਕੂਮੈਂਟਰੀ ਨੇ ਹਾਜ਼ਰ ਦਰਸ਼ਕਾਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਅਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਨਾਲ ਨੇੜਿਓਂ ਜਾਣੂ ਕਰਵਾਇਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਅਤੇ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।ਦੱਸਣਯੋਗ ਹੈ ਕਿ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਗੁਰਦਾਸਪੁਰ, ਬਟਾਲਾ, ਦੀਨਾਨਗਰ ਅਤੇ ਡੇਰਾ ਬਾਬਾ ਨਾਨਕ ਦੇ ਵੱਖ ਵੱਖ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ।ਪੰਜਾਬ ਸਰਕਾਰ ਦਾ ਉਦੇਸ਼ ਗੁਰੂ ਸਾਹਿਬ ਦੇ ਸਮਾਨਤਾ, ਸਮਾਜਿਕ ਨਿਆਂ ਅਤੇ ਮਨੁੱਖੀ ਏਕਤਾ ਦੇ ਸੰਦੇਸ਼ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ, ਤਾਂ ਜੋ ਇਨ੍ਹਾਂ ਮਹਾਨ ਕਦਰਾਂ-ਕੀਮਤਾਂ ਦੇ ਆਧਾਰ 'ਤੇ ਇੱਕ ਹੋਰ ਸੁਚੱਜੇ, ਸਾਂਝੇ ਅਤੇ ਪ੍ਰਗਤੀਸ਼ੀਲ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

# ਆਜ਼ਾਦੀ ਘੁਲਾਟੀਏ ਬਖਤਾਵਰ ਸਿੰਘ ਦੀ ਨੂੰਹ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਆਜ਼ਾਦੀ ਘੁਲਾਟੀਏ ਜਥੇਦਾਰ ਬਖਤਾਵਰ ਸਿੰਘ ਦੇ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਨਰਿੰਦਰਜੀਤ ਕੌਰ ਪਤਨੀ ਡਾ: ਸੂਰਤ ਸਿੰਘ ਦਾ ਸੰਖੇਪ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ। ਉਹ ਆਪਣੇ ਪਿੱਛੇ ਤਿੰਨ ਪੁੱਤਰ ਬਲਤੇਜ ਸਿੰਘ, ਗੁਰਤੇਜ ਸਿੰਘ, ਸੁਰਤੇਜ ਸਿੰਘ ਅਤੇ ਧੀ ਸੁਖਮਾਨ ਕੌਰ ਨੂੰ ਛੱਡ ਗਏ ਹਨ। ਉਨ੍ਹਾਂ ਦੇ ਅਚਾਨਕ ਹੋਏ ਦਿਹਾਂਤ 'ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਅਜਨਾਲਾ ਤੋਂ ਹਲਕਾ ਇੰਚਾਰਜ ਜੋਧ ਸਿੰਘ ਸਮਰਾ, ਸਾਬਕਾ ਵਿਧਾਇਕ ਵੀਰ ਸਿੰਘ ਲੋਪੋਕੇ, ਪਰਸ਼ੋਤਮ ਸਿੰਘ ਬਾਠ ਖਤਰਾਏ ਖੁਰਦ, ਅਵਤਾਰ ਸਿੰਘ ਦੋਧੀ, ਬਲਰਾਜ ਸਿੰਘ ਬੱਲੀ, ਪੱਤਰਕਾਰ ਸੁਖਦੇਵ ਸਿੰਘ ਖਾਲਸਾ, ਰਣਬੀਰ ਸਿੰਘ ਮਿੰਟੂ, ਮਹਾਂਬੀਰ ਸਿੰਘ ਗਿੱਲ, ਸ਼ਰਨਜੀਤ ਸਿੰਘ ਗਿੱਲ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ, ਐਪਥਾਲਮਿਕ ਅਫਸਰ ਕਵਲਜੀਤ ਸਿੰਘ, ਦਿਲਸ਼ੇਰ ਸਿੰਘ ਸ਼ੇਰਾ, ਬਾਬਾ ਦਲੇਰ ਸਿੰਘ, ਡਾਕਟਰ ਰਣਜੀਤ ਸਿੰਘ ਰਾਣਾ, ਸਾਬਕਾ ਸਰਪੰਚ ਗੁਰਦੀਪ ਸਿੰਘ, ਗੁਲਜਾਰ ਸਿੰਘ ਦੋਧੀ ਆਦਿ ਨੇ ਦੁਖੀ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ ।

# ਸ਼ਹੀਦ ਊਧਮ ਸਿੰਘ ਸੁਨਾਮ ਦਾ ਸ਼ਹੀਦੀ ਦਿਹਾੜਾ 31 ਨੂੰ : ਜਾਮਾਰਾਏ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**
ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਮੀਟਿੰਗ ਰਸੂਲਪੁਰ ਵਿਖੇ ਜਰਨੈਲ ਸਿੰਘ ਰਸੂਲਪੁਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ



ਜਾਮਾਰਾਏ, ਬਲਦੇਵ ਸਿੰਘ ਪੰਡੋਰੀ ਨੇ ਕਿਹਾ ਭਾਜਪਾ ਦੀ ਮੋਦੀ ਸਰਕਾਰ ਕਾਰਪੋਰੇਟਾਂ ਦੇ ਹਿੱਤ ਵਿੱਚ ਕੰਮ ਕਰ ਰਹੀ ਅਤੇ ਦੇਸ਼ ਦੀ ਪ੍ਰਭੂਸੱਤਾ ਨੂੰ ਅਮਰੀਕਨ ਸਾਮਰਾਜ ਕੋਲ ਗਹਿਣੇ ਧਰ ਕੇ ਦੇਸ਼ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾ ਰਹੀ ਹੈ। ਆਗੂਆਂ ਨੇ ਦੇਸ਼ ਦੀ ਕੇਂਦਰੀ ਸੱਤਾ 'ਤੇ ਕਾਬਜ਼ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐੱਸ.ਐੱਸ. ਜਾਂ ਸੰਘ) ਵੱਲੋਂ ਫਿਰਕੂ ਤੇ ਜਾਤੀਵਾਦੀ ਵੰਡ ਤਿੱਖੀ ਕਰਨ ਲਈ ਦੇਸ਼ ਭਰ 'ਚ ਮੁਸਲਮਾਨ ਤੇ ਈਸਾਈ ਘੱਟ ਗਿਣਤੀ ਵਸੋਂ ਅਤੇ ਦਲਿਤਾਂ ਦੇ ਕਤਲ ਕੀਤੇ ਜਾ ਰਹ। ਨਫਰਤੀ ਕੂੜ ਪ੍ਰਚਾਰ ਅਤੇ ਸਮਾਜਿਕ ਜਬਰ ਤੇ ਵਿਤਕਰੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮਨੂੰਵਾਦੀ ਸ਼ਾਸਨ ਪੱਧਤੀ ਲਾਗੂ ਕਰਨ ਲਈ ਸੰਘ ਪਰਿਵਾਰ ਦੇ ਗੁਰਗੇ ਔਰਤਾਂ ਖ਼ਿਲਾਫ਼ ਦੇਸ਼ ਭਰ 'ਚ ਹੌਲਨਾਕ ਜ਼ੁਲਮ ਕਮਾ ਰਹੇ ਹਨ।ਉਨ੍ਹਾਂ ਕਿਹਾ ਕਿ ਸੰਘ-ਭਾਜਪਾ ਅਤੇ ਮੋਦੀ ਸਰਕਾਰ ਸਭਨਾਂ ਦੇ ਸਾਂਝੇ ਉਦਾਰ ਭਾਰਤ ਨੂੰ ਧਰਮ ਅਧਾਰਤ, ਕੱਟੜ-ਪਿਛਾਖੜੀ, ਗੈਰ-ਲੋਕਰਾਜੀ ਰਾਸ਼ਟਰ 'ਚ ਤਬਦੀਲ ਕਰਨਾ ਚਾਹੁੰਦੇ ਹਨ।ਆਪਣੇ ਇਸ ਮਕਸਦ ਲਈ ਇਨ੍ਹਾਂ ਖਰੂਦੀ ਟੋਲਿਆਂ ਵੱਲੋਂ ਦੇਸ਼ ਦੇ ਮੌਜੂਦਾ ਸੰਵਿਧਾਨ, ਭਾਰਤ ਦੇ ਲੋਕਰਾਜੀ, ਧਰਮ ਨਿਰਪੱਖ, ਫੈਡਰਲ ਢਾਂਚੇ ਅਤੇ ਸੰਵਿਧਾਨਕ ਤੇ ਜਮਹੂਰੀ ਸੰਸਥਾਵਾਂ ਦਾ ਗਿਣ-ਮਿਥ ਕੇ ਘਾਣ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਰ. ਐੱਸ. ਐੱਸ. ਤੇ ਭਾਜਪਾ ਦੀਆਂ ਪੰਜਾਬ ਦੀ ਸੱਤਾ 'ਤੇ ਕਬਜ਼ਾ ਜਮਾਉਣ ਦੀਆਂ ਕੁਚਾਲਾਂ ਨੂੰ ਭਾਂਜ ਦੇਣ ਲਈ ਸਿਆਸੀ ਤੇ ਜਨਤਕ ਘੋਲ ਹੋਰ ਪ੍ਰਚੰਡ ਕੀਤੇ ਜਾਣਗੇ।ਜਾਮਾਰਾਏ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸੁਨਾਮ ਦਾ ਸ਼ਹੀਦੀ ਦਿਹਾੜਾ 31 ਜੁਲਾਈ ਨੂੰ ਤਰਨ ਤਾਰਨ ਤਹਿਸੀਲ ਵੱਲੋਂ ਮਨਾਇਆ ਜਾਵੇਗਾ।ਇਸ ਮੌਕੇ ਲਖਵਿੰਦਰ ਕੌਰ, ਪਰਮਜੀਤ ਕੌਰ, ਗੁਰਮੀਤ ਕੌਰ, ਗੁਰਪ੍ਰੀਤ, ਜਸਵਿੰਦਰ ਕੌਰ, ਜੋਗਿੰਦਰ ਕੌਰ, ਨਰਿੰਦਰ ਸਿੰਘ, ਸਤਨਾਮ ਸਿੰਘ, ਕਸ਼ਮੀਰ ਸਿੰਘ, ਗੁਲਜ਼ਾਰ ਸਿੰਘ, ਗਰਮੇਜ ਸਿੰਘ, ਗੋਰਾ ਗਾਇਕ ਰਸੂਲਪੁਰ, ਜੈ ਗੁਰਦੇਵ ਸਿੰਘ, ਬਲਜਿੰਦਰ ਕੌਰ, ਨਿਸ਼ਾਨ ਸਿੰਘ, ਪੰਜਾਬ ਸਿੰਘ ਆਦਿ ਹਾਜ਼ਰ ਸਨ।

# ਬਾਬਾ ਜਵੰਦ ਸਿੰਘ ਦੇ ਮੇਲੇ 'ਚ ਡਾਕਟਰ ਵੇਰਕਾ ਨੇ ਭਰੀ ਹਾਜ਼ਰੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪਿੰਡ ਭੰਗਵਾਂ ਵਿਖੇ ਸੰਤ ਬਾਬਾ ਜਵੰਦ ਸਿੰਘ ਦੇ ਜਨਮ ਅਸਥਾਨ ਵਿਖੇ ਸਾਲਾਨਾ ਮੇਲਾ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਸਮੁੱਚੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਪੱਧਰ ਤੇ ਹਾਜ਼ਰੀ ਭਰੀ। ਇਸ ਤਹਿਤ ਹੀ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਅਤੇ ਉਨ੍ਹਾਂ ਦੇ ਭਰਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬਿਕਰਮਜੀਤ ਸਿੰਘ ਕੋਠਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਪ੍ਰਬੰਧਕਾਂ ਵੱਲੋਂ ਡਾਕਟਰ ਦਲਬੀਰ ਸਿੰਘ ਵੇਰਕਾ ਨੂੰ ਸਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਉਨ੍ਹਾਂ ਦਾ ਆਪਣਾ ਜੱਦੀ ਹਲਕਾ ਹੈ, ਇਸ ਹਲਕੇ ਨਾਲ ਹੀ ਉਨ੍ਹਾਂ ਦਾ ਖਾਸਾ ਮੋਹ ਹੈ। ਇਸੇ ਹਲਕੇ ਵਿੱਚ ਹੀ ਉਹ ਜੰਮੇ ਪਲੇ ਹਨ। ਉਹ ਅੱਜ ਸੰਤ ਬਾਬਾ ਜਵੰਦ ਸਿੰਘ ਦੇ ਅਸਥਾਨ ਤੇ ਹਾਜ਼ਰੀ ਭਰਨ ਲਈ ਆਏ ਹਨ ਅਤੇ ਇਸੇ ਤਰ੍ਹਾਂ ਹੀ ਅੱਗੋਂ ਵੀ ਹਾਜ਼ਰੀ ਭਰਦੇ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ, ਜਥੇਦਾਰ ਕਰਮ ਸਿੰਘ ਭੰਗਵਾ ਅਤੇ ਮਨਦੀਪ ਸਿੰਘ ਰਸੂਲਪੁਰ ਕਲਾਮ ਹੀ ਉਨ੍ਹਾਂ ਦੇ ਨਾਲ ਸਨ।



# ਪੰਨੂੰ ਵੱਲੋਂ ਭਾਲੋਵਾਲੀ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ




**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਭਾਲੋਵਾਲੀ ਦੇ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਵਿਸ਼ੇਸ਼ ਬੱਸ ਨੂੰ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਪੰਜਾਬ ਸਰਕਾਰ ਦਾ ਇਹ ਉਪਰਾਲਾ ਸਾਡੇ ਬਜ਼ੁਰਗਾਂ ਅਤੇ ਸੰਗਤਾਂ ਨੂੰ ਆਪਣੇ ਇਤਿਹਾਸਕ ਤੇ ਧਾਰਮਿਕ ਵਿਰਸੇ ਨਾਲ ਜੋੜਨ ਵਿੱਚ ਇੱਕ ਮੀਲ ਪੱਥਰ ਸਾਬਤ ਹੋ ਰਿਹਾ ਹੈ।ਯਾਤਰਾ ਤੇ ਜਾ ਰਹੇ ਸਾਰੇ ਸ਼ਰਧਾਲੂਆਂ ਨੂੰ ਲੱਖ-ਲੱਖ ਵਧਾਈਆਂ ਅਤੇ ਪਰਮਾਤਮਾ ਅੱਗੇ ਅਰਦਾਸ ਹੈ ਕਿ ਸਭ ਦੀ ਇਹ ਧਾਰਮਿਕ ਯਾਤਰਾ ਸੁਖਦ ਅਤੇ ਸਫਲ ਰਹੇ।ਵਾਹਿਗੁਰੂ ਸਭ ਦੀ ਹਾਜ਼ਰੀ ਪ੍ਰਵਾਨ ਕਰਨ। ਇਸ ਮੌਕੇ ਸਰਪੰਚ ਜਸਬੀਰ ਸਿੰਘ, ਪੰਚ ਸੁਖਬੀਰ ਸਿੰਘ, ਪੰਚ ਗੁਰਮੁਖ ਸਿੰਘ, ਪੰਚ ਮੇਜਰ ਸਿੰਘ, ਪੰਚ ਹਰਪ੍ਰੀਤ ਸਿੰਘ, ਪੰਚ ਹਰਜੀਤ ਸਿੰਘ, ਸ਼ਮਸ਼ੇਰ ਸਿੰਘ, ਮੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

# ਲੋਕ ਮਿਲਣੀ ਦੌਰਾਨ ਪੰਨੂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਮਾਨ ਸਰਕਾਰ ਦੀ ਹਮੇਸ਼ਾ ਤੋਂ ਮੁੱਖ ਤਰਜੀਹ ਰਹੀ ਹੈ।ਇਸੇ ਉਦੇਸ਼ ਤਹਿਤ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਮਲਕਵਾਲ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਲੋਕ ਮਿਲਣੀ ਕਰਕੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਹੱਲ ਲਈ ਸਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨਾ ਸਾਡੀ ਜ਼ਿੰਮੇਵਾਰੀ ਹੈ।ਇਸ ਮੌਕੇ ਸਰਪੰਚ ਪਰਮਜੀਤ ਕੌਰ, ਬਲਵਿੰਦਰ ਸਿੰਘ, ਜਸਬੀਰ ਸਿੰਘ, ਪੰਕਜ ਕੁਮਾਰ, ਪੀਟਰ ਮਸੀਹ, ਤਰਲੋਕ ਕੁਮਾਰ, ਸਤਪਾਲ ਮਾਲਕ, ਇਮੈਨੁਅਲ ਮਸੀਹ, ਗੁਰਮੁਖ ਸਿੰਘ, ਸੁਖਜਿੰਦਰ ਸਿੰਘ, ਲਖਵਿੰਦਰ ਸਿੰਘ, ਅਮਲੋਕ ਸਿੰਘ ਆਦਿ ਹਾਜ਼ਰ ਰਹੇ।

# ਅਕਾਲ ਅਕੈਡਮੀ ਤਿੱਬੜ ਵਿਖੇ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ




**ਧਾਰੀਵਾਲ, (ਮਨਦੀਪ ਵਿੱਕੀ)**
ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਅਕਾਲ ਅਕੈਡਮੀ ਤਿੱਬੜ ਵਿਖੇ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸੁੰਦਰ ਦਸਤਾਰ (ਪੱਗ) ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਅਕੈਡਮੀ ਦੇ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਕਿ ਇਹ ਮੁਕਾਬਲੇ ਦੋ ਗਰੁੱਪਾਂ ਵਿੱਚ ਕਰਵਾਏ ਗਏ ਜਿੰਨ੍ਹਾਂ ਵਿੱਚ ਪਹਿਲੇ ਗਰੁੱਪ (6 ਤੋਂ 8ਵੀਂ ਜਮਾਤ ਤੱਕ) ਅਤੇ ਦੂਸਰਾ ਗਰੁੱਪ (9ਵੀਂ ਤੋਂ 12ਵੀਂ ਜਮਾਤ ਤੱਕ) ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਦੌਰਾਨ ਦਸਤਾਰ ਮੁਕਾਬਲੇ (ਲੜਕੇ/ਗਰੁੱਪ ਪਹਿਲਾ) ਵਿੱਚੋਂ ਅਰਪਿਤਪਾਲ ਸਿੰਘ ਨੇ ਪਹਿਲਾ ਸਥਾਨ, ਮਹਿਤਾਬ ਸਿੰਘ ਦੂਜਾ ਸਥਾਨ, ਜਦਕਿ ਏਕਮਜੋਤ ਸਿੰਘ ਤੇ ਅਰਸ਼ਦੀਪ ਸਿੰਘ (ਦੋਵੇਂ) ਤੀਜੇ ਸਥਾਨ 'ਤੇ ਰਹੇ। ਦਸਤਾਰ ਮੁਕਾਬਲਾ (ਲੜਕੇ/ਗਰੁੱਪ ਪਹਿਲਾ) ਵਿੱਚੋਂ ਮਨਜੋਤ ਸਿੰਘ ਪਹਿਲਾ ਸਥਾਨ, ਸੁਖਮਨਪ੍ਰੀਤ ਸਿੰਘ ਦੂਜਾ ਸਥਾਨ, ਜਦਕਿ ਕਰਨਬੀਰ ਸਿੰਘ ਤੇ ਰਬਰੂਪ ਸਿੰਘ (ਦੋਵੇਂ ਜਣੇ) ਤੀਜੇ ਸਥਾਨ 'ਤੇ ਰਹੇ। ਦੁਮਾਲਾ ਮੁਕਾਬਲੇ (ਲੜਕੇ/ਗਰੁੱਪ ਪਹਿਲਾ) ਵਿੱਚੋਂ ਪ੍ਰਥਮਜੋਤ ਸਿੰਘ ਨੇ ਪਹਿਲਾ ਸਥਾਨ, ਜਸਨਦੀਪ ਸਿੰਘ ਦੂਜਾ ਸਥਾਨ ਅਤੇ ਬਿਕਰਮਜੀਤ ਸਿੰਘ ਨੇ ਤੀਸਰਾ ਸਥਾਨ। ਦੁਮਾਲਾ ਮੁਕਾਬਲੇ (ਲੜਕੇ/ਗਰੁੱਪ ਦੂਸਰਾ) ਵਿੱਚੋਂ ਨਵਨੂਰ ਸਿੰਘ ਪਹਿਲਾ ਸਥਾਨ, ਗੁਰਸਹਿਜਦੀਪ ਸਿੰਘ ਦੂਜਾ ਸਥਾਨ ਅਤੇ ਮਨਿੰਦਰ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਦੁਮਾਲਾ ਮੁਕਾਬਲਾ (ਲੜਕੀਆਂ/ਗਰੁੱਪ ਪਹਿਲਾ) ਵਿੱਚੋਂ ਐਸ਼ਦੀਪ ਕੌਰ ਨੇ ਪਹਿਲਾ ਸਥਾਨ, ਹਰਲੀਨ ਕੌਰ ਨੇ ਦੂਜਾ ਸਥਾਨ ਅਤੇ ਜੈਸਮੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਦੁਮਾਲਾ ਮੁਕਾਬਲਾ (ਲੜਕੀਆਂ/ਗਰੁੱਪ ਦੂਸਰਾ) ਵਿੱਚੋਂ ਜਸਮੀਤ ਕੌਰ ਨੇ ਪਹਿਲਾ ਸਥਾਨ, ਓਂਕਾਰਪ੍ਰੀਤ ਕੌਰ ਨੇ ਦੂਸਰਾ ਸਥਾਨ ਅਤੇ ਗੁਰਲੀਨ ਕੌਰ ਤੀਸਰਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਗੁਰਵਿੰਦਰ ਕੌਰ ਵਲੋਂ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਕਾਰਗੁਜਾਰੀ ਦੀ ਸ਼ਲਾਘਾ ਕਰਦਿਆਂ ਹੌਂਸਲਾ ਅਫਜਾਈ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਸਿੱਖੀ ਪ੍ਰਤੀ ਪਿਆਰ, ਆਤਮ-ਵਿਸਵਾਸ ਅਤੇ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੁੜਾਅ ਨੂੰ ਮਜ਼ਬੂਤ ਕਰਦੇ ਹਨ। ਇਸ ਮੌਕੇ ਅਕੈਡਮੀ ਦੇ ਸਮੂਹ ਅਧਿਆਪਕ ਹਾਜਰ ਸਨ।

# ਐਡਵੋਕੇਟ ਥਾਪਰ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਤੇ ਲੀਗਲ ਸੈੱਲ ਪੰਜਾਬ ਦੇ ਇੰਚਾਰਜ ਨਿਯੁਕਤ



**ਗੁਰਦਾਸਪੁਰ (ਦਿਨੇਸ਼ ਕੁਮਾਰ)**
ਐੱਸ. ਸੀ. ਫਰੰਟ ਪੰਜਾਬ, ਜੋ ਕਿ ਦੱਬੇ-ਕੁਚਲੇ ਲੋਕਾਂ ਦੀ ਆਵਾਜ਼ ਬਣ ਕੇ ਪੰਜਾਬ ਭਰ ਵਿੱਚ ਤੇਜ਼ੀ ਨਾਲ ਮਜ਼ਬੂਤ ਹੋ ਰਿਹਾ ਹੈ, ਵੱਲੋਂ ਪਿੰਡਾਂ, ਸ਼ਹਿਰਾਂ ਅਤੇ ਜ਼ਿਲ੍ਹਿਆਂ ਵਿੱਚ ਲਗਾਤਾਰ ਵੱਡੇ ਪੱਧਰ 'ਤੇ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ।ਇਸੇ ਕੜੀ ਤਹਿਤ ਸੰਗਠਨ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਬਹੁਜਨ ਸਮਾਜ ਦੇ ਦਿਲਾਂ ਵਿੱਚ ਵਸਦੇ ਐਡਵੋਕੇਟ ਸੁਖਰਾਜ ਥਾਪਰ ਨੂੰ ਜ਼ਿਲ੍ਹਾ ਗੁਰਦਾਸਪੁਰ ਦਾ ਪ੍ਰਧਾਨ ਅਤੇ ਲੀਗਲ ਸੈੱਲ ਪੰਜਾਬ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਗਠਨ ਦੇ ਸੰਸਥਾਪਕ ਅਤੇ ਚੇਅਰਮੈਨ ਡਾ. ਰਣਜੀਤ ਸਿੰਘ ਸਹੋਤਾ ਨੇ ਕਿਹਾ ਕਿ ਐਡਵੋਕੇਟ ਸੁਖਰਾਜ ਥਾਪਰ ਦੇ ਸੰਗਠਨ ਨਾਲ ਜੁੜਨ ਨਾਲ ਐੱਸ. ਸੀ. ਫਰੰਟ ਪੰਜਾਬ ਦੀ ਲੀਗਲ ਟੀਮ ਹੋਰ ਵੀ ਮਜ਼ਬੂਤ ਹੋਈ ਹੈ।ਉਨ੍ਹਾਂ ਕਿਹਾ ਕਿ ਗੁਰਦਾਸਪੁਰ ਨੂੰ ਇੱਕ ਯੋਗ, ਇਮਾਨਦਾਰ, ਦੂਰਅੰਦੇਸ਼ੀ ਅਤੇ ਸੰਗਠਨ ਦੇ ਸਰਵੇ ਮੁਤਾਬਿਕ ਪਿਛਲੇ ਲੰਬੇ ਸਮ੍ਹੇ ਲਗਭਗ 15 ਸਾਲ ਤੋਂ ਬਹੁਜਨ ਸਮਾਜ ਦੇ ਹਿੱਤਾਂ ਲਈ ਹਮੇਸ਼ਾ ਅਗੇ ਆ ਕੇ ਸੰਘਰਸ਼ ਕਰਨ ਵਾਲਾ ਜ਼ਿਲ੍ਹਾ ਪ੍ਰਧਾਨ ਮਿਲਿਆ ਹੈ, ਜੋ ਸਮਾਜ ਦੇ ਹੱਕਾਂ ਲਈ ਪੂਰੀ ਤਨਦੇਹੀ ਨਾਲ ਖੜਦਾ ਰਿਹਾ ਹੈ ਅਤੇ ਆਗੇ ਵੀ ਕੰਮ ਕਰਦਾ ਰਹੇਗਾ ।ਇਸ ਮੌਕੇ ਫਰੰਟ ਦੇ ਉਪ ਚੇਅਰਮੈਨ ਨਵਦੀਪ ਸਿੰਘ ਮੰਦਰ, ਪ੍ਰਧਾਨ ਅਮਰੀਕ ਸਿੰਘ ਪੰਡੋਰੀ, ਖ਼ਜ਼ਾਨਚੀ ਮੰਗਲ ਸਿੰਘ, ਮੀਤ ਪ੍ਰਧਾਨ ਪ੍ਰੇਮ ਸਿੰਘ ਖਾਲਸਾ, ਮਹਿਲਾ ਵਿੰਗ ਦੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਰੁਪਿੰਦਰ ਬਾਵਾ, ਜ਼ਿਲ੍ਹਾ ਮਾਨਸਾ ਪ੍ਰਧਾਨ ਜੀਤ ਦਹੀਆ, ਜ਼ਿਲ੍ਹਾ ਅੰਮ੍ਰਿਤਸਰ ਦੇ ਚੇਅਰਮੈਨ ਸੁਸ਼ੀਲ ਕੁਮਾਰ ਵੇਰਕਾ, ਮਹਿਲਾ ਵਿੰਗ ਪ੍ਰਧਾਨ ਅੰਮ੍ਰਿਤਸਰ ਡਾ. ਜਸਬੀਰ ਕੌਰ ਅਤੇ ਹੋਰ ਅਹੁਦੇਦਾਰ ਤੇ ਸਾਥੀ ਹਾਜ਼ਰ ਸਨ।ਆਪਣੇ ਸੰਬੋਧਨ ਵਿੱਚ ਐਡਵੋਕੇਟ ਸੁਖਰਾਜ ਥਾਪਰ ਨੇ ਸੰਗਠਨ ਦੇ ਸੰਸਥਾਪਕ ਅਤੇ ਚੇਅਰਮੈਨ ਡਾ. ਰਣਜੀਤ ਸਿੰਘ ਸਹੋਤਾ ਦਾ ਧੰਨਵਾਦ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਸੰਗਠਨ ਦੀਆਂ ਉਮੀਦਾਂ 'ਤੇ ਖਰੇ ਉਤਰਦੇ ਹੋਏ ਸਮਾਜ ਦੇ ਦੱਬੇ-ਕੁਚਲੇ ਵਰਗਾਂ ਦੇ ਹੱਕਾਂ ਲਈ ਮਜ਼ਬੂਤੀ ਨਾਲ ਆਵਾਜ਼ ਉਠਾਉਣਗੇ ਅਤੇ ਸੰਗਠਨ ਦੇ ਪ੍ਰਚਾਰ-ਪ੍ਰਸਾਰ ਨੂੰ ਦਿਨ-ਰਾਤ ਇੱਕ ਕਰਕੇ ਹੋਰ ਵਿਸ਼ਾਲ ਪੱਧਰ ਤੱਕ ਲੈ ਕੇ ਜਾਣਗੇ।

# ਰੇਲਵੇ ਅੰਡਰ ਬ੍ਰਿਜ ਹੇਠਾਂ ਖੜੇ ਹੁੰਦੇ ਪਾਣੀ ਦੀ ਸਹੀ ਨਿਕਾਸੀ ਲਈ ਪੁਖਤਾ ਪ੍ਰਬੰਧਾਂ ਦੀ ਮੰਗ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਰੋਡ 'ਤੇ ਸਥਿਤ ਨਵੇਂ ਬੱਸ ਸਟੈਂਡ ਨੇੜੇ ਬਣੇ ਰੇਲਵੇ ਅੰਡਰ ਬ੍ਰਿਜ ਵਿਖੇ ਬੀਤੇ ਦਿਨੀਂ ਹੋਈ ਸਾਰਾ ਦਿਨ ਰੁਕ-ਰੁਕ ਕੇ ਵਰਖਾ ਦੇ ਕਾਰਨ ਪਾਣੀ ਖੜ੍ਹਾ ਹੋਣ ਨਾਲ ਆਵਾਜਾਈ ਵਿੱਚ ਕਾਫੀ ਮੁਸ਼ਕਿਲ ਪੇਸ਼ ਹੋਈ। ਵਰਨਣਯੋਗ ਹੈ ਕਿ ਤਿੱਬੜੀ ਰੋਡ ਸਥਿਤ ਇਹ ਰੇਲਵੇ ਅੰਡਰ ਬ੍ਰਿਜ ਥੋੜ੍ਹਾ ਸਮਾਂ ਪਹਿਲਾਂ ਹੀ ਸ਼ਹਿਰ ਵਾਸੀਆਂ ਦੀ ਟਰੈਫਿਕ ਸਮੱਸਿਆ ਅਤੇ ਰੇਲਵੇ ਫਾਟਕ 'ਤੇ ਲੰਬਾ ਸਮਾਂ ਖੜ੍ਹੇ ਰਹਿਣ ਦੀ ਮੁਸ਼ਕਿਲ ਨੂੰ ਮੁੱਖ ਰੱਖਦੇ ਹੋਏ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਸੀ। ਇਸ ਰੇਲਵੇ ਰੇਲਵੇ ਅੰਡਰ ਬ੍ਰਿਜ ਹੇਠਾਂ ਪਾਣੀ ਦੀ ਸਹੀ ਨਿਕਾਸੀ ਨਾ ਹੋਣ ਕਾਰਨ ਇਸ ਵਿੱਚ ਅਕਸਰ ਹੀ ਵਰਖਾਂ ਦਾ ਪਾਣੀ ਖੜ੍ਹਾ ਹੋ ਜਾਂਦਾ ਹੈ। ਪਾਣੀ ਖੜ੍ਹਾ ਹੋਣ ਕਾਰਨ ਦੋ ਪਹੀਆ ਵਾਹਨ ਚਾਲਕ ਅਤੇ ਪੈਦਲ ਚੱਲਣ ਵਾਲੇ ਲੋਕਾਂ ਲਈ ਭਾਰੀ ਔਕੜਾਂ ਪੇਸ਼ ਆਉਂਦੀਆਂ ਹਨ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਨੇ ਵੱਡੀ ਰਕਮ ਖਰਚ ਕੇ ਬਣਾਏ ਇਸ ਅੰਡਰ ਬ੍ਰਿਜ ਅੰਦਰ ਪਾਣੀ ਦੀ ਨਿਕਾਸੀ ਨੂੰ ਲੈ ਕੇ ਕੋਈ ਪੱਕਾ ਅਤੇ ਵਧੀਆ ਹੱਲ ਨਹੀਂ ਕੀਤਾ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਵਰਖਾ ਥੋੜੀ ਜ਼ਿਆਦਾ ਹੋ ਜਾਂਦੀ ਹੈ ਤਾਂ ਇਸ ਅੰਡਰ ਬ੍ਰਿਜ ਨੇ ਛੱਪੜ ਦਾ ਰੂਪ ਧਾਰ ਕਰ ਲੈਣਾ ਹੈ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਰੇਲਵੇ ਅੰਡਰ ਬ੍ਰਿਜ ਥੱਲੇ ਖੜ੍ਹਦੇ ਪਾਣੀ ਦੀ ਨਿਕਾਸੀ ਦਾ ਕੋਈ ਪੱਕਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਆਉਣ ਜਾਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਪੰਜਾਬ ਸਰਕਾਰ ਦੇ ਫੀਸ ਆਰਡੀਨੈਂਸ ਨੂੰ ਰਾਸਾ ਪੰਜਾਬ ਨੇ ਹਾਈਕੋਰਟ 'ਚ ਦਿੱਤੀ ਚੁਣੌਤੀ



**ਤਰਨ ਤਾਰਨ (ਪ੍ਰਿਤਪਾਲ ਸਿੰਘ)**
ਰੈਕਿਗਨਾਈਜ਼ਡ ਐਂਡ ਐਫੀਲੀਏਟਿਡ ਸਕੂਲ ਐਸੋਸੀਏਸ਼ਨ (ਰਾਸਾ) ਪੰਜਾਬ ਦੀ ਇੱਕ ਹੰਗਾਮੀ ਮੀਟਿੰਗ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਗਈ ਜਿਸ ਵਿੱਚ ਸਟੇਟ ਬਾਡੀ ਦੇ ਅਹੁਦੇਦਾਰ ਨੇ ਸ਼ਮੂਲੀਅਤ ਕੀਤੀ ਤੇ ਪੰਜਾਬ ਸਰਕਾਰ ਵੱਲੋਂ ਫੀਸਾਂ ਪ੍ਰਤੀ ਕੀਤੇ ਗਏ ਆਰਡੀਨੈਂਸ ਵਿਚਾਰਾਂ ਕੀਤੀਆਂ ਗਈਆਂ।ਇਸ ਬਾਬਤ ਰਾਸਾ ਪੰਜਾਬ ਪ੍ਰਧਾਨ ਪ੍ਰਿੰਸੀਪਲ ਸਕੱਤਰ ਸਿੰਘ ਸੰਧੂ ਵੱਲੋਂ ਜਾਰੀ ਬਿਆਨ ਰਾਹੀਂ ਰਿਹਾ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੀਤੇ ਨਾਦਰਸ਼ਾਹੀ ਫੁਰਮਾਨ ਨੂੰ ਹਾਈਕੋਰਟ ਵਿਚ ਚੈਲਿੰਜ ਕਰ ਦਿੱਤਾ ਗਿਆ ਹੈ। ਕੋਰਟ ਵਲੋਂ ਆਉਂਦੇ ਇੱਕ ਦੋ ਦਿਨਾਂ ਵਿਚ ਇਸ ਤੇ ਸਟੇਅ ਮਿਲ ਜਾਣਾ ਹੈ।ਓਧਰ ਪੰਜਾਬ ਸਿੱਖਿਆ ਵਿਭਾਗ ਵਲੋਂ ਸਕੂਲਾਂ ਤੋਂ ਪਿਛਲੇ ਤਿੰਨ ਸਾਲਾਂ ਦੀਆਂ ਫੀਸਾਂ ਆਦਿ ਦੇ ਵੇਰਵੇ ਮੰਗੇ ਗਏ ਹਨ ਤੇ ਸਿੱਖਿਆ ਵਿਭਾਗ ਦੇ ਇਸ ਫੁਰਮਾਨ ਮੁਤਾਬਕ ਜਿਲਾ ਸਿੱਖਿਆ ਅਫਸਰ ਸੈਕੰਡਰੀ ਤੇ ਐਲੀਮੈਂਟਰੀ ਵਲੋਂ ਆਪਣੇ ਬੀ ਈ ਓ ਤੇ ਹੋਰ ਅਧਿਕਾਰੀਆਂ ਰਾਹੀਂ ਸਕੂਲ ਸੰਚਾਲਕਾਂ ਨੂੰ ਬਾਰ ਇਹ ਡਾਟਾ ਮੰਗ ਮੰਗ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਇਸ ਸਬੰਧ ਵਿੱਚ ਰਾਸਾ ਪ੍ਰਧਾਨ ਸਕੱਤਰ ਸਿੰਘ ਸੰਧੂ ਸਮੂਹ ਅਧਿਕਾਰੀਆਂ ਨੂੰ ਇਹ ਸਪਸ਼ਟ ਕੀਤਾ ਗਿਆ ਹੈ ਕਿ ਸਿੱਖਿਆ ਵਿਭਾਗ ਵਲੋਂ ਫੀਸਾਂ ਸਬੰਧੀ ਮੰਗਿਆ ਪਿਛਲੇ ਸਾਲਾਂ ਦਾ ਡਾਟਾ ਈ- ਪੰਜਾਬ ਪੋਰਟਲ ਤੇ ਆਨਲਾਈਨ ਕਰਨ ਲਈ ਕਿਹਾ ਗਿਆ ਜਿਸ ਦੀ ਅੰਤਿਮ ਮਿਤੀ 25 ਜੁਲਾਈ ਹੈ। ਪ੍ਰੰਤੂ ਇਹ ਸਕੂਲਾਂ ਦਾ ਕੰਮ ਹੈ ਕਿ ਉਨ੍ਹਾਂ ਇਹ ਡਾਟਾ ਅਪਲੋਡ ਕਰਨਾ ਜਾਂ ਨਹੀਂ ਕਰਨਾ ਲੇਕਿਨ ਅਧਿਕਾਰੀਆਂ ਵਲੋਂ ਵਾਰ-ਵਾਰ ਸਕੂਲਾਂ ਵਿੱਚ ਜਾ ਕੇ ਸਕੂਲ ਸੰਚਾਲਕਾਂ ਨੂੰ ਇਹ ਡਾਟਾ ਅਪਲੋਡ ਕਰਨ ਲਈ ਮਜਬੂਰ ਨਾ ਕੀਤਾ ਜਾਵੇ। ਜੇਕਰ ਕਿਸੇ ਵੀ ਅਧਿਕਾਰੀ ਨੇ ਅਜਿਹਾ ਕੀਤਾ ਤਾਂ ਰਾਸਾ ਪੰਜਾਬ ਉਸਦਾ ਸਖ਼ਤੀ ਨਾਲ ਵਿਰੋਧ ਕਰੇਗੀ। ਸੋ ਸਮੂਹ ਸਿੱਖਿਆ ਅਧਿਕਾਰੀਆਂ ਨੂੰ ਅਜਿਹਾ ਕਰਨ ਤੋਂ ਗੁਰੇਜ਼ ਕਰਨਾ ਬਣਦਾ ਹੈ।ਇਸ ਮੀਟਿੰਗ ਵਿੱਚ ਪ੍ਰਿੰਸੀਪਲ ਸੁਚੇਤ ਸਿੰਘ ਬੇਦੀ ਨਾਭਾ, ਰਵਿੰਦਰ ਕੁਮਾਰ ਸ਼ਰਮਾ ਫਿਰੋਜ਼ਪੁਰ, ਰਜਨੀਸ਼ ਕੁਮਾਰ ਮੋਹਾਲੀ,ਆਲੋਕ ਮੁਖੀਜਾ ਨਾਭਾ, ਹਰਜੀਤ ਸਿੰਘ ਬਰਾੜ ਮੁਕਤਸਰ, ਹਰਦੀਪ ਸਿੰਘ ਜਟਾਣਾਂ ਮਾਨਸਾ, ਸੁਖਮੰਦਰ ਸਿੰਘ ਮੋਗਾ, ਰਾਜ ਥਾਪੜ ਫਰੀਦਕੋਟ, ਸਵਰਾਜ ਕੁਮਾਰ ਜਲੰਧਰ, ਪ੍ਰੋਫੈਸਰ ਜਸਬੀਰ ਸਿੰਘ ਕਪੂਰਥਲਾ, ਹਰਦੇਵ ਸਿੰਘ ਸੋਹਲ ਗੁਰਦਾਸਪੁਰ, ਨਵਦੀਪ ਸਿੰਘ ਵਿਰਕ ਦਸੂਹਾ, ਸ਼ਾਮ ਲਾਲ ਅਰੋੜਾ ਅਬੋਹਰ ਤੇ ਸੁਖਜਿੰਦਰ ਸਿੰਘ ਗਿੱਲ ਤਰਨ ਤਾਰਨ ਆਦਿ ਸ਼ਾਮਿਲ ਹੋਏ।

# ਰੋਟਰੀ ਨਾਰਥ ਕਲੱਬ ਈਸਟ ਦਾ ਤਾਜ ਰੋਟੇਰੀਅਨ ਪ੍ਰੇਮ ਨਾਥ ਦੇ ਸਿਰ ਸਜਿਆ



**ਅੰਮ੍ਰਿਤਸਰ (ਅਰੋੜਾ)**
ਰੋਟਰੀ ਕਲੱਬ ਦੇ ਪ੍ਰਧਾਨ ਅਤੇ ਸਕੱਤਰ ਦਾ ਕਾਰਜਕਾਲ ਸੰਪੰਨ ਹੋਣ ਤੋਂ ਬਾਅਦ ਨਵੇਂ ਪ੍ਰਧਾਨ ਅਤੇ ਉਨ੍ਹਾਂ ਦੀ ਟੀਮ ਨੂੰ ਰੋਟਰੀ ਦੀਆਂ ਜ਼ਿੰਮੇਵਾਰੀਆਂ ਸੌਂਪੇ ਜਾਣ ਦੀ ਪ੍ਰਥਾ ਦੇ ਚੱਲਦੇ ਰੋਟਰੀ ਕਲੱਬ ਨਾਰਥ ਈਸਟ ਦੇ ਸਾਲ 2025 26 ਦੇ ਪ੍ਰਧਾਨ ਅਤੇ ਸਕੱਤਰ ਦਾ ਕਾਰਜਕਾਲ ਸੰਪੰਨ ਹੋਣ ਤੋਂ ਬਾਅਦ ਰੋਟਰੀ ਕਲੱਬ ਨਾਰਥ ਈਸਟ ਦਾ ਤਾਜ ਪ੍ਰੇਮ ਨਾਥ ਸ਼ਰਮਾ, ਸਕੱਤਰ ਅਹੁਦੇ ਦੇ ਲਈ ਐਡਵੋਕੇਟ ਰਜਨ ਸ਼ਰਮਾ ਨੂੰ ਸੁਸ਼ੋਭਿਤ ਕੀਤਾ ਗਿਆ।ਰੋਟਰੀ 3070 ਦੇ ਗਵਰਨਰ ਅਨਿਲ ਸਿੰਗਲ ਮੁੱਖਮਹਿਮਾਨ ਅਤੇ ਇੰਸਟਾਲੇਸ਼ਨ ਦੇ ਅਧਿਕਾਰੀ ਵਜੋਂ ਸ਼ਾਮਿਲ ਹੋਏ।ਉਨ੍ਹਾਂ ਨੇ ਰੋਟਰੀ ਦੀ ਨਵੀਂ ਟੀਮ ਨੂੰ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਸਦਾ ਮੋਹਰੀ ਰਹਿਣ ਦੀ ਸਹੁੰ ਚੁਕਾਈ। ਰੋਟਰੀ ਪ੍ਰਥਾ ਦੇ ਅਨੁਸਾਰ ਪ੍ਰਧਾਨ ਅਹੁਦੇ ਦਾ ਕਾਲਰ ਅਤੇ ਰੋਟਰੀ ਚਿੰਨ੍ਹ ਪ੍ਰਧਾਨ ਪ੍ਰੇਮ ਨਾਥ ਸ਼ਰਮਾ ਨੂੰ ਸੌਂਪਿਆ।ਰੋਟਰੀ ਕਲੱਬ ਦੇ ਨਾਰਥ ਈਸਟ ਦੇ ਕੰਮਾਂ ਅਤੇ ਪ੍ਰੋਜੈਕਟਾਂ ਦੀ ਭਰਪੂਰ ਸ਼ਲਾਘਾ ਕੀਤੀ।ਇਸ ਦੇ ਨਾਲ ਹੀ ਮੀਤ ਪ੍ਰਧਾਨ ਸੀ ਏ ਦਲਜੀਤ ਸਿੰਘ, ਡਾ. ਵਿਜੇ ਕੁਮਾਰ, ਜਗਦੀਸ਼ ਕੁਮਰਾ ਨੂੰ ਨਿਯੁਕਤ ਕੀਤਾ ਗਿਆ।ਸੰਯੁਕਤ ਸਕੱਤਰ ਗੁਰਚਰਨ ਸਿੰਘ, ਡਾਇਰੈਕਟਰ ਦੀ ਜ਼ਿੰਮੇਵਾਰੀ ਅੰਮ੍ਰਿਤਪਾਲ ਸਿੰਘ, ਦੀਪਕ ਸ਼ਰਮਾ, ਹਰਨੂਰ ਸਿੰਘ, ਡਾ. ਮੋਹਿਤਾ ਗੁਪਤਾ, ਦਵਿੰਦਰ ਕੁਮਾਰ ਨੂੰ ਸੌਂਪੀ ਗਈ।ਅਗਾਮੀ ਸਾਲ ਲਈ ਪ੍ਰਧਾਨਗੀ ਪ੍ਰਭਜੋਤ ਸਿੰਘ, ਕਾਊਂਸਲਰ ਦੀ ਜ਼ਿੰਮੇਵਾਰੀ ਸਾਰੇ ਸਾਬਕਾ ਪ੍ਰਧਾਨਾਂ ਨੂੰ ਦਿੱਤੀ ਗਈ।ਰੋਟਰੀ ਪ੍ਰੋਜੈਕਟਾਂ ਦੀ ਜ਼ਿੰਮੇਵਾਰੀ ਹਰਮਨਦੀਪ ਸਿੰਘ, ਐਗਜ਼ੈਕਟਿਵ ਸਕੱਤਰ ਪ੍ਰਿੰਸੀਪਲ ਜੇ. ਐੱਸ. ਕੋਹਲੀ, ਰੋਟਰੀ ਫਾਊਂਡੇਸ਼ਨ ਦੀ ਜ਼ਿੰਮੇਵਾਰੀ ਪ੍ਰੋਫੈਸਰ ਤਮਿੰਦਰ ਸਿੰਘ, ਵਿੱਤ ਸਕੱਤਰ ਲਈ ਐਡਵੋਕੇਟ ਅਨੂਪ ਗੁਪਤਾ ਨੂੰ ਨਿਯੁਕਤ ਕੀਤਾ ਗਿਆ।ਪ੍ਰਧਾਨ ਕੰਵਲਦੀਪ ਸਿੰਘ, ਉਨ੍ਹਾਂ ਦੀ ਟੀਮ ਦੇ ਮੈਂਬਰਾਂ ਨੂੰ ਰੋਟਰੀ ਦਾ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।ਸਨਮਾਨ ਪ੍ਰਾਪਤ ਕਰਨ ਵਾਲਿਆ ਵਿੱਚ ਸਾਬਕਾ ਪ੍ਰਧਾਨ ਪਲਾਸਟਿਕ ਸਰਜਨ ਡਾ. ਬਿਕਰਮ ਗੁਪਤਾ, ਜੇ. ਕੇ. ਕੁਮਰਾ, ਸੁਖਦੇਵ ਸਿੰਘ ਬਾਜਵਾ, ਰਣਜੋਧ ਸਿੰਘ ਗਿੱਲ, ਐਡਵੋਕੇਟ ਨਰਿੰਦਰ ਸਿੰਘ, ਸੁਧੀਰ ਰਣਦੇਵ, ਜੇ. ਐੱਸ. ਕੋਹਲੀ, ਡਾ. ਵੀ .ਪੀ ਗੁਪਤਾ, ਵਿਜੇ ਕੁਮਾਰ, ਡਾ. ਇੰਦਰਜੀਤ ਸਿੰਘ, ਕੰਵਰ ਯੁਵਰਾਜ ਸਿੰਘ, ਗੁਰਮੁੱਖ ਸਿੰਘ, ਹਰਗੁੰਦ ਸਿੰਘ, ਗੁਰਜੀਤ ਸਿੰਘ ਭੁੱਲਰ, ਐਡਵੋਕੇਟ ਐੱਮ. ਐੱਸ. ਮੋਹਾਰ, ਡਾ. ਰੋਬਿਨ ਤੁਲੀ, ਦੀਪਕ ਕੁਮਾਰ, ਸਤਿੰਦਰ ਸਿੰਘ, ਤਜਿੰਦਰ ਸਿੰਘ, ਜਰਨੈਲ ਸਿੰਘ ਸਮੇਤ ਰੋਟਰੀ ਕਲੱਬ ਨਾਰਥ ਈਸਟ ਦੇ ਸਮੂਹ ਮੈਂਬਰਾਂ ਨੂੰ ਉਨ੍ਹਾਂ ਦੇ ਕੰਮ ਕਾਜ ਦੇਖ ਕੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਮੁੱਖ ਮਹਿਮਾਨ ਗਵਰਨਰ ਅਨਿਲ ਸਿੰਗਲ ਨੇ ਰੋਟਰੀ ਪ੍ਰਥਾ, ਰੋਟਰੀ ਨਿਯਮਾਂ ਅਤੇ ਰੋਟਰੀ ਦੀਆਂ ਜ਼ਿੰਮੇਵਾਰੀਆਂ ਦੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਰੋਟਰੀ ਕਲੱਬ ਨਾਰਥ ਈਸਟ ਵੱਲੋਂ ਮੁੱਖ ਮਹਿਮਾਨ ਨੂੰ ਵਿਸ਼ੇਸ਼ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਬੀਈਓ (ਐਲੀ:) ਬਲਜੀਤ ਸਿੰਘ ਨੇ ਕਾਰਜਭਾਰ ਸੰਭਾਲਿਆ



**ਵੇਰਕਾ (ਰਾਣਾ)**- ਡਾਇਰੈਕਟਰ ਸਿੱਖਿਆ ਵਿਭਾਗ (ਐਲੀ:) ਐੱਸ.ਏ.ਐਸ ਨਗਰ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ ਬਲਾਕ ਸਿੱਖਿਆ ਅਫ਼ਸਰ (ਐਲੀ:) ਬਲਜੀਤ ਸਿੰਘ ਬਲਾਕ ਅੰਮ੍ਰਿਤਸਰ-2 ਨੇ ਬਲਾਕ ਸਿੱਖਿਆ ਦਫ਼ਤਰ ਅੰਮ੍ਰਿਤਸਰ-4 ਦਾ ਵਾਧੂ ਕਾਰਜਭਾਰ ਸੰਭਾਲਿਆ।ਇਸ ਮੌਕੇ ਬੀ. ਈ. ਓ. ਬਲਜੀਤ ਸਿੰਘ ਦਾ ਬਲਾਕ ਦੇ ਸਮੂਹ ਸਟਾਫ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਉਨ੍ਹਾਂ ਨੂੰ ਹਾਜ਼ਰ ਕਰਵਾਉਣ ਮੌਕੇ ਸੈਂਟਰ ਹੈੱਡਟੀਚਰ ਲਿਵਤਾਰ ਸਿੰਘ, ਸੇਵਾਮੁਕਤ ਸੈਂਟਰ ਹੈੱਡਟੀਚਰ ਗੁਰਪ੍ਰੀਤ ਸਿੰਘ, ਕਲਰਕ ਨਿਤਿਨ ਕੁਮਾਰ ਬਲਾਕ ਅੰਮ੍ਰਿਤਸਰ-2, ਕੁਨਾਲ ਭੱਲਾ, ਅਮਨ ਕ੍ਰਾਂਤੀ, ਹੈੱਡਟੀਚਰ ਰਣਜੀਤ ਸਿੰਘ, ਕਲਰਕ ਯੋਗਤਾ ਸ਼ਰਮਾ ਸਮੇਤ ਹੋਰ ਵੀ ਸ਼ਾਮਿਲ ਸਨ।

ਨਵਾਂ ਜ਼ਮਾਨਾ
ਮੰਗਲਵਾਰ, 21 ਜੁਲਾਈ 2026

# ਸੰਘ ਨੂੰ ਮਿਲੀ ਮੋਟੀ ਸਰਕਾਰੀ ਮਾਇਆ

ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੇ ਇਸ ਦਾਅਵੇ ਕਿ ਆਰ ਐੱਸ ਐੱਸ ਸਰਕਾਰੀ ਫੰਡ ਨਹੀਂ ਲੈਂਦਾ, ਤੋਂ ਬਾਅਦ ਆਰ ਐੱਸ ਐੱਸ ਰਜਿਸਟ੍ਰੇਸ਼ਨ ਵਿਵਾਦ ਨੇ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ। 'ਦੀ ਨਿਊਜ਼ ਮਿੰਟ' ਦੀ ਇੱਕ ਖੋਜੀ ਰਿਪੋਰਟ ਵਿੱਚ ਖੁਲਾਸਾ ਹੋਇਆ ਹੈ ਕਿ ਸਰਕਾਰੀ ਮਾਲਕੀ ਵਾਲੀ ਆਇਲ ਐਂਡ ਨੈਚੁਰਲ ਗੈਸ ਕਾਰਪੋਰੇਸ਼ਨ (ਓ ਐੱਨ ਜੀ ਸੀ) ਨੇ ਪਿਛਲੇ 10 ਸਾਲਾਂ ਵਿੱਚ ਆਰ ਐੱਸ ਐੱਸ ਨਾਲ ਸੰਬੰਧਤ 20 ਸੰਸਥਾਵਾਂ ਨੂੰ ਕਰੀਬ 668 ਕਰੋੜ ਰੁਪਏ ਤੋਂ ਵੱਧ ਦਾ ਦਾਨ ਦਿੱਤਾ ਹੈ। ਇਸ ਤੋਂ ਬਾਅਦ ਕਰਨਾਟਕ ਦੇ ਮੰਤਰੀ ਪ੍ਰਿਯਾਂਕ ਖੜਗੇ, ਜਿਨ੍ਹਾ ਨੇ ਪਿਛਲੇ ਦਿਨੀਂ ਆਰ ਐੱਸ ਐੱਸ ਦੀ ਰਜਿਸਟ੍ਰੇਸ਼ਨ 'ਤੇ ਸਵਾਲ ਉਠਾਏ ਸਨ, ਨੇ ਫਿਰ ਆਰ ਐੱਸ ਐੱਸ ਦੇ ਫੰਡਿੰਗ ਬਾਰੇ ਸਵਾਲ ਖੜ੍ਹੇ ਕੀਤੇ ਹਨ। ਰਿਪੋਰਟ 'ਤੇ ਓ ਐੱਨ ਜੀ ਸੀ ਜਾਂ ਆਰ ਐੱਸ ਐੱਸ ਵੱਲੋਂ ਕੋਈ ਅਧਿਕਾਰਤ ਜਵਾਬ ਨਹੀਂ ਦਿੱਤਾ ਗਿਆ। ਪ੍ਰਿਯਾਂਕ ਖੜਗੇ ਨੇ ਐੱਕਸ 'ਤੇ ਰਿਪੋਰਟ ਨੂੰ ਸਾਂਝੀ ਕਰਦਿਆਂ ਲਿਖਿਆ ਹੈ ਕਿ ਪਿਛਲੇ ਦਸ ਸਾਲਾਂ ਵਿੱਚ ਇੱਕ ਜਨਤਕ ਖੇਤਰ ਦੀ ਕੰਪਨੀ ਦੇ ਕਰੀਬ 668 ਕਰੋੜ ਰੁਪਏ ਸਰਕਾਰੀ ਪੈਸੇ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਕਾਰਪੋਰੇਟ ਸੋਸ਼ਲ ਰਿਸਪਾਂਸਿਬਿਲਿਟੀ (ਸੀ ਐੱਸ ਆਰ) ਰਾਹੀਂ ਆਰ ਐੱਸ ਐੱਸ ਨਾਲ ਜੁੜੀਆਂ ਸੰਸਥਾਵਾਂ ਤੱਕ ਪਹੁੰਚੇ ਹਨ। ਜਨਤਕ ਖੇਤਰ ਦੀ ਕੰਪਨੀ ਦਾ ਪੈਸਾ ਤਾਂ ਆਰ ਐੱਸ ਐੱਸ ਨਾਲ ਜੁੜੀਆਂ ਸੰਸਥਾਵਾਂ ਨੂੰ ਮਿਲਿਆ ਹੀ ਹੈ, ਮੰਦਰਾਂ ਵਿੱਚ ਚੜ੍ਹਾਇਆ ਗਿਆ ਚੜ੍ਹਾਵਾ ਵੀ ਆਰ ਐੱਸ ਐੱਸ ਨਾਲ ਜੁੜੇ ਸੰਸਥਾਨਾਂ ਵੱਲ ਮੋੜਿਆ ਗਿਆ। ਆਪਦਾ ਰਾਹਤ ਤੇ ਕੋਵਿਡ ਰਾਹਤ ਨਾਲ ਜੁੜੇ ਫੰਡ ਦੀ ਵਰਤੋਂ ਵੀ ਅਜਿਹੇ ਸੰਗਠਨਾਂ ਲਈ ਕੀਤੀ ਗਈ। ਸੈਂਕੜੇ ਏਕੜ ਸਰਕਾਰੀ ਜ਼ਮੀਨ ਆਰ ਐੱਸ ਐੱਸ ਨੂੰ ਦੇ ਦਿੱਤੀ ਗਈ ਹੈ। ਖੜਗੇ ਨੇ ਕਿਹਾ ਕਿ ਮੋਹਨ ਭਾਗਵਤ ਨੇ ਹਾਲ ਹੀ ਵਿੱਚ ਕਿਹਾ ਸੀ ਕਿ ਆਰ ਐੱਸ ਐੱਸ ਸਰਕਾਰੀ ਫੰਡਿੰਗ ਸਵੀਕਾਰ ਨਹੀਂ ਕਰਦਾ ਅਤੇ ਸਿਰਫ ਸਰਕਾਰੀ ਸਹਾਇਤਾ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ ਨੂੰ ਹੀ ਰਜਿਸਟ੍ਰੇਸ਼ਨ ਦੀ ਲੋੜ ਹੁੰਦੀ ਹੈ। ਜੇ ਇਹ ਸੱਚ ਹੈ, ਤਾਂ ਸਰਕਾਰੀ ਫੰਡਾਂ ਵਿੱਚੋਂ ਕਰੋੜਾਂ ਰੁਪਏ ਲਗਾਤਾਰ ਆਰ ਐੱਸ ਐੱਸ ਅਤੇ ਇਸ ਨਾਲ ਸੰਬੰਧਤ ਸੰਗਠਨਾਂ ਨੂੰ ਕਿਵੇਂ ਭੇਜੇ ਜਾ ਰਹੇ ਹਨ। ਹੁਣ ਮੁੱਦਾ ਸਿਰਫ ਆਰ ਐੱਸ ਐੱਸ ਦੀ ਸੰਗਠਨ ਵਜੋਂ ਰਜਿਸਟ੍ਰੇਸ਼ਨ ਦਾ ਨਹੀਂ ਰਿਹਾ, ਸਗੋਂ ਪਾਰਦਰਸ਼ਤਾ ਅਤੇ ਜਵਾਬਦੇਹੀ ਦਾ ਬਣ ਗਿਆ ਹੈ।

ਖੋਜੀ ਰਿਪੋਰਟ ਮੁਤਾਬਕ ਓ ਐੱਨ ਜੀ ਸੀ ਨੇ 2015 ਅਤੇ 2025 ਦੇ ਵਿਚਕਾਰ ਦੇਸ਼-ਭਰ ਵਿੱਚ 2,000 ਤੋਂ ਵੱਧ ਪ੍ਰੋਜੈਕਟਾਂ ਅਤੇ ਸੰਸਥਾਵਾਂ ਨੂੰ 4,531 ਕਰੋੜ ਤੋਂ ਵੱਧ ਦਾਨ ਸੀ ਐੱਸ ਆਰ ਅਧੀਨ ਦਿੱਤਾ। 668.01 ਕਰੋੜ, ਜਾਂ ਕੁੱਲ ਸੀ ਐੱਸ ਆਰ ਖਰਚ ਦਾ ਲੱਗਭੱਗ 14.7 ਪ੍ਰਤੀਸ਼ਤ, ਆਰ ਐੱਸ ਐੱਸ ਨਾਲ ਸੰਬੰਧਤ 20 ਸੰਸਥਾਵਾਂ ਨੂੰ ਦਿੱਤਾ ਗਿਆ। ਇਹ ਖੋਜੀ ਰਿਪੋਰਟ ਆਰ ਐੱਸ ਐੱਸ ਨਾਲ ਜੁੜੀਆਂ 2500 ਤੋਂ ਵੱਧ ਸੰਸਥਾਵਾਂ ਦੀ ਪੜਤਾਲ ਕਰਕੇ ਤਿਆਰ ਕੀਤੀ ਗਈ ਹੈ। ਸਭ ਤੋਂ ਵੱਧ ਰਕਮ ਆਸਾਮ ਦੇ ਸ਼ਿਵਸਾਗਰ ਜ਼ਿਲ੍ਹੇ ਵਿੱਚ ਸਥਿਤ ਸਵਰਗਦੇਵ ਸੀਊ-ਕਾ-ਫਾ ਹਸਪਤਾਲ ਨੂੰ ਮਿਲੀ। ਇਸ ਹਸਪਤਾਲ ਦਾ ਸੰਚਾਲਨ ਓ ਐੱਨ ਜੀ ਵੱਲੋਂ ਡਾ. ਬਾਬਾ ਸਾਹਿਬ ਅੰਬੇਡਕਰ ਵੈਦਕੀ ਪ੍ਰਤਿਸ਼ਠਾਨ ਯਾਨੀ ਬੀ ਏ ਵੀ ਪੀ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ। ਇਹ ਸੰਸਥਾ ਆਰ ਐੱਸ ਐੱਸ ਦੀ ਵਿਚਾਰਧਾਰਾ ਨਾਲ ਜੁੜੀ ਹੋਈ ਹੈ ਅਤੇ ਇਸ ਹਸਪਤਾਲ ਨੂੰ 2016 ਤੋਂ 2024 ਤੱਕ ਲੱਗਭੱਗ 434 ਕਰੋੜ ਰੁਪਏ ਮਿਲੇ। ਇਸ ਤੋਂ ਬਾਅਦ ਸਭ ਤੋਂ ਵੱਧ 140 ਕਰੋੜ ਰੁਪਏ ਨਾਗਪੁਰ ਦੇ ਡਾ. ਆਬਾਜੀ ਥੱਤੇ ਸੇਵ ਏਵਮ ਅਨੁਸੰਧਾਨ ਸੰਸਥਾਨ ਨੂੰ ਮਿਲੇ। ਇਸ ਨੇ ਇਸ ਪੈਸੇ ਨਾਲ ਨੈਸ਼ਨਲ ਕੈਂਸਰ ਇੰਸਟੀਚਿਊਟ ਬਣਾਇਆ। ਇਸ ਦੇ ਅਹੁਦੇਦਾਰ ਆਰ ਐੱਸ ਐੱਸ ਤੇ ਵਿਸ਼ਵ ਹਿੰਦੂ ਪ੍ਰੀਸ਼ਦ ਨਾਲ ਜੁੜੇ ਰਹੇ ਹਨ। ਆਰ ਐੱਸ ਐੱਸ, ਜਿਸ ਨੂੰ ਪ੍ਰਧਾਨ ਮੰਤਰੀ ਦੁਨੀਆ ਦੀ ਸਭ ਤੋਂ ਵੱਡੀ ਗੈਰ-ਸਰਕਾਰੀ ਜਥੇਬੰਦੀ (ਐੱਨ ਜੀ ਓ) ਦੱਸਦੇ ਹਨ, ਨੇ ਹੋਰਨਾਂ ਜਥੇਬੰਦੀਆਂ ਵਾਂਗ ਖੁਦ ਨੂੰ ਰਜਿਸਟਰਡ ਨਹੀਂ ਕਰਵਾਇਆ। ਇਸ ਕਰਕੇ ਇਸ ਨੂੰ ਮਿਲਦੇ ਪੈਸਿਆਂ ਦਾ ਕਿਸੇ ਨੂੰ ਕੁਝ ਨਹੀਂ ਪਤਾ ਲੱਗਦਾ। 'ਦੀ ਨਿਊਜ਼ ਮਿੰਟ' ਦੀ ਇਸ ਰਿਪੋਰਟ ਨਾਲ ਉਸ 'ਤੇ ਖੁਦ ਨੂੰ ਰਜਿਸਟਰਡ ਕਰਵਾਉਣ ਦਾ ਨਿਸਚੇ ਹੀ ਦਬਾਅ ਵਧੇਗਾ। ਕੇਂਦਰ ਸਰਕਾਰ ਦੀ ਵੀ ਜ਼ਿੰਮੇਵਾਰੀ ਹੈ ਕਿ ਉਹ ਉਸ ਨੂੰ ਰਜਿਸਟਰਡ ਕਰੇ, ਤਾਂ ਜੋ ਪਤਾ ਲੱਗੇ ਕਿ ਉਸ ਨੂੰ ਮਾਇਆ ਕੌਣ ਦਿੰਦੇ ਹਨ।

## ਵੋਟਾਂ ਬਟੋਰਨ ਵਾਲੇ !

ਬੋਲਦੇ ਸਟੇਜਾਂ 'ਤੇ ਬੰਨ੍ਹ ਕੇ 'ਵਿਸ਼ੇਸ਼' ਪੱਗਾਂ,
ਬਣਦੇ ਹਮਾਇਤੀ ਕਿਸੇ ਵੱਖਰੀ 'ਵਹੀਰ' ਦੇ।
ਪੈਰਾਂ 'ਤੇ ਝੁਕਦੇ ਨੇ ਬਾਬਿਆਂ ਦੇ ਡੇਰੇ ਜਾ ਕੇ,
ਜ਼ੈਲਦਾਰ ਬਣ ਜਾਂਦੇ ਉਨ੍ਹਾਂ ਦੀ 'ਜਗੀਰ' ਦੇ।
ਅੰਧ-ਵਿਸ਼ਵਾਸ ਤੇ ਵਧਾਉਂਦੇ ਹੋਰ ਗੁਰੂ-ਡੰਮ,
ਜਿੱਥੇ ਲੋਕ ਪਹਿਲੋਂ ਹੀ ਫਕੀਰ ਨੇ ਲਕੀਰ ਦੇ।
ਕੋਈ ਭੇਜੇ ਤੀਰਥਾਂ ਨੂੰ ਬੱਸਾਂ ਭਰ ਲੋਕਾਂ ਦੀਆਂ,
ਧਨ ਸਰਕਾਰੀ ਨੇ ਲੁਟਾਉਂਦੇ 'ਮਾਮੇ ਹੀਰ' ਦੇ।
ਅੱਡਿਆਂ ਸਟੇਸ਼ਨਾਂ ਨੂੰ ਨਾਂ ਦੇ ਕੇ ਰਹਿਬਰਾਂ ਦੇ,
ਵਿੰਨ੍ਹਦੇ 'ਨਿਸ਼ਾਨੇ' ਏਦਾਂ ਵੱਖਰੇ ਹੀ 'ਤੀਰ' ਦੇ।
ਵੋਟਾਂ ਹੀ ਬਟੋਰਨੇ ਦੇ ਕਰਦੇ 'ਡਰਾਮੇ' ਰਹਿੰਦੇ,
ਹੁੰਦੇ ਇਹ ਅਸਲ ਕਿਸੇ ਗੁਰੂ ਦੇ ਨਾ ਪੀਰ ਦੇ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

## 40ਵੀਂ ਬਰਸੀ 'ਤੇ ਵਿਸ਼ੇਸ਼

# ਦੀਨ-ਦੁਖੀ ਲਈ ਬੇਗਰਜ਼ ਲੜਨ ਵਾਲਾ ਹੀ ਅਸਲੀ ਸ਼ਹੀਦ ਹੁੰਦਾ

ਬਲਕਾਰ ਸਿੰਘ ਵਲਟੋਹਾ

ਅਕਸਰ ਚਰਚਾ ਹੁੰਦੀ ਹੈ ਕਿ ਅੰਗਰੇਜ਼ਾਂ ਨੇ ਭਾਰਤੀਆਂ ਨੂੰ ਧਰਮ, ਜਾਤ, ਭਾਸ਼ਾ, ਇਲਾਕਿਆਂ ਆਦਿ ਦੇ ਨਾਂਅ 'ਤੇ ਲੜਾਇਆ। ਹਕੀਕਤ ਵਿੱਚ ਇਹ ਸਰਮਾਏਦਾਰੀ ਰਾਜ ਪ੍ਰਬੰਧ ਦੀ ਲੋੜ ਹੁੰਦੀ ਹੈ, ਉਹ ਸਾਰੀ ਦੁਨੀਆ 'ਤੇ ਅਜਿਹੇ ਢੰਗਾਂ ਨਾਲ ਅਖੌਤੀ ਵਿਤਕਰੇ ਖੜ੍ਹੇ ਕਰਕੇ ਆਮ ਮਿਹਨਤਕਸ਼ ਲੋਕਾਂ ਨੂੰ ਆਪਸੀ ਦੁਸ਼ਮਣ ਬਣਾ ਦਿੰਦਾ ਹੈ, ਤਾਂ ਕਿ ਇਸ ਲੋਟੂ ਨਿਜ਼ਾਮ ਦੀ ਉਮਰ ਲੰਮੀ ਹੋ ਸਕੇ। ਅੱਜ ਦੇ ਪੂੰਜੀਵਾਦੀ ਦੌਰ 'ਚ ਵੀ ਇਹ ਜ਼ਹਿਰੀਲਾ ਪ੍ਰਚਾਰ ਦੁਨੀਆ ਦੇ ਹਰ ਖਿੱਤੇ ਵਿੱਚ ਕਿਸੇ ਨਾ ਕਿਸੇ ਰੂਪ ਵਿੱਚ ਪਰੋਸਿਆ ਜਾ ਰਿਹਾ ਹੈ।

ਕਮਿਊਨਿਸਟ ਇੱਕ ਵੱਖਰੀ ਮਿੱਟੀ ਦੇ ਬਣੇ ਹੁੰਦੇ ਹਨ, ਇਸ ਕਰਕੇ ਉਹਨਾਂ ਨੂੰ ਅਜਿਹੇ ਅਣਮਨੁੱਖੀ ਵਰਤਾਰੇ ਬਹੁਤ ਚੁੱਭਦੇ ਹਨ, ਕਿਉਂਕਿ ਉਨ੍ਹਾਂ ਨੂੰ ਸਮਝ ਹੁੰਦੀ ਹੈ ਕਿ ਅਜਿਹੀਆਂ ਸਮਾਜੀ ਨਫ਼ਰਤਾਂ ਨਾਲ ਮਿਹਨਤਕਸ਼ ਜਨਤਾ ਦਾ ਸਭ ਤੋਂ ਵੱਡਾ ਨੁਕਸਾਨ ਹੁੰਦਾ ਹੈ ਅਤੇ ਹਾਕਮ ਜਮਾਤ ਇਸ ਵਰਤਾਰੇ ਨਾਲ ਮਿਹਨਤਕਸ਼ ਜਨਤਾ ਦੀ ਲੁੱਟ ਵਧਾਉਂਦੀ ਜਾਂਦੀ ਹੈ।

ਅਜਿਹੇ ਫੁੱਟ-ਪਾਊ ਵਰਤਾਰਿਆਂ ਨੂੰ ਸਰਮਾਏਦਾਰੀ ਪ੍ਰਬੰਧ ਦੀਆਂ ਸਿਆਸੀ ਪਾਰਟੀਆਂ ਦੇ ਆਗੂ ਆਪਣੀ ਸੱਤਾ ਨੂੰ ਕਾਇਮ ਰੱਖਣ ਲਈ ਵੋਟ ਰਾਜਨੀਤੀ ਦੇ ਲਾਲਚ ਵਿੱਚ ਹੋਰ ਹਵਾ ਦਿੰਦੇ ਹਨ ਤੇ ਕਈ ਵਾਰ ਖੁਦ ਇਸ ਦੀ ਲਪੇਟ ਵਿੱਚ ਵੀ ਆ ਜਾਂਦੇ ਹਨ, ਜਿਵੇਂ ਪੰਜਾਬ ਦੇ ਕਾਲੇ ਦੌਰ ਵਿੱਚ ਮਾਸੂਮ ਲੋਕਾਂ ਦੇ ਕਤਲਾਂ ਤੋਂ ਲੈ ਕੇ ਹਰਚੰਦ ਸਿੰਘ ਲੌਂਗੋਵਾਲ, ਭਿੰਡਰਾਂਵਾਲੇ, ਬੇਅੰਤ ਸਿੰਘ ਤੇ ਇੰਦਰਾ ਗਾਂਧੀ ਦੇ ਮਾਰੇ ਜਾਣਾ।

ਅੱਜਕੱਲ੍ਹ ਵੀ ਸਾਡੇ ਦੇਸ਼ ਵਿੱਚ ਹਾਕਮ ਪਾਰਟੀ ਫਿਰਕੂ ਜ਼ਹਿਰ ਪ੍ਰਚਾਰ ਦਾ ਖੱਟਿਆ ਖਾ ਰਹੀ ਹੈ। ਹੁਣ ਪੰਜਾਬ ਦੇ ਕਾਲੇ ਦੌਰ ਬਾਰੇ ਬਣੀ ਫਿਲਮ ਸਤਲੁਜ ਨੂੰ ਵੀ ਬੜੀ ਚਲਾਕੀ ਨਾਲ ਯੂ ਪੀ ਤੇ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਖ਼ੂਬ ਵਰਤਣ ਦੀ ਕੋਸ਼ਿਸ਼ ਫ਼ਿਕਾਪ੍ਰਸਤ ਤਾਕਤਾਂ ਵੱਲੋਂ ਕੀਤੀ ਜਾ ਰਹੀ ਹੈ।ਪੰਜਾਬ ਦੇ ਸੰਤਾਲੀ ਵਾਲੇ ਜ਼ਖ਼ਮ ਵੀ ਅਜੇ ਤੱਕ ਨਹੀਂ ਭਰੇ ਤਾਂ ਏ ਕੇ ਸੰਤਾਲੀ ਦੇ ਦੌਰ ਦੇ ਤਾਂ ਹੋਰ ਤਾਜ਼ੇ ਹਨ।

ਦਹਿਸ਼ਤਗਰਦੀ ਦੇ ਇਸ ਦੌਰ ਵਿੱਚ ਮਨੁੱਖੀ ਏਕਤਾ ਨੂੰ ਕਾਇਮ ਰੱਖਣ ਦੀ ਚਾਹਤ ਨੇ ਬਹੁਤ ਸਾਰੇ ਕਮਿਊਨਿਸਟਾਂ ਨੂੰ ਸ਼ਹਾਦਤ ਦੇ ਲੜ ਲਾਇਆ। ਇਹਨਾਂ ਸ਼ਹਾਦਤਾਂ ਵਿੱਚ ਅੱਤਵਾਦ ਦਾ ਗੜ੍ਹ ਰਹੇ ਤਰਨ ਤਾਰਨ ਇਲਾਕੇ ਦੇ ਬਹੁਤ ਸਾਰੇ ਕਮਿਊਨਿਸਟ ਆਗੂ ਤੇ ਵਰਕਰ ਅਤੇ ਕਈਆਂ ਦੇ ਪਰਵਾਰ ਵੀ ਸ਼ਹੀਦ ਕੀਤੇ ਗਏ।

ਏ ਕੇ ਸੰਤਾਲੀ ਦੇ ਇਸ ਦਹਿਸ਼ਤੀ ਦੌਰ ਵਿੱਚ 21 ਜੁਲਾਈ 1987 ਦੀ ਰਾਤ ਨੂੰ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਸੋਹਲ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੇ ਸਥਾਨਕ ਆਗੂ ਤੇ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਅੰਮ੍ਰਿਤਸਰ ਦੇ ਮੀਤ ਸਕੱਤਰ ਕਾਮਰੇਡ ਸਵਰਨ ਸਿੰਘ ਸੋਹਲ, ਉਹਨਾ ਦੀ ਅੱਸੀ ਸਾਲਾ ਮਾਤਾ, ਪਤਨੀ, ਖੇਤੀ ਸਹਾਇਕ ਮਜ਼ਦੂਰ, ਇੱਕ ਮਾਸੂਮ ਬੇਟੀ ਸਮੇਤ ਪੰਜ ਜੀਅ ਸ਼ਹੀਦ ਕਰ ਦਿੱਤੇ ਗਏ। ਦੋ ਬੇਟੀਆਂ ਜ਼ਖ਼ਮੀ ਹੋਈਆਂ। ਜ਼ਖ਼ਮੀ ਹੋਣ ਵਾਲੀਆਂ ਬੇਟੀਆਂ ਵਿੱਚ ਹੁਣ ਪੰਜਾਬ ਇਸਤਰੀ ਸਭਾ ਦੀ ਜਨਰਲ ਸਕੱਤਰ ਨਰਿੰਦਰ ਕੌਰ ਸੋਹਲ ਤੇ ਮੇਰੀ ਜੀਵਣ ਸਾਥਣ ਬਣੀ ਵੀਰਇੰਦਰ ਕੌਰ ਸਨ।ਫ਼ਖ਼ਰ ਦੀ ਗੱਲ ਇਹ ਹੈ ਕਿ ਅੱਜ ਵੀ ਸਾਰਾ ਪਰਿਵਾਰ ਉਸੇ ਤਰ੍ਹਾਂ ਭਾਰਤੀ ਕਮਿਊਨਿਸਟ ਪਾਰਟੀ ਦਾ ਸਰਗਰਮ ਵਰਕਰ ਹੈ। ਬੇਟਾ ਗੁਰਬਿੰਦਰ ਸਿੰਘ ਸੋਹਲ ਗੰਡੀਵਿੰਡ ਬਲਾਕ ਕਮੇਟੀ ਦਾ ਸਕੱਤਰ ਹੈ। ਸਭ ਤੋਂ ਵੱਡੀ ਬੇਟੀ ਭੁਪਿੰਦਰ ਕੌਰ ਕਾਮਰੇਡ ਸਵਰਨ ਸੋਹਲ ਦੇ ਭਰਾਵਾਂ ਤੋਂ ਵੀ ਵੱਧ ਪਿਆਰੇ ਦੋਸਤ ਤੇ ਪਾਰਟੀ ਆਗੂ ਕਾਮਰੇਡ ਸੁਖਚੈਨ ਸਿੰਘ ਚੇਅਰਮੈਨ ਸੂਬਾ ਕੰਟਰੋਲ ਕਮਿਸ਼ਨ ਪੰਜਾਬ ਦੀ ਭਤੀਜ ਨੂੰਹ ਹੈ। ਛੋਟੀ ਕੁਲਵਿੰਦਰ ਕੌਰ ਵੀ ਦਿੱਲੀ ਰਹਿੰਦੀ ਹੋਣ ਕਾਰਨ ਦਿੱਲੀ ਕਿਸਾਨ ਮੋਰਚੇ ਦੇ ਪੂਰੀ ਤਰ੍ਹਾਂ ਅੰਗ-ਸੰਗ ਰਹੀ ਤੇ ਹੋਰ ਵੀ ਜੋ ਸੰਭਵ ਹੋਵੇ, ਪਾਰਟੀ ਦੇ ਨਾਲ ਹੈ।

ਹੁਣ ਸਵਾਲ ਪੈਦਾ ਹੁੰਦਾ ਹੈ ਕਿ ਅਜਿਹੇ ਅਣਮਨੁੱਖੀ ਕਾਰੇ ਕਰਨ ਵਾਲਿਆਂ ਨੂੰ ਦਹਿਸ਼ਤਗਰਦ/ ਅੱਤਵਾਦੀ ਨਾ ਕਿਹਾ ਜਾਵੇ ਤਾਂ ਕੀ ਕਿਹਾ ਜਾਵੇ ?

ਕਾਮਰੇਡ ਸਵਰਨ ਸਿੰਘ ਸੋਹਲ ਤੇ ਉਸ ਸਮੇਂ ਹੋਰ ਸ਼ਹੀਦ ਹੋਏ ਕਾਮਰੇਡਾਂ ਦਾ ਕਸੂਰ ਇਹ ਸੀ ਕਿ ਉਹ



ਪਿੰਡਾਂ ਤੇ ਛੋਟੇ ਸ਼ਹਿਰਾਂ ਵਿੱਚੋਂ ਮਾਰੇ ਤੇ ਉਜਾੜੇ ਜਾ ਰਹੇ ਹਿੰਦੂ ਪਰਵਾਰਾਂ ਤੇ ਹੋਰ ਪੀੜਤ ਲੋਕਾਂ ਨੂੰ ਰੱਖਿਆ ਦੇਣ ਦੀ ਕੋਸ਼ਿਸ਼ ਕਰਦੇ ਸਨ ਅਤੇ ਧਰਮ ਦੇ ਨਾਂਅ 'ਤੇ ਅਧਰਮੀਂ ਕਾਰਿਆਂ ਨੂੰ ਖੁੱਲ੍ਹ ਕੇ ਨਿੰਦਦੇ ਸਨ। ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਸੰਨ ਸੰਤਾਲੀ ਦੀ ਦੇਸ਼ ਵੰਡ ਸਮੇਂ ਹੋਏ ਦੰਗਿਆਂ ਦੌਰਾਨ ਵੀ ਮਾਸੂਮਾਂ ਨੂੰ ਦਰਿੰਦਿਆਂ ਤੋਂ ਬਚਾਉਂਦਿਆਂ ਆਪਣੀਆਂ ਜਾਨਾਂ ਵਾਰੀਆਂ ਸਨ। 1984 ਦੇ ਸਿੱਖ ਵਿਰੋਧੀ ਦੰਗਿਆਂ ਸਮੇਂ ਜਿੱਥੇ ਕਮਿਊਨਿਸਟ ਸਰਕਾਰਾਂ ਸਨ, ਉੱਥੇ ਸਿੱਖਾਂ ਦਾ ਵਾਲ ਵੀ ਵਿੰਗਾ ਨਹੀਂ ਹੋਣ ਦਿੱਤਾ ਤੇ ਹੋਰ ਥਾਈਂ ਵੀ ਆਪਣੀ ਸਮਰੱਥਾ ਅਨੁਸਾਰ ਇਹਨਾਂ ਦੀ ਰਾਖੀ ਕੀਤੀ।

ਕਾਮਰੇਡ ਸਵਰਨ ਸਿੰਘ ਸੋਹਲ ਇੱਕ ਨਿਧੜਕ, ਦਲੇਰ, ਬੇਬਾਕ, ਨਿਡਰ ਅਤੇ ਵਧੀਆ ਮਖੌਲੀਆ ਸੁਭਾਅ ਦਾ ਮਾਲਕ ਸੀ। ਮਾੜੇ-ਧੀੜੇ ਦੇ ਹੱਕ ਵਿੱਚ ਕਿਸੇ ਨਾਢੂ ਖਾਂ ਅੱਗੇ ਹਿੱਕ ਡਾਹੁਣਾ ਉਹਦੇ ਹਿੱਸੇ ਆਇਆ ਸੀ। ਕਿਸਾਨਾਂ, ਮਜ਼ਦੂਰਾਂ ਦੇ ਸੰਘਰਸ਼ਾਂ ਵਿੱਚ ਉਹਨੇ ਹੱਸ ਕੇ ਜੇਲ੍ਹ ਵੀ ਕੱਟੀ ਸੀ ਤੇ ਨਾਲ ਦੇ ਸਾਥੀਆਂ ਨੂੰ ਆਪਣੇ ਮਜ਼ਾਕੀਆ ਲਹਿਜੇ ਨਾਲ ਜੇਲ੍ਹ ਵਿੱਚ ਖੁਸ਼ ਵੀ ਪੂਰਾ ਰੱਖਿਆ ਸੀ। ਉਹਦੇ ਇਸ ਹੱਸਮੁੱਖ ਸੁਭਾਅ ਕਾਰਨ ਹੀ ਕਿਸਾਨ ਸਭਾ ਜਾਂ ਕਮਿਊਨਿਸਟ ਪਾਰਟੀ ਦੇ ਕਿਸੇ ਮੀਟਿੰਗ, ਮੁਜ਼ਾਹਰੇ ਵਿੱਚ ਉਸ ਦੀ ਸ਼ਮੂਲੀਅਤ ਹੁੰਦਿਆਂ ਹੀ ਉਸ ਦੇ ਜਾਣਕਾਰ ਖੁਸ਼ ਹੋ ਜਾਂਦੇ ਸਨ।

ਉਹਨੇ ਛੇ ਸਾਲ ਫੌਜ ਦੀ ਨੌਕਰੀ ਵੀ ਕੀਤੀ ਸੀ, 1965 ਦੀ ਭਾਰਤ-ਪਾਕਿਸਤਾਨ ਜੰਗ ਉਹ ਭਾਰਤ ਵੱਲੋਂ ਲੜਿਆ ਵੀ ਸੀ। ਏਨਾ ਸ਼ਾਨਦਾਰ ਡਰਾਈਵਰ ਸੀ ਕਿ ਉਹ ਇੱਕ ਹਵਾਈ ਜਹਾਜ਼ ਤੋਂ ਬਿਨਾਂ ਧਰਤੀ 'ਤੇ ਚੱਲਣ ਵਾਲੇ ਹਰ ਵਾਹਨ ਨੂੰ ਬਾਖੂਬੀ ਚਲਾ ਲੈਂਦਾ ਸੀ। ਉਹਨਾਂ ਦੀ ਇਹ ਡਰਾਇਵਰੀ ਇਹਨਾਂ ਔਖੇ ਹਾਲਤਾਂ 'ਚ ਪਾਰਟੀ ਦੇ ਕੰਮ ਆਉਂਦੀ ਰਹੀ।

ਕਾਮਰੇਡ ਸਵਰਨ ਸਿੰਘ ਸੋਹਲ ਤੇ ਉਸ ਸਮੇਂ ਦੇ ਹੋਰ ਸ਼ਹਾਦਤਾਂ ਨੂੰ ਪ੍ਰਣਾਏ ਕਮਿਊਨਿਸਟਾਂ ਨੂੰ ਯਾਦ ਕਰਦਿਆਂ ਸਾਨੂੰ ਮੌਜੂਦਾ ਇਸ ਸਰਮਾਏਦਾਰੀ ਪ੍ਰਬੰਧ ਨੂੰ ਖਤਮ ਕਰਕੇ ਸਾਂਝੀਵਾਲਤਾ ਤੇ ਸਰਬੱਤ ਦੇ ਭਲੇ ਵਾਲਾ ਰਾਜ ਪ੍ਰਬੰਧ ਬਣਾਉਣ ਲਈ ਘਾਲਣਾ ਤੇਜ਼ ਕਰਨੀ ਬਣਦੀ ਹੈ ਤਾਂ ਕਿ ਸਰਮਾਏਦਾਰੀ/ਸਾਮਰਾਜ ਜਮਾਤ ਦੇ ਫੀਲੇ ਮੋਦੀ, ਟਰੰਪ ਵਰਗਿਆਂ ਨੂੰ ਪਰ੍ਹੇ ਸੁੱਟਿਆ ਜਾ ਸਕੇ, ਜੋ ਅੱਜ ਫਿਰ ਮਿਹਨਤਕਸ਼ ਜਨਤਾ ਦੀ ਲੁੱਟ ਲਈ ਅਤੇ ਕਾਰਪੋਰੇਟ ਘਰਾਣਿਆਂ ਦੇ ਘਰ ਭਰਨ ਲਈ ਫ਼ਿਰਕੂ ਜ਼ਹਿਰ ਫੈਲਾਉਂਦੇ ਅਤੇ ਬੇਲੋੜੀਆਂ ਜੰਗਾਂ ਰਾਹੀਂ ਮਨੁੱਖਤਾ ਦਾ ਘਾਣ ਕਰ ਰਹੇ ਹਨ।

ਯਾਦ ਰੱਖਣੇ ਚਾਹੀਦੇ ਸਤਿਗੁਰੂ ਭਗਤ ਕਬੀਰ ਜੀ ਦੇ ਬੋਲ: ਸੂਰਾ ਸੋ ਪਹਿਚਾਨੀਐ ਜੋ ਲਰੈ ਦੀਨ ਕੇ ਹੇਤੁ.....॥

ਦੀਨ-ਦੁਖੀ ਲਈ ਬੇਗਰਜ਼ ਲੜਨ ਵਾਲਾ ਹੀ ਅਸਲੀ ਸ਼ਹੀਦ ਹੁੰਦਾ ਹੈ।

# ਸੰਪਰਕ : 81465-55075

# ਪੰਜਾਬ ਦੇ ਕਾਂਗਰਸੀ ਕੁਆਲੀਫਾਇੰਗ ਦੌਰ ਵਿੱਚ

ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਅਗਲੇ ਵਰ੍ਹੇ ਦੇ ਸ਼ੁਰੂ ਵਿੱਚ ਹਨ। ਕਿਹਾ ਜਾ ਸਕਦਾ ਹੈ ਕਿ ਇਸ ਚੋਣ ਮੁਕਾਬਲੇ ਲਈ ਸਭ ਤੋਂ ਵਧੇਰੇ ਤਿਆਰੀ ਵਿੱਚ ਆਮ ਆਦਮੀ ਪਾਰਟੀ ਅਤੇ ਭਾਜਪਾ ਹਨ। ਅਕਾਲੀਆਂ ਦੀਆਂ ਕਈ ਟੀਮਾਂ ਹਨ ਅਤੇ ਕਿਸੇ ਟੀਮ ਦੇ ਕਿਸ ਖਿਡਾਰੀ ਨੇ ਕੱਲ੍ਹ ਕਿੱਥੇ ਆਪਣੀ ਹਾਜ਼ਰੀ ਦੇਣੀ ਹੈ, ਇਹਦਾ ਅੱਜ ਸ਼ਾਮ ਤੱਕ ਉਹਨੂੰ ਆਪ ਨੂੰ ਪਤਾ ਨਹੀਂ ਹੁੰਦਾ। ਕਾਂਗਰਸ ਹਾਲੇ ਆਪਣੀਆਂ ਹੀ ਟੀਮਾਂ ਦੇ ਕੁਆਲੀਫਾਇੰਗ ਮੈਚਾਂ ਦੇ ਦੌਰ ਵਿੱਚ ਹੈ। ਭਾਵ ਕਾਂਗਰਸ ਦੀ ਫਾਈਨਲ ਟੀਮ ਨੇ ਹਾਲੇ ਕੁਆਲੀਫਾਇੰਗ ਦੌਰ ਵਿੱਚੋਂ ਕੁਆਲੀਫਾਈ ਕਰਕੇ ਵਿਰੋਧੀਆਂ ਸਾਹਮਣੇ ਆਉਣਾ ਹੈ। ਕੈਪਟਨ ਦਾ ਮੁੱਦਾ ਇਸ ਪਾਰਟੀ ਲਈ ਚੋਣ ਜਿੱਤਣ ਤੋਂ ਵੀ ਵੱਡਾ ਹੈ। ਹਾਸੋਹੀਣੀ ਸਥਿਤੀ ਇਹ ਹੈ ਕਿ ਕਾਂਗਰਸ ਦੇ ਉਪਰਲੇ ਚੋਣਕਾਰ, ਜਿਸ ਨੂੰ ਜਿਹੜੀ ਥਾਂ ਉੱਤੇ ਖੇਡਣ ਦਾ ਕਾਰਜ ਦਿੰਦੇ ਹਨ, ਉਹ ਉੱਥੇ ਖੇਡਣ ਨੂੰ ਰਾਜ਼ੀ ਨਹੀਂ। ਚੋਣਾਂ ਤੱਕ ਵੀ ਇਹਨਾਂ ਦਾ ਕਲੇਸ਼ ਮੁਕਣਾ ਨਹੀਂ। 2022 ਦੀ ਵਿਧਾਨ ਸਭਾ ਚੋਣ ਤੋਂ ਇਹਨਾਂ ਇਕੋ ਸਬਕ ਲਿਆ ਕਿ ਉਸੇ ਸਬਕ ਨੂੰ ਦੁਹਰਾਉਂਦੇ ਜਾਣਾ ਹੈ।

ਹਸਾਉਣਾ ਪੱਖ ਇਸ ਤੋਂ ਵੀ ਵੱਡਾ ਇਹਨਾਂ ਦੀਆਂ ਮੀਟਿੰਗਾਂ ਦਾ ਹੈ। ਇਹ ਮੀਟਿੰਗਾਂ ਇੰਝ ਕਰ ਰਹੇ ਹਨ, ਜਿਵੇਂ ਵਿਧਾਨ ਸਭਾ ਦੀ ਚੋਣ ਇਹਨਾਂ ਜਿੱਤ ਲਈ ਹੈ। ਗਵਰਨਰ ਨੇ ਇਹਨਾਂ ਦੇ ਮੁੱਖ ਮੰਤਰੀ ਨੂੰ ਸਹੁੰ ਚੁੱਕਣ ਲਈ ਬੁਲਾਵਾ ਭੇਜ ਰੱਖਿਆ ਹੈ।

ਪੰਜਾਬ ਦੇ ਕਾਂਗਰਸੀਆਂ ਦੀ ਇਹ ਗੱਲ ਦੁਖਦਾਈ ਹੈ ਕਿ ਇਹ ਆਪਣੇ ਕੌਮੀ ਲੀਡਰ ਰਾਹੁਲ ਗਾਂਧੀ ਤੋਂ ਕੁਝ ਵੀ ਸਿੱਖਣ ਲਈ ਤਿਆਰ ਨਹੀਂ। ਸਭ ਨੂੰ ਯਾਦ ਹੈ ਕਿ 2019 ਦੀਆਂ ਆਮ ਚੋਣਾਂ ਵਿੱਚ ਹਾਰਨ ਉਪਰੰਤ ਰਾਹੁਲ ਗਾਂਧੀ ਨੇ ਕਾਂਗਰਸ ਦੀ ਪ੍ਰਧਾਨਗੀ ਤੋਂ ਅਸਤੀਫਾ ਦੇ ਦਿੱਤਾ। ਪਾਰਟੀ ਉਸ ਨੂੰ ਮੁੜ ਪ੍ਰਧਾਨ ਬਣਾਉਣਾ ਚਾਹੁੰਦੀ ਸੀ। ਕਈ ਸਾਲ ਰੇੜਕਾ ਪਿਆ ਰਿਹਾ। ਅਖੀਰ ਪ੍ਰਧਾਨਗੀ ਲਈ ਉਸ ਦੀ ਭੈਣ ਪ੍ਰਿਅੰਕਾ ਗਾਂਧੀ ਦਾ ਨਾਂਅ ਆਉਣਾ ਸ਼ੁਰੂ ਹੋ ਗਿਆ। ਕੌਮੀ ਆਗੂ ਰਾਹੁਲ ਗਾਂਧੀ ਨੇ ਐਲਾਨ ਹੀ ਕਰ ਦਿੱਤਾ ਕਿ ਗਾਂਧੀ ਪਰਵਾਰ ਵਿੱਚੋਂ ਕੋਈ ਪ੍ਰਧਾਨ ਨਹੀਂ ਬਣੇਗਾ। ਇੱਧਰ ਪ੍ਰਧਾਨਗੀ ਨਹੀਂ ਪੰਜਾਬ ਦੇ ਕਾਂਗਰਸੀਆਂ ਦੇ ਕਲੇਸ਼ ਦਾ ਪੱਧਰ ਪ੍ਰਧਾਨਗੀ ਲਈ ਰਾਹੁਲ ਅਤੇ ਗਾਂਧੀ ਪਰਵਾਰ ਦਾ ਪਿਆਰ ਅਤੇ ਪੰਜਾਬ ਦੇ ਕਾਂਗਰਸੀਆਂ ਅੰਦਰ ਪ੍ਰਧਾਨਗੀ ਲਈ ਮਾਰੋ-ਮਾਰੀ ਦੇ ਅੰਤਰ ਨੂੰ ਕਿਹੜਾ ਨਾਂਅ ਦਿੱਤਾ ਜਾਏ?



ਸੁੱਚਾ ਸਿੰਘ ਖੱਟੜਾ

ਲੋੜ ਤਾਂ ਸੀ ਕਿ ਕਾਂਗਰਸ ਪਾਰਟੀ ਪੰਜਾਬ ਦੇ ਭਖਵੇਂ ਮੁੱਦਿਆਂ ਨੂੰ ਸੂਤਰਬੱਧ ਕਰਦੀ ਅਤੇ ਪੰਜਾਬ ਦੇ ਲੋਕਾਂ ਸਾਹਮਣੇ ਚੁਣਾਵੀ ਮੁੱਦੇ ਉਭਾਰ ਕੇ ਇਹਨਾਂ ਨੂੰ ਹੱਲ ਕਰਨ ਦਾ ਤਰਕੀਬੀ ਪੱਖ ਸਾਹਮਣੇ ਲਿਆਉਂਦੀ, ਪਰ ਇੰਝ ਲੱਗਦਾ ਹੈ ਕਿ ਪੰਜਾਬ ਦੇ ਲੋਕਾਂ ਦਾ ਕਾਂਗਰਸ ਲਈ ਕੋਈ ਮੁੱਦਾ ਨਹੀਂ। ਮੁੱਦਾ ਕੇਵਲ ਕਾਂਗਰਸੀ ਸੂਬਾ ਪ੍ਰਧਾਨ ਦਾ ਹੈ। ਕਾਂਗਰਸੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਦਾ ਮੁੱਦਾ ਲੋਕਾਂ ਦਾ ਮੁੱਦਾ ਨਹੀਂ, ਇਹ ਤੁਹਾਡਾ ਆਪਣਾ ਮੁੱਦਾ ਹੈ। ਜਦੋਂ ਤੁਸੀਂ ਇਸ ਪ੍ਰਧਾਨਗੀ ਦੇ ਮੁੱਦੇ ਨੂੰ ਲੋਕਾਂ ਦੇ ਮੁੱਦੇ ਤੋਂ ਪਹਿਲ ਦਿੰਦੇ ਹੋ ਤਾਂ ਲੋਕ ਇਸ ਦਾ ਬੁਰਾ ਮਨਾਉਂਦੇ ਹਨ।

ਪੰਜਾਬ ਦੇ ਕਾਂਗਰਸੀ ਭਾਵੇਂ ਇੱਕ ਤੋਂ ਵੱਧ ਦੂਜਾ ਰਾਹੁਲ ਗਾਂਧੀ ਨੂੰ ਆਪਣਾ ਸਰਬ ਉੱਚ ਲੀਡਰ ਹੋਣ ਦਾ ਐਲਾਨ ਕਰੀ ਜਾਣ, ਦਿਲੋਂ ਇਹ ਰਾਹੁਲ ਦੇ ਕਾਰਜ-ਕਰਤਾ ਨਹੀਂ। ਰਾਹੁਲ ਗਾਂਧੀ ਆਪਣੀ ਜਾਨ ਜੋਖਮ ਵਿੱਚ ਪਾ ਕੇ ਆਰ ਸ਼ਐਸ▲ ਦੀ ਵਿਚਾਰਧਾਰਾ ਵਿਰੁੱਧ ਬੋਲਦਾ ਹੈ। ਉਹ ਕਾਂਗਰਸ ਦੀ ਆਰ ਐੱਸ ਐੱਸ ਵਿਰੁੱਧ ਢਿੱਲੀ ਪਹੁੰਚ ਦੀ ਇਤਿਹਾਸਕ ਗਲਤੀ ਨੂੰ ਦਰੁਸਤ ਕਰਨ ਦਾ ਹਰ ਉਪਰਾਲਾ ਕਰ ਰਿਹਾ ਹੈ, ਪਰ ਇੱਧਰ ਪੰਜਾਬ ਦਾ ਇਕ ਵੀ ਕਾਂਗਰਸੀ ਸੰਘ ਵਿਰੁੱਧ ਇਕ ਵੀ ਸ਼ਬਦ ਬੋਲਦਾ ਨਹੀਂ ਸੁਣਿਆ। ਇੰਝ ਲਗਦਾ ਹੈ ਕਿ ਇਹ ਲੋਕ ਭਾਜਪਾ ਵੱਲ ਜਾਣ ਦਾ ਆਪਣਾ ਰਾਹ ਖੁੱਲ੍ਹਾ ਰੱਖ ਰਹੇ ਹਨ। ਪੰਜਾਬ ਦੇ ਕਾਂਗਰਸੀਆਂ ਦੀ ਇਸ ਪਹੁੰਚ ਨੂੰ ਅਗਿਆਨ ਕਹੀਏ ਜਾਂ ਬੇਈਮਾਨੀ ਜਾਂ ਪਾਪ ਜਾਂ ਤਿੰਨੋਂ ਸਭ ਕੁਝ ਢੁਕਵਾਂ ਹੈ।

ਏਦਾਂ ਲਗਦਾ ਹੈ ਕਿ ਪੰਜਾਬ ਅੰਦਰ ਜਾਂ ਤਾਂ ਚੰਨੀ ਨੂੰ ਅੱਗੇ ਇਸ ਕਰਕੇ ਕਰ ਰੱਖਿਆ ਹੈ ਕਿ ਉਹ ਦਲਿਤ ਭਾਈਚਾਰੇ ਤੋਂ ਹੈ, ਪਰ ਪੰਜਾਬ ਦੀ ਇਹ ਬਰਾਦਰੀ ਸਿਆਸੀ ਤੌਰ 'ਤੇ ਚੇਤੰਨ ਹੈ। ਇਸੇ ਦਲਿਤ ਸਮਾਜ ਨੇ ਚੰਨੀ ਨੂੰ ਇਕੋ ਸਮੇਂ ਦੋਨੋਂ ਸੀਟਾਂ 'ਤੇ ਬੁਰੀ ਤਰ੍ਹਾਂ ਹਰਾ ਕੇ ਵਾਪਸ ਘਰ ਭੇਜ ਦਿੱਤਾ ਸੀ। ਚਰਨਜੀਤ ਚੰਨੀ ਨੂੰ ਆਪਣੀ ਬਣੀ ਹੋਈ ਸਾਖ ਇਸ ਭਾਅ ਗਵਾਉਣੀ ਨਹੀਂ ਚਾਹੀਦੀ। ਉਹ ਜੇਕਰ ਏਨਾ ਹੀ ਮਕਬੂਲ ਲੀਡਰ ਹੈ ਤਾਂ ਉਸ ਨੂੰ ਪੰਜਾਬ ਦੀ ਆਉਣ ਵਾਲੀ ਵਿਧਾਨ ਸਭਾ ਚੋਣ ਦੀ ਲੜਾਈ ਵਿੱਚ ਜੁੱਟ ਜਾਣਾ ਚਾਹੀਦਾ ਹੈ। ਆਹ ਜੋ ਪਾਰਟੀ ਦੇ ਅੰਦਰ ਕਾਟੋ-ਕਲੇਸ਼ ਦੀ ਅਗਵਾਈ ਦਾ ਪਟਾ ਗਲ ਲਟਕਾਈ ਮੀਟਿੰਗਾਂ ਬੁਲਾਉਣਾ ਹੈ, ਇਹ ਚੰਨੀ ਦੀ ਸਾਖ ਨੂੰ ਦੂਹਰਾ ਖੋਰਾ ਲਾ ਰਿਹਾ ਹੈ। ਇੱਕ ਪੰਜਾਬ ਦੇ ਉਹਨਾਂ ਲੋਕਾਂ ਵਿੱਚ ਉਸ ਦੀ ਸ਼ਾਖ ਡਿਗ ਰਹੀ ਹੈ, ਜਿਹੜੇ ਪੰਜਾਬ ਅੰਦਰ ਬਦਲਾਅ ਸੋਚ ਰਹੇ ਹਨ, ਦੂਜੇ ਪਾਸੇ ਕੇਂਦਰੀ ਲੀਡਰਸ਼ਿਪ ਦੀਆਂ ਨਜ਼ਰਾਂ ਵਿੱਚ ਵੀ ਚੰਨੀ ਦੀ ਸਾਖ ਨੂੰ ਖੋਰਾ ਲਗ ਰਿਹਾ ਹੈ। ਇਸ ਘੁੰਮਣਘੇਰੀ ਵਿੱਚੋਂ ਜਲਦੀ ਨਿਕਲਣਾ ਹੀ ਕਾਂਗਰਸ ਦੇ ਹਿਤ ਵਿੱਚ ਹੈ।

ਪੰਜਾਬ ਦੇ ਲੋਕ ਬੇਹਤਰੀ ਲਈ ਬਦਲਾਅ ਵੱਲ ਸੋਚਣਗੇ। ਜੇਕਰ ਕਾਂਗਰਸ ਨੇ ਬੇਹਤਰੀ ਦਾ ਕੋਈ ਨਕਸ਼ਾ ਸਾਹਮਣੇ ਨਹੀਂ ਲਿਆਉਣਾ ਤਾਂ ਮੌਜੂਦਾ ਸਰਕਾਰ ਹੀ ਪਸੰਦ ਕਿਉਂ ਨਹੀਂ ਬਣੀ ਰਹਿ ਸਕਦੀ। ਪੰਜਾਬ ਦੀਆਂ ਪਿਛਲੀਆਂ ਸਰਕਾਰਾਂ ਤੋਂ ਬੁਰੀ ਸਰਕਾਰ ਤਾਂ ਇਹਨੂੰ ਕਿਹਾ ਨਹੀਂ ਜਾ ਸਕਦਾ।

ਕਮਾਲ ਇਹ ਹੈ ਕਿ ਪੰਜਾਬ ਸਿਰ ਚੜ੍ਹ ਰਿਹਾ ਕਰਜ਼ਾ, ਪੰਜਾਬ ਦੀ ਉਪਜਾਊ ਮਿੱਟੀ ਦਾ ਦੂਸ਼ਿਤ ਅਤੇ ਕਮਜ਼ੋਰ ਪੈਣਾ, ਫ਼ਸਲੀ ਵੰਨ-ਸੁਵੰਨਤਾ ਦਾ ਮਾਡਲ, ਖੇਤੀ ਪੈਦਾਵਾਰ ਅਧਾਰਤ ਉਦਯੋਗ, ਨਸ਼ਿਆਂ ਦਾ ਮੁੱਦਾ, ਗੈਂਗਸਟਰਵਾਦ, ਆਮ ਲੋਕਾਂ ਲਈ ਮਿਆਰੀ ਸਿਖਿਆ ਮਾਡਲ ਅਤੇ ਮਿਆਰੀ ਸਿਹਤ ਮਾਡਲ, ਨਜਾਇਜ਼ ਮਾਈਨਿੰਗ, ਸਤਲੁਜ ਫਿਲਮ ਸੰਬੰਧੀ ਸਾਵੀਂ ਪਹੁੰਚ, ਪੰਜਾਬ ਤੋਂ ਉਦਯੋਗਾਂ ਦਾ ਪਲਾਇਨ, ਨਵੇਂ ਉਦਯੋਗ ਲਗਾਉਣ ਦੀਆਂ ਸੰਭਾਵਨਾਵਾਂ ਦਾ ਮਿਟ ਜਾਣਾ ਆਦਿ ਅਜਿਹੇ ਮੁੱਦੇ ਹਨ, ਜਿਹਨਾਂ ਉੱਤੇ ਜਨ ਚੇਤਨਾ ਪ੍ਰਚਾਰ ਅਤੇ ਸੰਵਾਦ ਨਾਲ ਹੀ ਵਿਕਸਤ ਹੋ ਸਕਦੀ ਹੈ। ਇਸ ਫਰੰਟ ਉੱਤੇ ਕੁਝ ਕਰਨ ਦੀ ਮਹੱਤਤਾ ਕਾਂਗਰਸ ਲਈ ਕੋਈ ਮੁੱਦਾ ਨਹੀਂ। ਜੇਕਰ ਇਹਨਾਂ ਮੁੱਦਿਆਂ ਉੱਤੇ ਕਾਂਗਰਸ ਦੀ ਚੋਣਾਵੀ ਜ਼ੁੰਮੇਵਾਰੀ ਅਤੇ ਜਿਹਨਾਂ ਮੁੱਦਿਆਂ ਉੱਤੇ ਇਹ ਨਿੱਤ ਮੀਟਿੰਗਾਂ ਕਰਦੇ ਹਨ, ਦੋਨਾਂ ਨੂੰ ਸਮਾਂਤਰ ਰੱਖ ਕੇ ਵੇਖਿਆ ਜਾਵੇ ਅਤੇ ਪੰਜਾਬ ਦੇ ਕਾਂਗਰਸੀਆਂ ਦੀ ਪ੍ਰਾਥਮਿਕਤਾ ਵੇਖੀ ਜਾਵੇ ਤਾਂ ਪੰਜਾਬ ਅੰਦਰ ਬਦਲਾਅ ਚਾਹੁਣ ਵਾਲੇ ਲੋਕਾਂ ਕੋਲ ਇਹ ਹੀ ਰਸਤਾ ਹੈ ਕਿ ਉਹ ਇਹਨਾਂ ਨੂੰ ਇਹਨਾਂ ਦੇ ਗੁਨਾਹ ਦੀ ਮਾਤਰਾ ਬਰਾਬਰ ਸਬਕ ਸਿਖਾਉਣ।

# ਸੰਪਰਕ : 94176-52947

# ਮਨੀਪੁਰ ਲਈ ਕੋਈ ਰਾਹਤ ਨਹੀਂ

ਮੂਲ : ਕੇ. ਜੇ

ਅਨੁਵਾਦ : ਪ੍ਰਿਥੀਪਾਲ ਸਿੰਘ ਮਾੜੀਮੇਘਾ

ਹਿੰਦੁਸਤਾਨ ਦਾ ਇੱਕ ਸੂਬਾ ਮਨੀਪੁਰ, ਜੋ ਬਹੁਤ ਦੂਰ ਉੱਤਰ-ਪੂਰਬ ਵਿੱਚ ਹੈ, ਪਿਛਲੇ ਤਿੰਨ ਸਾਲਾਂ ਦੇ ਵਧੇਰੇ ਸਮੇਂ ਤੋਂ ਲਗਾਤਾਰ ਜਾਤੀਵਾਦ ਤੇ ਇਲਾਕਾਵਾਦ ਦੀ ਹਿੰਸਾ ਦੀ ਲਪੇਟ ਵਿੱਚ ਹੈ। ਹਰ ਪਲ ਘਾਤ ਲਗਾ ਕੇ ਕੀਤੇ ਜਾਣ ਵਾਲੇ ਘਾਤਕ ਹਮਲਿਆਂ ਨਾਲ ਮਨੁੱਖੀ ਘਾਣ ਹੋ ਰਿਹਾ ਹੈ, ਜਿਸ ਵਿੱਚ ਵੱਡੀ ਪੱਧਰ 'ਤੇ ਬੇਗੁਨਾਹ ਲੋਕ ਮਾਰੇ ਜਾਂ ਉੱਜੜ ਰਹੇ ਹਨ। ਮਨੁੱਖਾਂ ਨੂੰ ਜ਼ਬਰਦਸਤੀ ਚੁੱਕਣ ਅਤੇ ਨਾਲ ਹੀ ਇੱਕ-ਦੂਜੇ ਵਿਰੋਧੀ ਪ੍ਰਦਰਸ਼ਨ ਇਸ ਇਲਾਕੇ ਦੀ ਆਮ ਹੀ ਗੱਲ ਬਣ ਗਏ ਹਨ। ਹਕੀਕਤ ਵਿੱਚ ਜਾਤਪਾਤ ਦੇ ਝਗੜੇ ਨੂੰ ਮਤਲਬ ਪ੍ਰਸਤਾਂ ਨੇ ਮਨੀਪੁਰ ਦੀ ਵਸੋਂ ਦੀ ਜ਼ਿੰਦਗੀ ਦਾ ਇੱਕ ਹਿੱਸਾ ਬਣਾ ਦਿੱਤਾ ਹੈ।

ਇਹ ਸੂਬਾ ਕਈ ਇਲਾਕਿਆਂ ਤੇ ਫਿਰਕਿਆਂ ਵਿੱਚ ਵੰਡਿਆ ਪਿਆ ਹੈ। ਪਿਛਲੇ ਕੁਝ ਹਫ਼ਤਿਆਂ ਵਿੱਚ ਦੋ ਫਿਰਕੇ ਮੈਤਈ (ਇਹ ਫਿਰਕਾ ਮਨੀਪੁਰ ਸੈਂਟਰ ਵਿੱਚ ਰਹਿੰਦਾ ਤੇ ਵਸੋਂ 53 ਫੀਸਦੀ ਦੇ ਕਰੀਬ ਅਤੇ ਹਿੰਦੂ ਧਰਮ ਨੂੰ ਮੰਨਦਾ) ਅਤੇ ਕੁੱਕੀ (ਇਸ ਫਿਰਕੇ ਦੀ ਵਸੋਂ 23 ਤੋਂ 29 ਫੀਸਦੀ ਰਿਹਾਇਸ਼ ਪਹਾੜੀ ਇਲਾਕੇ ਅਤੇ ਇਸਾਈ ਧਰਮ ਨੂੰ ਮੰਨਦਾ ਹੈ) ਲੋਕਾਂ ਵਿੱਚ ਚੱਲ ਰਹੀ ਲੜਾਈ ਵਿੱਚ ਇੱਕ ਤੀਸਰਾ ਜਾਤੀ ਫਿਰਕਾ ਨਾਗਾ ਵੀ ਪੂਰੀ ਤਰ੍ਹਾਂ ਸ਼ਾਮਲ ਹੋ ਗਿਆ ਹੈ। ਇਸ ਫਿਰਕੇ ਦੀ ਵਸੋਂ 14 ਤੋਂ 15 ਫੀਸਦੀ ਅਤੇ ਜ਼ਿਆਦਾਤਰ ਈਸਾਈ ਹਨ। ਹਾਲ ਹੀ ਵਿੱਚ ਨਾਗਾ ਫਿਰਕੇ ਦੇ ਵਾਹਵਾ ਲੋਕਾਂ ਨੂੰ ਜਬਰਨ ਚੁੱਕ ਲਿਆ ਗਿਆ ਅਤੇ ਉਨ੍ਹਾਂ ਵਿੱਚੋਂ ਦੋ ਵਿਅਕਤੀਆਂ ਦੀਆਂ ਲਹੂ-ਲੁਹਾਣ ਹੋਈਆਂ ਲਾਸ਼ਾਂ ਮਿਲੀਆਂ।ਮੌਜੂਦਾ ਪ੍ਰਸਥਿਤੀ ਵਿੱਚ ਮਨੀਪੁਰ ਦੀਆਂ ਪਹਾੜੀਆਂ ਵਿੱਚ ਰਹਿਣ ਦੇ ਅਧਿਕਾਰਾਂ ਅਤੇ ਇਲਾਕਿਆਂ ਉੱਤੇ ਲਗਾਤਾਰ ਕਬਜ਼ੇ ਨੂੰ ਲੈ ਕੇ ਕੁੱਕੀ ਤੇ ਨਾਗਿਆਂ ਦੇ ਝਗੜਿਆਂ ਵਿੱਚ ਇੱਕ ਦਰਜਨ ਤੋਂ ਵਧੇਰੇ ਲੋਕਾਂ ਦੀ ਮੌਤ ਹੋ ਚੁੱਕੀ ਹੈ। ਮਰਨ ਵਾਲਿਆਂ ਵਿੱਚ ਕੁੱਕੀ ਚਰਚ ਦੇ ਤਿੰਨ ਆਗੂ ਵੀ ਸ਼ਾਮਲ ਹਨ। ਇਨ੍ਹਾਂ ਤਿੰਨ ਆਗੂਆਂ ਨੂੰ 3 ਮਈ 2026 ਨੂੰ ਘਾਤ ਲਾ ਕੇ ਮਾਰਿਆ ਗਿਆ। ਫਿਰਕੂ ਗਰੁੱਪਾਂ ਦੇ ਸਰਗਨਿਆਂ ਨੇ ਦਰਜਨਾਂ ਲੋਕਾਂ ਨੂੰ ਜ਼ਬਰਦਸਤੀ ਚੁੱਕ ਕੇ ਕੈਦੀ ਬਣਾਇਆ ਹੋਇਆ ਹੈ।

ਮੈਤਈ ਲੋਕ ਜ਼ਿਆਦਾਤਰ ਮਨੀਪੁਰ ਦੀ ਰਾਜਧਾਨੀ ਇੰਫਾਲ ਦੇ ਇਰਦ-ਗਿਰਦ ਦੇ ਮੈਦਾਨੀ ਇਲਾਕਿਆਂ ਵਿੱਚ ਰਹਿੰਦੇ ਹਨ।ਤਿੰਨਾਂ ਫਿਰਕਿਆਂ ਨੇ ਯੁੱਧ ਰੇਖਾਵਾਂ ਖਿੱਚ ਕੇ ਸੁਰੱਖਿਆ ਹੱਦਾਂ ਮਜ਼ਬੂਤ ਕੀਤੀਆਂ ਹੋਈਆਂ ਹਨ। ਹਜ਼ਾਰਾਂ ਲੋਕ ਇਲਾਕਿਆਂ 'ਚੋਂ ਪਲਾਇਨ (ਘਰ ਛੱਡ ਚੁੱਕੇ) ਹੋ ਚੁੱਕੇ ਹਨ। ਇਹ ਤਿੰਨੇ ਫਿਰਕੇ ਬਹੁਤ ਵਾਰ ਹਿੰਸਾ ਭੜਕਾਉਣ ਦੇ ਲਈ ਇੱਕ-ਦੂਸਰੇ ਨੂੰ ਜ਼ਿੰਮੇਵਾਰ ਠਹਿਰਾਉਂਦੇ ਹਨ।

ਮਨੀਪੁਰ ਜਾਣ ਵਾਲੀ ਹਿੰਦੁਸਤਾਨ ਦੀ ਕੌਮੀ ਰਾਜਮਾਰਗ 2 'ਤੇ ਉੱਪਰ ਤੋਂ ਥੱਲੇ ਤੱਕ ਸੁਰੱਖਿਆ ਗਾਰਡਾਂ ਵੱਲੋਂ ਅਣਗਿਣਤ ਨਾਕੇ, ਕੰਡੇ ਵਾਲੀਆਂ ਤਾਰਾਂ ਦੀ ਵਾੜ ਵਾਲੇ ਵੱਡੇ ਪਾਬੰਦੀਸ਼ੁਦਾ ਇਲਾਕਿਆਂ ਅਤੇ ਧਾਰਮਿਕ ਸਥਾਨਾਂ 'ਤੇ ਲਗਾਤਾਰ ਹਮਲਿਆਂ ਦਾ ਖਤਰਾ ਬਣਿਆ ਹੋਇਆ ਹੈ।

4 ਫਰਵਰੀ 2024 ਨੂੰ ਮੁੱਖ ਮੰਤਰੀ ਯੁਮਨਾਮ ਖੇਮਚੰਦ ਸਿੰਘ ਦੇ ਸਹੁੰ ਚੁੱਕਣ ਅਤੇ 13 ਫਰਵਰੀ ਨੂੰ ਰਾਸ਼ਟਰਪਤੀ ਰਾਜ ਹਟਾਏ ਜਾਣ ਤੋਂ ਬਾਅਦ ਰਾਜ ਵਿੱਚ ਗੰਭੀਰ ਸੰਕਟ ਬਣਿਆ ਹੋਇਆ ਹੈ। ਭਾਜਪਾ ਅਗਵਾਈ ਵਾਲੀ ਸਰਕਾਰ ਉਸ ਵਕਤ ਬਣੀ ਸੀ ਜਦੋਂ ਬਹੁਗਿਣਤੀ ਮੈਤਈ ਅਤੇ ਆਦਿਵਾਸੀ ਕੁੱਕੀ ਫਿਰਕਿਆਂ ਦੇ ਵਿੱਚ ਪਹਿਲੀ ਵਾਰ ਜਾਤੀ ਝੜਪਾਂ ਹੋਈਆਂ ਸਨ। ਇਸ ਤੋਂ ਬਾਅਦ ਲਗਭਗ ਮਨੀਪੁਰ ਦੀ ਵਸੋਂ ਵਧਦੀ ਹੋਈ ਹਿੰਸਾ ਦੀ ਲਪੇਟ ਵਿੱਚ ਆ ਗਈ। ਹੁਣ ਹਾਲਾਤ ਇਹ ਹਨ ਕਿ ਫਿਰਕੂ ਫਸਾਦਾਂ ਦੇ ਮਾਮਲੇ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਨਾਲ ਤਬਾਹ ਹੋਈ ਨਜ਼ਰ ਆ ਰਹੀ ਹੈ। ਮਨੀਪੁਰ ਵਿੱਚ ਜਾਤੀ ਬਸਤੀਆਂ ਬਣ ਗਈਆਂ ਹਨ। ਇਨ੍ਹਾਂ ਫਿਰਕੂ ਝਗੜਿਆਂ ਕਰਕੇ 60 ਹਜ਼ਾਰ ਦੇ ਕਰੀਬ ਲੋਕ ਉੱਜੜ ਪੁੱਜੜ ਗਏ ਹਨ। ਨਾਗਾ ਅਤੇ ਕੁੱਕੀ ਫਿਰਕਿਆਂ ਵਿੱਚ ਵਧਦਾ ਤਣਾਅ ਇਥੋਂ ਵੇਖਿਆ ਜਾ ਸਕਦਾ ਹੈ ਕਿ 13 ਮਈ 2026 ਨੂੰ ਘਾਤ ਲਾ ਕੇ ਕੀਤੇ ਹਮਲੇ ਦੌਰਾਨ ਨਾਗਾ ਫਿਰਕੇ ਦੇ ਚਾਰ ਲੋਕ ਮਾਰੇ ਗਏ, ਜਿਸ ਵਿੱਚ ਤਿੰਨ ਚਰਚ ਦੇ ਆਗੂ ਸਨ।

ਮਨੀਪੁਰ ਰਾਜ ਵਿੱਚ ਭਾਰਤੀ ਜਨਤਾ ਪਾਰਟੀ ਦੀ ਹਕੂਮਤ ਨੂੰ ਹੁਣ ਤਿੰਨ ਸਾਲ ਤੋਂ ਕੁਝ ਜ਼ਿਆਦਾ ਸਮਾਂ ਹੋ ਗਿਆ ਹੈ। ਮਨੀਪੁਰ ਨੂੰ ਲਾਸ਼ਾਂ ਦੀ ਭੂਮੀ ਵਿੱਚ ਬਦਲਣ ਦੇ ਵੀ ਤਿੰਨ ਸਾਲ ਹਨ... ਬੱਚਿਆਂ ਨੂੰ ਮਾਂ ਦੀ ਗੋਦ ਵਿੱਚੋਂ ਖੋਹ ਕੇ ਬਲਦੀਆਂ ਉੱਚੀਆਂ ਲਪਟਾਂ ਵਿੱਚ ਸੁੱਟ ਦੇਣ ਦੇ ਵੀ। ਇਨ੍ਹਾਂ ਤਿੰਨ ਸਾਲਾਂ ਵਿੱਚ ਦਿਨ ਦਿਹਾੜੇ ਔਰਤਾਂ ਨੂੰ ਜਨਤਕ ਰੂਪ ਵਿੱਚ ਨੰਗਿਆਂ ਕੀਤਾ ਅਤੇ ਉਨ੍ਹਾਂ ਦੇ ਨਾਲ ਦੁਰਵਿਹਾਰ ਵੀ ਕੀਤਾ ਗਿਆ। ਘਰ ਸਵਾਹ ਵਿੱਚ ਤਬਦੀਲ ਹੋ ਗਏ। ਮਨੀਪੁਰ ਵਿੱਚ ਭੁੱਖ ਦੇ ਬੋਲਬਾਲੇ ਦਾ ਪਾਸਾਰਾ ਵੀ ਵਧਿਆ। ਮਨੀਪੁਰ ਦੇ ਹਾਲਾਤ ਦੇ ਤੱਥ ਸਾਬਤ ਕਰਦੇ ਹਨ ਕਿ ਮਨੀਪੁਰ ਸਟੇਟ ਦੀ ਸਰਕਾਰ ਹਿੰਸਾ ਨੂੰ ਸ਼ਾਂਤ ਕਰਨ, ਉਜਾੜੇ ਨੂੰ ਰੋਕਣ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨ ਵਿੱਚ ਅਸਫਲ ਹੋਈ ਹੈ। 3 ਮਈ 2023 ਤੋਂ ਹੁਣ ਤੱਕ ਘੱਟ ਤੋਂ ਘੱਟ 200 ਲੋਕ ਮਾਰੇ ਜਾ ਚੁੱਕੇ ਹਨ ਅਤੇ 60,000 ਤੋਂ ਵਧੇਰੇ ਲੋਕਾਂ ਨੂੰ ਆਪਣੀਆਂ ਜੜ੍ਹਾਂ (ਘਰ) ਛੱਡ ਕੇ ਨਵੇਂ ਸਹਾਰਿਆਂ ਦੀ ਤਲਾਸ਼ ਕਰਨੀ ਪਈ ਹੈ।

ਮਨੀਪੁਰ ਵਿੱਚ ਹਾਲਾਤ ਦੀ ਵਿਰੋਧਤਾ ਏਨੀ ਖਤਰਨਾਕ ਹੈ ਕਿ ਸੂਬਾ ਸਰਕਾਰ ਨੂੰ ਇਹ ਸਚਾਈ ਮੰਨਣੀ ਪਈ ਕਿ ਪ੍ਰਬੰਧ ਬਹਾਲ ਕਰਨ ਵਿੱਚ ਸਰਕਾਰ ਅਸਮਰਥ ਸਾਬਤ ਹੋਈ ਹੈ।ਹਾਲਾਤ ਤੋਂ ਲਗਦਾ ਇਹ ਸੀ ਕਿ ਮਨੀਪੁਰ ਵਿਖੇ 2025 ਵਿੱਚ ਰਾਸ਼ਟਰਪਤੀ ਰਾਜ ਲਾਗੂ ਹੋਵੇਗਾ, ਪਰ ਕੇਂਦਰ ਸਰਕਾਰ ਨੇ ਰਾਸ਼ਟਰਪਤੀ ਰਾਜ ਦੀ ਸਮਝ ਨੂੰ ਵਾਪਸ ਲੈ ਲਿਆ ਅਤੇ 4 ਫਰਵਰੀ 2023 ਨੂੰ ਯੁਮਨਾਮ ਖੇਮਚੰਦ ਸਿੰਘ ਨੂੰ ਮਨੀਪੁਰ ਦਾ ਮੁੱਖ ਮੰਤਰੀ ਬਣਾ ਦਿੱਤਾ। ਕੇਂਦਰ ਸਰਕਾਰ ਦੀ ਇਸ ਪਹੁੰਚ ਨਾਲ ਆਮ ਲੋਕਾਂ ਨੂੰ ਫ਼ਿਰਕੂ ਫ਼ਸਾਦਾਂ ਤੋਂ ਕੋਈ ਰਾਹਤ ਨਹੀਂ ਮਿਲੀ। ਨਵੀਂ ਸਰਕਾਰ ਅਤੇ ਨਵੇਂ ਪ੍ਰਸ਼ਾਸਨ ਦੇ ਤਹਿਤ ਵੀ ਹਿੰਸਾ ਅਤੇ ਗੈਰ-ਹਿਫ਼ਾਜ਼ਤ ਜਾਰੀ ਰਹੀ।

ਐਮਨੇਸਟੀ ਇੰਟਰਨੈਸ਼ਨਲ ਇੰਡੀਆ (ਗੈਰ-ਮੁਨਾਫ਼ਾ ਮਨੁੱਖੀ ਅਧਿਕਾਰ ਸੰਸਥਾ) ਦੇ ਪ੍ਰਧਾਨ ਨੇ ਹਾਲ ਹੀ ਵਿੱਚ ਕਿਹਾ ਹੈ ਕਿ, 'ਜਬਰਨ ਚੁੱਕੇ ਵਿਅਕਤੀਆਂ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ। ਜਿਹੜੇ ਵਿਅਕਤੀ ਆਪਣੇ ਪਰਵਾਰਾਂ 'ਚੋਂ ਲਾਪਤਾ ਹਨ, ਉਨ੍ਹਾਂ ਦੇ ਟਿਕਾਣਿਆਂ ਬਾਰੇ ਜਾਣਕਾਰੀ ਮੁਹਈਆ ਕੀਤੀ ਜਾਵੇ। ਅੱਗੇ ਤੋਂ ਨਾਗਰਿਕਾਂ ਨੂੰ ਕਦੀ ਵੀ ਜਬਰਨ ਨਾ ਚੁੱਕਿਆ ਜਾਵੇ। ਨਾਗਰਿਕਾਂ ਨੂੰ ਜਾਤੀ ਜਾਂ ਰਾਜਨੀਤਕ ਵਿਵਾਦਾਂ ਵਿੱਚ ਲਾਭ ਉਠਾਉਣ ਦੇ ਸਾਧਨ ਦੇ ਰੂਪ ਵਿੱਚ ਨਾ ਵਰਤਿਆ ਜਾਵੇ। ਪਰਵਾਰਾਂ ਨੂੰ ਇਹ ਜਾਣਨ ਦਾ ਅਧਿਕਾਰ ਹੈ ਕਿ ਉਨ੍ਹਾਂ ਦੇ ਪਰਿਵਾਰਕ ਮੈਂਬਰ ਤੇ ਰਿਸ਼ਤੇਦਾਰ ਕਿੱਥੇ ਹਨ ਅਤੇ ਉਨ੍ਹਾਂ ਨੂੰ ਬਿਨਾਂ ਕਿਸੇ ਦੇਰੀ ਦੇ ਆਪਣੇ ਸਕੇ-ਸੰਬੰਧੀਆਂ ਨਾਲ ਗੱਲਬਾਤ ਕਰਨ ਦਾ ਅਧਿਕਾਰ ਦਿੱਤਾ ਜਾਵੇ ਹੈ।'

ਸੰਸਥਾ ਦੇ ਪ੍ਰਧਾਨ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ 'ਮਨੀਪੁਰ ਵਿੱਚ ਕੈਦੀ ਬਣਾਏ ਗਏ ਸਾਰੇ ਲੋਕਾਂ ਦੀ ਰਿਹਾਈ ਅਤੇ ਸੁਰੱਖਿਆ ਦੀ ਗਾਰੰਟੀ ਯਕੀਨੀ ਬਣਾਉਣ ਅਤੇ ਵਿਅਕਤੀਆਂ ਨਾਲ ਹੋਏ ਦੁਰਵਿਹਾਰਾਂ ਦੀ ਤੇਜ਼, ਆਜ਼ਾਦ ਅਤੇ ਨਿਰਪੱਖ ਜਾਂਚ ਲਈ ਫੌਰੀ ਅਤੇ ਅਸਰਦਾਰ ਕਦਮ ਉਠਾਉਣੇ ਚਾਹੀਦੇ ਹਨ।'

ਹਾਲ ਹੀ ਵਿੱਚ ਧਾਰਮਿਕ ਸਮੂਹਾਂ ਦੀ ਬੇਰਹਿਮੀ ਦਾ ਸ਼ਿਕਾਰ 20 ਲੋਕ ਹੋਏ ਹਨ, ਜਿਹਨਾਂ ਨੂੰ ਕੈਦੀ ਬਣਾਇਆ ਗਿਆ ਹੈ। ਮੁੱਖ ਰੂਪ ਵਿੱਚ ਮਨੀਪੁਰ ਵਿੱਚ ਵਧਿਆ ਅੰਤਰ-ਜਾਤੀ ਦਬਾਅ ਕੁੱਕੀ ਅਤੇ ਨਾਗਾ ਫਿਰਕਿਆਂ ਤੋਂ ਹੈ। ਇਨ੍ਹਾਂ ਫਿਰਕਿਆਂ ਦੇ ਟਕਰਾਅ ਕਰਕੇ ਰਾਜ ਦੇ ਪਹਾੜੀ ਜ਼ਿਲ੍ਹਿਆਂ ਵਿੱਚ ਸੁਰੱਖਿਆ ਸੰਕਟ ਬਹੁਤ ਖਤਰੇ ਵਿੱਚ ਹੈ।

ਨਾਗਰਿਕਾਂ ਨੂੰ ਕੈਦੀ ਬਣਾਉਣਾ ਅਤੇ ਜਬਰੀ ਚੁੱਕਣਾ ਅੰਤਰਰਾਸ਼ਟਰੀ ਕਾਨੂੰਨ ਦੁਆਰਾ ਜ਼ੁਲਮ ਦੀ ਸ਼੍ਰੇਣੀ ਵਿੱਚ ਆਉਂਦਾ ਹੈ। ਨਾਗਰਿਕਾਂ ਨੂੰ ਲਗਾਤਾਰ ਜਬਰਨ ਚੁੱਕਣਾ, ਜਾਤੀ ਹਿੰਸਾ ਦੀ ਸੁਰੱਖਿਆ ਯਕੀਨੀ ਬਣਾਉਣ, ਕਾਨੂੰਨ ਦੇ ਸ਼ਾਸਨ ਨੂੰ ਬਣਾਈ ਰੱਖਣ, ਨਿਆਂ, ਸਚਾਈ ਅਤੇ ਹਾਨੀ ਦਾ ਨੁਕਸਾਨ ਨਾ ਰੋਕਣਾ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨ ਵਿੱਚ ਮਨੀਪੁਰ ਸਰਕਾਰ ਤੇ ਅਧਿਕਾਰੀਆਂ ਦੀ ਅਸਫ਼ਲਤਾ ਸਾਫ਼ ਦਿਸਦੀ ਹੈ।

ਐਮਨੇਸਟੀ ਇੰਟਰਨੈਸ਼ਨਲ ਨੇ ਕਿਹਾ ਕਿ, 'ਮਨੀਪੁਰ ਸਰਕਾਰ ਨੂੰ ਨਾਗਰਿਕਾਂ ਦੀ ਰੱਖਿਆ ਕਰਨ, ਸਾਰੇ ਪੱਖਾਂ ਦੁਆਰਾ ਕੀਤੇ ਗਏ ਅਪਰਾਧਾਂ ਅਤੇ ਦੁਰਵਿਹਾਰਾਂ ਦੇ ਲਈ ਨਿਆਂ, ਸਚਾਈ ਅਤੇ ਨੁਕਸਾਨ ਦੀ ਪੂਰਤੀ ਯਕੀਨਨ ਕਰਨ ਜਾਂ ਸੰਘਰਸ਼ ਦੇ ਅੰਦਰੂਨੀ ਕਾਰਨਾਂ ਦਾ ਹੱਲ ਕੱਢਣ ਲਈ ਫੌਰੀ ਠੋਸ ਕਦਮ ਉਠਾਉਣੇ ਚਾਹੀਦੇ।

ਮਨੀਪੁਰ ਵਿੱਚ ਜਾਰੀ ਹਿੰਸਾ ਦੇ ਪ੍ਰਤੀ ਕੇਂਦਰ ਦੀ ਭਾਵਨਾ ਇਸ ਗੱਲ ਤੋਂ ਸਪੱਸ਼ਟ ਹੈ ਕਿ ਪ੍ਰਧਾਨ ਮੰਤਰੀ ਨੇ ਪਿਛਲੇ ਸਾਲ ਸਤੰਬਰ ਵਿੱਚ ਸਿਰਫ ਕੁਝ ਘੰਟਿਆਂ ਦੇ ਲਈ ਮਨੀਪੁਰ ਦਾ ਦੌਰਾ ਕੀਤਾ ਅਤੇ ਸਰਕਾਰ ਨੇ ਇਹ ਦਾਅਵਾ ਜਾਰੀ ਰੱਖਿਆ ਹੈ ਕਿ ਬਹੁਤੀਆਂ ਮੌਤਾਂ 2023 ਵਿੱਚ ਹਿੰਸਾ ਦੇ ਸ਼ੁਰੂਆਤੀ ਹਫ਼ਤਿਆਂ ਵਿੱਚ ਹੋਈਆਂ ਸਨ, ਜਦੋਂ ਕਿ ਮਨੀਪੁਰ ਅੱਜ ਵੀ ਅੱਗ ਦੀ ਲਪੇਟ ਵਿੱਚ ਹੈ।

ਇਹ ਮੰਦਭਾਗਾ ਵਰਤਾਰਾ ਹੈ ਕਿ ਮਨੀਪੁਰ ਕਰੀਬ ਤਿੰਨ ਸਾਲਾਂ ਦੇ ਵਧੇਰੇ ਸਮੇਂ ਤੋਂ ਸੜ ਰਿਹਾ ਹੈ, ਜਦੋਂ ਕਿ ਉਥੇ ਸਰਕਾਰ ਵੀ ਭਾਜਪਾ ਦੀ ਅਗਵਾਈ ਵਾਲੀ ਹੈ।

# ਸੰਪਰਕ : 98760-78731

# ਪੰਜਾਬ ਸਫ਼ਾਈ ਮਜ਼ਦੂਰ ਯੂਨੀਅਨ ਨੇ ਫੂਕੇ ਸਰਕਾਰ ਦੇ ਪੁਤਲੇ



ਪਾਤੜਾਂ (ਨਿਸ਼ਾਨ ਸਿੰਘ ਬਟਵਾਲ)

ਪੰਜਾਬ ਸਫ਼ਾਈ ਮਜ਼ਦੂਰ ਯੂਨੀਅਨ ਦੀ ਅਗਵਾਈ ਹੇਠ ਨਗਰ ਪੰਚਾਇਤ ਘੱਗਾ ਦੇ ਸਫ਼ਾਈ ਸੇਵਕਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਨਾ ਕੀਤੇ ਜਾਣ ਅਤੇ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨੂੰ ਐਸਮਾ ਕਾਨੂੰਨ ਲਗਾਉਣ ਦੀਆਂ ਦਿੱਤੀਆਂ ਜਾ ਰਹੀਆਂ ਧਮਕੀਆਂ ਦੇ ਵਿਰੋਧ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਪੁਤਲਾ ਫੂਕ ਕੇ ਰੋਸ ਪ੍ਰਗਟ ਕੀਤਾ ਗਿਆ।ਇਸ ਦੌਰਾਨ ਇਕੱਠੇ ਮੁਲਾਜ਼ਮਾਂ ਨੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਰੋਸ ਪ੍ਰਦਰਸ਼ਨ ਦੌਰਾਨ ਜ਼ਿਲ੍ਹਾ ਪ੍ਰਧਾਨ ਸੁਨੀਲ ਗਾਗਟ, ਸ਼ੰਕਰ ਦਰਾਵੜ, ਬਲਾਕ ਪ੍ਰਧਾਨ ਮੱਖਣ ਨੇ ਕਿਹਾ ਕਿ ਪਿਛਲੇ ਦਿਨੀਂ ਸਰਕਾਰ ਨਾਲ ਹੋਈ ਮੀਟਿੰਗ ਦੌਰਾਨ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਕੋਈ ਠੋਸ ਫ਼ੈਸਲਾ ਨਹੀਂ ਲਿਆ ਗਿਆ।ਇਸ ਦੇ ਉਲਟ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨੂੰ ਐਸਮਾ ਲਗਾਉਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਜੋ ਲੋਕਤੰਤਰੀ ਹੱਕਾਂ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਧਮਕੀਆਂ ਦੇ ਕੇ ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾ ਨਹੀਂ ਸਕਦੀ।ਇਸ ਦੌਰਾਨ ਮੀਤ ਪ੍ਰਧਾਨ ਅਮਰ ਸਿੰਘ, ਸੇਵਾ ਸਿੰਘ ਨੇ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤੁਰੰਤ ਹੱਲ ਕੀਤਾ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਤਨਖ਼ਾਹਾਂ ਤੇ ਹੋਰ ਭੱਤਿਆਂ ਨਾਲ ਸਬੰਧਤ ਮਸਲਿਆਂ ਦਾ ਨਿਪਟਾਰਾ ਕੀਤਾ ਜਾਵੇ।

ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਮੁਲਾਜ਼ਮਾਂ ਦੀਆਂ ਮੰਗਾਂ ਨਹੀਂ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਸਾਥੀਆਂ ਸਮੇਤ ਸ਼ਾਮਲ ਹੋਏ।ਇਸ ਮੌਕੇ ਜਨਰਲ ਸਕੱਤਰ ਸੰਜੂ ਤੇ ਕੈਸ਼ੀਅਰ ਨਰੇਸ਼ ਕੁਮਾਰ ਅਤੇ ਸਫਾਈ ਸੇਵਕ ਮਜ਼ਦੂਰ ਹਾਜ਼ਰ ਸਨ।

## ਦਿੱਲੀ 'ਚ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਦਮਨ ਦੀ ਸੀ ਪੀ ਆਈ ਵੱਲੋਂ ਸਖ਼ਤ ਨਿੰਦਾ

**ਲੁਧਿਆਣਾ (ਰੈਕਟਰ ਕਥੂਰੀਆ)**-ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਲੁਧਿਆਣਾ ਜ਼ਿਲ੍ਹਾ ਇਕਾਈ ਜੰਤਰ-ਮੰਤਰ, ਪਟੇਲ ਚੌਕ, ਜਨਪਥ, ਰਾਇਸੀਨਾ ਰੋਡ ਤੇ ਦਿੱਲੀ ਦੇ ਹੋਰ ਇਲਾਕਿਆਂ ਵਿੱਚ ਪੇਪਰ ਲੀਕ, ਰਾਸ਼ਟਰੀ ਸਿੱਖਿਆ ਨੀਤੀ (ਐੱਨਈਪੀ), ਬੇਰੁਜ਼ਗਾਰੀ ਆਦਿ ਖ਼ਿਲਾਫ਼ ਅਤੇ ਭਾਰਤ ਦੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰ ਰਹੇ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਮੋਦੀ ਸਰਕਾਰ ਵੱਲੋਂ ਲਾਠੀਚਾਰਜ ਕਰਨ ਅਤੇ ਅੱਥਰੂ ਗੈਸ ਦੇ ਗੋਲੇ ਛੱਡਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ।ਇਹ ਵਿਰੋਧ ਪ੍ਰਦਰਸ਼ਨ ਕਾਕਰੋਚ ਜਨਤਾ ਪਾਰਟੀ ਦੇ ਸੱਦੇ 'ਤੇ ਕੀਤਾ ਗਿਆ ਸੀ, ਜਿਸ ਨੂੰ ਦੇਸ਼ ਭਰ ਦੀਆਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਤੇ ਨੌਜਵਾਨ ਜਥੇਬੰਦੀਆਂ ਦਾ ਸਮਰਥਨ ਪ੍ਰਾਪਤ ਸੀ। ਜੰਤਰ-ਮੰਤਰ ਤੇ ਇਸ ਦੇ ਆਲੇ-ਦੁਆਲੇ ਵਿਦਿਆਰਥੀਆਂ, ਨੌਜਵਾਨਾਂ ਤੇ ਉਨ੍ਹਾਂ ਦੇ ਮਾਪਿਆਂ ਦੀ ਬੇਮਿਸਾਲ ਭੀੜ ਇਕੱਠੀ ਹੋਈ।ਉਹ ਪਿਛਲੇ 21 ਦਿਨਾਂ ਤੋਂ ਭੁੱਖ ਹੜਤਾਲ ਕਰ ਰਹੇ ਅਤੇ ਧਰਨੇ 'ਤੇ ਬੈਠੇ ਹੋਏ ਹਨ, ਪਰ ਮੋਦੀ ਸਰਕਾਰ ਨੇ ਦੇਸ਼ ਦੇ ਨੌਜਵਾਨਾਂ ਦੀ ਆਵਾਜ਼ ਸੁਣਨ ਦੀ ਕੋਈ ਕੋਸ਼ਿਸ਼ ਨਹੀਂ ਕੀਤੀ।ਅੱਜ ਦੇ ਪ੍ਰਦਰਸ਼ਨ ਵਿੱਚ ਇੱਕ ਲੱਖ ਤੋਂ ਵੱਧ ਵਿਦਿਆਰਥੀਆਂ ਤੇ ਨੌਜਵਾਨਾਂ ਦੀ ਸ਼ਮੂਲੀਅਤ ਦੇਸ਼ ਦੀ ਨਵੀਂ ਪੀੜ੍ਹੀ ਦੀਆਂ ਭਾਵਨਾਵਾਂ ਦੀ ਨੁਮਾਇੰਦਗੀ ਕਰਦੀ ਹੈ।ਭਾਰਤ ਸਰਕਾਰ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਲੋਕਾਂ ਦੀ ਆਵਾਜ਼ ਪ੍ਰਤੀ ਬਹਿਰੇ ਬਣੇ ਰਹਿਣ ਦਾ ਰਵੱਈਆ ਹੁਣ ਹੋਰ ਨਹੀਂ ਚੱਲੇਗਾ।ਅੱਜ ਦਾ ਵਿਸ਼ਾਲ ਪ੍ਰਦਰਸ਼ਨ ਤੇ ਨੌਜਵਾਨਾਂ ਦਾ ਦ੍ਰਿੜ੍ਹ ਸੰਕਲਪ ਇਸ ਗੱਲ ਦਾ ਸਪੱਸ਼ਟ ਸੰਦੇਸ਼ ਹੈ।ਸੀਪੀਆਈ ਲੁਧਿਆਣਾ ਮੰਗ ਕਰਦੀ ਹੈ ਕਿ ਲੋਕਾਂ ਦੇ ਲੋਕਤੰਤਰੀ ਤੇ ਸ਼ਾਂਤਮਈ ਸੰਘਰਸ਼ 'ਤੇ ਹੋ ਰਹੇ ਦਮਨ ਤੇ ਜਬਰ ਨੂੰ ਤੁਰੰਤ ਬੰਦ ਕੀਤਾ ਜਾਵੇ।ਤਾਨਾਸ਼ਾਹੀ ਤੇ ਗੈਰ-ਲੋਕਤੰਤਰੀ ਕਾਰਵਾਈਆਂ ਨੂੰ ਫੌਰੀ ਤੌਰ 'ਤੇ ਰੋਕਿਆ ਜਾਵੇ।ਆਗੂਆਂ ਨੇ ਅੱਗੇ ਮੰਗ ਕੀਤੀ ਹੈ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਤੁਰੰਤ ਮੰਤਰੀ ਮੰਡਲ ਤੋਂ ਹਟਾਇਆ ਜਾਵੇ।ਦਿੱਲੀ ਪੁਲਸ ਵੱਲੋਂ ਪ੍ਰਦਰਸ਼ਨ ਦੌਰਾਨ ਹਿਰਾਸਤ ਵਿੱਚ ਲਏ ਗਏ ਏ ਆਈ ਐੱਸ ਐੱਫ, ਏ ਆਈ ਵਾਈ ਐੱਫ ਅਤੇ ਹੋਰ ਵਿਦਿਆਰਥੀ ਤੇ ਨੌਜਵਾਨ ਜਥੇਬੰਦੀਆਂ ਦੇ ਸਾਰੇ ਕਾਰਕੁਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਵਿਦਿਆਰਥੀਆਂ ਤੇ ਨੌਜਵਾਨਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਬਿਨਾਂ ਦੇਰੀ ਸਵੀਕਾਰ ਕੀਤਾ ਜਾਵੇ।

ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ, ਐੱਮ ਐੱਸ ਭਾਟੀਆ ਤੇ ਡਾ. ਰਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਤੇ ਕੇਵਲ ਸਿੰਘ ਬਨਵੈਤ ਸ਼ਾਮਲ ਹਨ।

# ਸ਼ਹਿਰ 'ਚ ਲੱਗੇ ਕੂੜੇ ਦੇ ਢੇਰਾਂ ਲਈ ਸਰਕਾਰ ਜ਼ਿੰਮੇਵਾਰ : ਵਿਜੇ ਧੀਰ

■ ਹੱਕੀ ਮੰਗਾਂ ਲਈ ਹੜਤਾਲ ਮਜ਼ਦੂਰਾਂ, ਮੁਲਾਜ਼ਮਾਂ ਦਾ ਆਖਰੀ ਕਾਨੂੰਨੀ ਅਧਿਕਾਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਸਮੇਤ ਪੰਜਾਬ ਭਰ ਵਿੱਚ ਨਗਰ ਨਿਗਮ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਤਹਿਤ ਕੰਮ ਕਰਦੇ ਸਫਾਈ ਕਰਮਚਾਰੀ ਤੇ ਦੂਸਰੇ ਮਿਉਂਸਪਲ ਮੁਲਾਜ਼ਮ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਲਗਾਤਾਰ ਅਣਮਿੱਥੇ ਸਮੇਂ ਦੀ ਹੜਤਾਲ 'ਤੇ ਚੱਲ ਰਹੇ ਹਨ ਤੇ ਸਫਾਈ ਦਾ ਕੰਮ ਬੰਦ ਹੋਣ ਕਾਰਨ ਸ਼ਹਿਰ ਵਿੱਚ ਜਗ੍ਹਾ ਜਗ੍ਹਾ ਵੱਡੇ ਵੱਡੇ ਕੂੜੇ ਦੇ ਢੇਰ ਲੱਗ ਗਏ ਹਨ, ਜਿਸ ਨਾਲ ਬਾਜ਼ਾਰਾਂ ਵਿੱਚ ਬਦਬੂ ਫੈਲੀ ਰਹਿੰਦੀ ਹੈ।ਜਿਨ੍ਹਾਂ ਦੁਕਾਨਦਾਰਾਂ ਦੀਆਂ ਦੁਕਾਨਾਂ ਮੂਹਰੇ ਕੂੜੇ ਦੇ ਵੱਡੇ ਵੱਡੇ ਢੇਰ ਲੱਗ ਗਏ ਹਨ, ਉਨ੍ਹਾਂ ਦੁਕਾਨਾਂ 'ਤੇ ਗਾਹਕ ਵੀ ਖ਼ਰੀਦਣ ਨਹੀਂ ਜਾਂਦਾ।ਇਸ ਸਬੰਧ ਵਿੱਚ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਨੇ ਹੜਤਾਲ 'ਤੇ ਬੈਠੇ ਸਫਾਈ ਕਰਮਚਾਰੀਆਂ ਤੇ ਦੂਸਰੇ ਮਿਉਂਸਪਲ ਕਰਮਚਾਰੀਆਂ ਵਿੱਚ ਜਾ ਕੇ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਦਾ ਸਮਰਥਨ ਕੀਤਾ ਤੇ ਸਰਕਾਰ ਨੂੰ ਤੁਰੰਤ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਪ੍ਰਵਾਨ ਕਰਨ ਦੀ ਮੰਗ ਕੀਤੀ।ਇਸ ਮੌਕੇ ਹੜਤਾਲੀ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂ ਵਿਜੇ ਧੀਰ ਨੇ ਕਿਹਾ ਕਿ ਮਜ਼ਦੂਰ ਮੁਲਾਜ਼ਮ ਹੜਤਾਲ ਸ਼ੌਕੀਆ ਨਹੀਂ ਕਰਦੇ।ਧੀਰ ਨੇ ਕਿਹਾ ਕਿ ਜਦੋਂ ਸਰਕਾਰ ਕਰਮਚਾਰੀਆਂ ਦੀਆਂ ਮੰਗਾਂ ਨਹੀਂ ਸੁਣਦੀ ਤੇ ਕਈ ਸਾਲਾਂ ਤੱਕ ਪ੍ਰਵਾਨ ਨਹੀਂ ਕਰਦੀ ਤਾਂ ਅੱਕ ਥੱਕ ਕੇ ਆਖਰੀ ਹਥਿਆਰ ਦੇ ਤੌਰ 'ਤੇ ਹੜਤਾਲ ਕਰਦੇ ਹਨ ਅਤੇ ਹੜਤਾਲ ਕਰਨ ਦਾ ਅਧਿਕਾਰ ਕਾਨੂੰਨ ਨੇ ਦਿੱਤਾ ਹੈ।ਧੀਰ ਨੇ ਕਿਹਾ ਕਿ ਜੇਕਰ ਸਰਕਾਰ ਸਫਾਈ ਸੇਵਕ ਕਰਮਚਾਰੀਆਂ ਦੀ ਗੱਲ ਹੀ ਨਾ ਸੁਣੇ ਤਾਂ ਫਿਰ ਕਰਮਚਾਰੀ ਹੜਤਾਲ ਨਾ ਕਰਨ ਤਾਂ ਫਿਰ ਕੀ ਕਰਨ ? ਧੀਰ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਇਸ ਪ੍ਰੇਸ਼ਾਨੀ ਦੀ ਜ਼ਿੰਮੇਵਾਰ ਸਫਾਈ ਕਰਮਚਾਰੀ ਨਹੀਂ ਹਨ, ਬਲਕਿ ਕੇਵਲ ਤੇ ਕੇਵਲ ਪੰਜਾਬ ਸਰਕਾਰ ਹੀ ਜ਼ਿੰਮੇਵਾਰ ਹੈ।ਇਸ ਮੌਕੇ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮਈ ਮਹੀਨੇ ਵਿੱਚ ਹੜਤਾਲ 'ਤੇ ਬੈਠੇ ਸਫਾਈ ਕਰਮਚਾਰੀਆਂ ਨੂੰ ਸਾਰੀਆਂ ਮੰਗਾਂ ਮੰਨਣ ਦਾ ਵਾਅਦਾ ਕਰ ਕੇ ਹੜਤਾਲ ਖ਼ਤਮ ਕਰਵਾ ਦਿੱਤੀ ਸੀ।ਪ੍ਰੰਤੂ ਇੱਕ ਮਹੀਨਾ ਬੀਤ ਜਾਣ 'ਤੇ ਵੀ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਪੂਰੀਆਂ ਨਾ ਹੋਣ ਕਾਰਨ ਸਫਾਈ ਕਰਮਚਾਰੀਆਂ ਨੂੰ ਦੁਬਾਰਾ ਹੜਤਾਲ 'ਤੇ ਬੈਠਣ ਲਈ ਮਜਬੂਰ ਕੀਤਾ ਹੈ।

ਇਸ ਮੌਕੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਮਿਉਂਸਪਲ ਇੰਪਲਾਈਜ਼ ਫੈਡਰੇਸ਼ਨ, ਮਿਉਂਸਪਲ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਮਦਨ ਲਾਲ ਬੋਹਤ, ਜਸਵੀਰ ਗਿੱਲ ਪ੍ਰਧਾਨ ਮਿਉਂਸਪਲ ਇੰਪਲਾਈਜ਼ ਫੈਡਰੇਸ਼ਨ, ਸੋਮਨਾਥ ਚੋਬੜ ਪ੍ਰਧਾਨ ਸਫਾਈ ਸੇਵਕ ਯੂਨੀਅਨ, ਜੋਨੀ ਸਕੱਤਰ ਸਫਾਈ ਸੇਵਕ ਯੂਨੀਅਨ, ਵਿੱਕੀ ਬੋਹਤ ਸਕੱਤਰ ਫੈਡਰੇਸ਼ਨ, ਜਨਰਲ ਸਕੱਤਰ ਜੋਨੀ, ਜੋਗਿੰਦਰ ਭੁੱਲਰ ਖਜ਼ਾਨਚੀ ਫੈਡਰੇਸ਼ਨ, ਰਾਜੂ ਸਹੋਤਾ ਪ੍ਰਧਾਨ ਦਫ਼ਤਰੀ ਯੂਨੀਅਨ, ਹਰੀ ਕ੍ਰਿਸ਼ਨ ਬੋਹਤ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਵੇਟਿੰਗ ਲਿਸਟ ਵਾਲੇ ਯਾਤਰੀਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ ਭਾਰਤੀ ਰੇਲਵੇ ਦੀ 'ਵਿਕਲਪ' ਸੁਵਿਧਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਰੇਲਵੇ ਦੁਆਰਾ ਆਨਲਾਈਨ ਰਿਜ਼ਰਵ ਟਿਕਟ 'ਤੇ ਯਾਤਰਾ ਕਰਨ ਵਾਲੇ ਵੇਟਿੰਗ ਲਿਸਟ ਦੇ ਯਾਤਰੀਆਂ ਦੀ ਸੁਵਿਧਾ ਲਈ ਸ਼ੁਰੂ ਕੀਤੀ ਗਈ 'ਵਿਕਲਪ' ਯੋਜਨਾ ਯਾਤਰੀਆਂ ਨੂੰ ਵਧੇਰੇ ਸੁਵਿਧਾਜਨਕ ਤੇ ਯਕੀਨੀ ਯਾਤਰਾ ਦਾ ਮੌਕਾ ਪ੍ਰਦਾਨ ਕਰ ਰਹੀ ਹੈ। ਇਸ ਯੋਜਨਾ ਦੇ ਅਧੀਨ ਜੇਕਰ ਅਸਲ ਟਰੇਨ ਵਿੱਚ ਰਿਜ਼ਰਵ ਸੀਟ ਉਪਲਬੱਧ ਨਹੀਂ ਹੋ ਪਾਉਂਦੀ, ਤਾਂ ਯਾਤਰੀਆਂ ਨੂੰ ਉਨ੍ਹਾਂ ਦੀ ਸਹਿਮਤੀ ਦੇ ਆਧਾਰ 'ਤੇ ਉਸੇ ਰੂਟ ਦੀ ਕਿਸੇ ਹੋਰ ਚੱਲਣ ਵਾਲੀ ਟਰੇਨ ਜਾਂ ਉਸੇ ਟਰੇਨ ਦੀ ਕਿਸੇ ਹੋਰ ਸ਼੍ਰੇਣੀ ਵਿੱਚ ਉਪਲਬੱਧ ਸੀਟ 'ਤੇ ਬਿਨਾਂ ਕਿਸੇ ਵਾਧੂ ਫੀਸ ਦੇ ਸਮਾਯੋਜਿਤ ਕੀਤਾ ਜਾਂਦਾ ਹੈ। ਇਹ ਸੁਵਿਧਾ ਕੇਵਲ ਆਈ.ਆਰ.ਸੀ.ਟੀ.ਸੀ. ਦੇ ਮਾਧਿਅਮ ਨਾਲ ਆਨਲਾਈਨ ਬੁੱਕ ਕੀਤੀਆਂ ਗਈਆਂ ਰਿਜ਼ਰਵ ਟਿਕਟਾਂ 'ਤੇ ਹੀ ਉਪਲਬੱਧ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਟਰੇਨਾਂ ਵਿੱਚ ਉਪਲਬੱਧ ਖਾਲੀ ਸੀਟਾਂ ਦੀ ਵੱਧ ਤੋਂ ਵੱਧ ਵਰਤੋਂ ਯਕੀਨੀ ਬਣਾਉਣਾ, ਵੇਟਿੰਗ ਲਿਸਟ ਵਾਲੇ ਯਾਤਰੀਆਂ ਨੂੰ ਯਾਤਰਾ ਦਾ ਮੌਕਾ ਦੇਣਾ ਤੇ ਸੀਟਾਂ ਦੇ ਬੇਲੋੜੇ ਖਾਲੀਪਨ ਨੂੰ ਘਟਾਉਣਾ ਹੈ। ਇਸ ਨਾਲ ਨਾ ਕੇਵਲ ਯਾਤਰੀਆਂ ਨੂੰ ਰਾਹਤ ਮਿਲ ਰਹੀ ਹੈ, ਸਗੋਂ ਰੇਲਵੇ ਦੇ ਸਰੋਤਾਂ ਦੀ ਵੀ ਬਿਹਤਰ ਵਰਤੋਂ ਯਕੀਨੀ ਹੋ ਰਹੀ ਹੈ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਨਲਾਈਨ ਟਿਕਟ ਬੁੱਕ ਕਰਦੇ ਸਮੇਂ 'ਵਿਕਲਪ' ਸੁਵਿਧਾ ਦੀ ਚੋਣ ਕਰਕੇ ਇਸ ਲਾਭਦਾਇਕ ਯੋਜਨਾ ਦਾ ਫਾਇਦਾ ਉਠਾਉਣ। ਇਹ ਸੁਵਿਧਾ ਯਾਤਰੀਆਂ ਦੀ ਯਾਤਰਾ ਨੂੰ ਹੋਰ ਸੁਖਾਲੀ ਤੇ ਸੁਵਿਧਾਜਨਕ ਬਣਾਉਣ ਦੀ ਦਿਸ਼ਾ ਵਿੱਚ ਭਾਰਤੀ ਰੇਲਵੇ ਦਾ ਇਕ ਅਹਿਮ ਉੱਦਮ ਹੈ।

## ਕਾਤਰਾਂ

### ਦੋ ਬੱਚੀਆਂ ਨੂੰ ਪੀ ਸੀ ਏ ਦੀ ਕ੍ਰਿਕਟ ਟੀਮ ਲਈ ਚੁਣਿਆ



**ਬਰੇਟਾ (ਰੀਤਵਾਲ)**-ਕ੍ਰਿਕਟ ਅੰਡਰ 19 ਲੜਕੀਆਂ ਦੇ ਪੀਸੀਏ ਦੇ ਹੋਏ ਟਰਾਇਲਾਂ 'ਚੋਂ ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਦੀਆਂ ਬੱਚੀਆਂ ਨੇ ਵੀ ਹਿੱਸਾ ਲਿਆ ਤੇ ਆਪਣੀ ਖੇਡ ਦਾ ਵਧੀਆ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹੇ ਦੀ ਕ੍ਰਿਕਟ ਅੰਡਰ 19 ਲੜਕੀਆਂ ਦੀ ਟੀਮ ਵਿੱਚੋਂ ਸਹਿਜਪ੍ਰੀਤ ਕੌਰ ਕਲਾਸ ਅੱਠਵੀਂ ਪਿੰਡ ਦਿਆਲਪੁਰਾ ਤੇ ਜਸਨੂਰ ਕੌਰ ਕਲਾਸ ਅੱਠਵੀਂ ਪਿੰਡ ਕੁਲਰੀਆਂ ਦੋ ਬੱਚੀਆਂ ਦੀ ਪੀਸੀਏ ਦੇ ਲਈ ਸਲੈਕਸ਼ਨ ਹੋਈ। ਸਕੂਲ ਪ੍ਰਿੰਸੀਪਲ ਭਾਰਤ ਦੀ ਗਰਗ ਤੇ ਸਕੂਲ ਚੇਅਰਮੈਨ ਰਾਮਪਾਲ ਸਿੰਘ ਸੇਖੋਂ ਨੇ ਇਨ੍ਹਾਂ ਬੱਚਿਆਂ ਨੂੰ ਪੀਸੀਏ ਦੀ ਟੀਮ ਅੰਡਰ 19 ਵਿੱਚ ਸਲੈਕਟ ਹੋਣ 'ਤੇ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਖੇਡ ਪ੍ਰਤੀ ਹੋਰ ਅੱਗੇ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਤ ਕੀਤਾ।

### ਜਰਨਲਿਸਟ ਯੂਨੀਅਨ ਵੱਲੋਂ ਪੱਤਰਕਾਰ ਖ਼ਿਲਾਫ਼ ਪੁਲਸ ਕਾਰਵਾਈ ਦੀ ਨਿੰਦਾ

**ਰਾਏਕੋਟ (ਸੰਤੋਖ ਗਿੱਲ/ਇਕਬਾਲ ਸਿੰਘ)**-ਖ਼ੁਫ਼ੀਆ ਵਿਭਾਗ ਦੀ ਗ਼ਲਤ ਰਿਪੋਰਟ ਦੇ ਅਧਾਰ 'ਤੇ ਚੰਡੀਗੜ੍ਹ ਤੋਂ ਛਪਦੇ ਪੰਜਾਬੀ ਅਖ਼ਬਾਰ ਦੇ ਰਾਏਕੋਟ ਤੋਂ ਪੱਤਰਕਾਰ ਆਤਮਾ ਸਿੰਘ ਦੀ ਰਾਏਕੋਟ (ਸਦਰ) ਪੁਲਸ ਵੱਲੋਂ ਗ਼ੈਰ-ਕਾਨੂੰਨੀ ਗ੍ਰਿਫ਼ਤਾਰੀ ਦੀ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਜ਼ੋਰਦਾਰ ਨਿੰਦਾ ਕੀਤੀ ਹੈ। ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਤਹਿਸੀਲ ਰਾਏਕੋਟ ਦੇ ਪ੍ਰਧਾਨ ਹਰਪ੍ਰੀਤ ਸਿੰਘ ਲਾਡੀ ਸਿੱਧੂ ਤੇ ਸੀਟੂ ਦੇ ਸੂਬਾਈ ਆਗੂ ਦਲਜੀਤ ਕੁਮਾਰ ਗੋਰਾ ਵੱਲੋਂ ਤਿੱਖੇ ਵਿਰੋਧ ਤੋਂ ਬਾਅਦ ਪੱਤਰਕਾਰ ਆਤਮਾ ਸਿੰਘ ਲੋਹਟਬੱਦੀ ਨੂੰ ਰਿਹਾਅ ਕਰ ਦਿੱਤਾ ਗਿਆ।ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਤਹਿਸੀਲ ਰਾਏਕੋਟ ਦੇ ਚੇਅਰਮੈਨ ਕੰਵਰਪਾਲ ਆਹਲੂਵਾਲੀਆ, ਪ੍ਰਧਾਨ ਹਰਪ੍ਰੀਤ ਸਿੰਘ ਲਾਡੀ ਸਿੱਧੂ ਅਤੇ ਜਨਰਲ ਸਕੱਤਰ ਦਲਵਿੰਦਰ ਸਿੰਘ ਰਛੀਨ ਨੇ ਪੁਲਸ ਕਾਰਵਾਈ ਨੂੰ ਗ਼ੈਰ-ਵਾਜਬ ਕਰਾਰ ਦਿੱਤਾ ਤੇ ਕਿਹਾ ਕਿ ਪੱਤਰਕਾਰਾਂ ਨਾਲ ਅਜਿਹਾ ਵਿਵਹਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਯੂਨੀਅਨ ਆਗੂਆਂ ਨੇ ਪੱਤਰਕਾਰਾਂ ਦੀ ਆਜ਼ਾਦੀ ਤੇ ਮਰਿਆਦਾ ਦੀ ਰਾਖੀ ਲਈ ਇੱਕਜੁੱਟਤਾ ਦਾ ਸੱਦਾ ਦਿੱਤਾ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਵੀ ਪੱਤਰਕਾਰ ਖ਼ਿਲਾਫ਼ ਇਸ ਤਰ੍ਹਾਂ ਦੀ ਕਾਰਵਾਈ ਦੁਹਰਾਈ ਗਈ ਤਾਂ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

### ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾ ਕਮੇਟੀ ਦੀ ਮੀਟਿੰਗ ਜਲੰਧਰ ਵਿਖੇ 23 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਾਰਜਕਾਰਨੀ ਕਮੇਟੀ ਤੇ ਸਾਰੀਆਂ ਬ੍ਰਾਂਚਾਂ ਦੇ ਪ੍ਰਮੁੱਖ ਆਗੂਆਂ ਦੀ ਇੱਕ ਮੀਟਿੰਗ 23 ਜੁਲਾਈ ਵੀਰਵਾਰ ਨੂੰ ਸਵੇਰੇ ਠੀਕ 11 ਵਜੇ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਨੇੜੇ ਬੱਸ ਸਟੈਂਡ ਜਲੰਧਰ ਵਿਖੇ ਰੱਖੀ ਗਈ ਹੈ।ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਸੂਬਾ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਹੋਏ ਐਕਸ਼ਨਾਂ ਦਾ ਲੇਖਾ ਜੋਖਾ ਕੀਤਾ ਜਾਵੇਗਾ।ਇਸ ਤੋਂ ਇਲਾਵਾ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ 29 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਤੇ 7 ਅਗਸਤ ਨੂੰ ਅਨਾਜ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਦੇ ਸੱਦੇ ਤੇ ਕੀਤੀ ਜਾ ਰਹੀ ਸੂਬਾਈ ਮਹਾਂਰੈਲੀ ਨੂੰ ਸਫਲ ਬਣਾਉਣ ਲਈ ਪੈਨਸ਼ਨਰਾਂ ਦੀ ਸ਼ਮੂਲੀਅਤ ਵੱਡੇ ਪੱਧਰ 'ਤੇ ਕਰਵਾਉਣ ਦਾ ਫੈਸਲਾ ਕੀਤਾ ਜਾਵੇਗਾ।

# ਰੋਟਰੀ ਕਲੱਬ ਸੁਨਾਮ ਸਟਾਰ ਵੱਲੋਂ ਤਾਜਪੋਸ਼ੀ ਸਮਾਰੋਹ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਰੋਟਰੀ ਕਲੱਬ ਸੁਨਾਮ ਸਟਾਰ ਦਾ ਤਾਜਪੋਸ਼ੀ ਤੇ ਪਰਿਵਾਰਕ ਮਿਲਣੀ ਸਮਾਰੋਹ ਪ੍ਰਧਾਨ ਰੋਟੇਰੀਅਨ ਦੀਪਕ ਸਿੰਗਲਾ ਤੇ ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਵਿਨੇ ਜਿੰਦਲ ਤੇ ਰੋਟੇਰੀਅਨ ਰਿਸ਼ਵ ਗਰਗ ਦੀ ਅਗਵਾਈ ਵਿੱਚ ਯਾਦਵਿੰਦਰਾ ਡਰੀਮਜ਼ ਹੋਟਲ ਸੰਗਰੂਰ ਵਿੱਚ ਕਰਵਾਇਆ ਗਿਆ।ਸਮਾਰੋਹ ਦੀ ਸ਼ੁਰੂਆਤ ਰਾਸ਼ਟਰ ਗਾਨ ਨਾਲ ਕੀਤੀ ਗਈ।ਰੋਟੇਰੀਅਨ ਹਨੀਸ਼ ਸਿੰਗਲਾ ਵੱਲੋਂ ਸਾਰੇ ਮੈਂਬਰਾਂ ਦਾ ਸਵਾਗਤ ਕੀਤਾ ਗਿਆ।ਸੈਕਟਰੀ ਰੋਟੇਰੀਅਨ ਨਿਸ਼ਾਨ ਗਰਗ ਵੱਲੋਂ ਬੀਤੇ ਸਾਲ ਦੀ ਰਿਪੋਰਟ ਪੇਸ਼ ਕੀਤੀ ਗਈ।ਪ੍ਰਧਾਨ ਦੀਪਕ ਸਿੰਗਲਾ ਵੱਲੋਂ ਆਪਣੇ ਕਾਰਜਕਾਲ ਵਿੱਚ ਕੀਤੇ ਗਏ ਕੰਮਾਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ।

ਇਸ ਤੋਂ ਬਾਅਦ ਪ੍ਰਧਾਨ ਦੀਪਕ ਸਿੰਗਲਾ ਤੇ ਸਚਿਨ ਗਰਗ, ਹਨੀਸ਼ ਸਿੰਗਲਾ, ਅਵਿਨਾਸ਼ ਕੁਮਾਰ, ਨਿਤਿਸ਼ ਗਰਗ (ਸਾਰੇ ਸਾਬਕਾ ਪ੍ਰਧਾਨ) ਵੱਲੋਂ ਕਲੱਬ ਦੇ ਨਵੇਂ ਚੁਣੇ ਗਏ ਪ੍ਰਧਾਨ ਰੋਟੇਰੀਅਨ ਪੁਨੀਤ ਜਿੰਦਲ ਨੂੰ ਕਾਲਰ ਪਹਿਨਾ ਕੇ ਜ਼ਿੰਮੇਵਾਰੀ ਸੌਂਪੀ ਗਈ।ਨਵ ਨਿਯੁਕਤ ਪ੍ਰਧਾਨ ਪੁਨੀਤ ਜਿੰਦਲ ਵੱਲੋਂ ਉਸ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਨ ਲਈ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਸਾਰੇ ਮੈਂਬਰਾਂ ਦੇ ਸਹਿਯੋਗ ਨਾਲ ਸਮਾਜ ਦੀ ਭਲਾਈ ਲਈ ਕੰਮ ਕਰਨਗੇ।ਪੁਨੀਤ ਜਿੰਦਲ ਨੇ ਆਪਣੀ ਟੀਮ ਦਾ ਐਲਾਨ ਕਰਦੇ ਹੋਏ ਨਵੀਨ ਸਿੰਗਲਾ ਨੂੰ ਸੈਕਟਰੀ, ਜਤਿੰਦਰ ਗੋਇਲ ਕੈਸ਼ੀਅਰ, ਮਨਦੀਪ ਗੋਇਲ ਵਾਇਸ ਪ੍ਰਧਾਨ, ਨਿਖਿਲ ਗਰਗ ਸਾਰਜੈਂਟ ਤੇ ਯਸ਼ ਬਾਂਸਲ ਨੂੰ ਗਰੀਟਿੰਗ ਚੇਅਰਮੈਨ ਵਜੋਂ ਸ਼ਾਮਲ ਕੀਤਾ।

ਰੋਟੇਰੀਅਨ ਸਚਿਨ ਗਰਗ (ਅਸਿਸਟੈਂਟ ਗਵਰਨਰ 2025-26) ਨੇ ਨਵ-ਨਿਯੁਕਤ ਪ੍ਰਧਾਨ ਪੁਨੀਤ ਜਿੰਦਲ ਤੇ ਸਾਰੀ ਟੀਮ ਨੂੰ ਵਧਾਈ ਦਿੱਤੀ।ਇਸ ਮੌਕੇ ਰੋਟੇਰੀਅਨ ਨਵੀਨ ਗਰਗ ਤੇ ਡਾਕਟਰ ਮੋਨਾਲਿਕਾ ਗਰਗ ਦੇ ਬੇਟੇ ਨੰਨ੍ਹੇ ਰੌਨਵ ਗਰਗ ਦਾ ਸਵਾਗਤ ਕੀਤਾ ਗਿਆ। ਛਵੀ ਗੋਇਲ ਵੱਲੋਂ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ। ਸਾਰੇ ਮੈਂਬਰਾਂ ਨੇ ਤੰਬੋਲਾ ਤੇ ਕਪਲ ਗੇਮਾਂ ਦਾ ਆਨੰਦ ਮਾਣਿਆ।ਮੰਚ ਸੰਚਾਲਨ ਦੀ ਭੂਮਿਕਾ ਰੋਟੇਰੀਅਨ ਅਵਿਨਾਸ਼ ਕੁਮਾਰ ਵੱਲੋਂ ਬਾਖੂਬੀ ਨਿਭਾਈ ਗਈ।ਇਸ ਦੌਰਾਨ ਨਵੀਨ ਗਰਗ, ਰੋਬਿਨ ਜਿੰਦਲ, ਮੋਹਿਤ ਜਿੰਦਲ, ਚੰਦਰ ਗੋਇਲ, ਰਜਤ ਜੈਨ, ਸ਼ੁਭਮ ਮਿੱਤਲ, ਆਕਾਸ਼ ਗਰਗ, ਸੌਰਭ ਬਾਂਸਲ, ਸੁਸ਼ੀਲ ਬਾਂਸਲ ਆਦਿ ਮੈਂਬਰ ਹਾਜ਼ਰ ਸਨ।

# ਬਿਜਲੀ ਦੇ ਅਣ-ਐਲਾਨੇ ਕੱਟਾਂ ਨੇ ਲੋਕਾਂ ਦਾ ਜੀਣਾ ਮੁਸ਼ਕਲ ਕੀਤਾ : ਮਾਲਵਿਕਾ ਸੂਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿਛਲੇ ਕਈ ਦਿਨਾਂ ਤੋਂ ਲਗਾਤਾਰ ਲੱਗ ਰਹੇ ਬਿਜਲੀ ਦੇ ਲੰਮੇ ਤੇ ਅਣ-ਐਲਾਨੇ ਕੱਟਾਂ ਨੇ ਅੱਤ ਦੀ ਗਰਮੀ ਵਿੱਚ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਦਿੱਤਾ ਹੈ।ਇੱਕ ਪਾਸੇ ਪਾਰਾ ਲਗਾਤਾਰ ਚੜ੍ਹ ਰਿਹਾ ਹੈ ਤੇ ਦੂਜੇ ਪਾਸੇ ਘੰਟਿਆਂ ਤੱਕ ਬਿਜਲੀ ਗੁੱਲ ਰਹਿਣ ਕਾਰਨ ਘਰਾਂ, ਬਾਜ਼ਾਰਾਂ ਤੇ ਖੇਤਾਂ ਵਿੱਚ ਜਨ-ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।ਬੱਚੇ, ਬਜ਼ੁਰਗ, ਬਿਮਾਰ ਵਿਅਕਤੀ, ਵਪਾਰੀ ਤੇ ਕਿਸਾਨ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਲੋਕਾਂ ਦਾ ਕਹਿਣਾ ਹੈ ਕਿ ਦਿਨ ਹੋਵੇ ਜਾਂ ਰਾਤ, ਵਾਰ-ਵਾਰ ਬਿਜਲੀ ਜਾਣ ਕਾਰਨ ਨਾ ਤਾਂ ਗਰਮੀ ਤੋਂ ਰਾਹਤ ਮਿਲ ਰਹੀ ਹੈ ਤੇ ਨਾ ਹੀ ਰੋਜ਼ਾਨਾ ਦਾ ਕੰਮਕਾਜ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ।ਇਸੇ ਮੁੱਦੇ ਨੂੰ ਲੈ ਕੇ ਕਾਂਗਰਸ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ ਨੇ ਪੰਜਾਬ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਗਰਮੀ ਦੇ ਸੀਜ਼ਨ ਦੌਰਾਨ ਬਿਜਲੀ ਸਪਲਾਈ ਦੀਆਂ ਵਿਵਸਥਾਵਾਂ ਪਹਿਲਾਂ ਹੀ ਯਕੀਨੀ ਬਣਾਈਆਂ ਜਾਣੀਆਂ ਚਾਹੀਦੀਆਂ ਸਨ, ਪਰ ਸਰਕਾਰ ਇਸ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ।ਉਨ੍ਹਾਂ ਕਿਹਾ ਕਿ ਦਿਨ ਤੇ ਰਾਤ ਲੱਗ ਰਹੇ ਲੰਮੇ ਬਿਜਲੀ ਕੱਟਾਂ ਕਾਰਨ ਘਰੇਲੂ ਤੇ ਵਪਾਰਕ ਕੰਮਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।ਮਾਲਵਿਕਾ ਸੂਦ ਨੇ ਕਿਹਾ ਕਿ ਬਿਜਲੀ ਨਾ ਹੋਣ ਕਾਰਨ ਪੱਖੇ, ਕੂਲਰ ਤੇ ਏਅਰ ਕੰਡੀਸ਼ਨਰ ਬੰਦ ਹੋ ਜਾਂਦੇ ਹਨ, ਜਿਸ ਨਾਲ ਸਭ ਤੋਂ ਵੱਧ ਪ੍ਰੇਸ਼ਾਨੀ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਲੋਕਾਂ ਨੂੰ ਝੱਲਣੀ ਪੈਂਦੀ ਹੈ।ਰਾਤ ਦੇ ਸਮੇਂ ਲੱਗਣ ਵਾਲੇ ਲੰਮੇ ਕੱਟਾਂ ਕਾਰਨ ਲੋਕਾਂ ਦੀ ਨੀਂਦ ਹਰਾਮ ਹੋ ਚੁੱਕੀ ਹੈ।ਇਸ ਦੇ ਨਾਲ ਹੀ ਮੱਛਰਾਂ ਤੇ ਮੱਖੀਆਂ ਦੀ ਭਰਮਾਰ ਵਧਣ ਕਾਰਨ ਡੇਂਗੂ, ਮਲੇਰੀਆ ਤੇ ਹੋਰ ਮੌਸਮੀ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵਧ ਗਿਆ ਹੈ।ਉਨ੍ਹਾਂ ਪੰਜਾਬ ਸਰਕਾਰ ਦੇ ਬਿਜਲੀ ਪੱਖੋਂ ਸੂਬੇ ਨੂੰ ਸਰਪਲਸ ਬਣਾਉਣ ਦੇ ਦਾਅਵਿਆਂ 'ਤੇ ਵੀ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਅੱਜ ਹਕੀਕਤ ਲੋਕਾਂ ਦੇ ਸਾਹਮਣੇ ਹੈ।ਉਨ੍ਹਾਂ ਦੋਸ਼ ਲਾਇਆ ਕਿ ਖੇਤੀ ਲਈ ਟੇਲਾਂ ਤੱਕ ਪਾਣੀ ਪਹੁੰਚਾਉਣ ਦੇ ਦਾਅਵੇ ਵੀ ਫੇਲ੍ਹ ਸਾਬਿਤ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਝੋਨੇ ਦੀ ਫਸਲ ਨੂੰ ਲੱਗਿਆਂ ਅਜੇ ਇੱਕ ਮਹੀਨਾ ਵੀ ਨਹੀਂ ਹੋਇਆ, ਪਰ ਪਾਣੀ ਤੇ ਬਿਜਲੀ ਦੀ ਘਾਟ ਕਾਰਨ ਫਸਲ ਸੁੱਕਣ ਦੀ ਕਗਾਰ 'ਤੇ ਪਹੁੰਚ ਗਈ ਹੈ।ਜੇਕਰ ਇਹ ਹਾਲਾਤ ਜਾਰੀ ਰਹੇ ਤਾਂ ਕਿਸਾਨ ਝੋਨਾ ਵਾਹੁਣ ਲਈ ਮਜਬੂਰ ਹੋ ਸਕਦੇ ਹਨ।ਸਫਾਈ ਸੇਵਕਾਂ ਦੀ ਚੱਲ ਰਹੀ ਹੜਤਾਲ ਦਾ ਜ਼ਿਕਰ ਕਰਦਿਆਂ ਮਾਲਵਿਕਾ ਸੂਦ ਹਲਕਾ ਇੰਚਾਰਜ ਕਾਂਗਰਸ ਮੋਗਾ ਨੇ ਕਿਹਾ ਕਿ ਇੱਕ ਪਾਸੇ ਲੋਕ ਬਿਜਲੀ ਦੇ ਕੱਟਾਂ ਕਾਰਨ ਪ੍ਰੇਸ਼ਾਨ ਹਨ, ਦੂਜੇ ਪਾਸੇ ਸਫਾਈ ਸੇਵਕਾਂ ਦੀਆਂ ਮੰਗਾਂ ਅਣਸੁਣੀਆਂ ਕਰਨ ਕਾਰਨ ਸ਼ਹਿਰਾਂ ਅਤੇ ਕਸਬਿਆਂ ਵਿਚ ਕੂੜੇ ਦੇ ਢੇਰ ਲੱਗੇ ਹੋਏ ਹਨ, ਜਿਸ ਨਾਲ ਲੋਕਾਂ ਨੂੰ ਬਦਬੂ ਤੇ ਬਿਮਾਰੀਆਂ ਦੇ ਖ਼ਤਰੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਸਫਾਈ ਸੇਵਕਾਂ ਨਾਲ ਤੁਰੰਤ ਗੱਲਬਾਤ ਕਰਕੇ ਹੜਤਾਲ ਖਤਮ ਕਰਵਾਈ ਜਾਵੇ।

# ਐੱਲ ਏ ਡੀ ਸੀ ਕਾਨੂੰਨ ਖਿਲਾਫ ਵਕੀਲਾਂ ਵੱਲੋਂ ਧਰਨਾ



**ਬੁੱਢਲਾਡਾ (ਰੀਤਵਾਲ/ਅਸ਼ੋਕ ਲਾਕੜਾ)**-ਬੁੱਢਲਾਡਾ ਸਥਾਨਕ ਬਾਰ ਐਸੋਸੀਏਸ਼ਨ ਵਿਖੇ ਅੱਜ ਵੱਡੀ ਗਿਣਤੀ ਵਿੱਚ ਵਕੀਲਾਂ ਨੇ ਐੱਲ.ਏ.ਡੀ.ਸੀ. ਕਾਨੂੰਨ ਖਿਲਾਫ ਧਰਨਾ ਦੇ ਕੇ ਆਪਣਾ ਵਿਰੋਧ ਦਰਜ ਕਰਵਾਇਆ।ਇਸ ਮੌਕੇ ਵਕੀਲਾਂ ਨੇ ਹੱਥਾਂ ਵਿੱਚ ਬੈਨਰ ਤੇ ਤਖਤੀਆਂ ਫੜ ਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਕਾਨੂੰਨ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।ਦੱਸਣਯੋਗ ਹੈ ਕਿ ਸਾਰੇ ਸੂਬੇ ਦੀਆਂ ਬਾਰ ਐਸੋਸੀਏਸ਼ਨਾਂ ਵੱਲੋਂ 13ਵੇਂ ਦਿਨ ਵੀ ਕੰਮ ਬੰਦ ਰੱਖਿਆ ਗਿਆ।ਇਸ ਸਬੰਧੀ ਬਾਰ ਐਸੋਸੀਏਸ਼ਨ ਬੁਢਲਾਡਾ ਦੇ ਪ੍ਰਧਾਨ ਸੁਰਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਬਾਰ ਐਸੋਸੀਏਸ਼ਨ ਬੁਢਲਾਡਾ ਵੱਲੋਂ 13ਵੇ ਦਿਨ ਵੀ ਮੁਫ਼ਤ ਕਾਨੂੰਨੀ ਸਹਾਇਤਾ ਬਚਾਅ ਪੱਖ (ਐੱਲ.ਏ.ਡੀ.ਸੀ.) ਦੇ ਵਿਰੋਧ ਵਿੱਚ ਨੋ ਵਰਕ ਜਾਰੀ ਹੈ, ਜੋ 7 ਜੁਲਾਈ ਤੋਂ ਅਣਮਿੱਥੇ ਸਮੇਂ ਲਈ ਕੀਤਾ ਹੋਇਆ ਹੈ ਅਤੇ ਨਾਲ ਕਿਹਾ ਕਿ ਜੇ ਵਕੀਲ ਭਾਈਚਾਰੇ ਦੀਆਂ ਇਹ ਜਾਇਜ਼ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਤਾਂ ਵਕੀਲ ਭਾਈਚਾਰੇ ਵੱਲੋਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਭਲਕੇ ਵਕੀਲ ਭਾਈਚਾਰਾ ਬੁੱਢਲਾਡਾ ਕੋਰਟ ਵਿਖੇ ਭੁੱਖ ਹੜਤਾਲ ਕਰੇਗਾ।ਇਸ ਮੌਕੇ ਸਮੂਹ ਵਕੀਲ ਭਾਈਚਾਰਾ ਹਾਜ਼ਰ ਸੀ।

# ਸੁਖਬੀਰ ਬਾਦਲ ਖ਼ਿਲਾਫ਼ ਸਿੱਟ ਦੀ ਕਾਰਵਾਈ ਸਿਆਸੀ ਬਦਲਾਖੋਰੀ ਦਾ ਹਿੱਸਾ : ਕਲੇਰ, ਗਰੇਵਾਲ



**ਜਗਰਾਉਂ (ਨਛੱਤਰ ਸੰਧੂ/ਅਮਿਤ ਖੰਨਾ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਦੇ ਸਿੱਟ ਅੱਗੇ ਪੇਸ਼ ਹੋਣ ਦੇ ਮੌਕੇ 'ਤੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਜਗਰਾਉਂ ਐੱਸ. ਆਰ. ਕਲੇਰ ਦੀ ਅਗਵਾਈ ਹੇਠ ਜਗਰਾਉਂ ਹਲਕੇ ਤੋਂ ਅਕਾਲੀ ਆਗੂਆਂ ਤੇ ਵਰਕਰਾਂ ਦਾ ਵੱਡਾ ਕਾਫਲਾ ਚੰਡੀਗੜ੍ਹ ਲਈ ਰਵਾਨਾ ਹੋਇਆ।ਇਸ ਮੌਕੇ ਐੱਸ. ਆਰ. ਕਲੇਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿਆਸੀ ਬਦਲਾਖੋਰੀ ਦੀ ਨੀਤੀ ਤਹਿਤ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਉਣ ਦਾ ਯਤਨ ਕਰ ਰਹੀ ਹੈ, ਪਰ ਅਕਾਲੀ ਦਲ ਦਾ ਹਰ ਆਗੂ ਤੇ ਵਰਕਰ ਕਾਨੂੰਨ ਦਾ ਸਤਿਕਾਰ ਕਰਦਾ ਹੈ ਅਤੇ ਹਰ ਕਾਨੂੰਨੀ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਵੇਗਾ।ਐੱਸ. ਆਰ. ਕਲੇਰ ਨੇ ਕਿਹਾ ਕਿ ਸਾਲ 2015 ਵਿੱਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਬਹੁਤ ਹੀ ਦੁਖਦਾਈ ਸਨ ਤੇ ਸ਼੍ਰੋਮਣੀ ਅਕਾਲੀ ਦਲ ਨੇ ਸ਼ੁਰੂ ਤੋਂ ਹੀ ਇਨ੍ਹਾਂ ਘਟਨਾਵਾਂ ਦੀ ਨਿੰਦਾ ਕੀਤੀ ਸੀ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਅਸਲ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਦੀ ਬਜਾਏ ਇਸ ਮਾਮਲੇ ਨੂੰ ਸਿਆਸੀ ਰੰਗ ਦੇ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਦਾਅਵਾ ਕੀਤਾ ਕਿ ਅੱਜ ਤੱਕ ਬੇਅਦਬੀ ਦੇ ਅਸਲ ਦੋਸ਼ੀਆਂ ਨੂੰ ਸਜ਼ਾ ਨਹੀਂ ਮਿਲ ਸਕੀ ਤੇ ਨਾ ਹੀ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਇਨਸਾਫ਼ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਹਰ ਵਰਕਰ ਆਪਣੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ ਤੇ ਸੱਚਾਈ ਦੀ ਜਿੱਤ 'ਤੇ ਪੂਰਾ ਵਿਸ਼ਵਾਸ ਰੱਖਦਾ ਹੈ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਬੇਅਦਬੀ ਦੇ ਮਾਮਲੇ ਨੂੰ ਕਿਸੇ ਵੀ ਕੀਮਤ 'ਤੇ ਸਿਆਸੀ ਲਾਭ ਲਈ ਵਰਤਣਾ ਬਹੁਤ ਹੀ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਦੀ ਨੀਅਤ ਸੱਚਮੁੱਚ ਇਨਸਾਫ਼ ਦਿਵਾਉਣ ਦੀ ਹੁੰਦੀ ਤਾਂ ਇੰਨੇ ਸਾਲਾਂ ਵਿੱਚ ਅਸਲ ਦੋਸ਼ੀਆਂ ਨੂੰ ਸਜ਼ਾ ਮਿਲ ਚੁੱਕੀ ਹੁੰਦੀ।ਉਨ੍ਹਾਂ ਦੋਸ਼ ਲਗਾਇਆ ਕਿ ਚੋਣਾਂ ਨੇੜੇ ਆਉਂਦਿਆਂ ਹੀ ਬੇਅਦਬੀ ਦੇ ਮਾਮਲੇ ਨੂੰ ਮੁੜ ਉਭਾਰ ਕੇ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਭਟਕਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸ ਮੌਕੇ ਜਗਰਾਉਂ ਹਲਕੇ ਤੋਂ ਵੱਡੀ ਗਿਣਤੀ ਵਿੱਚ ਅਕਾਲੀ ਆਗੂ, ਅਹੁਦੇਦਾਰ ਤੇ ਵਰਕਰ ਚੰਡੀਗੜ੍ਹ ਲਈ ਰਵਾਨਾ ਹੋਏ ਤੇ ਪਾਰਟੀ ਪ੍ਰਧਾਨ ਪ੍ਰਤੀ ਆਪਣੀ ਇੱਕਜੁੱਟਤਾ ਦਾ ਪ੍ਰਗਟਾਵਾ ਕੀਤਾ।

## ਵਿਸ਼ੇਸ਼ ਲੋਕ ਅਦਾਲਤ 'ਚ 17 ਕੇਸਾਂ ਦਾ ਮੌਕੇ 'ਤੇ ਨਿਪਟਾਰਾ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ-ਕਮ-ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਮਾਲੇਰਕੋਟਲਾ ਅਰੁਣ ਗੁਪਤਾ ਦੀ ਅਗਵਾਈ ਹੇਠ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 (ਚੈੱਕ ਬਾਊਂਸ ਮਾਮਲੇ) ਅਧੀਨ ਕੇਸਾਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ ਲਗਾਈ ਗਈ।ਇਸ ਦੌਰਾਨ ਕੇਸਾਂ ਦੇ ਸੁਖਾਵੇਂ ਤੇ ਆਪਸੀ ਸਹਿਮਤੀ ਨਾਲ ਨਿਪਟਾਰੇ ਲਈ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਕੁੱਲ 7 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਨ੍ਹਾਂ ਦੀ ਪ੍ਰਧਾਨਗੀ ਵੱਖ-ਵੱਖ ਨਿਆਂਇਕ ਅਧਿਕਾਰੀਆਂ ਵੱਲੋਂ ਕੀਤੀ ਗਈ।ਲੋਕ ਅਦਾਲਤ ਦੇ ਬੈਂਚਾਂ ਵੱਲੋਂ ਕੁੱਲ 163 ਕੇਸਾਂ ਨੂੰ ਨਿਪਟਾਰੇ ਲਈ ਵਿਚਾਰਿਆ ਗਿਆ।ਇਨ੍ਹਾਂ ਵਿੱਚੋਂ 17 ਕੇਸਾਂ ਦਾ ਆਪਸੀ ਸਹਿਮਤੀ ਨਾਲ ਸਫ਼ਲਤਾਪੂਰਵਕ ਨਿਪਟਾਰਾ ਕਰਵਾਇਆ ਗਿਆ।ਇਸ ਦੌਰਾਨ ਕੁੱਲ 46,05,093 ਰੁਪਏ ਦੀ ਰਕਮ ਦੇ ਸਮਝੌਤੇ ਕਰਵਾਏ ਗਏ।ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮਾਲੇਰਕੋਟਲਾ ਸ੍ਰੀ ਅਰੁਣ ਗੁਪਤਾ ਨੇ ਦੱਸਿਆ ਕਿ ਲੋਕ ਅਦਾਲਤਾਂ ਲੋਕਾਂ ਨੂੰ ਆਪਣੇ ਕੇਸਾਂ ਦਾ ਤੇਜ਼, ਸਸਤਾ ਤੇ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਉਣ ਲਈ ਇੱਕ ਪ੍ਰਭਾਵਸ਼ਾਲੀ ਮੰਚ ਪ੍ਰਦਾਨ ਕਰਦੀਆਂ ਹਨ।

ਅਰੁਣ ਗੁਪਤਾ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨੇ ਕਿਹਾ ਕਿ ਲੋਕ ਅਦਾਲਤ ਵਿੱਚ ਦੋਵੇਂ ਧਿਰਾਂ ਦੀ ਸਹਿਮਤੀ ਨਾਲ ਕੇਸ ਦਾ ਨਿਪਟਾਰਾ ਹੋਣ ਕਾਰਨ ਦੋਵੇਂ ਧਿਰਾਂ ਲਈ ਇਹ 'ਜਿੱਤ-ਜਿੱਤ' ਵਾਲੀ ਸਥਿਤੀ ਹੁੰਦੀ ਹੈ।ਇਸ ਤੋਂ ਇਲਾਵਾ ਲੋਕ ਅਦਾਲਤ ਰਾਹੀਂ ਕੇਸ ਦਾ ਨਿਪਟਾਰਾ ਹੋਣ 'ਤੇ ਅਦਾ ਕੀਤੀ ਗਈ ਕੋਰਟ ਫੀਸ ਵੀ ਵਾਪਸ ਮਿਲ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਅਗਲੀ ਵਿਸ਼ੇਸ਼ ਲੋਕ ਅਦਾਲਤ 21 ਨਵੰਬਰ 2026 ਨੂੰ ਲਗਾਈ ਜਾਵੇਗੀ।ਸਬੰਧਤ ਧਿਰਾਂ ਆਪਣੇ ਕੇਸਾਂ ਦੇ ਨਿਪਟਾਰੇ ਲਈ ਉਸ ਸਬੰਧਤ ਅਦਾਲਤ ਵਿੱਚ ਲਿਖਤੀ ਦਰਖ਼ਾਸਤ ਦੇ ਸਕਦੀਆਂ ਹਨ, ਜਿੱਥੇ ਉਨ੍ਹਾਂ ਦਾ ਕੇਸ ਪਹਿਲਾਂ ਹੀ ਵਿਚਾਰ ਅਧੀਨ ਹੈ, ਤਾਂ ਜੋ ਕੇਸ ਨੂੰ ਵਿਸ਼ੇਸ਼ ਲੋਕ ਅਦਾਲਤ ਵਿੱਚ ਲਗਾਇਆ ਜਾ ਸਕੇ।

# 37ਵੀਂ ਪੰਜਾਬ ਸਟੇਟ ਸਬ-ਜੂਨੀਅਰ ਤੈਰਾਕੀ ਚੈਂਪੀਅਨਸ਼ਿਪ ਸਮਾਪਤ

■ ਜਲੰਧਰ ਬਣਿਆ ਓਵਰਆਲ ਚੈਂਪੀਅਨ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਵਿਖੇ ਦੋ ਰੋਜ਼ਾ ਚੱਲੀ 37ਵੀਂ ਸਬ-ਜੂਨੀਅਰ ਪੰਜਾਬ ਸਟੇਟ ਤੈਰਾਕੀ ਚੈਂਪੀਅਨਸ਼ਿਪ (ਲੜਕੇ ਤੇ ਲੜਕੀਆਂ) ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਈ ਹੈ। ਦੋ ਦਿਨ ਚੱਲੇ ਇਨ੍ਹਾਂ ਰੋਮਾਂਚਕ ਮੁਕਾਬਲਿਆਂ ਵਿੱਚ ਜਲੰਧਰ ਦੀ ਟੀਮ ਨੇ ਕੁੱਲ 103 ਅੰਕ ਪ੍ਰਾਪਤ ਕਰਕੇ ਓਵਰਆਲ ਚੈਂਪੀਅਨਸ਼ਿਪ ਦੀ ਟਰਾਫ਼ੀ 'ਤੇ ਕਬਜ਼ਾ ਕੀਤਾ। ਵੱਖ-ਵੱਖ ਵਰਗਾਂ ਦੇ ਫਾਈਨਲ ਮੁਕਾਬਲਿਆਂ ਵਿੱਚ ਪੰਜਾਬ ਭਰ ਦੇ ਨੌਜਵਾਨ ਖਿਡਾਰੀਆਂ ਨੇ ਸਵਿਮਿੰਗ ਪੂਲ ਵਿੱਚ ਆਪਣੀ ਤੈਰਾਕੀ ਦੇ ਸ਼ਾਨਦਾਰ ਜੌਹਰ ਦਿਖਾ ਕੇ ਹਾਜ਼ਰੀਨ ਨੂੰ ਪ੍ਰਭਾਵਿਤ ਕੀਤਾ। ਇਸ ਵੱਕਾਰੀ ਰਾਜ ਪੱਧਰੀ ਚੈਂਪੀਅਨਸ਼ਿਪ ਦੇ ਆਖਰੀ ਦਿਨ ਵੱਖ-ਵੱਖ ਉਮਰ ਵਰਗਾਂ ਦੇ ਦਿਲਚਸਪ ਮੁਕਾਬਲੇ ਦੇਖਣ ਨੂੰ ਮਿਲੇ, ਜਿਨ੍ਹਾਂ ਦੇ ਅਧਿਕਾਰਤ ਨਤੀਜੇ ਵਿੱਚ ਲੜਕੀਆਂ (ਗਰੁੱਪ-2) 'ਚ ਜਲੰਧਰ ਦੀ ਟੀਮ 49 ਅੰਕਾਂ ਨਾਲ ਜੇਤੂ ਰਹੀ, ਜਦਕਿ ਮੋਹਾਲੀ ਦੀ ਟੀਮ 31 ਅੰਕਾਂ ਨਾਲ ਉਪ-ਜੇਤੂ ਰਹੀ। ਲੜਕੀਆਂ (ਗਰੁੱਪ-3) 'ਚ ਲੁਧਿਆਣਾ ਨੇ 43 ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ ਤੇ ਫ਼ਰੀਦਕੋਟ 23 ਅੰਕਾਂ ਨਾਲ ਦੂਜੇ ਸਥਾਨ 'ਤੇ ਰਿਹਾ। ਲੜਕੇ (ਗਰੁੱਪ-2) 'ਚ ਮੋਹਾਲੀ ਦੀ ਟੀਮ ਨੇ 57 ਅੰਕ ਲੈ ਕੇ ਜਿੱਤ ਦਰਜ ਕੀਤੀ, ਜਦਕਿ ਜਲੰਧਰ 54 ਅੰਕਾਂ ਨਾਲ ਉਪ-ਜੇਤੂ ਰਿਹਾ। ਲੜਕੇ (ਗਰੁੱਪ-3) 'ਚ ਮੇਜ਼ਬਾਨ ਫ਼ਿਰੋਜ਼ਪੁਰ ਦੀ ਟੀਮ ਨੇ 48 ਅੰਕਾਂ ਨਾਲ ਬਾਜ਼ੀ ਮਾਰੀ ਤੇ ਲੁਧਿਆਣਾ ਦੀ ਟੀਮ 37 ਅੰਕਾਂ ਨਾਲ ਦੂਜੇ ਸਥਾਨ 'ਤੇ ਰਹੀ।

ਇਸੇ ਤਰ੍ਹਾਂ 4×50 ਮੀਟਰ ਫਰੀ ਰਿਲੇਅ (ਲੜਕੇ-3) 'ਚ ਫ਼ਿਰੋਜ਼ਪੁਰ ਦੀ ਟੀਮ ਦਿਲਸ਼ਾਨਪ੍ਰੀਤ, ਮਨਸੀਮਰ, ਮਨਵੀਰ, ਅਨਹਦ ਨੇ 02.10.55 ਦੇ ਸਮੇਂ ਨਾਲ ਪਹਿਲਾ, ਲੁਧਿਆਣਾ ਨੇ ਦੂਜਾ ਤੇ ਫ਼ਰੀਦਕੋਟ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 4×50 ਮੀਟਰ ਫਰੀ ਰਿਲੇਅ (ਲੜਕੀਆਂ-3) 'ਚ ਲੁਧਿਆਣਾ ਦੀ ਟੀਮ ਨਵਿਆ, ਮਿਸ਼ਿਕਾ, ਜੀਨਤ, ਪਰਸੀਮ ਨੇ ਪਹਿਲਾ, ਫ਼ਰੀਦਕੋਟ ਨੇ ਦੂਜਾ ਤੇ ਜਲੰਧਰ ਨੇ ਤੀਜਾ ਸਥਾਨ ਹਾਸਲ ਕੀਤਾ। 200 ਮੀਟਰ ਆਈ.ਐੱਮ. (ਲੜਕੇ-2) 'ਚ ਮੋਹਾਲੀ ਦੇ ਅਗਮਜੋਤ ਸਿੰਘ ਨੇ ਪਹਿਲਾ ਤੇ ਜਲੰਧਰ ਦੇ ਦਿਵਜੋਤ ਸਿੰਘ ਨੇ ਦੂਜਾ ਸਥਾਨ ਲਿਆ। ਲੜਕੀਆਂ ਦੇ ਇਸੇ ਮੁਕਾਬਲੇ ਵਿੱਚ ਮੋਹਾਲੀ ਦੀ ਸੋਨਾਕਸ਼ੀ ਸਹਿਗਲ ਪਹਿਲੇ ਸਥਾਨ 'ਤੇ ਰਹੀ। 100 ਮੀਟਰ ਫਰੀ ਸਟਾਈਲ (ਲੜਕੇ-2) 'ਚ ਜਲੰਧਰ ਦੇ ਦਿਵਜੋਤ ਸਿੰਘ ਨੇ ਸੋਨੇ ਦਾ ਮੈਡਲ ਜਿੱਤਿਆ। ਲੜਕੀਆਂ ਦੇ ਵਰਗ ਵਿੱਚ ਫ਼ਰੀਦਕੋਟ ਦੀ ਕਾਤਨਾ ਚਾਹਲ ਪਹਿਲੇ ਸਥਾਨ 'ਤੇ ਰਹੀ। 50 ਮੀਟਰ ਬ੍ਰੈਸਟ ਸਟਰੋਕ (ਲੜਕੇ-2) 'ਚ ਸੰਗਰੂਰ ਦੇ ਅਰਨਵਜੀਤ ਸਿੰਘ ਤੇ ਲੜਕੀਆਂ 'ਚ ਜਲੰਧਰ ਦੀ ਅਮਰੀਤ ਦਹੀਆ ਜੇਤੂ ਰਹੀ। 50 ਮੀਟਰ ਬਟਰਫਲਾਈ (ਲੜਕੇ-2) 'ਚ ਮੋਹਾਲੀ ਦੇ ਅਗਮਜੋਤ ਸਿੰਘ ਤੇ ਲੜਕੀਆਂ 'ਚ ਫ਼ਰੀਦਕੋਟ ਦੀ ਕਾਤਨਾ ਚਾਹਲ ਨੇ ਬਾਜ਼ੀ ਮਾਰੀ। ਇਸ ਸਮਾਪਤੀ ਸਮਾਰੋਹ ਦੌਰਾਨ ਪ੍ਰਬੰਧਕਾਂ ਤੇ ਮੁੱਖ ਮਹਿਮਾਨਾਂ ਵੱਲੋਂ ਜੇਤੂ ਖਿਡਾਰੀਆਂ ਤੇ ਓਵਰਆਲ ਚੈਂਪੀਅਨ ਟੀਮਾਂ ਨੂੰ ਵਿਸ਼ੇਸ਼ ਤੌਰ 'ਤੇ ਮੈਡਲ ਤੇ ਟਰਾਫ਼ੀਆਂ ਦੇ ਕੇ ਸਨਮਾਨਤ ਕੀਤਾ ਗਿਆ। ਖੇਡ ਪ੍ਰੇਮੀਆਂ ਨੇ ਇਸ ਸਫਲ ਆਯੋਜਨ ਲਈ ਫ਼ਿਰੋਜ਼ਪੁਰ ਐਸੋਸੀਏਸ਼ਨ ਦੀ ਸ਼ਲਾਘਾ ਕੀਤੀ।

# ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਰਾਹੁਲ ਸਾਂਕਰਤਿਆਨ ਦਾ ਬੁੱਤ ਤੋੜਨ ਦੀ ਸਖ਼ਤ ਨਿੰਦਾ




**ਲੁਧਿਆਣਾ (ਐੱਮ ਐੱਸ ਭਾਟੀਆ)**

ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਨੇ ਪੱਛਮੀ ਬੰਗਾਲ ਦੇ ਰਾਣੀਗੰਜ ਵਿਖੇ ਮਹਾਂਪੰਡਿਤ ਰਾਹੁਲ ਸਾਂਕਰਤਿਆਨ ਦੇ ਬੁੱਤ ਨੂੰ ਤੋੜੇ ਜਾਣ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਸੰਘ ਨੇ ਇਸ ਨੂੰ ਭਾਰਤ ਦੀ ਤਰੱਕੀਪਸੰਦ, ਵਿਗਿਆਨਕ ਤੇ ਲੋਕਤੰਤਰੀ ਵਿਰਾਸਤ ਉੱਤੇ ਕੀਤਾ ਗਿਆ ਇੱਕ ਸੋਚਿਆ-ਸਮਝਿਆ ਵਿਚਾਰਧਾਰਕ ਹਮਲਾ ਕਰਾਰ ਦਿੱਤਾ ਹੈ।

ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਸੂਬਾ ਪ੍ਰਧਾਨ ਸੁਰਜੀਤ ਜੱਜ ਤੇ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਰਾਹੁਲ ਸਾਂਕਰਤਿਆਨ ਕੇਵਲ ਹਿੰਦੀ ਦੇ ਮਹਾਨ ਸਾਹਿਤਕਾਰ ਹੀ ਨਹੀਂ ਸਨ, ਸਗੋਂ ਉਹ ਭਾਰਤ ਦੇ ਉੱਘੇ ਇਤਿਹਾਸਕਾਰ, ਭਾਸ਼ਾ-ਵਿਗਿਆਨੀ, ਮਹਾਨ ਖੋਜੀ, ਘੁਮੱਕੜ, ਆਜ਼ਾਦੀ ਘੁਲਾਟੀਏ ਤੇ ਮਾਰਕਸਵਾਦੀ ਚਿੰਤਕ ਵੀ ਸਨ।ਉਨ੍ਹਾਂ ਨੇ ਆਪਣਾ ਸਾਰਾ ਜੀਵਨ ਗਿਆਨ, ਵਿਗਿਆਨਕ ਚੇਤਨਾ, ਧਰਮਨਿਰਪੱਖਤਾ ਤੇ ਸਮਾਜਿਕ ਨਿਆਂ ਦੇ ਮੁੱਲਾਂ ਦੇ ਪ੍ਰਚਾਰ ਲਈ ਸਮਰਪਤ ਕੀਤਾ।ਉਹ ਅਖਿਲ ਭਾਰਤੀ ਕਿਸਾਨ ਸਭਾ ਦੇ ਰਾਸ਼ਟਰੀ ਪ੍ਰਧਾਨ ਵੀ ਰਹੇ ਤੇ ਕਿਸਾਨਾਂ, ਮਜ਼ਦੂਰਾਂ ਤੇ ਸ਼ੋਸ਼ਿਤ ਲੋਕਾਂ ਦੇ ਹੱਕਾਂ ਲਈ ਨਿਰੰਤਰ ਸੰਘਰਸ਼ ਕਰਦੇ ਰਹੇ।

ਉੱਘੇ ਚਿੰਤਕ ਸਵਰਾਜਬੀਰ ਸਿੰਘ, ਡਾ. ਸਰਬਜੀਤ ਸਿੰਘ, ਡਾ. ਪਾਲ ਕੌਰ, ਡਾ. ਅਨੂਪ ਸਿੰਘ ਤੇ ਪ੍ਰੋ. ਬਲਦੇਵ ਸਿੰਘ ਬੱਲੀ, ਕਾਮਰੇਡ ਅਮੋਲਕ ਸਿੰਘ, ਉੱਘੇ ਨਿਰਦੇਸ਼ਕ ਕੇਵਲ ਧਾਲੀਵਾਲ, ਰੰਗਕਰਮੀ ਡਾ. ਸਾਹਿਬ ਸਿੰਘ, ਉੱਘੇ ਕਹਾਣੀਕਾਰ ਕਿਰਪਾਲ ਕਜ਼ਾਕ, ਬਲਦੇਵ ਮੋਗਾ, ਡਾ. ਗੁਲਜ਼ਾਰ ਪੰਧੇਰ, ਡਾ. ਅਨੂਪ ਸਿੰਘ, ਰਮੇਸ਼ ਯਾਦਵ, ਜਸਪਾਲ ਮਾਨਖੇੜਾ, ਸੁਰਿੰਦਰ ਗਿੱਲ, ਦਰਸ਼ਨ ਜੋਗਾ, ਹਰਮੀਤ ਵਿਦਿਆਰਥੀ, ਸੁਖਵਿੰਦਰ ਪੱਪੀ, ਡਾ. ਸੰਤੋਖ ਸੁੱਖੀ, ਡਾ. ਕੁਲਬੀਰ ਮਲਿਕ, ਪ੍ਰੋ. ਅਮੀਰ ਸੁਲਤਾਨਾ, ਡਾ. ਅਰਵਿੰਦਰ ਕਾਕੜਾ, ਮਨਦੀਪ ਰਿੰਪੀ ਤੇ ਹਰਿਆਣਾ ਇਕਾਈ ਦੇ ਜਨਰਲ ਸਕੱਤਰ ਡਾ. ਹਰਵਿੰਦਰ ਸਿੰਘ ਨੇ ਕਿਹਾ ਕਿ ਮਹਾਨ ਚਿੰਤਕਾਂ ਤੇ ਲੋਕ ਨਾਇਕਾਂ ਦੇ ਬੁੱਤਾਂ ਨੂੰ ਨਿਸ਼ਾਨਾ ਬਣਾਉਣਾ ਕੇਵਲ ਕਿਸੇ ਮੂਰਤੀ ਨੂੰ ਨੁਕਸਾਨ ਪਹੁੰਚਾਉਣਾ ਨਹੀਂ, ਸਗੋਂ ਲੋਕਾਂ ਦੀ ਸਾਂਝੀ ਇਤਿਹਾਸਕ ਯਾਦ ਤੇ ਪ੍ਰਗਤੀਸ਼ੀਲ ਵਿਚਾਰਧਾਰਾ ਉੱਤੇ ਹਮਲਾ ਕਰਨਾ ਹੈ।ਅਜਿਹੀਆਂ ਘਟਨਾਵਾਂ ਲੋਕਤੰਤਰੀ ਕਦਰਾਂ-ਕੀਮਤਾਂ ਲਈ ਗੰਭੀਰ ਖ਼ਤਰਾ ਹਨ ਤੇ ਇਨ੍ਹਾਂ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਪ੍ਰਗਤੀਸ਼ੀਲ ਲੇਖਕ ਸੰਘ ਨੇ ਪੱਛਮੀ ਬੰਗਾਲ ਸਰਕਾਰ ਤੋਂ ਮੰਗ ਕੀਤੀ ਹੈ ਕਿ ਦੋਸ਼ੀਆਂ ਦੀ ਤੁਰੰਤ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਮਹਾਂਪੰਡਿਤ ਰਾਹੁਲ ਸਾਂਕ੍ਰਿਤਿਆਯਨ ਦੇ ਬੁੱਤ ਨੂੰ ਜਲਦੀ ਤੋਂ ਜਲਦੀ ਮੁੜ ਸਥਾਪਤ ਕੀਤਾ ਜਾਵੇ।

## ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋ. ਦੀ ਮੀਟਿੰਗ



**ਲੁਧਿਆਣਾ (ਪੱਤਰ ਪ੍ਰੇਰਕ)**-ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਸਤੀਸ਼ ਕੁਮਾਰ ਸਚਦੇਵਾ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਹੋਈ।ਚੇਅਰਮੈਨ ਸ੍ਰੀ ਸੁਸ਼ੀਲ ਕੁਮਾਰ ਵੀ ਮੀਟਿੰਗ ਵਿੱਚ ਹਾਜ਼ਰ ਹੋਏ। ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮਾਂ/ਪੈਨਸ਼ਨਰਾਂ ਦੇ ਹੱਕਾਂ 'ਤੇ ਛਾਪੇ ਮਾਰ ਰਹੀ ਹੈ। ਮੁਲਾਜ਼ਮਾਂ/ਪੈਨਸ਼ਨਰਾਂ ਦਾ ਮਹਿੰਗਾਈ ਭੱਤਾ, ਜੋ ਦੇਸ਼ ਭਰ ਵਿੱਚ ਸਾਰੀਆਂ ਰਾਜ ਤੇ ਕੇਂਦਰ ਸਰਕਾਰ ਦੇ ਰਹੀਆਂ ਹਨ, ਪਰ ਪੰਜਾਬ ਸਰਕਾਰ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਇਹ ਮਹਿੰਗਾਈ ਭੱਤਾ ਦੇਣ ਤੋਂ ਭੱਜ ਰਹੀ ਹੈ।ਅੱਜ ਦੀ ਮੀਟਿੰਗ ਨੇ ਘੋਰ ਸ਼ਬਦਾਂ ਵਿੱਚ ਸਰਕਾਰ ਦੀ ਨਿਖੇਧੀ ਕੀਤੀ ਤੇ ਮੰਗ ਕੀਤੀ ਕਿ ਅਜੇ ਵੀ ਸਮਾਂ ਹੈ, ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 60% ਮਹਿੰਗਾਈ ਭੱਤਾ, 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਕਰੇ, ਕੱਚੇ ਮੁਲਾਜ਼ਮ ਪੱਕੇ ਕਰੇ, ਜੁਲਾਈ 2020 ਦਾ ਪੱਤਰ ਵਾਪਸ ਲਵੇ ਤੇ ਪੰਜਾਬ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ 'ਤੇ ਪੰਜਾਬ ਦੇ ਸਕੇਲ ਲਾਗੂ ਕਰੇ।ਇਸ ਮੀਟਿੰਗ ਵਿੱਚ ਅਨੋਖ ਸਿੰਘ, ਗਿਆਨ ਸਿੰਘ, ਬਲਜੀਤ ਸ਼ਰਮਾ, ਕੁਲਭੂਸ਼ਣ, ਕਵਿੰਦਰ ਕੁਮਾਰ, ਚਰਨਜੀਵ, ਪ੍ਰਕਾਸ਼ ਸ਼ਰਮਾ, ਸ਼੍ਰੀਮਤੀ ਸੰਤੋਸ਼ ਭਾਟੀਆ ਸਾਬਕਾ ਸਟੇਟ ਮਾਸ ਮੀਡੀਆ ਅਫਸਰ, ਤਰਸੇਮ ਕੌਰ, ਗੁਰਮੇਲ ਸਿੰਘ, ਸ਼੍ਰੀਮਤੀ ਰਾਜ ਮੋਹਨੀ, ਚਰਨਜੀਤ ਕੌਰ, ਸੁਰਿੰਦਰ ਕੌਰ ਬੇਦੀ, ਜਮੀਲਾ, ਹਰਜੀਤ ਕੌਰ, ਪ੍ਰਵੀਨ ਕਾਹਲੋਂ, ਮੀਨਾ ਕੁਮਾਰੀ, ਰਾਮ ਪ੍ਰਕਾਸ਼, ਸ਼ਸ਼ੀ ਕਾਂਤ ਆਦਿ ਹਾਜ਼ਰ ਸਨ।

# ਫ਼ਰਜ਼ੀ ਐੱਨ ਓ ਸੀ ਮਾਮਲਾ : ਵਿਜੀਲੈਂਸ ਕੇਸ ਤੋਂ ਬਾਅਦ ਸੀਟੂ ਵੱਲੋਂ ਪ੍ਰਦਰਸ਼ਨ

■ ਮੁੱਖ ਮੁਲਜ਼ਮ ਦਾ ਕੈਬਿਨ ਤੁਰੰਤ ਰੱਦ ਕਰਨ ਦੀ ਮੰਗ



**ਰਾਏਕੋਟ (ਸੰਤੋਖ ਗਿੱਲ)**-ਫ਼ਰਜ਼ੀ ਐੱਨ.ਓ.ਸੀ. ਦੇ ਕਥਿਤ ਮਾਮਲੇ ਵਿੱਚ ਵਿਜੀਲੈਂਸ ਰੇਂਜ ਲੁਧਿਆਣਾ ਦੇ ਆਰਥਿਕ ਅਪਰਾਧ ਥਾਣੇ ਵੱਲੋਂ ਕੇਸ ਦਰਜ ਕੀਤੇ ਜਾਣ ਤੋਂ ਬਾਅਦ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਨੇ ਰੋਸ ਪ੍ਰਦਰਸ਼ਨ ਕਰਦਿਆਂ ਪ੍ਰਸ਼ਾਸਨ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਸੀਟੂ ਦੇ ਸੂਬਾਈ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ ਦੀ ਅਗਵਾਈ ਹੇਠ ਆਗੂਆਂ ਨੇ ਐੱਸ.ਡੀ.ਐੱਮ. ਦਫ਼ਤਰ ਅੱਗੇ ਨਾਅਰੇਬਾਜ਼ੀ ਕੀਤੀ ਤੇ ਐੱਸ.ਡੀ.ਐੱਮ. ਖ਼ੁਸ਼ਪ੍ਰੀਤ ਸਿੰਘ ਨੂੰ ਮੁੱਖ ਮੰਤਰੀ ਭਗਵੰਤ ਮਾਨ ਤੇ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਨਾਮ ਮੰਗ-ਪੱਤਰ ਸੌਂਪਿਆ।ਸੀਟੂ ਦੇ ਸੂਬਾਈ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ ਤੇ ਮਗਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾਈ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਬਰ੍ਹਮੀ ਨੇ ਦੋਸ਼ ਲਾਇਆ ਕਿ ਵਿਜੀਲੈਂਸ ਵੱਲੋਂ ਦਰਜ ਮਾਮਲੇ ਦਾ ਮੁੱਖ ਸੂਤਰਧਾਰ ਮੰਨੇ ਜਾਂਦੇ ਗੁਰਸੇਵਕ ਸਿੰਘ ਮਿੱਠਾ ਨੂੰ ਤਹਿਸੀਲ ਕੰਪਲੈਕਸ ਵਿੱਚ ਅਲਾਟ ਕੀਤਾ ਕੈਬਿਨ ਅਜੇ ਵੀ ਜਾਰੀ ਹੈ।ਉਨ੍ਹਾਂ ਮੰਗ ਕੀਤੀ ਕਿ ਸਮਾਂਬੱਧ ਜਾਂਚ ਕਰਕੇ ਕੈਬਿਨ ਦੀ ਅਲਾਟਮੈਂਟ ਤੁਰੰਤ ਰੱਦ ਕੀਤੀ ਜਾਵੇ।ਮੰਗ-ਪੱਤਰ ਵਿੱਚ ਦੋਸ਼ ਲਾਇਆ ਗਿਆ ਹੈ ਕਿ ਪ੍ਰਸ਼ਾਸਨ ਦੀ ਨੱਕ ਹੇਠ ਕਥਿਤ ਤੌਰ 'ਤੇ ਦਰਜਨਾਂ ਰਜਿਸਟਰੀਆਂ ਫ਼ਰਜ਼ੀ ਐੱਨ.ਓ.ਸੀ. ਦੇ ਆਧਾਰ 'ਤੇ ਕਰਵਾਈਆਂ ਗਈਆਂ, ਪਰ ਇਸ ਮਾਮਲੇ ਨਾਲ ਜੁੜੇ ਵਿਅਕਤੀ ਪਿਛਲੇ ਚਾਰ ਸਾਲਾਂ ਤੋਂ ਬੇਖ਼ੌਫ਼ ਘੁੰਮਦੇ ਰਹੇ।ਸੀਟੂ ਆਗੂਆਂ ਨੇ ਕਿਹਾ ਕਿ ਧੋਖਾਧੜੀ ਦਾ ਸ਼ਿਕਾਰ ਹੋਏ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਦੋਸ਼ੀਆਂ ਖ਼ਿਲਾਫ਼ ਤੁਰੰਤ ਤੇ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਪ੍ਰਦਰਸ਼ਨ ਦੌਰਾਨ ਆਗੂਆਂ ਨੇ ਹੱਥਾਂ ਵਿੱਚ ਤਖ਼ਤੀਆਂ ਫੜ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਵਿਜੀਲੈਂਸ ਦੇ ਉੱਚ ਅਧਿਕਾਰੀਆਂ ਤੋਂ ਮਾਮਲੇ ਵਿੱਚ ਨਾਮਜ਼ਦ ਮੁਲਜ਼ਮਾਂ ਦੀ ਜਲਦੀ ਗ੍ਰਿਫ਼ਤਾਰੀ ਦੀ ਮੰਗ ਵੀ ਕੀਤੀ।ਇਸ ਮੌਕੇ ਐੱਸ.ਡੀ.ਐੱਮ. ਖ਼ੁਸ਼ਪ੍ਰੀਤ ਸਿੰਘ ਨੇ ਸੀਟੂ ਦੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਮਾਮਲੇ ਦੀ ਜਾਂਚ ਪੂਰੀ ਹੋਣ ਤੋਂ ਬਾਅਦ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਸੀਟੂ ਆਗੂ ਰਾਜਜਸਵੰਤ ਸਿੰਘ ਤਲਵੰਡੀ, ਪ੍ਰਿਤਪਾਲ ਬਿੱਟਾ, ਸੰਨੀ ਰਾਏਕੋਟ, ਰੁਲਦਾ ਸਿੰਘ ਗੋਬਿੰਦਗੜ੍ਹ, ਬਹਾਦਰ ਸਿੰਘ ਨੂਰਪੁਰਾ ਤੇ ਹੋਰ ਆਗੂ ਹਾਜ਼ਰ ਸਨ।

## ਪੀ ਆਰ ਟੀ ਸੀ ਤੇ ਪਨਬੱਸ ਦੇ ਠੇਕਾ ਮੁਲਾਜ਼ਮਾਂ ਵੱਲੋਂ 3, 4 ਤੇ 5 ਅਗਸਤ ਨੂੰ ਬੱਸਾਂ ਦਾ ਚੱਕਾ ਜਾਮ ਕਰਨ ਦਾ ਐਲਾਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ 'ਚ ਸਰਕਾਰੀ ਬੱਸਾਂ ਦਾ ਸਫ਼ਰ ਕਰਨ ਵਾਲੇ ਲੋਕਾਂ ਲਈ ਬੇਹੱਦ ਜ਼ਰੂਰੀ ਖ਼ਬਰ ਹੈ।ਦਰਅਸਲ ਪੰਜਾਬ ਰੋਡਵੇਜ਼, ਪਨਬਸ/ਪੀ. ਆਰ. ਟੀ. ਸੀ. ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ 3, 4 ਤੇ 5 ਅਗਸਤ ਨੂੰ ਹੜਤਾਲ ਦਾ ਫ਼ੈਸਲਾ ਲਿਆ ਗਿਆ ਹੈ, ਜਿਸ ਕਾਰਨ ਸੂਬੇ ਭਰ 'ਚ ਬੱਸਾਂ ਦਾ ਚੱਕਾ ਜਾਮ ਰਹੇਗਾ।ਜਾਣਕਾਰੀ ਮੁਤਾਬਕ ਪੰਜਾਬ ਰੋਡਵੇਜ਼, ਪਨਬਸ/ਪੀ. ਆਰ. ਟੀ. ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੀ ਮੀਟਿੰਗ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਚ ਇਹ ਫ਼ੈਸਲਾ ਲਿਆ ਗਿਆ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਸੱਤਾ 'ਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਵੱਡੇ-ਵੱਡੇ ਵਾਅਦੇ ਕੀਤੇ ਸਨ ਕਿ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਾਂਗੇ, ਠੇਕੇਦਾਰੀ ਸਿਸਟਮ ਬੰਦ ਕਰ ਕੇ ਪੂਰੀਆਂ ਤਨਖ਼ਾਹਾਂ ਦਿੱਤੀਆ ਜਾਣਗੀਆਂ ਪਰ 4 ਸਾਲ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਮੀਟਿੰਗਾਂ ਤੋਂ ਇਲਾਵਾ ਕੁਝ ਨਹੀਂ ਕੀਤਾ।ਸੂਬਾ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ, ਜੁਆਇੰਟ ਸਕੱਤਰ ਜੋਧ ਸਿੰਘ, ਜਲੌਰ ਸਿੰਘ, ਮੀਤ ਪ੍ਰਧਾਨ ਜਤਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਸਪੈਸ਼ਲ ਕਾਡਰ ਪਾਲਿਸੀ ਕੰਟਰੈਕਟ ਮੁਲਾਜ਼ਮਾਂ 'ਤੇ ਧੱਕੇਸ਼ਾਹੀ ਨਾਲ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਜਲਦੀ ਮੰਗਾਂ ਦਾ ਹੱਲ ਨਾ ਕੀਤਾ ਤਾਂ ਸਰਕਾਰ ਨੂੰ ਜਗਾਉਣ ਲਈ 27 ਜੁਲਾਈ ਨੂੰ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਜਾਣਗੀਆਂ।ਇਸ ਤੋਂ ਬਾਅਦ 3, 4 ਤੇ 5 ਅਗਸਤ ਨੂੰ ਤਿੰਨ ਰੋਜ਼ਾ ਹੜਤਾਲ ਕਰ ਕੇ ਟਰਾਂਸਪੋਰਟ ਮੰਤਰੀ ਤੇ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ।

# ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਵੱਲੋਂ ਡੀ ਏ ਵੀ ਸਕੂਲ 'ਚ ਜਾਗਰੂਕਤਾ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਦੇ ਸਹਿਯੋਗ ਨਾਲ ਡੀਡੀਬੀ ਡੀਏਵੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ੇਸ਼ ਸਿਹਤ ਜਾਗਰੂਕਤਾ ਤੇ ਜੀਵਨ ਰੱਖਿਅਕ ਤਕਨੀਕ ਸੈਸ਼ਨ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਕਾਲਜ ਦੇ ਚੇਅਰਮੈਨ ਧਰਮਪਾਲ ਬਾਂਸਲ ਤੇ ਪ੍ਰਿੰਸੀਪਲ ਡਾ. ਮਹਿੰਦਰ ਪਾਲ ਦੀ ਯੋਗ ਰਹਿਨੁਮਾਈ ਹੇਠ ਹੋਏ ਇਸ ਪ੍ਰੋਗਰਾਮ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਤੇ ਐਮਰਜੈਂਸੀ ਹਾਲਾਤ ਨਾਲ ਨਜਿੱਠਣ ਦੇ ਕਾਬਲ ਬਣਾਉਣਾ ਸੀ। ਇਸ ਵਿਸ਼ੇਸ਼ ਸੈਸ਼ਨ ਦੌਰਾਨ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਦੇ ਮਾਹਰ ਡਾਕਟਰਾਂ ਨੇ ਵਿਦਿਆਰਥੀਆਂ ਨੂੰ ਬਹੁਤ ਹੀ ਮਹੱਤਵਪੂਰਨ ਜਾਣਕਾਰੀਆਂ ਦਿੱਤੀਆਂ। ਡਾ. ਪੂਜਾ ਮੰਗਲ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥਣਾਂ ਨੂੰ ਮਾਹਵਾਰੀ ਦੀ ਸਵੱਛਤਾ ਬਾਰੇ ਜਾਗਰੂਕ ਕੀਤਾ। ਉਨ੍ਹਾਂ ਸਿਹਤ ਤੇ ਸਫ਼ਾਈ ਨਾਲ ਜੁੜੀਆਂ ਸਮਾਜਿਕ ਰੂੜ੍ਹੀਵਾਦੀ ਧਾਰਨਾਵਾਂ ਨੂੰ ਦੂਰ ਕਰਨ 'ਤੇ ਜ਼ੋਰ ਦਿੱਤਾ, ਤਾਂ ਜੋ ਲੜਕੀਆਂ ਬਿਨਾਂ ਕਿਸੇ ਝਿਜਕ ਦੇ ਆਪਣੀ ਸਿਹਤ ਦਾ ਖ਼ਿਆਲ ਰੱਖ ਸਕਣ। ਡਾ. ਸਾਹਿਲ ਗੁਲੇਰੀਆ ਨੇ ਐਮਰਜੈਂਸੀ ਸਥਿਤੀਆਂ ਵਿੱਚ ਕਿਸੇ ਦੀ ਜਾਨ ਬਚਾਉਣ ਲਈ ਬੇਹੱਦ ਜ਼ਰੂਰੀ ਸੀਪੀਆਰ ਤਕਨੀਕ ਦੀ ਪ੍ਰੈਕਟੀਕਲ ਟ੍ਰੇਨਿੰਗ ਦਿੱਤੀ। ਡੈਂਟਲ ਸਰਜਨ ਡਾ. ਰੋਹਿਤ ਅਰੋੜਾ ਨੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਿਹਤ ਤੇ ਓਰਲ ਹਾਈਜੀਨ ਨਾਲ ਜੁੜੇ ਅਹਿਮ ਨੁਕਤੇ ਸਾਂਝੇ ਕੀਤੇ। ਇਸ ਮੌਕੇ ਮਹਿਲਾ ਮੁਖੀ ਮਨਕ ਚੌਧਰੀ, ਚੇਅਰਪਰਸਨ ਸੁਭਾਸ਼ ਚੌਧਰੀ, ਸਾਬਕਾ ਪ੍ਰਧਾਨ ਸਤੀਸ਼ ਗਰੋਵਰ ਤੇ ਸੀਨੀਅਰ ਮੈਂਬਰ ਡੀਆਰ ਗੋਇਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਤੋਂ ਇਲਾਵਾ ਸਕੂਲ ਦੀ ਪ੍ਰਿੰਸੀਪਲ ਨਿਸ਼ਾ ਮਲਿਕ, ਪ੍ਰੀਸ਼ਦ ਦੇ ਸਕੱਤਰ ਸੁਰਿੰਦਰ ਸ਼ਾਸਤਰੀ, ਪ੍ਰੋਜੈਕਟ ਸਕੱਤਰ ਸੁਰਿੰਦਰ ਵਿੱਜ, ਕੁਲਭੂਸ਼ਣ ਗਰੋਵਰ, ਸਾਬਕਾ ਮਹਿਲਾ ਮੁਖੀ ਸੰਗੀਤਾ ਬਜਾਜ, ਸੁਖਵਿੰਦਰ ਬੇਰੀ, ਸੁਦੇਸ਼ ਗੋਇਲ, ਰੇਣੂ ਧਵਨ, ਪ੍ਰਿਆ ਧਵਨ, ਰਵੀ ਗਰੋਵਰ, ਪੂਜਾ ਚੰਦਨ ਤੇ ਰਮੇਸ਼ ਸ਼ਰਮਾ ਸਮੇਤ ਕਈ ਪਤਵੰਤੇ ਸੱਜਣ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜ਼ਿਲ੍ਹਾ ਜਥੇਬੰਦੀਆਂ ਵੱਲੋਂ ਹੰਗਾਮੀ ਮੀਟਿੰਗ

ਮੈਂ, ਬਿਮਲਾ ਪਤਨੀ ਬਲਦੇਵ ਰਾਜ ਵਾਸੀ ਮਕਾਨ ਨੰਬਰ ਬੀ.ਐਕਸ. 1319, ਲੰਮਾ ਪਿੰਡ, ਜਲੰਧਰ-1, ਜ਼ਿਲ੍ਹਾ ਜਲੰਧਰ, ਪੰਜਾਬ-144009 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੋਮਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਮੀਨਾ ਕੁਮਾਰੀ ਪਤਨੀ ਲੇਟ ਸ੍ਰੀ ਅਵਤਾਰ ਸਿੰਘ ਵਾਸੀ ਪਿੰਡ ਤੇ ਡਾਕ: ਕਾਲੇਵਾਲ ਬੀਤ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗੌਰਵ ਰਾਣਾ ਅਤੇ ਉਸਦੀ ਪਤਨੀ ਚੰਦਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਚਰਨਜੀਤ ਸਿੰਘ ਪੁੱਤਰ ਰਾਮ ਨਾਥ ਵਾਸੀ ਪਿੰਡ ਡੱਲੇਵਾਲ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਅਤੇ ਉਸਦੀ ਪਤਨੀ ਨੇਹਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਬਖਸ਼ ਕੌਰ ਪਤਨੀ ਰਣਜੀਤ ਕੁਮਾਰ ਵਾਸੀ ਪਿੰਡ ਜਮਾਲਪੁਰ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਅਮਰੀਕ ਸਿੰਘ ਵਾ ਮੇਰੀ ਨੂੰਹ ਮਮਤਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਚਰਨਜੀਤ ਸਿੰਘ ਪੁੱਤਰ ਸ੍ਰੀ ਧਰਮ ਸਿੰਘ ਵਾਸੀ ਮਕਾਨ ਨੰਬਰ 161, ਕਪੂਰੀ ਗੇਟ, ਸੇਖੜੀਆਂ ਮੁੱਹਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹਰਮਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੁਨੀਤਾ ਰਾਣੀ ਪਤਨੀ ਨੰਦ ਕਿਸ਼ੋਰ ਵਾਸੀ ਮੰਡੀ ਲਾਧੂਕਾ ਬਸਤੀ ਚੰਡੀਗੜ੍ਹ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਨੰਦ ਕਿਸ਼ੋਰ ਪੁੱਤਰ ਰਾਮ ਸਰੂਪ ਮੇਰੇ ਅਤੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬਧਤ ਨੋਟ ਕਰਨ।

## ਆਮ ਸੂਚਨਾ

ਮੈਂ ਰਛਪਾਲ ਸਿੰਘ ਪੁੱਤਰ ਟੇਕ ਸਿੰਘ ਵਾਰਡ ਨੰਬਰ 6 ਨੇੜੇ ਰੇਲਵੇ ਸਟੇਸ਼ਨ ਵਾਸੀ ਬਰੇਟਾ ਜ਼ਿਲ੍ਹਾ ਮਾਨਸਾ ਹਰ ਆਮ ਅਤੇ ਖਾਸ ਨੂੰ ਸੂਚਿਤ ਕਰਦਾ ਹਾਂ ਕਿ ਜਿੱਥੇ ਮੈਂ ਰਹਿ ਰਿਹਾ ਹਾਂ ਉਹ ਮੇਰਾ ਵਿਰਾਸਤੀ ਰਕਬਾ ਹੈ ਅਤੇ ਮੇਰੇ ਹਿੱਸੇ ਵਿੱਚ ਆਇਆ ਹੈ ਅਤੇ ਮੈਂ ਇਸਦਾ ਹਾਊਸ ਟੈਕਸ ਭਰ ਰਿਹਾ ਹਾਂ । ਇਹ ਹੈ ਕਿ ਮੈਂ ਇਸ ਰਕਬੇ ਦਾ ਨਕਸ਼ਾ ਨਗਰ ਕੌਂਸਲ ਬਰੇਟਾ ਵੱਲੋਂ ਪਾਸ ਕਰਾਉਣਾ ਚਾਹੁੰਦਾ ਹਾਂ। ਜੇਕਰ ਇਸ ਸਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਨਗਰ ਕੌਂਸਲ ਬਰੇਟਾ ਦੇ ਦਫਤਰ ਵਿਖੇ ਪੇਸ਼ ਕਰ ਸਕਦਾ ਹੈ।

ਖਾਤਾ ਨੰਬਰ ਆਰ ਏ ਏ ਪੀ/41, ਜੋ ਕਿ ਪਿੰਡ ਰੰਗੜਿਆਲ ਵਿਖੇ ਬਲਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਰੰਗੜਿਆਲ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਮਨਜੀਤ ਕੌਰ ਪਤਨੀ ਸਿਕੰਦਰ ਸਿੰਘ ਵਾਸੀ ਰੰਗੜਿਆਲ ਆਪਣੇ ਨਾਂਅ ਕਰਵਾਉਣਾ ਚਾਹੁੰਦੀ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐੱਸ.ਪੀ.ਸੀ.ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਟਿਊਬਵੈੱਲ ਖਾਤਾ ਨੰ: ਐੱਨ14 ਏ ਪੀ 260540, ਜੋ ਕਿ ਸ੍ਰੀ ਕੁਲਵਿੰਦਰ ਸਿੰਘ ਪੁੱਤਰ ਸ੍ਰੀ ਸੁੱਚਾ ਸਿੰਘ ਪਿੰਡ ਸੰਧਵਾਂ ਵਿਖੇ ਸਬ-ਡਵੀਜ਼ਨ ਬਹਿਰਾਮ-1 ਵਿਚ ਚੱਲਦਾ ਹੈ। ਇਸ ਦੇ ਨਾਂਅ ਦੀ ਤਬਦੀਲੀ ਲਈ ਸ੍ਰੀ ਗੁਰਨੇਕ ਸਿੰਘ ਪੁੱਤਰ ਸ੍ਰੀ ਅਜੈਬ ਸਿੰਘ ਵਾਸੀ ਰਾਮਗੜ੍ਹ ਅਲਿਆਸ ਪੁਰਖਾਲੀ, ਜ਼ਿਲ੍ਹਾ ਰੂਪਨਗਰ ਰਕਬਾ ਪਿੰਡ ਸੰਧਵਾਂ ਨੇ ਇਸ ਦਫ਼ਤਰ ਵਿਖੇ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ 30 ਦਿਨਾਂ ਦੇ ਅੰਦਰ ਸਬ-ਡਵੀਜ਼ਨ ਬਹਿਰਾਮ-1 ਵਿਖੇ ਸੰਪਰਕ ਕਰ ਸਕਦਾ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਐੱਚ ਡੀ ਐੱਫ ਸੀ ਬੈਂਕ ਨੇ ਤਿਮਾਹੀ ਵਿੱਤੀ ਨਤੀਜੇ ਦਾ ਕੀਤਾ ਐਲਾਨ

ਜਲੰਧਰ-ਐੱਚ ਡੀ ਐੱਫ ਸੀ ਬੈਂਕ ਲਿਮਟਿਡ ਦੇ ਡਾਇਰੈਕਟਰ ਬੋਰਡ ਨੇ ਸ਼ਨੀਵਾਰ, 18 ਜੁਲਾਈ ਨੂੰ ਮੁੰਬਈ ਵਿੱਚ ਹੋਈ ਆਪਣੀ ਮੀਟਿੰਗ ਵਿੱਚ, 30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਲਈ ਬੈਂਕ ਦੇ (ਭਾਰਤੀ ਜੀ ਏ ਏ ਪੀ) ਨਤੀਜਿਆਂ ਨੂੰ ਮਨਜ਼ੂਰੀ ਦੇ ਦਿੱਤੀ। ਬੈਂਕ ਦੇ ਸਟੈਚੂਟਰੀ ਆਡੀਟਰਾਂ ਨੇ ਖਾਤਿਆਂ ਦੀ 'ਸੀਮਤ ਸਮੀਖਿਆ' ਕੀਤੀ ਹੈ। ਲਾਭ ਅਤੇ ਨੁਕਸਾਨ ਖਾਤਾ: 30 ਜੂਨ, 2026 ਨੂੰ ਖਤਮ ਹੋਈ ਤਿਮਾਹੀ 30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਲਈ ਬੈਂਕ ਦਾ ਸ਼ੁੱਧ ਮਾਲੀਆ 463.6 ਬਿਲੀਅਨ ਸੀ, ਜੋ ਕਿ 30 ਜੂਨ, 2025 ਨੂੰ ਖਤਮ ਹੋਈ ਤਿਮਾਹੀ ਲਈ 531.7 ਬਿਲੀਅਨ ਸੀ (ਇਸ ਦੀ ਸਹਾਇਕ ਕੰਪਨੀ ਐੱਚ ਡੀ ਬੀ ਫਾਈਨੈਂਸ਼ੀਅਲ ਸਰਵਿਸਿਜ਼ ਲਿਮਟਿਡ ਦੇ ਆਈ ਪੀ ਓ ਵਿੱਚ ਵਿਕਰੀ ਲਈ ਪੇਸ਼ਕਸ਼ ਰਾਹੀਂ ਅੰਸ਼ਕ ਵਿਨਿਵੇਸ਼ ਤੋਂ 91.3 ਬਿਲੀਅਨ ਦੇ ਲੈਣ-ਦੇਣ ਲਾਭ ਸਮੇਤ)।30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਲਈ ਸ਼ੁੱਧ ਵਿਆਜ ਆਮਦਨ (ਵਿਆਜ ਦੀ ਕਮਾਈ ਘੱਟ ਵਿਆਜ ਅਦਾ ਕੀਤੀ ਗਈ) 6.7% ਵਧ ਕੇ 335.3 ਬਿਲੀਅਨ ਹੋ ਗਈ, ਜੋ ਕਿ 30 ਜੂਨ, 2025 ਨੂੰ ਖਤਮ ਹੋਈ ਤਿਮਾਹੀ ਲਈ ?314.4 ਬਿਲੀਅਨ ਸੀ। ਕੁੱਲ ਸੰਪਤੀਆਂ 'ਤੇ ਸ਼ੁੱਧ ਵਿਆਜ ਮਾਰਜਿਨ 3.26% ਸੀ, ਅਤੇ ਵਿਆਜ-ਕਮਾਈ ਸੰਪਤੀ ਦੇ ਆਧਾਰ 'ਤੇ 3.40% ਸੀ।

## ਨਾਂਅ ਦੀ ਬਦਲੀ

ਮੈਂ, Gurdip Singh, ਪੁੱਤਰ ਰਣਜੀਤ ਸਿੰਘ, ਵਾਸੀ ਪਿੰਡ ਸਾਰੋਂ (ਸੰਗਰੂਰ), ਆਪਣਾ ਨਾਮ ਗੁਰਦੀਪ ਸਿੰਘ ਤੋਂ Gurdeep Singh ਰੱਖ ਲਿਆ ਹੈ।

ਮੈਂ, ਮਨਪ੍ਰੀਤ ਸਿੰਘ ਪੰਨੂ, ਪੁੱਤਰ ਸੁਖਦੇਵ ਸਿੰਘ, ਵਾਸੀ ਮਕਾਨ ਨੰ. 42, ਵਾਰਡ ਨੰ. 10/ਸੀ, ਸ਼ਿਵਪੁਰੀ ਮੁਹੱਲਾ, ਧੂਰੀ (ਸੰਗਰੂਰ), ਆਪਣਾ ਨਾਮ ਮਨਪ੍ਰੀਤ ਸਿੰਘ ਪੰਨੂ ਤੋਂ ਮਨਪ੍ਰੀਤ ਸਿੰਘ ਰੱਖ ਲਿਆ ਹੈ।

ਮੈਂ, ਨਿੰਦਰਜੀਤ ਕੌਰ ਪੰਨੂ, ਪਤਨੀ ਮਨਪ੍ਰੀਤ ਸਿੰਘ, ਵਾਸੀ ਮਕਾਨ ਨੰ. 42, ਵਾਰਡ ਨੰ. 10/ਸੀ, ਸ਼ਿਵਪੁਰੀ ਮੁਹੱਲਾ, ਧੂਰੀ (ਸੰਗਰੂਰ), ਆਪਣਾ ਨਾਮ ਨਿੰਦਰਜੀਤ ਕੌਰ ਪੰਨੂ ਤੋਂ ਨਿੰਦਰਜੀਤ ਕੌਰ ਰੱਖ ਲਿਆ ਹੈ।

ਮੈਂ, ਮਨਪ੍ਰੀਤ ਸਿੰਘ, ਪੁੱਤਰ ਸੁਖਦੇਵ ਸਿੰਘ, ਵਾਸੀ ਮਕਾਨ ਨੰ. 42, ਵਾਰਡ ਨੰ. 10/ਸੀ, ਸ਼ਿਵਪੁਰੀ ਮੁਹੱਲਾ, ਧੂਰੀ (ਸੰਗਰੂਰ), ਆਪਣੇ ਨਾਬਾਲਗ ਪੁੱਤਰ ਦਾ ਨਾਮ ਅਵਰਾਜ ਸਿੰਘ ਪੰਨੂ ਤੋਂ ਅਵਰਾਜ ਸਿੰਘ ਰੱਖ ਲਿਆ ਹੈ।

ਮੈਂ, ਮਨਪ੍ਰੀਤ ਸਿੰਘ, ਪੁੱਤਰ ਸੁਖਦੇਵ ਸਿੰਘ, ਵਾਸੀ ਮਕਾਨ ਨੰ. 42, ਵਾਰਡ ਨੰ. 10/ਸੀ, ਸ਼ਿਵਪੁਰੀ ਮੁਹੱਲਾ, ਧੂਰੀ (ਸੰਗਰੂਰ), ਆਪਣੀ ਨਾਬਾਲਗ ਧੀ ਦਾ ਨਾਮ ਨਿਮਰਜੋਤ ਕੌਰ ਪੰਨੂ ਤੋਂ ਨਿਮਰਜੋਤ ਕੌਰ ਰੱਖ ਲਿਆ ਹੈ।

ਮੈਂ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ, ਵਾਸੀ ਪਿੰਡ ਖੀਵਾ, ਜ਼ਿਲ੍ਹਾ ਜਲੰਧਰ, ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਮ ਰਵਿੰਦਰ ਕੁਮਾਰ ਤੋਂ ਬਦਲ ਕੇ ਰਾਜ ਕੁਮਾਰ ਉਰਫ਼ ਰਵਿੰਦਰ ਕੁਮਾਰ ਪੁੱਤਰ ਚੇਤਨ ਗਿਰ ਰੱਖ ਲਿਆ ਹੈ। ਭਵਿੱਖ ਵਿੱਚ ਮੇਰਾ ਇਹੀ ਨਾਮ ਰਾਜ ਕੁਮਾਰ ਉਰਫ਼ ਰਵਿੰਦਰ ਕੁਮਾਰ ਪੁੱਤਰ ਚੇਤਨ ਗਿਰ ਮੰਨਿਆ ਅਤੇ ਦਰਜ ਕੀਤਾ ਜਾਵੇ। ਸੰਬੰਧਤ ਨੋਟ ਕਰਨ।

ਮੈਂ, ਸੁਖਬੀਰ ਸਿੰਘ ਬਾਠ ਪੁੱਤਰ ਮੋਹਿੰਦਰ ਸਿੰਘ ਵਾਸੀ ਮਕਾਨ ਨੰ. 24, ਗਲੀ ਨੰ. 1, ਨਿਊ ਈਸ਼ਵਰ ਨਗਰ, ਤਰਨ ਤਾਰਨ ਰੋਡ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਮ ਸੁਖਬੀਰ ਸਿੰਘ ਬਾਠ ਤੋਂ ਬਦਲ ਕੇ ਸੁਖਬੀਰ ਸਿੰਘ ਕਰ ਲਿਆ ਹੈ।

ਮੈਂ, ਜਸਪ੍ਰੀਤ ਸਿੰਘ ਬਾਠ ਪੁੱਤਰ ਸੁਖਬੀਰ ਸਿੰਘ ਵਾਸੀ ਮਕਾਨ ਨੰ. 24, ਗਲੀ ਨੰ. 1, ਨਿਊ ਈਸ਼ਵਰ ਨਗਰ, ਤਰਨ ਤਾਰਨ ਰੋਡ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਮ ਜਸਪ੍ਰੀਤ ਸਿੰਘ ਬਾਠ ਤੋਂ ਬਦਲ ਕੇ ਜਸਪ੍ਰੀਤ ਸਿੰਘ ਕਰ ਲਿਆ ਹੈ।

ਮੈਂ, ਰਮਨਪ੍ਰੀਤ ਪੁੱਤਰੀ ਸਮਸ਼ੇਰ ਸਿੰਘ ਵਾਸੀ ਸੁਕਰਪੁਰਾ, ਡੇਰਾ ਰੋਡ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਰਮਨਪ੍ਰੀਤ ਤੋਂ ਬਦਲ ਕੇ ਰਮਨਪ੍ਰੀਤ ਕੌਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਅਮਿਤ ਪੁੱਤਰ ਯਕੂਬ ਮਸੀਹ ਵਾਸੀ ਪਿੰਡ ਖਤੀਬ, ਡੇਰਾ ਬਾਬਾ ਨਾਨਕ ਰੋਡ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-14305 ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਮ ਅਮਿਤ ਤੋਂ ਬਦਲ ਕੇ ਅਮਿਤ ਮਸੀਹ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਰਕੇਸ਼ ਕੁਮਾਰ ਪੁੱਤਰ ਨਿਰਮਲ ਸਿੰਘ ਵਾਸੀ ਪਿੰਡ ਬੁੱਢੀ ਪਿੰਡ, ਤਹਿਸੀਲ ਟਾਂਡਾ (ਹੁਸ਼ਿਆਰਪੁਰ) ਮੈਂ ਆਪਣੇ ਪੁੱਤਰਾਂ ਦਾ ਨਾਂਅ ਹਰਮਨ/Harman ਤੋਂ ਬਦਲ ਕੇ Harman Singh ਅਤੇ ਹਰਜੋਤ/Harjot ਦਾ ਨਾਂਅ ਬਦਲ ਕੇ ਹਰਜੋਤ ਸਿੰਘ/Harjot Singh ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## ਆਮ ਸੂਚਨਾ

ਮੈਂ, ਨਰੇਸ਼ ਪਾਲ ਪੁੱਤਰ ਸ੍ਰੀ ਮਦਨ ਲਾਲ ਵਾਸੀ ਮਕਾਨ ਨੰਬਰ 16/176, ਪੱਤੀ ਭਾਰਾ ਵੇਰਕਾ, ਅੰਮ੍ਰਿਤਸਰ-2, ਵੇਰਕਾ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕਿਆਂ ਸਾਹਿਲ ਸ਼ਰਮਾ ਵਾ ਉਸ ਦੀ ਪਤਨੀ ਅਮਨ ਬਾਲਾ ਅਤੇ ਰਾਹੁਲ ਸ਼ਰਮਾ ਅਤੇ ਉਸ ਦੀ ਪਤਨੀ ਰੂਚੀ ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਅਖਬਾਰ ਵਿਚ ਇਸ਼ਤਿਹਾਰ ਦੇ ਕੇ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰ ਦਿੱਤਾ ਸੀ। ਹੁਣ ਇਹ ਸਾਰੇ ਮੇਰੇ ਕਹਿਣੇਕਾਰ ਹਨ ਅਤੇ ਮੇਰੀ ਸੇਵਾ-ਸੰਭਾਲ ਕਰਦੇ ਹਨ। ਇਸ ਲਈ ਮੈਂ ਹੁਣ ਇਨ੍ਹਾਂ ਸਾਰਿਆਂ ਦੀ ਬੱਚਿਆਂ ਸਮੇਤ ਬੇਦਖਲੀ ਰੱਦ ਕਰਦਾ ਹਾਂ। ਹੁਣ ਇਹ ਕਾਨੂੰਨੀ ਤੌਰ 'ਤੇ ਮੇਰੇ ਵਾਰਸ ਹੋਣਗੇ।

ਅਸੀਂ, ਇੰਦਰਪਾਲ ਪੁੱਤਰ ਕਰਮ ਸਿੰਘ ਅਤੇ ਸੁਖਵਿੰਦਰ ਕੌਰ ਪਤਨੀ ਇੰਦਰਪਾਲ ਸਿੰਘ ਵਾਸੀਆਨ ਰਹਿਮਾਨਪੁਰ, ਕੁੱਕੜ ਪਿੰਡ, ਜਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਅਸੀਂ ਆਪਣੇ ਲੜਕੇ ਰਾਜਵੀਰ ਸਿੰਘ ਨੂੰ ਸਾਡੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 12-08-2023 ਨੂੰ ਨਵਾਂ ਜ਼ਮਾਨਾ ਅਤੇ ਅੰਗ੍ਰੇਜ਼ੀ ਅਖ਼ਬਾਰ ਵਿੱਚ ਦਿੱਤੇ ਇਸ਼ਤਿਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਸਾਡਾ ਲੜਕਾ ਰਾਜਵੀਰ ਸਿੰਘ ਸਾਡੇ ਕਹਿਣੇ ਵਿੱਚ ਹੈ। ਅਸੀਂ ਇਸਦੀ ਬੇਦਖਲੀ ਵਾਪਿਸ ਲੈਂਦੇ ਹਾਂ। ਹੁਣ ਇਹ ਸਾਡੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਚੂਹੜ ਲਾਲ ਪੁੱਤਰ ਧੰਨਾ ਰਾਮ ਵਾਸੀ ਪਿੰਡ ਨੰਗਲ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਦਲਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰੀ ਲੜਕੀ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਬੇਦਖਲੀ ਵਾਪਿਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜ੍ਹੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 27.08.2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | ਸ੍ਰੀ ਸੁਰਜੀਤ ਕੁਮਾਰ ਪੁੱਤਰ ਸ੍ਰੀ ਗੁਰਮੇਲ ਲਾਲ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ- 144002<br>ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਸੁਰਜੀਤ ਕੁਮਾਰ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ- 144002<br>ਸ੍ਰੀਮਤੀ ਸ਼ਿੰਦੋ ਪਤਨੀ ਸ੍ਰੀ ਗੁਰਮੇਲ ਲਾਲ ਉਰਫ਼ ਗੁਰਮੇਲ ਰਾਮ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ- 144002<br>(ਕਰਜ਼ਦਾਰ)<br>ਸ੍ਰੀ ਰਾਹੁਲ ਬਜਾਜ ਪੁੱਤਰ ਕੇਵਲ ਕ੍ਰਿਸ਼ਨ ਬਜਾਜ ਵਾਸੀ ਮਕਾਨ ਨੰ. 206/75, ਟਾਂਡਾ ਰੋਡ, ਨਿਊ ਲਕਸ਼ਮੀਪੁਰਾ, ਇੰਡਸਟਰੀਅਲ ਟਾਊਨ, ਜਲੰਧਰ, ਪੰਜਾਬ-144004<br>ਸ੍ਰੀ ਪਰਮਜੀਤ ਪੁੱਤਰ ਰਾਮ ਮੂਰਤੀ ਵਾਸੀ ਪਿੰਡ ਤੇ ਡਾਕ. ਚਮਿਆਰਾ, ਜਲੰਧਰ, ਪੰਜਾਬ-144002<br>(ਗਰੰਟਰ) |
| ਬਕਾਇਆ ਰਕਮ<br>ਐੱਲ ਏ ਪੀ/013602002367 | ਮਿਤੀ 14.07.2026 ਨੂੰ<br>ਰੁਪਏ 15,54,981/- (ਅਤੇ 01.07.2026 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ ਨੰ. 5484 ਮਿਤੀ 15.01.2014 ਅਨੁਸਾਰ ਸ੍ਰੀਮਤੀ ਸ਼ਿੰਦੋ ਪਤਨੀ ਸ੍ਰੀ ਗੁਰਮੇਲ ਲਾਲ ਉਰਫ਼ ਗੁਰਮੇਲ ਰਾਮ ਦੀ ਮਲਕੀਅਤ ਅਚੱਲ ਜਾਇਦਾਦ 4.5 ਮਰਲੇ, ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ, ਤਹਿ. ਤੇ ਜ਼ਿਲ੍ਹਾ ਜਲੰਧਰ। |
| ਰਾਖਵੀਂ ਕੀਮਤ | ਰੁ. 23.50 ਲੱਖ (ਰੁਪਏ ਤੇਈ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ<br>(ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 27-08-2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ ''ਜਿਵੇਂ ਹੈ ਜਿੱਥੇ ਹੈ'', "ਉੱਥੇ ਜੋ ਹੈ ਜਿਵੇਂ" ਅਤੇ "ਉੱਥੇ ਜੋ ਵੀ ਹੈ" ਦੇ ਆਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਰਕਮ ਬਿਆਨਾ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 27.08.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ : ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫ਼ਤਰ ਜੀ ਟੀ ਰੋਡ, ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 20.07.2026 — ਅਧਿਕਾਰਤ ਅਫਸਰ

## LOVELY PROFESSIONAL UNIVERSITY

Jalandhar-Delhi G.T. Road. Phagwara, Distt. Kapurthala, Punjab (India) - 144411

### CORRIGENDUM

Certain updations, clarifications and rectifications with respect to provisions contained in the Prospectus 2026 and other publications related to the admission and allied matters of the regular mode programmes of the University have been made, which may or may not be covered in any information material or publication issued by the University; and therefore are listed below for the information of all the concerned:

1. There are certain updations in important dates, fees and scholarship amounts for Type-A, Type-B and Type-C programmes. For updated details, refer to the University website (under the head Admissions i.e. https://www.lpu.in/admission/ ).
2. Bachelor of Occupational Therapy (B.OT), Bachelor of Radiation Therapy Technology (B.RTT), Master of Anaesthesia & Operation Theatre Technology (M.AOTT), Master of Optometry (M.Optm.), Master of Medical Radiology and Imaging Technology (M.MRIT), Master of Cardiovascular Technology, Diploma (Engg.) AI and ML [Lateral Entry], Ph.D. (Nanotechnology) programmes are also offered for the academic session 2026-2027. For eligibility and other details, refer to the University website (under the head Admissions i.e. https://www.lpu.in/admission/).
3. Programmes titled B.Tech. (CSE - Internet of Things and AI Analytics), B.Tech. (CSE - User Experience (UX) / User Interface (UI), B.Tech. (CSE - Augmented Reality and Virtual Reality), Integrated M.Sc. (Economics) - B.Tech. (Computer Science and Engineering), B.Tech. (EE - Artificial Intelligence), BCA (Virtual Reality with Artificial Intelligence), BBA (Hons.) (Business Clusters and Emerging Markets), B.Sc. (Hons.) (Business Clusters and Emerging Markets), BBA (Industry Integrated), BBA (Information Technology), B.Com. (Industry Integrated), B.Sc. (Bakery and Pastry Management), M.Design (UI/UX), M.A. (Child Psychology and Child Development), M.Sc. (Hons.) Botany, M.Sc. (Physics) – 1 year duration, M.Sc. (Chemistry) – 1 year duration, M.Sc. (Environmental Sciences), M.Sc. (Mathematics) - 1 year duration, M.Tech. (Transportation Engineering) and M.Pharm. (Ayurveda) are not offered for the session 2026-2027.
4. The nomenclature of certain programmes is rectified as under: -
   - B.Sc. Clinical Psychology (Hons.) should be read as Bachelor in Clinical Psychology (B.Clin. Psy);
   - M.A. (Clinical Psychology) should be read as Master in Clinical Psychology (M.Clin. Psy);
   - B.Tech. (CSE - AI-Powered DevOps Engineering) should be read as B.Tech. (CSE - DevOps and AI).

For more details, contact at the University Campus or visit the University website (under the head Admissions i.e. https://www.lpu.in/admission/).

Registrar

## ਅਦਾਲਤੀ ਇਸ਼ਤਿਹਾਰ

ਬਾ: ਅਦਾਲਤ ਸ੍ਰੀ ਗੁਰਪ੍ਰੀਤ ਤਹਿਸੀਲਦਾਰ-ਕਮ-ਏ.ਸੀ. ਫਸਟ ਗ੍ਰੇਡ, ਨਕੋਦਰ

ਸ੍ਰੀ ਰਣਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਪਿੰਡ ਚਾਨੀਆਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਵੱਲੋਂ ਆਪਣੇ ਪਿਤਾ ਦਾ ਨਾਂਅ ਸੁਰਿੰਦਰ ਸਿੰਘ ਉਰਫ ਸੁਵਿੰਦਰ ਸਿੰਘ ਮਾਲ ਰਿਕਾਰਡ ਵਿੱਚ ਦਰੁਸਤ ਕਰਵਾਉਣ ਸੰਬੰਧੀ।

ਬਨਾਮ : ਆਮ ਪਬਲਿਕ

ਵਿਸ਼ਾ:- ਰਿਕਾਰਡ ਮਾਲ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ।

ਮਾਲ ਰਿਕਾਰਡ ਪਿੰਡ ਚਾਨੀਆਂ ਵਿੱਚ ਸੁਰਿੰਦਰ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਮਾਘਾ ਸਿੰਘ ਦੇ ਨਾਲ-ਨਾਲ ਸੁਵਿੰਦਰ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਮਾਘਾ ਸਿੰਘ ਵਾਸੀ ਪਿੰਡ ਚਾਨੀਆਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਕਰਨ ਬਾਰੇ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਰਣਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਵੱਲੋਂ ਆਪਣੇ ਪਿਤਾ ਦਾ ਨਾਂਅ ਦਰੁਸਤ ਕਰਵਾਉਣ ਸੰਬੰਧੀ ਦਰਖਾਸਤ ਪ੍ਰਾਪਤ ਹੋਈ ਹੈ ਕਿ ਮਾਲ ਰਿਕਾਰਡ ਵਿੱਚ ਉਸ ਦੇ ਪਿਤਾ ਦਾ ਨਾਂਅ ਸੁਰਿੰਦਰ ਸਿੰਘ ਪੁੱਤਰ ਰਵੀ ਸਿੰਘ ਪੁੱਤਰ ਮਾਘਾ ਸਿੰਘ ਚੱਲ ਰਿਹਾ ਹੈ । ਮੁਤਾਬਿਕ ਦਰਖਾਸਤ ਉਨ੍ਹਾਂ ਦੇ ਪਿਤਾ ਸੁਰਿੰਦਰ ਸਿੰਘ ਅਤੇ ਸੁਵਿੰਦਰ ਸਿੰਘ ਦੋਨੋਂ ਨਾਵਾਂ ਨਾਲ ਜਾਣੇ ਜਾਂਦੇ ਹਨ । ਜਦ ਕਿ ਆਈ. ਡੀ. ਸਬੂਤਾਂ ਵਾਲੇ ਦਸਤਾਵੇਜ਼ਾਂ ਮੁਤਾਬਿਕ ਮਾਲ ਰਿਕਾਰਡ ਵਿੱਚ ਵੀ ਪਿਤਾ ਜੀ ਦਾ ਨਾਂਅ ਸੁਵਿੰਦਰ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਮਾਘਾ ਸਿੰਘ ਕਰਨ ਬਾਰੇ ਦਰਖਾਸਤ ਪੇਸ਼ ਕੀਤੀ ਹੈ। ਮਾਲ ਰਿਕਾਰਡ ਵਿੱਚ ਸੁਰਿੰਦਰ ਸਿੰਘ ਉਰਫ ਸੁਵਿੰਦਰ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਮਾਘਾ ਸਿੰਘ ਕਰਨ ਵਿੱਚ ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 05-08- 2026 ਤੱਕ ਇਸ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਦਰਖਾਸਤ ਦਾ ਫੈਸਲਾ ਨਿਯਮਾਂ ਅਨੁਸਾਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 17-07-2026 ਨੂੰ ਮੇਰੇ ਹਸਤਾਖਰ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਤਹਿਸੀਲਦਾਰ ਕਮ ਸਰਕਲ, ਰੈਵੀਨਿਊ ਅਫਸਰ ਨਕੋਦਰ।

ਨੰ: 1650/ਆਰ-1 ਮਿਤੀ : 17/7/26

## COURT NOTICE

(U/o 5 Rule 20 CPC)
In the Court of Ajit Pal Singh
Additional Principal Judge
Family Court, Amritsar
CNR No. PBAS01-009300-2024
Next Date:- 20-08-2026
KULJIT KAUR
Vs.
PRINCE KUMAR
HMA/1035/2024

Publication Issued To:
Prince Kumar
Father: Rakesh Kumar
R/O Nangli, Tehsil And District Amritsar.

In above titled case, the defendant(s)/ respondent(s) could not be served. It is ordered tha defendant(s) /respondent(s) should appear in person or through counsel on 20-08-2026 at 10.00 a.m.

For details logon to https://highcourtchd.gov.in/?trs=district_notice&district=Amritsar

Additional Principal Judge
Family Court, Amritsar
Dated, this day of 15-07-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਰਾਜੀਵ ਖੋਸਲਾ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਕਪੂਰਥਲਾ

ਮਿਸਲ ਨੰ. : 62/ਐੱਨ.ਟੀ — ਤਾਰੀਖ ਰਜੂਆ : 04.09.2025 — ਕਿਸਮ ਮੁਕੱਦਮਾ : ਤਕਸੀਮ

ਅਗਲੀ ਤਾਰੀਖ ਪੇਸ਼ੀ : 11.08.2026 — ਵਾਕਿਆ ਰਕਬਾ : ਮੈਨਵਾਂ

1. ਪਲਵਿੰਦਰ ਸਿੰਘ ਪੁੱਤਰ ਅਵਤਾਰ ਸਿੰਘ, ਵਾਸੀ ਪਿੰਡ ਧੁਆਖੇ ਨਿਸ਼ਾਨ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ।

......ਫਰੀਕੈਨ ਅੱਵਲ

ਬਨਾਮ

1. ਬਰਿੰਦਰਜੀਤ ਸਿੰਘ ਪੁੱਤਰ ਪਰਮਜੀਤ ਸਿੰਘ ਪੁੱਤਰ ਸੁੱਚਾ ਸਿੰਘ 2. ਅਵਤਾਰ ਸਿੰਘ ਪੁੱਤਰ ਬਲਵੰਤ ਸਿੰਘ ਵਾਸੀਆਨ ਪਿੰਡ ਧੁਆਖੇ ਨਿਸ਼ਾਨ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 3. ਗੁਰਦੇਵ ਸਿੰਘ, 4. ਪ੍ਰੀਤਮ ਸਿੰਘ ਪੁੱਤਰਾਨ ਲਛਮਨ ਸਿੰਘ ਵਾਸੀਆਨ ਪਿੰਡ ਵਡਾਲਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 5. ਜਵੰਦ ਸਿੰਘ ਪੁੱਤਰ ਕ੍ਰਿਸ਼ਨ ਸਿੰਘ ਵਾਸੀ ਪਿੰਡ ਵਡਾਲਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 6. ਭੁਪਿੰਦਰ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਧੁਆਖੇ ਨਿਸ਼ਾਨ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 7. ਗੁਰਦੇਵ ਕੌਰ ਪਤਨੀ ਸੁਰਜੀਤ ਸਿੰਘ ਉਰਫ਼ ਚੰਨਣ ਸਿੰਘ ਵਾਸੀ ਪਿੰਡ ਮੈਨਵਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 8. ਦਲਬੀਰ ਸਿੰਘ, 9. ਹਰਜੀਤ ਸਿੰਘ ਪੁੱਤਰ ਗੁਰਮੀਤ ਸਿੰਘ ਪੁੱਤਰ ਸੁਰੈਣ ਸਿੰਘ, 10. ਅਮਰਜੀਤ ਸਿੰਘ ਪੁੱਤਰ ਸਤਨਾਮ ਸਿੰਘ ਵਾਸੀਆਨ ਪਿੰਡ ਪੱਤੜ ਖੁਰਦ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 11. ਤਰਲੋਚਨ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਧੁਆਖੇ ਨਿਸ਼ਾਨ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 12. ਬੇਅੰਤ ਸਿੰਘ ਪੁੱਤਰ ਨਰੰਜਨ ਸਿੰਘ ਵਾਸੀ ਪਿੰਡ ਵਡਾਲਾ ਕਲਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 13. ਜੀਤ, 14. ਅਮਰ ਨਾਥ ਪੁੱਤਰਾਨ ਕੇਸਰ, 15. ਫਕੀਰ ਸਿੰਘ ਪੁੱਤਰ ਈਸ਼ਰ ਸਿੰਘ ਪੁੱਤਰ ਮਈਆ ਸਿੰਘ, 16. ਕੁਲਵਿੰਦਰ ਸਿੰਘ ਪੁੱਤਰ ਪੂਰਨ ਸਿੰਘ, 17. ਦੀਪਾ ਪੁੱਤਰ ਚਿੰਤਾ ਰਾਮ ਪੁੱਤਰ ਈਸ਼ਰ ਵਾਸੀਆਨ ਪਿੰਡ ਮੈਨਵਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 18. ਕਰਮ ਸਿੰਘ, 19. ਜੋਗਿੰਦਰ ਸਿੰਘ ਪੁੱਤਰਾਨ ਗੁਲਜਾਰ ਸਿੰਘ ਵਾਸੀਆਨ ਪਿੰਡ ਫਿਆਲੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 20. ਸੰਗਾਰਾ ਸਿੰਘ, 21. ਹਰਜਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ, 22. ਹਰਬੰਸ ਸਿੰਘ ਪੁੱਤਰ ਧਿਰਤਾ ਸਿੰਘ, 23. ਸੁਖਵਿੰਦਰ ਸਿੰਘ, 24. ਹਰਦੇਵ ਸਿੰਘ, 25. ਕੁਲਵਿੰਦਰ ਸਿੰਘ ਪੁੱਤਰਾਨ ਹਰਬੰਸ ਸਿੰਘ ਪੁੱਤਰ ਧਿਰਤਾ ਸਿੰਘ, 26. ਸਤਪਾਲ ਸਿੰਘ ਪੁੱਤਰ ਸੰਤੋਖ ਸਿੰਘ, 27. ਰਾਜ ਕੌਰ ਪਤਨੀ, 28. ਕੁਲਵੰਤ ਸਿੰਘ ਪੁੱਤਰਾਨ ਆਤਮਾ ਸਿੰਘ ਵਾਸੀਆਨ ਪਿੰਡ ਮੈਨਵਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, 29. ਜਵੰਦ ਸਿੰਘ ਪੁੱਤਰ ਨਰੰਜਨ ਸਿੰਘ ਪੁੱਤਰ ਨਿਹਾਲ ਸਿੰਘ ਵਾਸੀ ਪਿੰਡ ਵਡਾਲਾ ਕਲਾਂ, ਤਹਿਸੀਲ ਵਾ ਜਿਲ੍ਹਾ ਕਪੂਰਥਲਾ 30. ਦੀਦਾਰ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਨੱਥਾ ਸਿੰਘ, 31. ਪਲਵਿੰਦਰ ਸਿੰਘ ਪੁੱਤਰ ਦੀਦਾਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਪਿੰਡ ਮੈਨਵਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ 32. ਕੁਲਵਿੰਦਰ ਕੌਰ ਪਤਨੀ ਪਰਮਜੀਤ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਧੁਆਖੇ ਨਿਸ਼ਾਨ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ 33. ਭਜਨ ਸਿੰਘ ਪੁੱਤਰ ਆਤਮਾ ਸਿੰਘ, 34. ਜਸਵਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਨੱਥਾ ਸਿੰਘ ਵਾਸੀਆਨ ਪਿੰਡ ਮੈਨਵਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ। ......ਫਰੀਕੈਨ ਦੋਮ

ਉਕਤ ਅਨੁਵਾਨ ਦਾ ਕੇਸ ਤਕਸੀਮ ਵਾਕਿਆ ਰਕਬਾ ਪਿੰਡ ਮੈਨਵਾਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, ਖੇਵਟ ਨੰਬਰ 125/126, ਖਤੌਨੀ ਨੰਬਰ 160, ਕੁੱਲ ਰਕਬਾ 177 ਕਨਾਲ 15 ਮਰਲੇ ਦਾ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਕੇਸ ਵਿੱਚ ਕੁਝ ਧਿਰ ਦੋਮਾਂ ਹਾਜ਼ਰ ਨਹੀਂ ਆਏ। ਇਸ ਕੇਸ ਵਿੱਚ ਤਰੀਕ ਪੇਸ਼ੀ ਮਿਤੀ 11.08.2026 ਮੁਕੱਰਰ ਹੋਈ ਹੈ। ਇਸ ਲਈ ਫਰੀਕ ਦੋਮਾਂ ਨੂੰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਧਿਰ ਦੋਮ ਮਿਤੀ 11.08.2026 ਨੂੰ ਸਵੇਰੇ 10:00 ਵਜੇ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਹੋ ਕੇ ਇਸ ਕੇਸ ਦੀ ਪੈਰਵੀ ਕਰ ਸਕਦੇ ਹਨ। ਨਿਸ਼ਚਿਤ ਮਿਤੀ 11.08.2026 ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫ਼ਾ ਅਮਲ ਵਿੱਚ ਲਿਆਂਦੀ ਜਾਵੇਗੀ। ਨਿਸ਼ਚਿਤ ਮਿਤੀ ਤੋਂ ਬਾਅਦ ਵਿੱਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 13.7.2026 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ ਹੈ।

ਨੰ. 305/ਆਰ-2 ਮਿਤੀ 13.07.2026 — ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਕਪੂਰਥਲਾ।

## COURT NOTICE

In The Court of The District Judge 3, at Nanded (Maharastra State)
MACP NO. 80/2024 NEXT DATE 08/09/2026 ADV. A.B.Pande
Dipali V/S Paramjit Singh & Ors.

To,
Respondent No. 1
Paramjit Singh S/o Prakash Singh, Age. major, Occu. Business, (Owner of Tractor/Trailer), Regi No PB-10/HW-0571, R/o. 33 Dharamshala Dhandari Khurd, Dhandari Kalan Ludhiana, Panjab 141001, Mobile No. 98559-35153

1) Whereas, the above named petitioners have filed the instant claim petition for compensation against you along with other respondents which is now pending for your appearance.

2) in the above matter, Summons and notices were issued to you so many times through court and through registered post A.D. also I but they are returned unversed upon you.

3) It is the contention of the above named petitioner that you are not receiving the summons and notice intentionally and avoiding to accept the same. Therefore the petitioner requested the Hon'ble court to issue paper proclamation against you and the same is granted by this court

4) you are hereby warned to appear before this court i.e. District court 3, Nanded (Maharashtra State) in person or by a pleader duly within 30 days from publication of this notice in news paper.

5) You are hereby also warned that if you fall to appear before this court on the date and time mentioned above, the matter will be proceeded ex-parte against you.
Given under my hand & the seal of the court on this the 18 day of July - 2026

By order
Assistant Superintendent District Court, Nanded

## YES BANK

ਰਜਿਸਟਰਡ ਅਤੇ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇਅ, ਸਾਂਤਾਕਰੂਜ਼ ਈਸਟ, ਮੁੰਬਈ-400055, ਭਾਰਤ. ਵੈੱਬਸਾਈਟ : www.yesbank.in

### [ਰੂਲ-8 (1)] ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਸੋਸਾਨੋ ਇਲੈਕਟ੍ਰੋਨਿਕਸ ਪ੍ਰਾਈਵੇਟ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰ ਸ੍ਰੀ ਸਾਗਰ ਸ਼ਰਮਾ ਪੁੱਤਰ ਸ੍ਰੀ ਵਿਨੋਦ ਕੁਮਾਰ ਸ਼ਰਮਾ ਪਤਾ : ਪਹਿਲੀ ਮੰਜ਼ਲ ਮਕਾਨ ਨੰ: XLVII/3, ਖੁਸ਼ੀ ਨਗਰ , ਡਲਹੌਜ਼ੀ ਰੋਡ, ਪਠਾਨਕੋਟ-145001 (ਕਰਜ਼ਦਾਰ) (2) ਸ੍ਰੀ ਸਾਗਰ ਸ਼ਰਮਾ ਪੁੱਤਰ ਸ੍ਰੀ ਵਿਨੋਦ ਸ਼ਰਮਾ ਪਤਾ ਮਕਾਨ ਨੰ: 3/366, ਰਾਮ ਸ਼ਰਨਮ ਕਾਲੋਨੀ, ਗਲੀ ਨੰ: 4, ਨੇੜੇ ਮਨੋਕਾਮਨਾ ਮੰਦਰ ਪਠਾਨਕੋਟ-145001, ਨਾਲ ਹੀ : ਪਹਿਲੀ ਮੰਜ਼ਲ ਮਕਾਨ ਨੰ: XLVII/3, ਖੁਸ਼ੀ ਨਗਰ , ਡਲਹੌਜ਼ੀ ਰੋਡ, ਪਠਾਨਕੋਟ-145001 ਸਹਿ-ਕਰਜ਼ਦਾਰ ਅਤੇ ਰਹਿਣਕਾਰ ਨੂੰ 20 ਅਪ੍ਰੈਲ 2026 ਨੂੰ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ ਆਈ ਐੱਨ ਆਰ 40,77,806.56/- (ਚਾਲੀ ਲੱਖ ਸਤੱਤਰ ਹਜ਼ਾਰ ਅੱਠ ਸੌ ਛੇ ਰੁਪਏ ਅਤੇ ਛਪੰਜਾ ਪੈਸੇ ਕੇਵਲ) ਸਮੇਤ 17 ਜੁਲਾਈ 2026 ਸੰਬੰਧਤ ਅਗਲਾ ਵਿਆਜ ਅਤੇ ਹੋਰ ਚਾਰਜਿਜ਼ ਨੂੰ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ 21 ਅਪ੍ਰੈਲ 2026 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 17 ਜੁਲਾਈ 2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 20 ਅਪ੍ਰੈਲ 2026 ਨੂੰ ਬਕਾਇਆ ਰਕਮ ਆਈ ਐੱਨ ਆਰ 40,77,806.56/- (ਚਾਲੀ ਲੱਖ ਸਤੱਤਰ ਹਜ਼ਾਰ ਅੱਠ ਸੌ ਛੇ ਰੁਪਏ ਅਤੇ ਛਪੰਜਾ ਪੈਸੇ ਕੇਵਲ) ਅਤੇ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਰਹਿਣਕਾਰ |
|---|---|
| ਕਾਹਨਪੁਰ ਵਿਖੇ ਸਥਿਤ ਜਾਇਦਾਦ, ਹੱਦਬਸਤ ਨੰ: 349, ਤਹਿਸੀਲ ਤੇ ਜ਼ਿਲ੍ਹਾ ਪਠਾਨਕੋਟ, ਖਸਰਾ ਨੰ: 4//21, 22, 5//25, 18//6/1, ਜਾਇਦਾਦ ਰਕਬਾ 12.13 ਮਰਲੇ, ਦਸਤਾਵੇਜ਼ ਨੰ: 2022-23/44/1/1409, ਬੈਨਾਮਾ ਮਿਤੀ 22/07/2022 ਅਨੁਸਾਰ ਸਮੇਤ ਮਾਲੀਆ ਰਿਕਾਰਡ (ਜਮ੍ਹਾਂਬੰਦੀ) ਮਿਤੀ 20/9/2023, ਸਾਲ 2016-2017 ਵਾਸਤੇ, ਖਸਰਾ ਨੰ: 4//21, 22, 5//25, 18//6/1, ਖੱਤਾ/ਖਤੌਨੀ ਨੰ: 351/610, ਹੱਦਬਸਤ ਨੰ: 349, ਸ੍ਰੀ ਸਾਗਰ ਸ਼ਰਮਾ ਪੁੱਤਰ ਸ੍ਰੀ ਵਿਨੋਦ ਕੁਮਾਰ ਸ਼ਰਮਾ ਪੁੱਤਰ ਰਾਮ ਜੀ ਲਾਲ ਦੇ ਪੱਖ 'ਚ ਮਨਜ਼ੂਰ। ਹੱਦਾਂ : ਪੂਰਬ : ਗਲੀ 25' ਚੌੜੀ, ਪੱਛਮ : ਹੋਰ ਦਾ ਖਾਲੀ ਪਲਾਟ, ਉੱਤਰ : ਹੋਰਾਂ ਦਾ ਖਾਲੀ ਪਲਾਟ, ਦੱਖਣ : ਹੋਰਾਂ ਦਾ ਖਾਲੀ ਪਲਾਟ। | ਸ੍ਰੀ ਸਾਗਰ ਸ਼ਰਮਾ ਪੁੱਤਰ ਸ੍ਰੀ ਵਿਨੋਦ ਕੁਮਾਰ ਸ਼ਰਮਾ |

ਮਿਤੀ : 21.07.2026 — ਯੈੱਸ ਬੈਂਕ ਲਿਮਟਿਡ,
ਸਥਾਨ : ਕਾਹਨਪੁਰ, ਪਠਾਨਕੋਟ — ਅਧਿਕਾਰਤ ਅਫਸਰ

## AXIS BANK LTD.

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025, Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ। ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ ਵਾਰਿਸਾਂ ਦਾ ਨਾਅ | 1. ਐੱਨ ਪੀ ਏ ਦੀ ਮਿਤੀ 2. ਡਿਮਾਂਡ ਨੋਟਿਸ ਦੀ ਮਿਤੀ 3. ਕਬਜ਼ੇ ਦੀ ਮਿਤੀ 4. ਡਿਮਾਂਡ ਨੋਟਿਸ ਰਕਮ (ਰੁਪਏ) |
|---|---|---|
| 1 | 1. ਸ੍ਰੀਮਤੀ ਕਵਲਜੀਤ ਕੌਰ ਪਤਨੀ ਗੁਰਦੇਵ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀ ਕੁਲਵਿੰਦਰ ਸਿੰਘ ਪੁੱਤਰ ਤਾਰਾ ਸਿੰਘ (ਸਹਿ-ਕਰਜ਼ਦਾਰ) | 1. 10 ਅਪ੍ਰੈਲ 2026 2. 22 ਅਪ੍ਰੈਲ 2026 3. 18 ਜੁਲਾਈ 2026 4. ਰੁਪਏ 15,20,703/- (ਪੰਦਰਾਂ ਲੱਖ ਵੀਹ ਹਜ਼ਾਰ ਸੱਤ ਸੌ ਤਿੰਨ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਬੈਨਾਮਾ ਦਸਤਾਵੇਜ਼ ਨੰ. 2021-22/98/1/1142 ਮਿਤੀ 18 ਜਨਵਰੀ 2022 ਅਨੁਸਾਰ ਸ੍ਰੀਮਤੀ ਕਵਲਜੀਤ ਕੌਰ ਪਤਨੀ ਗੁਰਦੇਵ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪ੍ਰਾਈਵੇਟ ਪਲਾਟ ਨੰ. 17, 18 ਮਿਨ 'ਤੇ ਨਿਰਮਿਤ ਮਕਾਨ, ਰਕਬਾ 3.54 ਮਰਲੇ (ਲੱਗਭੱਗ 107.33 ਵਰਗ ਗਜ਼) ਖਸਰਾ ਨੰ. 66/22, 89/2, ਖੇਵਟ ਨੰ. 564, 572, ਖਤੌਨੀ ਨੰ. 755, 764, ਜਮ੍ਹਾਂਬੰਦੀ ਸਾਲ 2015-2016, ਵਾਕਿਆ ਜੰਡਿਆਲਾ ਗੁਰੂ ਵਿਖੇ ਸਥਿਤ, ਨੇੜੇ ਸੇਂਟ ਸੋਲਜਰ ਸਕੂਲ, ਜਿਓਤੀਸਰ ਕਲੋਨੀ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਗਲੀ 20' ਚੌੜੀ, ਪੱਛਮ : ਹੋਰ ਮਾਲਕ, ਉੱਤਰ, ਪਲਾਟ ਨੰ. 19, ਦੱਖਣ : ਪਲਾਟ ਨੰ. 16

ਮਿਤੀ : 21-07-2026 — ਸਹੀ/- ਅਧਿਕਾਰਤ ਅਫਸਰ,
ਸਥਾਨ : ਲੁਧਿਆਣਾ — ਐਕਸਿਸ ਬੈਂਕ ਲਿਮਟਿਡ

# ਮੇਰੀ ਕਮਾਈ ਮੇਰੀ ਇਮਾਨਦਾਰੀ ਹੈ : ਭਗਵੰਤ ਸਿੰਘ ਮਾਨ

**ਜਲੰਧਰ ( ਸ਼ੈਲੀ ਐਲਬਰਟ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਕੋਦਰ ਵਿਖੇ ਸਾਲਾਨਾ ਮੇਲੇ ਦੌਰਾਨ ਡੇਰਾ ਅਲਮਸਤ ਬਾਪੂ ਲਾਲ ਬਾਦਸ਼ਾਹ ਦੇ ਦਰਬਾਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੀ ਸ਼ਾਂਤੀ, ਖੁਸ਼ਹਾਲੀ ਅਤੇ ਸਰਬਪੱਖੀ ਵਿਕਾਸ ਲਈ ਅਸ਼ੀਰਵਾਦ ਲਿਆ। ਸੱਭਿਆਚਾਰਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਤੋਂ ਬਾਅਦ, ਮੁੱਖ ਮੰਤਰੀ ਨੇ ਹਰ ਵਰਗ ਦੇ ਲੋਕਾਂ ਵੱਲੋਂ ਦਿੱਤੇ ਅਥਾਹ ਪਿਆਰ ਅਤੇ ਸਨੇਹ ਲਈ ਧੰਨਵਾਦ ਕਰਦਿਆਂ ਕਿਹਾ ਕਿ ਗੁਰੂਆਂ, ਪੀਰਾਂ, ਫਕੀਰਾਂ ਅਤੇ ਸ਼ਹੀਦਾਂ ਦਾ ਆਸ਼ੀਰਵਾਦ ਪੰਜਾਬ ਨੂੰ ਫਿਰਕੂ ਸਦਭਾਵਨਾ ਅਤੇ ਪ੍ਰਗਤੀ ਦੇ ਰਾਹ 'ਤੇ ਅੱਗੇ ਵਧਣ ਦੀ ਸੇਧ ਦਿੰਦਾ ਹੈ। ਰੰਗਲਾ ਪੰਜਾਬ ਸਿਰਜਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਉਨ੍ਹਾਂ 'ਤੇ ਦਿਖਾਇਆ ਗਿਆ ਵਿਸ਼ਵਾਸ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਉਨ੍ਹਾਂ ਪੂਰੀ ਇਮਾਨਦਾਰੀ, ਸਮਰਪਣ ਅਤੇ ਪਾਰਦਰਸ਼ਤਾ ਨਾਲ ਸੂਬੇ ਦੀ ਸੇਵਾ ਕਰਨ ਦਾ ਵਾਅਦਾ ਕੀਤਾ। ਇਸ ਸ਼ੁਭ ਮੌਕੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ ਅਕਾਊਂਟ 'ਤੇ ਲਿਖਿਆ, 'ਅੱਜ, ਮੈਨੂੰ ਨਕੋਦਰ ਵਿਖੇ ਸਾਲਾਨਾ ਮੇਲੇ ਦੌਰਾਨ ਡੇਰਾ ਅਲਮਸਤ ਬਾਪੂ ਲਾਲ ਬਾਦਸ਼ਾਹ ਜੀ ਦੇ ਦਰਬਾਰ ਵਿੱਚ ਮੱਥਾ ਟੇਕਣ ਦਾ ਸੁਭਾਗ ਪ੍ਰਾਪਤ ਹੋਇਆ। ਮੈਂ ਮਾਵਾਂ, ਭੈਣਾਂ, ਬੱਚਿਆਂ ਅਤੇ ਬਜ਼ੁਰਗਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ




ਮੇਲੇ ਵਿੱਚ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਮੈਨੂੰ ਬਹੁਤ ਪਿਆਰ ਦਿੱਤਾ।' ਉਨ੍ਹਾਂ ਅਖੀਰ ਵਿੱਚ ਕਿਹਾ, 'ਸਾਡੇ ਗੁਰੂਆਂ, ਪੀਰਾਂ, ਫਕੀਰਾਂ ਅਤੇ ਸ਼ਹੀਦਾਂ ਦਾ ਆਸ਼ੀਰਵਾਦ ਹਮੇਸ਼ਾ ਵਿਸ਼ਵਾਸ, ਸਦਭਾਵਨਾ ਅਤੇ ਭਾਈਚਾਰਕ ਸਾਂਝ ਵਾਲੀ ਇਸ ਪਵਿੱਤਰ ਧਰਤੀ 'ਤੇ ਬਣਿਆ ਰਹੇ। ਇਨ੍ਹਾਂ ਅਸੀਸਾਂ ਨਾਲ, ਅਸੀਂ ਪੰਜਾਬ ਦੇ ਸਰਵਪੱਖੀ ਵਿਕਾਸ ਅਤੇ ਇੱਕ ਜੀਵੰਤ ਅਤੇ ਖੁਸ਼ਹਾਲ ਰੰਗਲੇ ਪੰਜਾਬ ਦੇ ਪੁਨਰ ਨਿਰਮਾਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।' ਇਕੱਠ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਅੱਜ ਇਸ ਪਵਿੱਤਰ ਸਥਾਨ 'ਤੇ ਨਤਮਸਤਕ ਹੋ ਕੇ ਮੈਂ ਬੇਹੱਦ ਖੁਸ਼ ਮਹਿਸੂਸ ਕਰ ਰਿਹਾ ਹਾਂ। ਪੰਜਾਬ ਮੇਲਿਆਂ ਅਤੇ ਤਿਉਹਾਰਾਂ ਦੀ ਧਰਤੀ ਹੈ। ਇਹ ਇੱਕ ਉਪਜਾਊ ਧਰਤੀ ਹੈ ਜਿੱਥੇ ਹਰ ਬੀਜ ਉੱਗ ਸਕਦਾ ਹੈ, ਪਰ ਇੱਥੇ ਨਫ਼ਰਤ ਦਾ ਬੀਜ ਕਦੇ ਵੀ ਪੁੰਗਰ ਨਹੀਂ ਸਕਦਾ। ਅਗਾਮੀ ਪ੍ਰੋਗਰਾਮਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਅਸੀਂ ਸਾਰੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਅਗਾਮੀ 650ਵੇਂ ਪ੍ਰਕਾਸ਼ ਪੁਰਬ ਨੂੰ ਇਕੱਠੇ ਮਨਾਵਾਂਗੇ। ਉਨ੍ਹਾਂ ਅੱਗੇ ਕਿਹਾ, ਮੈਂ ਸਖ਼ਤ ਮਿਹਨਤ ਕਰਕੇ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਕਮਾਇਆ ਹੈ, ਅਤੇ ਮੈਂ ਉਸ ਵਿਸ਼ਵਾਸ ਨੂੰ ਕਦੇ ਵੀ ਟੁੱਟਣ ਨਹੀਂ ਦੇਵਾਂਗਾ। ਅਲਮਸਤ ਬਾਪੂ ਲਾਲ ਬਾਦਸ਼ਾਹ ਦੇ ਸਫਲ ਸਾਲਾਨਾ ਮੇਲੇ 'ਤੇ ਸੰਗਤ ਅਤੇ ਪ੍ਰਬੰਧਕੀ ਕਮੇਟੀ ਨੂੰ ਵਧਾਈ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਦਰਬਾਰ ਵਿਖੇ ਮੱਥਾ ਟੇਕਿਆ ਤੇ ਪੰਜਾਬ ਦੇ ਲਾਸਾਨੀ ਵਿਕਾਸ, ਖੁਸ਼ਹਾਲੀ ਅਤੇ ਤਰੱਕੀ ਲਈ ਅਰਦਾਸ ਕੀਤੀ। ਇਸ ਮੌਕੇ ਸੀਨੀਅਰ ਆਪ ਆਗੂ ਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਸਾਬਕਾ ਮੈਂਬਰ ਪਾਰਲੀਮੈਂਟ ਹੰਸ ਰਾਜ ਹੰਸ, ਵਿਧਾਇਕ ਇੰਦਰਜੀਤ ਕੌਰ ਮਾਨ ਤੇ ਕਈ ਹੋਰ ਪਤਵੰਤੇ ਮੌਜੂਦ ਸਨ।

# ਕੇਂਦਰੀ ਪੰਜਾਬੀ ਲੇਖਕ ਸਭਾ ਨੇ ਮੈਂਬਰਸ਼ਿਪ ਨਵਿਆਉਣ ਦੀ ਮਿਤੀ 31 ਤੱਕ ਵਧਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਦਰਸ਼ਨ ਬੁੱਟਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸਭਾ ਦੀਆਂ ਤਿੰਨ ਸਾਲਾਂ ਬਾਅਦ ਹੋਣ ਵਾਲੀਆਂ ਚੋਣਾਂ ਇਸ ਸਾਲ 31 ਅਕਤੂਬਰ ਤੋਂ ਪਹਿਲਾਂ ਕਰਵਾਈਆਂ ਜਾਣੀਆਂ ਹਨ। ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮੈਂਬਰਸ਼ਿਪ ਨਵਿਆਉਣ ਅਤੇ ਨਵੇਂ ਮੈਂਬਰ ਬਣਾਉਣ ਦੀ ਆਖ਼ਰੀ ਮਿਤੀ 31 ਜੁਲਾਈ ਤੱਕ ਵਧਾ ਦਿੱਤੀ ਗਈ ਹੈ।

ਉਨ੍ਹਾਂ ਸਭਾ ਨਾਲ ਸੰਬੰਧਿਤ ਸਮੂਹ ਸਾਹਿਤ ਸਭਾਵਾਂ, ਉਨ੍ਹਾਂ ਦੇ ਅਹੁਦੇਦਾਰਾਂ, ਕਾਰਜਕਾਰਨੀ ਮੈਂਬਰਾਂ ਅਤੇ ਪੰਜਾਬੀ ਲੇਖਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਇਲਾਕਿਆਂ ਦੀਆਂ ਸਾਹਿਤ ਸਭਾਵਾਂ ਨਾਲ ਤਾਲਮੇਲ ਕਰਕੇ ਆਪਣੀ ਮੈਂਬਰਸ਼ਿਪ ਨਵਿਆਉਣ ਅਤੇ ਨਵੇਂ ਮੈਂਬਰਾਂ ਦੇ ਵੇਰਵੇ 31 ਜੁਲਾਈ ਤੱਕ ਕੇਂਦਰੀ ਦਫ਼ਤਰ ਨੂੰ ਭੇਜਣ।

ਉਨ੍ਹਾਂ ਦੱਸਿਆ ਕਿ ਸਾਲਾਨਾ ਮੈਂਬਰਸ਼ਿਪ ਫ਼ੀਸ 200 ਰੁਪਏ ਅਤੇ ਜੀਵਨ ਮੈਂਬਰਸ਼ਿਪ ਫ਼ੀਸ 1000 ਰੁਪਏ ਨਿਰਧਾਰਿਤ ਕੀਤੀ ਗਈ ਹੈ।

# ਸੋਨਮ ਵਾਂਗਚੁੱਕ ਨੂੰ ਜਬਰੀ ਹਸਪਤਾਲ 'ਚ ਦਾਖਲ ਕਰਵਾਉਣ ਖਿਲਾਫ ਰੋਸ ਪ੍ਰਦਰਸ਼ਨ

**ਬੰਗਾ (ਅਵਤਾਰ ਕਲੇਰ)**
ਦਿੱਲੀ ਦੇ ਜੰਤਰ-ਮੰਤਰ ਵਿੱਚ ਪੇਪਰ ਲੀਕ ਮਾਮਲੇ ਉੱਪਰ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਚੱਲ ਰਹੇ ਰੋਸ ਪ੍ਰਦਰਸ਼ਨ ਵਿੱਚ ਬੀਤੇ ਦਿਨੀ ਭੁੱਖ ਹੜਤਾਲ ਉੱਪਰ ਬੈਠੇ ਪ੍ਰਦਰਸ਼ਨਕਾਰੀ ਸੋਨਮ ਵਾਂਗਚੁੱਕ ਨੂੰ ਦਿੱਲੀ ਪੁਲਿਸ ਵੱਲੋਂ ਆਪਣੀ ਹਿਰਾਸਤ ਵਿੱਚ ਲੈ ਲਿਆ ਗਿਆ ਸੀ। ਜਿਸ ਖਿਲਾਫ ਪੰਜਾਬ ਸਟੂਡੈਂਟਸ ਯੂਨੀਅਨ ਦੀ ਸੂਬਾ ਕਮੇਟੀ ਵੱਲੋਂ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਗਿਆ। ਇਸ ਸੱਦੇ ਤਹਿਤ ਨਵਾਂਸ਼ਹਿਰ ਵਿਖੇ ਰੋਸ ਪ੍ਰਦਰਸ਼ਨ ਕੀਤਾ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਪੀ ਐੱਸ ਯੂ ਦੇ ਸੂਬਾ ਵਿੱਤ ਸਕੱਤਰ ਬਲਜੀਤ ਧਰਮਕੋਟ ਤੇ ਜ਼ਿਲ੍ਹਾ ਆਗੂ ਰਾਜੂ ਬਰਨਾਲਾ ਨੇ ਕਿਹਾ ਕਿ ਬੀਤੇ ਦਿਨ ਹੀ ਕੇਂਦਰ ਸਰਕਾਰ ਦੀ ਸ਼ਹਿ ਤੇ ਦਿੱਲੀ ਪੁਲਿਸ ਵੱਲੋਂ ਜੰਤਰ ਮੰਤਰ ਉੱਪਰ ਪ੍ਰਦਰਸ਼ਨ ਕਰ ਰਹੇ ਸੋਨਮ ਵਾਂਗਚੁੱਕ ਨੂੰ ਸਿਵਲ ਕੱਪੜਿਆਂ ਵਿੱਚ ਆ ਕੇ ਜਬਰੀ ਹਿਰਾਸਤ ਵਿੱਚ ਲੈ ਕੇ ਹਸਪਤਾਲ ਦਾਖਲ ਕਰਵਾਉਣਾ ਉਹਨਾਂ ਦੇ ਸ਼ਾਂਤਮਈ ਪ੍ਰਦਰਸ਼ਨ ਨੂੰ ਦਬਾਉਣ ਲਈ ਚੁੱਕਿਆ ਗਿਆ ਗੈਰ ਲੋਕਤੰਤਰੀ ਕਦਮ ਹੈ।ਇਸੇ ਪ੍ਰਕਾਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿੱਚ ਆਰ ਐਸ ਐਸ ਦੇ ਖਿਲਾਫ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨਾਲ ਚੰਡੀਗੜ੍ਹ ਪੁਲਿਸ ਨੇ ਧੱਕਾਮੁੱਕੀ ਕੀਤੀ ਤੇ ਮੱਧਪ੍ਰਦੇਸ਼ ਵਿੱਚ ਕੇਨ ਬੇਤਵਾ ਪ੍ਰੋਜੈਕਟ ਦਾ ਵਿਰੋਧ ਕਰ ਰਹੇ ਲੋਕਾਂ ਨੂੰ ਮੰਗਾਂ ਮੰਨੇ ਬਿਨ੍ਹਾ ਪੁਲਿਸ ਬਲ ਵੱਲੋਂ ਹਟਾਇਆ ਗਿਆ ਹੈ।ਪੰਜਾਬ ਸਟੂਡੈਂਟਸ ਯੂਨੀਅਨ ਦਿੱਲੀ,ਚੰਡੀਗੜ੍ਹ ਪੁਲਸ ਤੇ




ਮੱਧ ਪ੍ਰਦੇਸ਼ ਪੁਲਿਸ ਦੀ ਇਸ ਧੱਕੇਸ਼ਾਹੀ ਦੀ ਪੁਰਜ਼ੋਰ ਨਿੰਦਾ ਕਰਦੀ ਹੈ। ਆਗੂਆਂ ਨੇ ਐਲਾਨ ਕਰਦਿਆ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਟੂਡੈਂਟਸ ਯੂਨੀਅਨ ਮੋਦੀ ਸਰਕਾਰ ਦੇ ਫਾਸ਼ੀ ਹਮਲਿਆਂ ਖਿਲਾਫ ਵਿਦਿਆਰਥੀਆਂ ਦੀ ਵੱਡੀ ਲਾਮਬੰਦੀ ਕਰੇਗੀ।ਇਸ ਮੌਕੇ ਸ਼ਬੀਰ ਅੰਸਾਰੀ, ਜਸ਼ਨ ਕੁਮਾਰ, ਹਰਪ੍ਰੀਤ ਸਿੰਘ, ਸੰਦੀਪ ਕੁਮਾਰ, ਗੌਰਵ ਕੁਮਾਰ, ਹਰਸ਼ ਕਲੇਰ, ਇਜ਼ਰਾਇਲ, ਮੁਹੰਮਦ ਨਸੀਰ, ਸਦਾਮ ਹੁਸੈਨ, ਇਸਮਾਇਲ, ਸੰਦੀਪ ਜੱਬੋਵਾਲ ਆਦਿ ਮੌਜੂਦ ਸਨ।

# ਸੰਤ ਬਾਬਾ ਮਿੱਤ ਸਿੰਘ ਦੀ ਬਰਸੀ ਸਮਾਗਮ ਅੱਜ

**ਆਦਮਪੁਰ (ਧਰਮਜੀਤ ਸਿੰਘ)**- ਆਦਮਪੁਰ ਦੇ ਨਜ਼ਦੀਕ ਪਿੰਡ ਕਿਸ਼ਨਪੁਰ ਨੇੜੇ ਜੱਫਲ ਝਿੰਗੜ (ਜਲੰਧਰ) ਦੇ ਗੁਰਦੁਆਰਾ ਤਪ ਅਸਥਾਨ ਬਾਬਾ ਮਿੱਤ ਸਿੰਘ ਵਿਖੇ ਮੁੱਖ ਸੇਵਾਦਾਰ ਜਥੇਦਾਰ ਤਲਵਿੰਦਰ ਸਿੰਘ (ਬਾਬਾ ਪਰਮੇਸਰ ਸਿੰਘ) ਦੀ ਦੇਖ -ਰੇਖ ਹੇਠ ਸਮੂਹ ਸਾਧ ਸੰਗਤ ਵਲੋਂ ਸੰਤ ਬਾਬਾ ਅਤਰ ਸਿੰਘ ਮਸਤੂਆਣੇ ਤੋਂ ਵਰੋਸਾਏ 108 ਬ੍ਰਹਮ ਗਿਆਨੀ ਸੰਤ ਬਾਬਾ ਮਿੱਤ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ 82ਵੀਂ ਸਲਾਨਾ ਬਰਸੀ 21ਤੋਂ 23 ਜੁਲਾਈ ਨੂੰ ਬੜੇ ਪ੍ਰੇਮ ਤੇ ਸ਼ਰਧਾ ਨਾਲ ਮਨਾਈ ਜਾ ਰਹੀ ਹੈ। ਜਾਣਕਾਰੀ ਦਿੰਦੇ ਹੋਏ ਸੰਤ ਪਰਮੇਸਰ ਸਿੰਘ ਨੇ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਸਵੇਰੇ 10 ਵਜੇ ਤੋਂ 4 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿਚ ਪ੍ਰਿੰਸੀਪਲ ਮਨਿੰਦਰਪਾਲ ਸਿੰਘ, ਸਾਹਿਬਜਾਦਾ ਜੁਝਾਰ ਸਿੰਘ, ਗੁਰਮਤਿ ਮਿਸ਼ਨਰੀ ਕਾਲਜ ਚੌਤਾਕਲਾ (ਰੋਪੜ), ਰਾਗੀ ਜਥਾ ਭਾਈ ਕੁਲਜੀਤ ਸਿੰਘ ਨੈਰੋਬੀ, ਢਾਡੀ ਜਥਾ ਭਾਈ ਗੁਰਦਿਆਲ ਸਿੰਘ ਲੱਖਪੁਰ, ਸੰਤ ਤੇਜਾ ਸਿੰਘ ਖੁੱਡਾ ਕੁਰਾਲਾ, ਇੰਟਰਨੈਸ਼ਨਲ ਢਾਡੀ ਜਥਾ ਭਾਈ ਬਿਮਲਜੀਤ ਸਿੰਘ ਆਦਮਪੁਰ ਦੋਆਬਾ, ਰਾਗੀ ਭਾਈ ਭੁਪਿੰਦਰ ਸਿੰਘ ਉਦੇਸੀਆਂ, ਰਾਗੀ ਜਥਾ ਭਾਈ ਜਤਿੰਦਰ ਸਿੰਘ ਮਲਕਪੁਰ,ਰਾਗੀ ਜਥਾ ਸੰਤ ਸੇਵਕ ਜਥਾ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ, ਹਜ਼ੂਰੀ ਰਾਗੀ ਜਥਾ ਭਾਈ ਘੁਮੰਡਾ ਸਿੰਘ ਕਿਸ਼ਨਪੁਰ ਵਾਲੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਨਗੇ। ਸਟੇਜ ਸਕੱਤਰ ਦੀ ਸੇਵਾ ਭਗਵਾਨ ਸਿੰਘ ਜੌਹਲ ਵੱਲੋਂ ਨਿਭਾਈ ਜਾਵੇਗੀ ।

# ਕਾਂਗਰਸ ਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸਰਪੰਚਾਂ ਨੇ ਫੜਿਆ ਭਾਜਪਾ ਦਾ ਪੱਲਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਬੀਤੇ ਦਿਨੀਂ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਮੋਰਿੰਡਾ ਸਥਿਤ ਭਾਜਪਾ ਦਫ਼ਤਰ ਵਿਖੇ ਭਾਜਪਾ ਪਰਵਾਰ ਵਿੱਚ ਵਾਧਾ ਹੋਇਆ। ਇਸ ਮੌਕੇ ਪਵਨਜੀਤ ਸਿੰਘ ਪੁੱਤਰ ਅਮਰ ਸਿੰਘ ਸਾਬਕਾ ਸਰਪੰਚ (ਚਮਕੌਰ ਸਾਹਿਬ) ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ।ਇਸ ਦੇ ਨਾਲ ਹੀ ਪਿੰਡ




ਗੰਧਰਾਮ ਕਲਾਂ ਦੇ ਸਾਬਕਾ ਕਾਂਗਰਸੀ ਸਰਪੰਚ ਗੁਰਮੀਤ ਸਿੰਘ ਤੇ ਜਗਦੇਵ ਸਿੰਘ, ਸੀਨੀਅਰ ਆਗੂ ਅਕਾਲੀ ਦਲ (ਚਮਕੌਰ ਸਾਹਿਬ) ਨੇ ਵੀ ਅਕਾਲੀ ਦਲ ਤੇ ਕਾਂਗਰਸ ਦੀਆਂ ਨੀਤੀਆਂ ਤੋਂ ਨਿਰਾਸ਼ ਹੋ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਭਾਜਪਾ ਦੀ ਸੀਨੀਅਰ ਆਗੂ ਮੇਜਰ ਅੰਜੂ ਬਾਲਾ ਨੇ ਸਾਰੇ ਆਗੂਆਂ ਦਾ ਭਾਜਪਾ ਪਰਵਾਰ ਵਿੱਚ ਦਿਲੋਂ ਸਵਾਗਤ ਕੀਤਾ ਅਤੇ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਪਰਿਵਾਰ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਹਰ ਵਰਕਰ ਨੂੰ ਬਣਦਾ ਮਾਣ-ਸਨਮਾਨ ਅਤੇ ਪੂਰਾ ਆਦਰ ਦਿੱਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਸਾਥੀਆਂ ਦੇ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਹਲਕੇ ਦੇ ਵਿਕਾਸ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਉਹਨਾ ਨਾਲ ਹਰਨੇਕ ਸਿੰਘ ਵਾਇਸ ਪ੍ਰਧਾਨ ਭਾਜਪਾ ਰੋਪੜ, ਰਾਜਿੰਦਰ ਸਿੰਘ ਸੀਨੀਅਰ ਆਗੂ ਭਾਜਪਾ ,ਹਰਜੀਤ ਸਿੰਘ ਸੀਨੀਅਰ ਆਗੂ ਭਾਜਪਾ ਅਤੇ ਕੁਲਦੀਪ ਸਿੰਘ ਸੀਨੀਅਰ ਆਗੂ ਬੀਜੇਪੀ ਤੇ ਪ੍ਰਦੀਪ ਸਿੰਘ ਦਫ਼ਤਰ ਪੀ ਏ ਵੀ ਹਾਜਰ ਰਹੇ।

# ਵੱਖ-ਵੱਖ ਪਿੰਡਾਂ 'ਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**
ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੇ ਗਏ ਡਾਕੂਮੈਂਟਰੀ ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ।ਇਸ ਪਹਿਲਕਦਮੀ ਤਹਿਤ ਡਾਕੂਮੈਂਟਰੀ ਵੈਨ ਕਰਤਾਰਪੁਰ ਦੇ ਪਿੰਡਾਂ ਨੌਗਜਾ, ਮੰਡ ਮੌੜ, ਸਬ ਡਵੀਜ਼ਨ ਆਦਮਪੁਰ ਦੇ ਪਿੰਡ ਨਜਕਾ ਤੇ ਢੀਂਗਰੀਆਂ ਅਤੇ ਸਬ ਡਵੀਜ਼ਨ ਨਕੋਦਰ ਦੇ ਪਿੰਡ ਬੋਪਾਰਾਏ ਕਲਾਂ ਵਿਖੇ ਪਹੁੰਚੀ, ਜਿਥੇ ਵੈਨ 'ਤੇ ਲੱਗੀ ਐੱਲ ਈ ਡੀ ਸਕਰੀਨ ਰਾਹੀਂ ਪਿੰਡਾਂ ਦੇ ਵੱਡੀ ਗਿਣਤੀ ਲੋਕਾਂ ਨੇ ਇਹ ਦਸਤਾਵੇਜ਼ੀ ਫਿਲਮ ਦੇਖੀ ਅਤੇ ਗੁਰੂ ਜੀ ਦੇ ਸਮਾਨਤਾ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।

ਇਸ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਯੋਗਦਾਨ, ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਨਾਉਣ ਦੇ ਸੁਨੇਹੇ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ, ਸੇਵਾ ਤੇ ਮਿਹਨਤ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਿਖਾਇਆ ਗਿਆ ਹੈ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਉਪਦੇਸ਼ਾਂ ਨੂੰ ਆਮ ਲੋਕਾਂ ਖਾਸ ਕਰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਵਿਸ਼ੇਸ਼ ਦਸਤਾਵੇਜ਼ੀ ਫਿਲਮ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਸਮਾਨਤਾ ਤੇ ਭਾਈਚਾਰੇ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਇਆ ਜਾ ਰਿਹਾ ਹੈ ਅਤੇ ਅਜਿਹੀਆਂ ਦਸਤਾਵੇਜ਼ੀ ਫਿਲਮਾਂ ਬੱਚਿਆਂ ਤੇ ਨੌਜਵਾਨਾਂ ਨੂੰ ਸਾਡੇ ਮਹਾਨ ਗੁਰੂਆਂ ਦੀਆਂ ਸਿੱਖਿਆਵਾਂ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ। ਜ਼ਿਕਰਯੋਗ ਹੈ ਕਿ ਸੂਬੇ ਭਰ ਦੇ ਪਿੰਡਾਂ ਵਿੱਚ ਚਲਾਈਆਂ ਜਾ ਰਹੀਆਂ ਇਹ ਡਾਕੂਮੈਂਟਰੀ ਵੈਨਾਂ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦਾ ਹਿੱਸਾ ਹੈ।

# ਖ਼ੂਨਦਾਨ ਕੈਂਪ 'ਚ 25 ਯੂਨਿਟ ਖ਼ੂਨ ਇਕੱਤਰ

**ਆਦਮਪੁਰ (ਪਰਮਜੀਤ ਸਿੰਘ)**
ਗ੍ਰਾਮ ਪੰਚਾਇਤ ਹਰੀਪੁਰ ਵੱਲੋਂ ਸਮਾਜ ਸੇਵੀ ਸੰਸਥਾ 'ਸਾਵਿਕ ਹੈਲਥਕੇਅਰ ਵੈਲਫੇਅਰ ਸੋਸਾਇਟੀ' ਦੇ ਵਿਸ਼ੇਸ਼ ਸਹਿਯੋਗ ਨਾਲ ਪਿੰਡ ਹਰੀਪੁਰ ਦੇ ਪੰਚਾਇਤ ਘਰ (ਆਦਮਪੁਰ) ਵਿਖੇ ਇੱਕ ਰੋਜ਼ਾ ਖ਼ੂਨਦਾਨ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਪਿੰਡ ਵਾਸੀਆਂ ਅਤੇ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ, ਜਿਸ ਸਦਕਾ ਕਰੀਬ 25 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ?ਕੈਂਪ ਦਾ ਉਦਘਾਟਨ ਕਰਦਿਆਂ ਪਿੰਡ ਦੇ ਸਰਪੰਚ ਡਾਕਟਰ ਨਿਰਮਲ ਕੌਲ ਨੇ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਸੋਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਕੈਂਪ ਦੌਰਾਨ ਪਹੁੰਚੀ ਅਰਥਨੋਵਾ ਹਸਪਤਾਲ ਜਲੰਧਰ ਦੀ ਮੈਡੀਕਲ ਟੀਮ ਵੱਲੋਂ ਪੂਰੀ ਸਾਵਧਾਨੀ ਨਾਲ ਖ਼ੂਨ ਇਕੱਤਰ ਕੀਤਾ ਗਿਆ ਅਤੇ ਖ਼ੂਨਦਾਨ ਕਰਨ ਵਾਲਿਆ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ ਗਿਆ। ਪਿੰਡ ਦੇ ਸਰਪੰਚ ਡਾਕਟਰ ਨਿਰਮਲ ਕੌਲ ਨੇ ਸਮਾਜ ਨੂੰ ਇੱਕ ਪ੍ਰੇਰਨਾਦਾਇਕ ਸੁਨੇਹਾ ਦਿੰਦਿਆਂ ਆਖਿਆ ਕਿ ਖ਼ੂਨਦਾਨ ਮਹਾਂਦਾਨ ਹੈ। ਇਸ ਮੌਕੇ ਹੋਰਨਾਂ ਤੋਂ



ਇਲਾਵਾ ਜਗਜੀਤ ਸਿੰਘ ਜੱਗੀ ਬਲਾਕ ਸੰਮਤੀ ਮੈਂਬਰ, ਸੁਰਿੰਦਰ ਸਿੰਘ ਪੰਚ, ਨਰਿੰਦਰ ਪਾਲ ਪੰਚ, ਦਲਜੀਤ ਸਿੰਘ ਵਿੱਕੀ ਪੰਚ, ਰਣਵੀਰ ਸਿੰਘ ਦਿਓਲ ਪ੍ਰਧਾਨ ਨੌਜਵਾਨ ਸਭਾ ਹਰੀਪੁਰ, ਇਕਬਾਲ ਸਿੰਘ ਦਿਓਲ, ਡਾਕਟਰ ਸਾਹਿਲ ਰਾਣਾ, ਸ਼ੀਤਲ, ਹਰਵਿੰਦਰ ਸਿੰਘ, ਸੁਨੀਲ, ਰਣਜੋਤ ਸਿੰਘ, ਦੀਪਕ ਅਹੂਜਾ, ਸੰਦੀਪ ਕੌਰ, ਜੇਮਸ ਮਸੀਹ, ਨੀਲਾਕਸੀ ਅਤੇ ਹੋਰ ਹਾਜ਼ਰ ਸਨ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ 24 ਨੂੰ



**ਬੰਗਾ (ਅਵਤਾਰ ਕਲੇਰ)**
ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਕਰਵਾ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਮਹਾਨ ਉਪਦੇਸ਼ਾਂ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਦਾਨਾ ਮੰਡੀ ਬੰਗਾ ਵਿਖੇ 24 ਜੁਲਾਈ (ਸ਼ੁੱਕਰਵਾਰ) ਨੂੰ ਸਵੇਰੇ 9 ਵਜੇ ਤੋਂ 12 ਵਜੇ ਤੱਕ ਵਿਸ਼ਾਲ ਕੀਰਤਨ ਦਰਬਾਰ ਕਰਵਾਇਆ ਜਾਵੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲੇ ਅਤੇ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ, ਸ੍ਰੀ ਹਰਿਮੰਦਰ ਸਾਹਿਬ ਵਲੋਂ ਕੀਰਤਨ ਕੀਤਾ ਜਾਵੇਗਾ। ਭਾਈ ਗੁਰਮੀਤ ਸਿੰਘ ਕਥਾ ਵਿਚਾਰ ਕਰਨਗੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੂਰਾ ਸਾਲ ਵੱਖ-ਵੱਖ ਹੋਰ ਵੀ ਪ੍ਰੋਗਰਾਮ ਕੀਤੇ ਜਾਣਗੇ। ਜਿਸ ਅਧੀਨ ਖਾਸ ਤੌਰ ਉੱਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਨੂੰ ਸਮਰਪਿਤ ਜ਼ਿਲ੍ਹੇ ਵਿੱਚ 6.5 ਲੱਖ ਬੂਟੇ ਲਗਾਏ ਜਾਣਗੇ। ਇਸ ਦੇ ਨਾਲ ਹੀ ਸਕੂਲਾਂ ਅਤੇ ਕਾਲਜਾਂ ਵਿਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਧਾਰਮਿਕ ਵਿਚਾਰਾਂ ਨੂੰ ਵਿਦਿਆਰਥੀਆਂ ਤੱਕ ਪਹੁਚਾਉਣ ਲਈ ਸੈਮੀਨਾਰ, ਲੇਖ ਤੇ ਪੇਂਟਿੰਗ ਮੁਕਾਬਲੇ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਇਸ ਮੌਕੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੀਰਤਨ ਦਰਬਾਰ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਲਈ ਸਾਰੇ ਲੋੜੀਂਦੇ ਪ੍ਰਬੰਧ ਵਧੀਆ ਤਰੀਕੇ ਨਾਲ ਮੁਕੰਮਲ ਕੀਤੇ ਜਾਣ। ਸੰਗਤ ਦੀ ਸਹੂਲਤ ਲਈ ਪਾਰਕਿੰਗ, ਪੀਣ ਵਾਲੇ ਪਾਣੀ, ਬੈਠਣ, ਲਾਈਟਾਂ, ਸਾਊਂਡ ਸਿਸਟਮ, ਮੈਡੀਕਲ ਟੀਮਾਂ ਅਤੇ ਐਂਬੂਲੈਂਸ ਦੀ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਵਿਸ਼ਾਲ ਕੀਰਤਨ ਦਰਬਾਰ ਉਪਰੰਤ ਸੰਗਤ ਲਈ ਲੰਗਰ ਦੀ ਸੇਵਾ ਵੀ ਕੀਤੀ ਜਾ ਰਹੀ ਹੈ।

# ਉਸਾਰੀ ਕਿਰਤੀਆਂ ਦਾ ਕੈਂਪ ਲਗਾਇਆ



**ਮਾਹਿਲਪੁਰ (ਸ.ਫਰੀ)**-ਪਿੰਡ ਬੱਡੋਆਣ ਵਿਖੇ ਕੰਸਟ੍ਰਕਸ਼ਨ ਵੈਲਫੇਅਰ ਬੋਰਡ ਵਲੋਂ ਸਹਾਇਕ ਕਿਰਤ ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ ਹੇਠ ਉਸਾਰੀ ਕਿਰਤੀਆਂ ਦਾ ਕੈਂਪ ਲਾਇਆ ਗਿਆ। ਇਸ ਮੌਕੇ ਟੈਕਨੀਕਲ ਅਸਿਸਟੈਂਟ ਬੰਧਨਾਂ ਅਨੰਦ ਆਲ ਬੀ ਓ ਸੀ ਬੋਰਡ ਰਣਬੀਰ ਸਿੰਘ ਸੀਟੂ ਆਗੂ ਮਹਿੰਦਰ ਕੁਮਾਰ ਬੱਡੋਆਣ ਸੰਜੀਵ ਕੁਮਾਰ ਕਿਸ਼ਨ ਦਿਆਲ ਹਾਜ਼ਰੀ ਹੇਠ ਘੱਟੋ ਘੱਟ ਤੀਹ ਕਿਰਤੀਆਂ ਦੀ ਸਹਾਇਕ ਕਿਰਤੀ ਐਪ ਦੁਆਰਾ ਰਜਿਸਟ੍ਰੇਸ਼ਨ ਕੀਤੀ ਗਈ ਸੀਟੂ ਆਗੂਆਂ ਨੇ ਮੰਗ ਕੀਤੀ ਰਜਿਸਟ੍ਰੇਸ਼ਨ ਪ੍ਰਣਾਲੀ ਸੁਖਾਲੀ ਕੀਤੀ ਜਾਵੇ।ਬਲਾਕ ਲੇਬਰ ਤੋਂ ਜ਼ਿਲੇ ਤੱਕ ਲੇਬਰ ਦਫ਼ਤਰ ਖੋਲੇ ਜਾਣ ਰਜਿਸਟ੍ਰੇਸ਼ਨ ਲਾਭ ਲੈਣ ਲਈ ਆਨਲਾਈਨ ਆਫਲਾਇਨ ਦੋਨੋਂ ਚਲਾਈ ਜਾਵੇ।ਤਕਰੀਬਨ 2017 ਤੋਂ 26ਲੱਖ ਕਿਰਤੀ ਰਜਿਸਟ੍ਰੇਸ਼ਨ ਹੋਈ ਹੈ ਪਰ ਲੱਖਾਂ ਕਿਰਤੀ ਲਾਭ ਲੈਣ ਲਈ ਓਬਜੈਕਸ਼ਨ ਵਿਚ ਪਏ ਹਨ।ਕਿਰਤੀਆਂ ਦੇ ਬਣਦੇ ਲਾਭ ਤੁਰੰਤ ਦਿਤੇ ਜਾਣ ।5000 ਤੋਂ ਉਪਰ ਐਕਸੀਡੈਂਟ ਕੇਸ ਪੈਡਿੰਗ ਪਏ ਹਨ। ਉਹਨਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।

# ਸੰਤ ਬਾਬਾ ਦੂਲਾ ਸਿੰਘ ਦੀ ਯਾਦ 'ਚ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਪਿੰਡ ਖੇੜਾ ਠੱਕਰਵਾਲ ਵਿਖੇ ਡੇਰਾ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੀ ਯਾਦ ਵਿੱਚ ਮਹੀਨਾਵਾਰੀ ਮਹਾਨ ਗੁਰਮਤਿ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਸਵੰਤ ਸਿੰਘ ਖੇੜਾ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ।



ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਸਵੰਤ ਸਿੰਘ ਖੇੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸੰਪਟ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਜਸਵੰਤ ਸਿੰਘ ਖੇੜਾ, ਸੰਤ ਬਾਬਾ ਜਸਪ੍ਰੀਤ ਸਿੰਘ ਨਾਨਕਸਰ, ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਭਾਈ ਜਗਤ ਸਿੰਘ ਠੱਕਰਵਾਲ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੌਰਾਨ ਆਏ ਹੋਏ ਰਾਗੀ ਜੱਥੇ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸੰਤ ਬਾਬਾ ਜਸਵੰਤ ਸਿੰਘ ਖੇੜਾ ਵੱਲੋਂ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਮਾਗਮ ਦੌਰਾਨ ਸੂਬੇਦਾਰ ਇਕਬਾਲ ਸਿੰਘ ਠੱਕਰਵਾਲ, ਮਾਸਟਰ ਪਿਆਰਾ ਸਿੰਘ ਜਾਗਣੀਵਾਲ,ਪਰਮਜੀਤ ਸਿੰਘ, ਕੁਲਦੀਪ ਸਿੰਘ ਪੜਸੋਤਾ, ਗੁਰਸੇਵਕ ਸਿੰਘ ਭਾਮ, ਨਰਿੰਦਰ ਸਿੰਘ, ਬਹਾਦਰ ਸਿੰਘ ਡਵਿੱਡਾ ਅਹਿਰਾਣਾ, ਦਵਿੰਦਰ ਸਿੰਘ ਠੱਕਰਵਾਲ, ਪੱਤਰਕਾਰ ਦਿਲਬਾਗ ਸਿੰਘ ਹਾਰਟਾ, ਪੱਤਰਕਾਰ ਮਲਕੀਅਤ ਸਿੰਘ ਹਾਰਟਾ, ਸਰਵਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਜੂਨ ਮਹੀਨੇ ਦੀਆਂ ਜ਼ਬਰਦਸਤੀ ਫੀਸਾਂ ਵਸੂਲਣ ਵਾਲੇ ਸਕੂਲਾਂ ਨੂੰ ਪ੍ਰਸ਼ਾਸਨ ਤੁਰੰਤ ਨੱਥ ਪਾਵੇ : ਬੀਰਪਾਲ, ਹੈਪੀ, ਬੰਟੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਗਰਮੀਆਂ ਦੀਆਂ ਛੁੱਟੀਆਂ ਦੌਰਾਨ ਪ੍ਰਾਈਵੇਟ ਸਕੂਲਾਂ ਵੱਲੋਂ ਬੱਚਿਆਂ ਦੇ ਮਾਪਿਆਂ ਦੀ ਕੀਤੀ ਜਾ ਰਹੀ ਆਰਥਿਕ ਲੁੱਟ ਅਤੇ ਬੇਲੋੜੀਆਂ ਫ਼ੀਸਾਂ ਦੇ ਨਾਂਅ 'ਤੇ ਵਸੂਲੇ ਜਾ ਰਹੇ ਜਜ਼ੀਆ ਟੈਕਸ ਸਰਾਸਰ ਧੱਕਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬੇਗਮਪੁਰਾ ਟਾਈਗਰ ਫੋਰਸ ਤੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜਿਲਾ ਪ੍ਰਧਾਨ ਹੈਪੀ ਫਤਿਹਗੜ੍ਹ, ਅਤੇ ਬੰਟੀ ਹਰਿਆਣਾ ਹਲਕਾ ਪ੍ਰਧਾਨ ਸ਼ਾਮ 84 ਨੇ ਇੱਕ ਪ੍ਰੈਸ ਵਾਰਤਾ ਦੌਰਾਨ ਕੁਝ ਚੋਣਵੇਂ ਪੱਤਰਕਾਰਾਂ ਨਾਲ ਕੀਤਾ ਉਹਨਾਂ ਕਿਹਾ ਕਿ ਪ੍ਰਾਈਵੇਟ ਸਕੂਲਾਂ ਦੀ ਇਹ ਮਨਮਾਨੀ ਬਰਦਾਸ਼ਤ ਤੋਂ ਬਾਹਰ ਹੈ। ਫ਼ੋਰਸ ਦੇ ਆਗੂਆਂ ਨੇ ਸੋਸ਼ਲ ਮੀਡੀਆ ਤੋਂ ਲੈ ਕੇ ਆਮ ਲੋਕਾਂ ਵਿੱਚ ਛਿੜੀ ਬਹਿਸ ਦਾ ਹਵਾਲਾ ਦਿੰਦਿਆਂ ਸਿੱਧਾ ਸਵਾਲ ਕੀਤਾ ਕਿ ਜਦੋਂ ਜੂਨ ਮਹੀਨੇ ਵਿੱਚ ਸਕੂਲ ਪੂਰੀ ਤਰ੍ਹਾਂ ਬੰਦ ਰਹਿੰਦੇ ਹਨ ਬੱਚੇ ਸਕੂਲ ਨਹੀਂ ਜਾਂਦੇ ਅਤੇ ਟੀਚਰ ਵੀ ਸਕੂਲ ਨਹੀਂ ਜਾਂਦੇ ਅਤੇ ਬੱਚੇ ਸਕੂਲ ਵੈਨ ਦੀ ਵਰਤੋਂ ਨਹੀਂ ਕਰਦੇ, ਤਾਂ ਫਿਰ ਇਸ ਮਹੀਨੇ ਦੀ ਬੱਚਿਆਂ ਦੇ ਮਾਪਿਆਂ ਤੋਂ ਜ਼ਬਰਦਸਤੀ ਫ਼ੀਸ ਕਿਉਂ ਵਸੂਲੀ ਜਾ ਰਹੀ ਹੈ? ਇਸ ਗੰਭੀਰ ਮੁੱਦੇ 'ਤੇ ਚੇਤੰਨ ਨਾਗਰਿਕਾਂ ਅਤੇ ਮਾਪਿਆਂ ਦੀ ਆਵਾਜ਼ ਬੁਲੰਦ ਕਰਦਿਆਂ ਫੋਰਸ ਦੇ ਨੁਮਾਇੰਦਿਆਂ ਨੇ ਮੰਗ ਕੀਤੀ ਕਿ ਸਕੂਲ ਦੀ ਫ਼ੀਸ ਸਿਰਫ਼ ਉਨ੍ਹਾਂ ਮਹੀਨਿਆਂ ਦੀ ਹੀ ਲਈ ਜਾਣੀ ਚਾਹੀਦੀ ਹੈ, ਜਿਨ੍ਹਾਂ ਵਿੱਚ ਬੱਚਿਆਂ ਨੂੰ ਟ੍ਰਾਂਸਪੋਰਟ ਦੀ ਸੇਵਾ ਦਿੱਤੀ ਗਈ ਹੋਵੇ। ਜੂਨ ਮਹੀਨੇ ਦੀਆਂ ਛੁੱਟੀਆਂ ਦੀ ਫ਼ੀਸ ਲੈਣ ਤੇ ਪੂਰੀ ਤਰ੍ਹਾਂ ਪਾਬੰਦੀ ਲੱਗਣੀ ਚਾਹੀਦੀ ਹੈ।

# ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ ਕੈਂਪਸ ਵਿਖੇ ਦਾਦਾ-ਦਾਦੀ ਦਿਵਸ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਬਾਰਾਂ ਦਸੰਬਰ ਰੋਡ 'ਤੇ ਸਥਿਤ ਨਾਮਵਰ ਵਿਦਿਅਕ ਸੰਸਥਾ ਕਰਨਲ ਵੀ ਆਰ ਮੋਹਨ ਡੀ ਏ ਵੀ ਪਬਲਿਕ ਸਕੂਲ, ਡੇਰਾਬੱਸੀ ਵੱਲੋਂ ਸਕੂਲ ਕੈਂਪਸ ਵਿਖੇ 'ਦਾਦਾ-ਦਾਦੀ ਦਿਵਸ'




(ਗ੍ਰੈਂਡਪੇਰੈਂਟਸ ਡੇ) ਬੇਹੱਦ ਉਤਸ਼ਾਹ, ਖ਼ੁਸ਼ੀ ਅਤੇ ਆਦਰ-ਸਤਿਕਾਰ ਸਹਿਤ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਦੇ ਪ੍ਰੀ-ਪ੍ਰਾਇਮਰੀ ਵਿੰਗ ਦੇ ਬੱਚਿਆਂ ਦੇ ਦਾਦਾ-ਦਾਦੀ ਅਤੇ ਨਾਨਾ-ਨਾਨੀ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ, ਜਿਸ ਸਦਕਾ ਪੂਰਾ ਸਕੂਲ ਕੈਂਪਸ ਪਿਆਰ, ਸਤਿਕਾਰ ਅਤੇ ਪੁਰਾਣੀਆਂ ਯਾਦਾਂ ਦੇ ਇੱਕ ਜੀਵੰਤ ਅਤੇ ਰੰਗਾਰੰਗ ਕੇਂਦਰ ਵਿੱਚ ਬਦਲ ਗਿਆ। ਇਸ ਸਾਲ ਸਕੂਲ ਵੱਲੋਂ ਇਸ ਸਮਾਗਮ ਦਾ ਮੁੱਖ ਵਿਸ਼ਾ (ਥੀਮ) 'ਪਿਆਰ ਦੀਆਂ ਪੀੜ੍ਹੀਆਂ' (ਜਨਰੇਸ਼ਨਜ਼ ਆਫ਼ ਲਵ) ਰੱਖਿਆ ਗਿਆ ਸੀ। ਇਸ ਪ੍ਰੋਗਰਾਮ ਨੂੰ ਉਲੀਕਣ ਦਾ ਮੁੱਖ ਉਦੇਸ਼ ਬੱਚਿਆਂ ਦੇ ਜੀਵਨ, ਉਨ੍ਹਾਂ ਦੇ ਚਰਿੱਤਰ ਨਿਰਮਾਣ ਅਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਆਕਾਰ ਦੇਣ ਵਿੱਚ ਦਾਦਾ-ਦਾਦੀ ਅਤੇ ਨਾਨਾ-ਨਾਨੀ ਵੱਲੋਂ ਨਿਭਾਈ ਜਾਣ ਵਾਲੀ ਅਨਮੋਲ ਤੇ ਮਹੱਤਵਪੂਰਨ ਭੂਮਿਕਾ ਨੂੰ ਸਲਾਹੁਣਾ ਅਤੇ ਉਨ੍ਹਾਂ ਪ੍ਰਤੀ ਸਤਿਕਾਰ ਪ੍ਰਗਟ ਕਰਨਾ ਸੀ। ਜਸ਼ਨ ਦੀ ਸ਼ੁਰੂਆਤ ਬਹੁਤ ਹੀ ਭਾਵੁਕ ਤੇ ਰਵਾਇਤੀ ਭਾਰਤੀ ਸੰਸਕ੍ਰਿਤੀ ਅਨੁਸਾਰ ਹੋਈ। ਸਵਾਗਤ ਸਮਾਰੋਹ ਤੋਂ ਬਾਅਦ ਮੁੱਖ ਰੰਗਾਰੰਗ ਅਤੇ ਸੱਭਿਆਚਾਰਕ ਪ੍ਰੋਗਰਾਮ ਦਾ ਆਗਾਜ਼ ਹੋਇਆ।

ਇਸ ਸੱਭਿਆਚਾਰਕ ਮਹਿਫ਼ਿਲ ਵਿੱਚ ਪ੍ਰੀ-ਪ੍ਰਾਇਮਰੀ ਜਮਾਤਾਂ ਦੇ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਇੱਕ ਤੋਂ ਬਾਅਦ ਇੱਕ ਮਨਮੋਹਕ ਪ੍ਰਦਰਸ਼ਨ ਪੇਸ਼ ਕੀਤੇ ਗਏ। ਬੱਚਿਆਂ ਨੇ ਸਭ ਤੋਂ ਪਹਿਲਾਂ ਪ੍ਰਮਾਤਮਾ ਦੇ ਚਰਨਾਂ ਵਿੱਚ ਇੱਕ ਰੂਹਾਨੀ ਪ੍ਰਾਰਥਨਾ ਗੀਤ ਗਾ ਕੇ ਮਾਹੌਲ ਨੂੰ ਬਹੁਤ ਹੀ ਪਵਿੱਤਰ ਅਤੇ ਸ਼ਾਂਤਮਈ ਬਣਾ ਦਿੱਤਾ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਰਵਾਇਤੀ ਲੋਕ ਗੀਤਾਂ ਅਤੇ ਦੇਸ਼-ਭਗਤੀ ਦੇ ਗੀਤਾਂ 'ਤੇ ਕੋਰੀਓਗ੍ਰਾਫੀ ਪੇਸ਼ ਕੀਤੀ।

# 791 ਪੋਲਿੰਗ ਬੂਥਾਂ 'ਤੇ ਐੱਸ ਆਈ ਆਰ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ)**
ਭਾਰਤੀ ਚੋਣ ਕਮਿਸ਼ਨ ਦੇ ਨਿਰਦੇਸ਼ਾਂ 'ਤੇ, ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਤੀਬਰ ਸੋਧ (ਐੱਸ ਆਈ ਆਰ)-2026 ਤਹਿਤ ਐਤਵਾਰ ਨੂੰ ਕਪੂਰਥਲਾ ਜ਼ਿਲ੍ਹੇ ਦੇ ਸਾਰੇ 791 ਪੋਲਿੰਗ ਬੂਥਾਂ 'ਤੇ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਗਏ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ (ਡੀ ਈ ਓ) ਆਕਾਸ਼ ਬਾਂਸਲ ਨੇ ਕਿਹਾ ਕਿ ਇਹ ਕੈਂਪ ਉਨ੍ਹਾਂ



ਵੋਟਰਾਂ ਦੀ ਸਹੂਲਤ ਲਈ ਲਗਾਏ ਗਏ ਸਨ ਜਿਨ੍ਹਾਂ ਨੇ ਅਜੇ ਤੱਕ ਆਪਣੇ ਗਣਨਾ ਫਾਰਮ (ਈ ਐਫ) ਜਮ੍ਹਾਂ ਨਹੀਂ ਕਰਵਾਏ ਸਨ ਅਤੇ ਵਿਸ਼ੇਸ਼ ਤੀਬਰ ਸੋਧ ਪ੍ਰਕਿਰਿਆ ਨੂੰ ਸਮੇਂ ਸਿਰ ਪੂਰਾ ਕਰਨਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਬੂਥ ਲੈਵਲ ਅਫ਼ਸਰ (ਬੀ ਐੱਲ ਓ) ਹਰੇਕ ਪੋਲਿੰਗ ਸਟੇਸ਼ਨ 'ਤੇ ਗਣਨਾ ਫਾਰਮ ਪ੍ਰਾਪਤ ਕਰਨ, ਵੋਟਰਾਂ ਨੂੰ ਸਹੀ ਢੰਗ ਨਾਲ ਭਰਨ ਵਿੱਚ ਸਹਾਇਤਾ ਕਰਨ ਅਤੇ ਮੌਕੇ 'ਤੇ ਡਿਜੀਟਾਈਜ਼ੇਸ਼ਨ ਕਰਨ ਲਈ ਉਪਲਬਧ ਰਹੇ। ਬੀ ਐੱਲ ਓ ਐੱਸ ਜਿਨ੍ਹਾਂ ਨੇ ਪਹਿਲਾਂ ਹੀ ਡਿਜੀਟਾਈਜ਼ੇਸ਼ਨ ਪ੍ਰਕਿਰਿਆ ਪੂਰੀ ਕਰ ਲਈ ਸੀ, ਨੇ ਬੂਥ ਲੈਵਲ ਏਜੰਟਾਂ (ਬੀਐੱਲਏ) ਨਾਲ ਤਾਲਮੇਲ ਵਿੱਚ ਵਿਗਾੜਾਂ ਅਤੇ ਤਰਕਪੂਰਨ ਅੰਤਰਾਂ ਨੂੰ ਹੱਲ ਕਰਨ 'ਤੇ ਧਿਆਨ ਕੇਂਦਰਿਤ ਕੀਤਾ, ਜਦੋਂ ਕਿ ਲੰਬਿਤ ਡਿਜੀਟਾਈਜ਼ੇਸ਼ਨ ਵਾਲੇ ਲੋਕਾਂ ਨੇ ਇੱਕੋ ਸਮੇਂ ਬਾਕੀ ਫਾਰਮ ਇਕੱਠੇ ਕੀਤੇ ਅਤੇ ਸੋਧ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਡਿਜੀਟਾਈਜ਼ ਕੀਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਸ਼ੇਸ਼ ਕੈਂਪਾਂ ਨੂੰ ਸੁਚਾਰੂ ਅਤੇ ਮੁਸ਼ਕਲ ਰਹਿਤ ਕਰਵਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਸਾਰੇ ਚੋਣ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵੋਟਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇ।

# ਰੋਜ਼ਾਨਾ ਧਿਆਨ ਸਾਧਨਾ 'ਤੇ ਵਿਚਾਰ-ਚਰਚਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**
ਰੋਜ਼ਾਨਾ ਧਿਆਨ ਸਾਧਨਾ ਕਰਨ ਦੇ ਕੀ ਫਾਇਦੇ ਹਨ, ਇਸ ਸੰਬੰਧ ਵਿੱਚ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਵਿਚਾਰ ਚਰਚਾ ਕੀਤੀ ਗਈ। ਜਿਸ ਵਿੱਚ ਸੁਖਵਿੰਦਰ ਕੁਮਾਰ ਜੀ ਰਿਟਾਇਰਡ ਬੈਂਕ ਅਧਿਕਾਰੀ ਨੇ ਦੱਸਿਆ ਕਿ ਤਥਾਗਤ ਭਗਵਾਨ ਬੁੱਧ ਨੇ ਆਨੰਦਮਈ ਜ਼ਿੰਦਗੀ ਜਿਉਣ ਲਈ ਸਾਨੂੰ ਰੋਜ਼ਾਨਾ ਧਿਆਨ ਸਾਧਨਾ ਕਰਨ ਦਾ ਸੰਦੇਸ਼ ਦਿੱਤਾ ਹੈ। ਉਹਨਾਂ ਦੱਸਿਆ ਕਿ ਤਥਾਗਤ ਭਗਵਾਨ ਬੁੱਧ ਅਨੁਸਾਰ ਇਸ ਸੰਸਾਰ 'ਤੇ ਦੁੱਖ ਹਨ, ਉਹਨਾਂ ਦੁੱਖਾਂ ਦਾ ਕੋਈ ਨਾ ਕੋਈ ਕਾਰਨ ਹੈ ਤੇ ਹਰ ਕਾਰਨ ਦਾ ਕੋਈ ਨਾ ਕੋਈ ਨਿਵਾਰਣ ਵੀ ਹੈ ਤੇ ਇਹਨਾਂ ਦੁੱਖਾਂ ਨੂੰ ਨਿਵਾਰਣ ਕਰਨ ਦਾ ਰਸਤਾ ਵੀ ਹੈ। ਜ਼ਿਆਦਾਤਰ ਇਨਸਾਨ ਆਪਣੇ ਦੁੱਖਾਂ ਦੇ ਕਾਰਨਾਂ ਨੂੰ ਜਾਣ ਨਹੀਂ ਪਾਉਂਦਾ, ਜਿਸ ਕਰਕੇ ਉਹ ਥਾਂ ਥਾਂ ਭਟਕਦਾ ਫਿਰਦਾ ਰਹਿੰਦਾ ਹੈ। ਉਹਨਾਂ ਦੱਸਿਆ ਕਿ ਰੋਜ਼ਾਨਾ ਧਿਆਨ ਸਾਧਨਾ ਦੇ ਅਭਿਆਸ ਨਾਲ ਹਰ ਇਨਸਾਨ ਆਪਣੇ ਦੁੱਖਾਂ 'ਤੇ ਚਿੰਤਨ ਕਰਕੇ ਉਹਨਾਂ ਦੇ ਨਿਵਾਰਣ ਕਰ ਸਕਦਾ ਹੈ ਤੇ ਆਪਣੀ ਇਸ ਜ਼ਿੰਦਗੀ ਨੂੰ ਆਨੰਦਮਈ ਬਣਾ ਸਕਦਾ ਹੈ। ਇਸ ਮੌਕੇ ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ



ਮਾਹਿਲਪੁਰ ਵੱਲੋਂ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਈ ਭੈਣ ਸੋਨੀਆ ਅੰਬੇਡਕਰ ਨਗਰ ਮਾਹਿਲਪੁਰ ਨੂੰ ਤਥਾਗਤ ਭਗਵਾਨ ਬੁੱਧ, ਬਾਬਾ ਸਾਹਿਬ ਅੰਬੇਡਕਰ ਦੀ ਤਸਵੀਰ ਅਤੇ ਬਾਬਾ ਸਾਹਿਬ ਦੀ ਲਿਖੀ ਹੋਈ ਕਿਤਾਬ ਬੁੱਧਾ ਐਂਡ ਧੰਮਾ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ, ਦੀਆ ਰਾਣੀ ਅਤੇ ਪ੍ਰਭੂਜੋਤ ਕੌਰ ਵੀ ਹਾਜ਼ਰ ਸਨ।

# ਵਿਧਾਇਕ ਨੇ 'ਚ ਲੋਕ ਮਿਲਣੀਆਂ ਕਰਕੇ ਵਿਕਾਸ ਤੇ ਲੋਕ ਭਲਾਈ ਦੇ ਕੰਮਾਂ ਨੂੰ ਕੀਤਾ ਉਜਾਗਰ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)** 'ਪੰਜਾਬ ਦਾ ਇੱਕੋ ਨਾਅਰਾ-ਭਗਵੰਤ ਮਾਨ ਦੁਬਾਰਾ' ਮੁਹਿੰਮ ਤਹਿਤ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲਾਲੜੂ ਖੇਤਰ ਦੇ ਵਾਰਡ ਨੰਬਰ 17 ਦੱਪਰ ਕਲੋਨੀ, ਪਿੰਡ ਬੈਰਮਾਜਰਾ, ਹੁੰਬੜਾ ਅਤੇ ਰਾਜੋਮਾਜਰਾ ਵਿਖੇ ਆਯੋਜਿਤ ਲੋਕ ਮਿਲਣੀਆਂ ਵਿੱਚ ਸ਼ਿਰਕਤ ਕਰਦਿਆਂ ਲੋਕਾਂ ਨਾਲ ਰੂ-ਬ-ਰੂ ਹੋ ਕੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਵਾਰਡ ਨੰਬਰ 17 ਦੱਪਰ ਕਲੋਨੀ ਵਿਖੇ ਮੁਸਲਿਮ ਭਾਈਚਾਰੇ ਵੱਲੋਂ ਆਯੋਜਿਤ ਲੋਕ ਮਿਲਣੀ ਦੌਰਾਨ ਵਿਧਾਇਕ ਰੰਧਾਵਾ ਨੇ ਨਵੀਂ ਬਣਨ ਜਾ ਰਹੀ ਮਸਜਿਦ ਦੇ ਨਿਰਮਾਣ ਕਾਰਜ ਦਾ ਸ਼ੁਭ ਆਰੰਭ ਕਰਵਾਇਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਧਰਮ ਅਤੇ ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਪੰਜਾਬ ਵਿੱਚ ਆਪਸੀ ਭਾਈਚਾਰੇ, ਏਕਤਾ ਅਤੇ ਵਿਕਾਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ। ਇਸ ਤੋਂ ਬਾਅਦ ਪਿੰਡ ਬੈਰਮਾਜਰਾ ਵਿਖੇ ਲੋਕ ਮਿਲਣੀ ਦੌਰਾਨ ਵਿਧਾਇਕ ਰੰਧਾਵਾ ਨੇ ਲਾਲ ਲਕੀਰ ਯੋਜਨਾ ਅਧੀਨ ਯੋਗ ਪਰਿਵਾਰਾਂ ਨੂੰ ਮਲਕਾਨਾ ਹੱਕ ਸਰਟੀਫਿਕੇਟ ਭੇਟ ਕੀਤੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਇਸ ਇਤਿਹਾਸਕ ਫ਼ੈਸਲੇ ਨਾਲ ਸਾਲਾਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ




ਪਰਿਵਾਰਾਂ ਨੂੰ ਕਾਨੂੰਨੀ ਮਾਲਕੀ ਦਾ ਹੱਕ ਮਿਲਿਆ ਹੈ। ਪਿੰਡ ਵਾਸੀਆਂ ਨੇ ਇਸ ਲੋਕ-ਪੱਖੀ ਪਹਿਲ ਦੀ ਸਰਾਹਨਾ ਕਰਦਿਆਂ ਸਰਕਾਰ ਦੀ ਕਾਰਗੁਜ਼ਾਰੀ 'ਤੇ ਭਰੋਸਾ ਪ੍ਰਗਟਾਇਆ। ਇਸ ਉਪਰੰਤ ਪਿੰਡ ਹੁੰਬੜਾ ਅਤੇ ਰਾਜੋਮਾਜਰਾ ਵਿਖੇ ਹੋਈਆਂ ਲੋਕ ਮਿਲਣੀਆਂ ਦੌਰਾਨ ਵਿਧਾਇਕ ਰੰਧਾਵਾ ਨੇ ਮਾਨ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਕਰਵਾਏ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

# ਸਰਕਾਰੀ ਸਕੂਲ ਖੜਕਾਂ 'ਚ ਬਾਲ ਕਲਾਕਾਰਾਂ ਦਿਖਾਈ ਸਾਹਿਤਕ ਪ੍ਰਤਿਭਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**
ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਅਤੇ ਬੱਚਿਆਂ ਵਿੱਚ ਰਚਨਾਤਮਕਤਾ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤਾ ਗਿਆ ਮਿਸ਼ਨ ਸਮਰੱਥ ਹੁਣ ਸਫਲਤਾ ਦੀਆਂ ਨਵੀਆਂ ਬੁਲੰਦੀਆਂ ਨੂੰ ਛੋਹ ਰਿਹਾ ਹੈ। ਬਲਾਕ ਹੁਸ਼ਿਆਰਪੁਰ 2 ਬੀ ਦੇ ਅਧੀਨ ਆਉਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੜਕਾਂ



ਵਿੱਚ ਪ੍ਰਿੰਸੀਪਲ ਤਰਲੋਚਨ ਸਿੰਘ ਦੀ ਕੁਸ਼ਲ ਅਤੇ ਸੰਜੀਦਗੀ ਭਰੀ ਰਹਿਨੁਮਾਈ ਹੇਠ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਸਕੂਲ ਦੇ ਛੇਵੀਂ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਅੰਦਰ ਕਹਾਣੀ ਅਤੇ ਕਵਿਤਾ ਦੀ ਰਚਨਾ ਕਰਨ ਦੀ ਸਮਰੱਥਾ ਨੂੰ ਬਾਖੂਬੀ ਪ੍ਰਫੁੱਲਿਤ ਕੀਤਾ ਜਾ ਰਿਹਾ ਹੈ।ਵਿਦਿਆਰਥੀਆਂ ਦੀ ਇਸ ਸਾਹਿਤਕ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਇੱਕ ਮੰਚ ਪ੍ਰਦਾਨ ਕਰਨ ਲਈ ਹਾਲ ਹੀ ਵਿੱਚ ਸਕੂਲ ਵਿੱਚ ਇੱਕ ਵਿਸ਼ੇਸ਼ ਮੁਕਾਬਲੇ ਦਾ ਆਯੋਜਨ ਕਰਵਾਇਆ ਗਿਆ। ਇਸ ਪੂਰੇ ਆਯੋਜਨ ਵਿੱਚ ਅਧਿਆਪਕ ਵਿਜੇ ਕਲਸੀ ਨੇ ਵਿਦਿਆਰਥੀਆਂ ਦੇ ਮਨਾਂ ਵਿੱਚ ਕਵਿਤਾ ਅਤੇ ਰਚਨਾਤਮਕ ਲੇਖਣ ਪ੍ਰਤੀ ਡੂੰਘੀ ਦਿਲਚਸਪੀ ਪੈਦਾ ਕਰਨ ਲਈ ਵਿਸ਼ੇਸ਼ ਯਤਨ ਕੀਤੇ। ਮੁਕਾਬਲੇ ਦੇ ਅੰਤ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਅੱਠਵੀਂ ਜਮਾਤ ਦੀਆਂ ਹੋਣਹਾਰ ਵਿਦਿਆਰਥਣਾਂ ਦਿਆ, ਰੌਨ ਅਤੇ ਸੋਨਾ ਮੁੱਖ ਤੌਰ 'ਤੇ ਜੇਤੂ ਰਹੀਆਂ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰਸੀਪਲ ਤਰਲੋਚਨ ਸਿੰਘ ਨੇ ਕਿਹਾ ਕਿ ਸਕੂਲ ਵਿੱਚ ਭਾਸ਼ਾ ਅਤੇ ਸਿੱਖਿਆ ਦੀ ਮਹਿਕ ਹੁਣ ਤੇਜ਼ੀ ਨਾਲ ਅੱਗੇ ਵਧਣ ਲੱਗੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਅਜਿਹੇ ਨਿਰੰਤਰ ਯਤਨਾਂ ਨਾਲ ਸਾਹਿਤ ਦੇ ਇਹ ਬਾਲ ਕਲਾਕਾਰ ਭਵਿੱਖ ਵਿੱਚ ਹੋਰ ਵਧੇਰੇ ਚਮਕਣਗੇ। ਇਸ ਗੌਰਵਮਈ ਪ੍ਰੋਗਰਾਮ ਦੇ ਮੌਕੇ ਸਕੂਲ ਸਟਾਫ਼ ਵਿੱਚੋਂ ਪਰਮਿੰਦਰ ਸਿੰਘ, ਰਵੀ ਕੁਮਾਰ, ਸੁੱਖਵੀਰ ਸਿੰਘ, ਵਿਜੇ ਕਲਸੀ, ਮੀਨਾਕਸ਼ੀ, ਦਲਜੀਤ ਕਿੰਦ, ਨਿਧੀ ਸ਼ਰਮਾ, ਅਮਨਪ੍ਰੀਤ ਕੌਰ, ਸੁਸ਼ਮਾ ਦੇਵੀ, ਮੋਨਿਕਾ ਰਾਣਾ, ਅਜੇ ਕੁਮਾਰ ਅਤੇ ਰਮਣੀਕ ਘੁੰਮਣ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਧਰਨਾ

**ਕਰਤਾਰਪੁਰ (ਹਰਮੇਸ਼ ਦੱਤ)**
ਨੇੜਲੇ ਪਿੰਡ ਘੁੱਗਸ਼ੋਰ ਵਿਖੇ ਧਾਰਮਿਕ ਸਥਾਨ ਪੀਰ ਬਾਬਾ ਰੋਡੇ ਸ਼ਾਹ ਦੀ ਦਰਗਾਹ ਵਿਖੇ ਕੀਤੇ ਜਾ ਰਹੇ ਸਮਾਗਮ 'ਚ ਲੰਗਰ ਲਗਾਉਣ ਲਈ ਤਿਆਰੀ ਕਰ ਰਹੀ ਸੰਗਤ ਉਪਰ ਟਰੈਕਟਰ ਝੜ੍ਹਾਉਣ ਦੀ ਕੋਸ਼ਿਸ਼ ਕਰਦਿਆਂ ਸੱਤਾਧਾਰੀ ਧਿਰ ਨਾਲ ਸੰਬੰਧਿਤ ਇੱਕ ਵਿਅਕਤੀ ਅਤੇ ਉਸ ਦੇ ਪਰਵਾਰ ਵਲੋਂ ਹਮਲਾ ਕੀਤਾ ਗਿਆ।ਇਸ ਮਸਲੇ ਵਿੱਚ ਕਰਤਾਰਪੁਰ ਪੁਲਿਸ ਵਲੋਂ ਨਿਭਾਈ ਜਾ ਰਹੀ ਪੱਖਪਾਤੀ ਭੂਮਿਕਾ ਦੇ ਵਿਰੁੱਧ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਪਿੰਡ ਵਾਸੀਆਂ ਵਲੋਂ ਕਰਤਾਰਪੁਰ



ਕਪੂਰਥਲਾ ਰੋਡ ਉੱਤੇ ਜਾਮ ਲਗਾ ਕੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਹ ਧਰਨਾ ਦੁਪਹਿਰ 12 ਵਜੇ ਸ਼ੁਰੂ ਹੋਇਆ,ਜੋ ਖ਼ਬਰ ਲਿਖੇ ਜਾਣ ਤੱਕ ਜਾਰੀ ਹੈ।ਇਸ ਮੌਕੇ ਪੀਰ ਬਾਬਾ ਰੋਡੇ ਸ਼ਾਹ ਦਰਗਾਹ ਪ੍ਰਬੰਧਕ ਕਮੇਟੀ ਦੇ ਆਗੂ ਕਰਮਾ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਦੱਸਿਆ ਕਿ ਖਸਰਾ ਨੰਬਰ 33,ਖੇਵਟ ਨੰਬਰ 112,ਖਤੌਨੀ ਨੰਬਰ 172 ਰਕਬਾ 2 ਕਨਾਲ ਮੌਜੂਦ ਹੈ। ਇਸ ਜ਼ਮੀਨ ਵਿੱਚ ਪੀਰ ਬਾਬਾ ਰੋਡੇ ਸ਼ਾਹ ਦੀ ਮਸੀਤ, ਮਜ਼ਾਰ ਬਣੀ ਹੋਈ ਹੈ।ਇਸ ਧਾਰਮਿਕ ਸਥਾਨ ਦੀ ਉਕਤ ਜ਼ਮੀਨ ਉੱਤੇ ਸੱਤਾਧਾਰੀ ਧਿਰ ਨਾਲ ਸੰਬੰਧਿਤ ਇੱਕ ਵਿਅਕਤੀ ਨਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਿਹਾ। ਕਈ ਦਿਨਾਂ ਤੋਂ ਕੀਤੀਆਂ ਜਾ ਰਹੀਆਂ ਅਜਿਹੀਆਂ ਕੋਸ਼ਿਸ਼ਾਂ ਖਿਲਾਫ਼ ਥਾਣਾ ਮੁੱਖੀ ਅਤੇ ਡੀ ਐੱਸ ਪੀ ਕਰਤਾਰਪੁਰ ਤੋਂ ਲੈ ਕੇ ਐੱਸ ਐੱਸ ਪੀ ਜਲੰਧਰ ਦਿਹਾਤੀ ਨੂੰ ਲਿਖਤੀ ਦਰਖ਼ਾਸਤਾਂ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਪੀਰ ਬਾਬਾ ਰੋਡੇ ਸ਼ਾਹ ਦੇ ਸ਼ਰਧਾਲੂਆਂ ਵਲੋਂ ਸਮਾਗਮ ਕੀਤਾ ਜਾ ਰਿਹਾ ਸੀ।ਜਿਸ ਵਿੱਚ ਵਿਘਨ ਪਾਉਣ ਸੰਬੰਧੀ ਥਾਣਾ ਮੁੱਖੀ ਅਤੇ ਡੀ ਐੱਸ ਪੀ ਕਰਤਾਰਪੁਰ ਦੇ ਧਿਆਨ ਵਿੱਚ ਲਿਆਂਦਾ ਗਿਆ ਪ੍ਰੰਤੂ ਸੱਤਾਧਾਰੀ ਧਿਰ ਦੇ ਦਬਾਅ ਹੇਠ ਉਹਨਾਂ ਮਸਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਤੇ ਧਾਰਮਿਕ ਸਮਾਗਮ ਵਾਲੇ ਪੰਡਾਲ ਵਿੱਚ ਉਕਤ ਸੱਤਾਧਾਰੀ ਧਿਰ ਨਾਲ ਸੰਬੰਧਿਤ ਵਿਅਕਤੀ,ਉਸ ਦੇ ਪਰਵਾਰ ਅਤੇ ਰਿਸ਼ਤੇਦਾਰਾਂ ਵਲੋਂ ਟਰੈਕਟਰ ਹੇਠ ਕੁਚਲਣ ਦਾ ਯਤਨ ਕਰਦਿਆਂ ਹਮਲਾ ਕੀਤਾ ਗਿਆ ਤੇ ਸਮਾਗਮ ਵਾਲਾ ਪੰਡਾਲ ਉਖਾੜ ਦਿੱਤਾ ਗਿਆ ਜਿਸ ਦੇ ਵਿਰੋਧ ਵਿੱਚ ਦੁਪਹਿਰ ਤੋਂ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਹਮਲੇ ਵਿੱਚ ਜ਼ਖਮੀਆਂ ਨੂੰ ਸਿਵਲ ਹਸਪਤਾਲ ਕਰਤਾਰਪੁਰ ਵਿਖੇ ਭਰਤੀ ਕਰਵਾਇਆ ਗਿਆ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਧਾਰਮਿਕ ਸਥਾਨ ਦੀ ਜ਼ਮੀਨ ਉੱਤੇ ਨਜਾਇਜ਼ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਬਾਬਾ ਕਾਮੂਆਣਾ ਦੇ ਸਥਾਨ ਪਿੰਡ ਰਾਜਪੁਰ ਗਹੋਤ ਵਿਖੇ ਸਾਲਾਨਾ ਜੋੜ ਮੇਲਾ ਸਫਲਤਾਪੂਰਵਕ ਸੰਪੰਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**
ਪਿੰਡ ਰਾਜਪੁਰ ਗਹੋਤ ਵਿਖੇ ਸਥਿਤ ਬਾਬਾ ਕਾਮੂਆਣਾ ਜੀ ਦੇ ਪਵਿੱਤਰ ਅਸਥਾਨ 'ਤੇ ਪਿਛਲੇ ਮਹੀਨੇ ਤੋਂ ਜਾਰੀ ਸਲਾਨਾ ਜੋੜ ਮੇਲਾ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸੰਪੰਨ ਹੋ ਗਿਆ। ਪ੍ਰਬੰਧਕ ਕਮੇਟੀ ਵੱਲੋਂ ਨਗਰ ਇਲਾਕੇ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰੀਬ ਇੱਕ ਮਹੀਨੇ ਤੋਂ ਵੀ ਉੱਪਰ ਚੱਲੇ ਸਲਾਨਾ ਜੋੜ ਮੇਲੇ ਦੀ ਸੰਪੂਰਨਤਾ ਸਮੇਂ ਸਭ ਤੋਂ ਪਹਿਲਾਂ 17 ਜੁਲਾਈ ਤੋਂ ਆਰੰਭ ਕੀਤੀ ਗਈ 14 ਸ੍ਰੀ ਅਖੰਡ ਪਾਠ ਸਾਹਿਬ ਜੀ ਦੀ 10ਵੀਂ ਤੇ ਅੰਤਿਮ ਲੜੀ ਦੇ ਭੋਗ ਪਾਏ ਗਏ ਤੇ ਗਿਆਨੀ ਸੁਰਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਕੀਰਤਨ ਸਮਾਗਮ ਵਿੱਚ ਭਾਈ ਮਨਜੀਤ ਸਿੰਘ ਦਸ਼ਮੇਸ਼ ਨਗਰ ਟਾਂਡੇ ਵਾਲੇ ਅਤੇ ਭਾਈ ਸੁਰਿੰਦਰ ਸਿੰਘ, ਭਾਈ ਜਗਮੋਹਨ ਸਿੰਘ ਗੋਬਿੰਦ ਨਗਰ ਟਾਂਡੇ ਵਾਲਿਆਂ ਦੇ ਰਾਗੀ ਜਥੇ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਸੇਵਾ ਤੇ ਸਿਮਰਨ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਸਟੇਜ ਸਕੱਤਰ ਦੀ ਸੇਵਾ ਨਿਭਾ ਰਹੇ ਮਾਸਟਰ ਚਰਨਜੀਤ ਸਿੰਘ ਰਾਜਪੁਰ ਅਤੇ ਕਮੇਟੀ ਦੇ ਮੁੱਖ ਸੇਵਾਦਾਰ ਕੈਪਟਨ ਗੁਰਜੀਤ ਸਿੰਘ ਨੇ ਸਮਾਗਮ ਵਿੱਚ ਸਹਿਯੋਗ ਕਰਨ ਵਾਲੀਆਂ ਸਰਬੱਤ ਸੰਗਤਾਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਨਿਭਾਉਣ ਵਾਲੇ ਰਣਜੀਤ ਸਿੰਘ ਰਾਜਪੁਰ ਇਟਲੀ, ਗੁਰਮੀਤ ਸਿੰਘ ਯੂ.ਐਸ.ਏ, ਕਮਲਜੀਤ ਕੌਰ ਖੁੱਡਾ, ਸੀਤਲ ਸੈਣੀ ਕੈਨੇਡਾ, ਜੁਝਾਰ ਸਿੰਘ ਕੁਰਾਲਾ, ਲਵਪ੍ਰੀਤ ਸਿੰਘ ਯੂ.ਐਸ.ਏ, ਜਸਵੰਤ ਸਿੰਘ ਅਮਰੀਕਾ, ਸੁਖਦੇਵ ਸਿੰਘ ਰਾਜਪੁਰ, ਗੁਰਦੀਪ ਸਿੰਘ ਮੱਦਾ, ਸੁਖਦੇਵ ਸਿੰਘ ਅਮਰੀਕਾ, ਕੇਵਲ ਕ੍ਰਿਸ਼ਨ ਰਾਜਪੁਰ, ਸੁਰਿੰਦਰ ਸਿੰਘ ਗਹੋਤ, ਅਜੇ ਸੈਣੀ ਜਲੰਧਰ, ਰਵੇਲ ਸਿੰਘ ਸਤੌਰ ਦੇ ਪਰਵਾਰਕ ਮੈਂਬਰਾਂ ਅਤੇ ਹੋਰਨਾਂ ਸੇਵਾਦਾਰਾਂ ਦਾ ਸਿਰਪਾਉ ਭੇਟ ਕਰਕੇ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਚਾਹ ਪਕੌੜੇ, ਗੁਰੂ ਦੇ ਲੰਗਰ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਪ੍ਰਧਾਨ ਕੈਪਟਨ ਗੁਰਜੀਤ ਸਿੰਘ, ਸੈਕਟਰੀ ਰਣਜੀਤ ਸਿੰਘ, ਸਟੇਜ ਸੈਕਟਰੀ ਮਾਸਟਰ ਚਰਨਜੀਤ ਸਿੰਘ, ਸੁਰਜੀਤ ਸਿੰਘ, ਜਸਵੀਰ ਸਿੰਘ, ਅਮਰਜੀਤ ਸਿੰਘ ਕਾਕਾ, ਗੁਰਬਖਸ਼ ਸਿੰਘ , ਮਾਸਟਰ ਹਰਨਾਮ ਸਿੰਘ, ਧਰਮਪਾਲ ਸਿੰਘ, ਸਤਨਾਮ ਸਿੰਘ, ਮਾਸਟਰ ਗੁਰਮਿੰਦਰ ਸਿੰਘ, ਗਗਨ ਵੜੈਚ, ਮਲਕੀਤ ਸਿੰਘ, ਨਰਿੰਦਰ ਸਿੰਘ, ਪਰਮਵੀਰ ਸਿੰਘ ਪੰਮਾ, ਕਰਨਪ੍ਰੀਤ ਸਿੰਘ, ਨਵਦੀਪ ਸਿੰਘ, ਹਰਪ੍ਰੀਤ ਸਿੰਘ ਹੈਪੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਬੀ ਐੱਲ ਓ ਨਾਲ ਉਲਝਣਾ ਪਿਆ ਮਹਿੰਗਾ

**ਕਪੂਰਥਲਾ (ਮਨਜੀਤ ਮਾਨ)**

ਕਪੂਰਥਲਾ ਸ਼ਹਿਰ ਦੇ ਕੇਸਰੀ ਬਾਗ ਵਿਖੇ ਇੱਕ ਵੋਟਰ ਵੱਲੋਂ ਬੀ ਐੱਲ ਓ ਡਿਊਟੀ ਨਿਭਾਅ ਰਹੇ ਕਰਮਚਾਰੀ ਕੁਸ਼ਲ ਕੁਮਾਰ ਨਾਲ ਕਥਿਤ ਗਾਲੀ-ਗਲੋਚ ਅਤੇ ਝਗੜੇ ਦੀ ਘਟਨਾ ਸਾਹਮਣੇ ਆਈ । ਪ੍ਰਾਪਤ ਜਾਣਕਾਰੀ ਅਨੁਸਾਰ ਬੀਐਲਓ ਡਿਊਟੀ ਨਿਭਾਅ ਰਹੇ ਕਰਮਚਾਰੀ ਕੁਸ਼ਲ ਕੁਮਾਰ ਵਾਸੀ ਮੁਹੱਲਾ ਕੇਸਰੀ ਬਾਗ ਨੇ ਸ਼ਾਮ ਲਗਭਗ ਛੇ ਵਜੇ ਨੇੜੇ ਇਸ ਵਿਅਕਤੀ ਨੂੰ ਆਪਣਾ ਐੱਸ ਆਈ ਆਰ ਨਾਲ ਸੰਬੰਧਿਤ ਭਰਿਆ ਹੋਇਆ ਫਾਰਮ ਵਾਪਸ ਦੇ ਕੇ ਜਾਣ ਲਈ ਫੋਨ ਕਰਕੇ ਜਨਤਕ ਥਾਂ ਤੇ ਬੁਲਾਇਆ ਤਾਂ ਸ਼ਾਂਤਮਈ ਤਰੀਕੇ ਨਾਲ ਫਾਰਮ ਦੇਣ ਦੀ ਥਾਂ ਇਸ ਵਿਅਕਤੀ ਵੱਲੋਂ ਬੀ ਐੱਲ ਓ ਨਾਲ ਬਿਨਾਂ ਵਜ੍ਹਾ ਗਾਲੀ-ਗਲੋਚ ਕੀਤੀ, ਉਸ ਦੇ ਕਿਰਦਾਰ ਤੇ ਝੂਠੇ ਅਰੋਪ ਲਗਾਏ ਅਤੇ ਹੱਥੋ ਪਾਈ ਕਰਨ ਦੀ ਵੀ ਕੋਸ਼ਿਸ਼ ਕੀਤੀ ਗਈ । ਮੌਕੇ ਤੇ ਮੌਜੂਦ ਲੋਕਾਂ ਵੱਲੋਂ ਉਸ ਨੂੰ ਛੁਡਾਇਆ ਅਤੇ ਰੋਕਿਆ । ਘਟਨਾ ਤੋਂ ਤੁਰੰਤ ਬਾਅਦ ਪੀੜ੍ਹਤ ਬੀ ਐੱਲ ਓ ਕੁਸ਼ਲ ਕੁਮਾਰ ਵੱਲੋਂ ਸਾਰੀ ਘਟਨਾ ਦੀ ਜਾਣਕਾਰੀ ਐੱਸ ਡੀ ਐੱਮ ਕਪੂਰਥਲਾ ਦੇ ਧਿਆਨ ਵਿੱਚ ਲਿਆਂਦੀ ਅਤੇ ਥਾਣਾ ਸਿਟੀ ਕਪੂਰਥਲਾ ਵਿਖੇ ਦੋਸ਼ੀ ਖਿਲਾਫ ਦਰਖਾਸਤ ਵੀ ਦਿੱਤੀ।ਅਗਲੀ ਸਵੇਰ ਬੀ ਐੱਲ ਓ ਯੂਨੀਅਨ ਕਪੂਰਥਲਾ ਵੱਲੋਂ ਮਸਲਾ ਆਪਣੇ ਹੱਥ ਵਿੱਚ ਲੈ ਕੇ ਉਕਤ ਘਟਨਾ ਦੀ ਜਾਣਕਾਰੀ ਮੁੱਖ ਚੋਣ ਕਮਿਸ਼ਨਰ ਪੰਜਾਬ ਆਨੰਦਿਤਾ ਮਿੱਤਰਾ ਨੂੰ ਦਿੱਤੀ। ਮੁੱਖ ਚੋਣ ਕਮਿਸ਼ਨਰ ਵੱਲੋਂ ਇਸ ਤੇ ਤੁਰੰਤ ਕਾਰਵਾਈ ਕਰਦੇ ਹੋਏ ਡਿਪਟੀ ਕਮਿਸ਼ਨਰ ਕਪੂਰਥਲਾ ਅਤੇ ਐੱਸ ਡੀ ਐੱਮ ਕਪੂਰਥਲਾ ਨੂੰ ਦੋਸ਼ੀ ਵਿਰੁੱਧ ਐੱਫ ਆਈ ਆਰ ਦਰਜ ਕਰਾਉਣ ਅਤੇ ਕਾਰਵਾਈ ਕਰਵਾਉਣ ਦੇ ਹੁਕਮ ਦਿੱਤੇ । ਇਹਨਾਂ ਹੁਕਮਾਂ ਤੇ ਅਨੁਸਾਰ ਐੱਸ ਐੱਚ ਓ ਥਾਣਾ ਸਿਟੀ ਕਪੂਰਥਲਾ ਵੱਲੋਂ ਦੋਸ਼ੀ ਨੂੰ ਬੁਲਾਇਆ ਤੇ ਸਖਤ ਕਾਰਵਾਈ ਕੀਤੇ ਜਾਣ ਸਬੰਧੀ ਚੇਤਾਇਆ ਗਿਆ । ਇਸ ਤਰ੍ਹਾਂ ਸਥਿਤੀ ਵਿਗੜਦੀ ਦੇਖ ਕੇ ਦੋਸ਼ੀ ਵੱਲੋਂ ਆਪਣੇ ਮੁਹੱਲੇ ਦੇ ਮੋਹਤਬਰ ਵਿਅਕਤੀ ਬੁਲਾ ਕੇ ਕੁਸ਼ਲ ਕੁਮਾਰ ਤੋਂ ਝਗੜੇ ਵਾਲੀ ਥਾਂ ਤੇ ਹੀ ਮੁਹੱਲੇ ਦੇ ਲੋਕਾਂ ਸਾਹਮਣੇ ਲਿਖਤ ਮੁਆਫੀ ਮੰਗੀ ਤੇ ਭਵਿੱਖ ਵਿੱਚ ਅਜਿਹੀ ਗਲਤੀ ਨਾ ਕਰਨ ਸੰਬੰਧੀ ਭਰੋਸਾ ਦਿਵਾਇਆ । ਇਸ ਤੋਂ ਬਾਅਦ ਬੀ ਐੱਲ ਓ ਯੂਨੀਅਨ ਦੇਆਗੂਆਂ ਵੱਲੋਂ ਕੁਸ਼ਲ ਕੁਮਾਰ ਦੀ ਸਹਿਮਤੀ ਤੇ ਕਿਸੇ ਤਰ੍ਹਾਂ ਦੀ ਕਾਨੂੰਨੀ ਕਾਰਵਾਈ ਨਾ ਕਰਨ ਦਾ ਫੈਸਲਾ ਲਿਆ । ਇਸ ਮੌਕੇ ਮੌਜੂਦ ਬੀ.ਐਲ.ਓ. ਯੂਨੀਅਨ ਦੇ ਆਗੂਆਂ ਤੇ ਕੁਸ਼ਲ ਕੁਮਾਰ ਵੱਲੋਂ ਇਸ ਘਟਨਾ ਤੇ ਪ੍ਰਸ਼ਾਸਨ ਵੱਲੋਂ ਦਿੱਤੇ ਸਹਿਯੋਗ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਮੁੱਖ ਚੋਣ ਕਮਿਸ਼ਨਰ ਪੰਜਾਬ, ਡਿਪਟੀ ਕਮਿਸ਼ਨਰ ਕਪੂਰਥਲਾ, ਐੱਸ ਡੀ ਐੱਮ ਕਪੂਰਥਲਾ ਤੇ ਐੱਸ ਐੱਚ ਓ ਥਾਣਾ ਸਿਟੀ ਕਪੂਰਥਲਾ ਦਾ ਧੰਨਵਾਦ ਕੀਤਾ।



# ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੇ ਕੇਸਾਂ ਲਈ ਵਿਸ਼ੇਸ਼ ਲੋਕ ਅਦਾਲਤ ਲਗਾਈ

**ਜਲੰਧਰ (ਸ਼ੈਲੀ ਐਲਬਰਟ)**- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਪ੍ਰਿਆ ਸੂਦ ਦੀ ਯੋਗ ਅਗਵਾਈ ਹੇਠ ਪੂਰੇ ਨਿਆਂਇਕ ਜ਼ਿਲ੍ਹੇ ਵਿੱਚ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 138 (ਚੈੱਕ ਬਾਊਂਸ ਕੇਸ) ਦੇ ਕੇਸਾਂ ਦੇ ਨਿਪਟਾਰੇ ਲਈ ਇੱਕ ਵਿਸ਼ੇਸ਼ ਲੋਕ ਅਦਾਲਤ ਸਫਲਤਾਪੂਰਵਕ ਲਗਾਈ ਗਈ। ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਝਗੜਿਆਂ ਦੇ ਸੁਚਾਰੂ ਅਤੇ ਪ੍ਰਭਾਵਸ਼ਾਲੀ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹੇ ਭਰ ਵਿੱਚ ਕੁੱਲ 8 ਵਿਸ਼ੇਸ਼ ਬੈਂਚਾਂ ਦਾ ਗਠਨ ਕੀਤਾ ਗਿਆ ਸੀ। ਇਸ ਵਿੱਚੋਂ 6 ਬੈਂਚ ਨਿਆਂਇਕ ਹੈੱਡਕੁਆਰਟਰ, ਜਲੰਧਰ ਵਿਖੇ ਸਥਾਪਤ ਕੀਤੇ ਗਏ, ਜਿਨ੍ਹਾਂ ਦੀ ਪ੍ਰਧਾਨਗੀ ਨਰੇਸ਼ ਕੁਮਾਰ (ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ),ਵਰੁਣਦੀਪ ਚੋਪੜਾ, ਕੁਮਾਰੀ ਸ਼ਿੰਪਾ ਰਾਣੀ, ਕੁਮਾਰੀ ਸਮੀਕਸ਼ਾ ਜੈਨ, ਯੋਗੇਸ਼ ਗਿੱਲ ਤੇ ਪਵਨਪ੍ਰੀਤ ਸਿੰਘ (ਸਾਰੇ ਜੇ ਐੱਮ ਆਈ ਸੀ) ਵੱਲੋਂ ਕੀਤੀ ਗਈ। ਇਨ੍ਹਾਂ ਬੈਂਚਾਂ ਵਿੱਚ ਉੱਘੇ ਕਾਨੂੰਨੀ ਮਾਹਿਰ, ਸਮਾਜ ਸੇਵੀ ਅਤੇ ਸੇਵਾਮੁਕਤ ਅਧਿਕਾਰੀ ਮੈਂਬਰਾਂ ਵਜੋਂ ਸ਼ਾਮਲ ਸਨ। ਇਸ ਤੋਂ ਇਲਾਵਾ, ਸਥਾਨਕ ਪੱਧਰ 'ਤੇ ਆਸਾਨ ਨਿਆਂ ਪ੍ਰਦਾਨ ਕਰਨ ਲਈ ਨਕੋਦਰ ਅਤੇ ਫਿਲੌਰ ਸਬ-ਡਵੀਜ਼ਨਾਂ ਵਿੱਚ 1-1 ਬੈਂਚ (ਕੁੱਲ 2 ਸਬ-ਡਵੀਜ਼ਨਲ ਬੈਂਚ) ਸਥਾਪਿਤ ਕੀਤੇ ਗਏ ਸਨ।



ਵਿਸ਼ੇਸ਼ ਲੋਕ ਅਦਾਲਤ ਦੇ ਮੁੱਖ ਅੰਕੜੇ ਇਸ ਪ੍ਰਕਾਰ ਹਨ: ਆਪਸੀ ਸਹਿਮਤੀ ਨਾਲ ਨਿਪਟਾਰੇ ਲਈ ਬੈਂਚਾਂ ਦੇ ਸਾਹਮਣੇ ਕੁੱਲ 777 ਲੰਬਿਤ ਕੇਸ ਪੇਸ਼ ਕੀਤੇ ਗਏ ਸਨ। ਇਨ੍ਹਾਂ ਵਿੱਚੋਂ ਕੁੱਲ 201 ਕੇਸਾਂ ਦਾ ਮੌਕੇ 'ਤੇ ਹੀ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਆਪਸੀ ਸਮਝੌਤੇ ਰਾਹੀਂ ਕੁੱਲ 4,72,59,287 ਰੁਪਏ (ਚਾਰ ਕਰੋੜ ਬਹੱਤਰ ਲੱਖ ਉਨਾਹਠ ਹਜ਼ਾਰ ਦੋ ਸੌ ਸਤਾਸੀ ਰੁਪਏ) ਦੇ ਦਾਅਵਿਆਂ ਦਾ ਨਿਪਟਾਰਾ ਕੀਤਾ ਗਿਆ, ਜਿਸ ਨਾਲ ਕਈ ਪੀੜਤ ਧਿਰਾਂ ਨੂੰ ਵੱਡੀ ਰਾਹਤ ਮਿਲੀ। ਮੁੱਖ ਨਿਆਂਇਕ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਸ਼੍ਰੀ ਰਾਹੁਲ ਕੁਮਾਰ ਆਜ਼ਾਦ ਨੇ ਵੀ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਸਮੇਂ ਵਿੱਚ ਹੋਣ ਵਾਲੀਆਂ ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਅਗਲੀ ਰਾਸ਼ਟਰੀ ਲੋਕ ਅਦਾਲਤ 12 ਸਤੰਬਰ, 2026 ਨੂੰ ਪੂਰੇ ਜ਼ਿਲ੍ਹੇ ਵਿੱਚ ਲਗਾਈ ਜਾਵੇਗੀ, ਜਿਸ ਵਿੱਚ ਦੀਵਾਨੀਅਤੇ ਫੌਜਦਾਰੀ ਕੰਪਾਊਂਡੇਬਲ (ਰਾਜ਼ੀਨਾਮੇ ਯੋਗ) ਸ਼੍ਰੇਣੀਆਂ ਦੇ ਸਾਰੇ ਮਾਮਲੇ ਸ਼ਾਮਲ ਕੀਤੇ ਜਾਣਗੇ।

# ਐੱਮ ਐੱਲ ਏ ਵੱਲੋਂ ਬਲਾਕ ਸੰਮਤੀ ਮੈਂਬਰਾਂ, ਸਰਪੰਚਾਂ ਤੇ ਪੰਚਾਂ ਨਾਲ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਐਮ ਐਲ ਏ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਬਲਾਕ ਡੇਰਾਬੱਸੀ ਦੇ ਬਲਾਕ ਸੰਮਤੀ ਮੈਂਬਰਾਂ, ਸਰਪੰਚਾਂ ਤੇ ਪੰਚਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਵੱਲੋਂ ਵਿਕਸਿਤ ਭਾਰਤ- ਗਰੰਟੀ ਫਾਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਸਕੀਮ ਸਬੰਧੀ ਭਾਰਤ ਸਰਕਾਰ ਕੋਲ ਆਪਣਾ ਵਿਰੋਧ ਦਰਜ ਕਰਵਾਇਆ ਗਿਆ ਹੈ, ਪਰ ਐਕਟ ਅਨੁਸਾਰ ਸੂਬਾ ਸਰਕਾਰ ਦੀ ਇਹ ਜ਼ਿੰਮੇਵਾਰੀ ਵੀ ਬਣਦੀ ਹੈ ਕਿ ਬੇਰੁਜ਼ਗਾਰ ਪੇਂਡੂ ਮਜ਼ਦੂਰਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਜਾਵੇ।

ਇਸ ਲਈ ਪੇਂਡੂ ਮਜ਼ਦੂਰਾਂ ਨੂੰ ਰੁਜ਼ਗਾਰ ਦੇਣ ਲਈ ਇਸ ਸਕੀਮ ਨੂੰ ਲਾਗੂ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਗ੍ਰਾਮ ਰੋਜ਼ਗਾਰ ਸੇਵਕਾਂ ਦੀ ਚੱਲ ਰਹੀ ਹੜਤਾਲ ਕਾਰਨ ਸਕੀਮ ਤਹਿਤ ਰਜਿਸਟਰ ਮਜ਼ਦੂਰਾਂ ਵਿੱਚ ਇਹ ਗਲਤ ਜਾਣਕਾਰੀ ਫੈਲਾਈ ਜਾ ਰਹੀ ਹੈ ਕਿ ਸੂਬਾ ਸਰਕਾਰ ਇਸ ਸਕੀਮ ਨੂੰ ਚਲਾਉਣ ਲਈ ਗੰਭੀਰ ਨਹੀਂ ਹੈ ਜਦਕਿ ਸਰਕਾਰ ਮਜ਼ਦੂਰਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਪ੍ਰਤੀ ਪੂਰੀ ਤਰ੍ਹਾਂ ਵਚਨਬੱਧਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਵੇਂ ਜੌਬ ਕਾਰਡ ਬਣਾਉਣ ਤੇ ਮਸਟਰ ਰੋਲ ਭਰਨ ਅਤੇ ਉਨ੍ਹਾਂ ਦੀ ਕਾਰਵਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹੋਰ ਸਕੀਮਾਂ ਦੇ ਸਟਾਫ਼ ਦੀ ਡਿਊਟੀ ਲਗਾਈ ਗਈ ਹੈ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਰਪੰਚਾਂ ਨੂੰ ਮੇਟ ਅਤੇ ਮਨਰੇਗਾ ਮਜ਼ਦੂਰਾਂ ਨੂੰ ਕੰਮ ਤੁਰੰਤ ਸ਼ੁਰੂ ਕਰਨ ਲਈ ਮਾਰਗਦਰਸ਼ਨ ਅਤੇ ਉਤਸ਼ਾਹਿਤ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਮਸਟਰ ਰੋਲ ਤੁਰੰਤ ਜਾਰੀ ਕੀਤੇ ਜਾਣ ਅਤੇ ਮੇਟ ਰਾਹੀਂ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਮਜ਼ਦੂਰਾਂ ਦੀ ਹਾਜ਼ਰੀ ਦੀ ਸਹੀ ਢੰਗ ਨਾਲ ਤਸਦੀਕ ਕਰਕੇ ਦਰਜ ਕੀਤੀ ਜਾਵੇ।ਉਨ੍ਹਾਂ ਅਪੀਲ ਕੀਤੀ ਕਿ ਸ਼ੁਰੂਆਤ ਹਰੇਕ ਪਿੰਡ ਵਿੱਚ ਘੱਟੋ-ਘੱਟ ਦੋ ਕੰਮ ਸ਼ੁਰੂ ਕਰਨ ਨਾਲ ਕੀਤੀ ਜਾਵੇ ਅਤੇ ਪ੍ਰਤੀ ਪਿੰਡ ਘੱਟੋ-ਘੱਟ 20 ਮਜ਼ਦੂਰਾਂ ਨੂੰ ਰੁਜ਼ਗਾਰ ਦੇਣਾ ਯਕੀਨੀ ਬਣਾਇਆ ਜਾਵੇ।



# ਲੋੜਵੰਦ ਨੂੰ ਟਰਾਈ ਸਾਈਕਲ ਭੇਟ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਮਨੁੱਖਤਾ ਦੀ ਭਲਾਈ ਅਤੇ ਸੇਵਾ ਲਈ ਯਤਨਸ਼ੀਲ ਭਾਈ ਘਨਈਆ ਜੀ ਸੇਵਾ ਸਮਿਤੀ ਖੁੱਡਾ ਵੱਲੋਂ ਆਪਣੇ ਸਮਾਜ ਸੇਵੀ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਪਿੰਡ



ਮੂਨਕਾ ਨਾਲ ਸੰਬੰਧਿਤ ਇੱਕ ਲੋੜਵੰਦ ਨੂੰ ਟਰਾਈ ਸਾਈਕਲ ਦਿੱਤਾ ਗਿਆ। ਸੇਵਾ ਸਮਿਤੀ ਤੇ ਮੁੱਖ ਪ੍ਰਬੰਧਕ ਸੇਵਾਦਾਰ ਜਸਵਿੰਦਰ ਸਿੰਘ ਜੀ ਐਮ ਰੇਲਵੇ ਵੱਲੋਂ ਹੋਰਨਾਂ ਸੇਵਾਦਾਰ ਮੈਂਬਰਾਂ ਦੀ ਹਾਜ਼ਰੀ ਵਿੱਚ ਇਹ ਟਰਾਈ ਸਾਈਕਲ ਭੇਟ ਕਰਦੇ ਹੋਏ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਹੋਰਨਾ ਕਾਰਜਾਂ ਸੰਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਜੀ ਐਮ ਰੇਲਵੇ ਜਸਵਿੰਦਰ ਸਿੰਘ ਨੇ ਦੱਸਿਆ ਕਿ ਸੇਵਾ ਸਮਤੀ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੀ ਬਿਹਤਰੀ ਵਾਸਤੇ ਪ੍ਰਿੰਟਰ ਵੀ ਸਕੂਲ ਨੂੰ ਦਿੱਤਾ ਗਿਆ ਹੈ ਆਉਣ ਵਾਲੇ ਸਮੇਂ ਵਿੱਚ ਵੀ ਲੋੜ ਅਨੁਸਾਰ ਸਕੂਲ ਵਿੱਚ ਸਮਾਨ ਦਿੱਤਾ।ਇਸ ਮੌਕੇ ਸਰਬੱਤ ਦਾ ਭਲਾ ਸੇਵਾ ਸੋਸਾਇਟੀ ਮੂਨਕਾ ਦੇ ਮੁੱਖ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੂਨਕ, ਸਰਪੰਚ ਮਨਵੀਰ ਸਿੰਘ, ਸੇਵੀ ਰੂਪ ਲਾਲ ਕਲਸੀਆ, ਸਮਾਜ ਸੇਵੀ ਅਮਰਜੀਤ ਕਲਸੀਆ ਤੇ ਪਰਦੀਪ ਸਿੰਘ ਨੇ ਭਾਈ ਘਨਈਆ ਜੀ ਸੇਵਾ ਸਮਿਤੀ ਖੁਦਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਇਸ ਸੋਸਾਇਟੀ ਵੱਲੋਂ ਹਰ ਸਾਲ ਹੀ ਵੱਡੀ ਪੱਧਰ ਤੇ ਮੁਫ਼ਤ ਮੈਗਾ ਮੈਡੀਕਲ ਚੈਕ ਅਪ ਕੈਂਪ ਲੋੜਵੰਦ ਵਿਦਿਆਰਥੀਆਂ ਨੂੰ ਵਜੀਫੇ ਵਰਦੀਆਂ ਅਤੇ ਹੋਰ ਸਮਾਨ ਦੇਣ ਤੋਂ ਇਲਾਵਾ ਸਰਕਾਰੀ ਪ੍ਰਾਇਮਰੀ ਸਕੂਲ ਰਲਹਣ ਦੀ ਬਿਹਤਰੀ ਵਾਸਤੇ ਵੀ ਯੋਗਦਾਨ ਪਾਇਆ ਜਾਂਦਾ ਹੈ ਜੋ ਕਿ ਮਨੁੱਖਤਾ ਦੀ ਸੇਵਾ ਵਿੱਚ ਇੱਕ ਵੱਡਾ ਕਾਰਜ ਹੈ ।ਇਸ ਸਮੇਂ ਹਾਜ਼ਰ ਸਮੂਹ ਸੇਵਾਦਾਰਾਂ ਨੇ ਦੱਸਿਆ ਕਿ ਸੋਸਾਇਟੀ ਦੇ ਸਹਿਯੋਗ ਨਾਲ ਆਉਣ ਵਾਲੇ ਸਮੇਂ ਵਿੱਚ ਪਿੰਡ ਰਲਹਣਾ ਅਤੇ ਇਸਦੇ ਆਸ ਪਾਸ ਵਾਤਾਵਰਨ ਦੀ ਸੇਵਾ ਸੰਭਾਲ ਦੇ ਮੱਦੇ ਨਜ਼ਰ ਵੱਖ-ਵੱਖ ਤਰ੍ਹਾਂ ਦੇ ਪੌਦੇ ਵੀ ਲਗਾਏ ਜਾਣਗੇ।

# ਏ ਜੀ ਆਈ ਇੰਫਰਾ ਲਿਮਟਿਡ ਦੇ ਮੁੱਖ ਵਿੱਤੀ ਅਧਿਕਾਰੀ ਪ੍ਰਮੁੱਖ ਉਦਯੋਗਪਤੀ/ਭਵਿੱਖ ਦੇ ਰੁਜ਼ਗਾਰਦਾਤਾ ਦੇ ਨੁਮਾਇੰਦੇ ਵਜੋਂ ਮੈਂਬਰ ਨਿਯੁਕਤ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਇੰਫਰਾ ਲਿਮਿਟੇਡ ਦੇ ਮੁੱਖ ਵਿੱਤੀ ਅਧਿਕਾਰੀ ਡਾ. ਬਲਵਿੰਦਰ ਸਿੰਘ ਸੰਧਾ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਮਾਣਯੋਗ ਚਾਂਸਲਰ ਵੱਲੋਂ ਯੂਨੀਵਰਸਿਟੀ ਬਿਜ਼ਨਸ ਸਕੂਲ ਦੇ ਬੋਰਡ ਆਫ ਕੰਟਰੋਲ ਵਿੱਚ ਪ੍ਰਮੁੱਖ ਉਦਯੋਗਪਤੀ/ ਭਵਿੱਖ ਦੇ ਰੁਜ਼ਗਾਰਦਾਤਾ ਦੇ ਨੁਮਾਇੰਦੇ ਵਜੋਂ ਮੈਂਬਰ ਨਿਯੁਕਤ ਕੀਤਾ ਗਿਆ ਹੈ।ਡਾ. ਸੰਧਾ ਏ ਜੀ ਆਈ ਇੰਫਰਾ ਲਿਮਿਟੇਡ ਦੇ ਮੁੱਖ ਵਿੱਤੀ ਅਧਿਕਾਰੀ ਹਨ। ਇਹ ਨਿਯੁਕਤੀ ਉਨ੍ਹਾਂ ਦੇ ਲੰਬੇ ਤਜਰਬੇ, ਉੱਚ ਸਿੱਖਿਆ ਅਤੇ ਉਦਯੋਗ, ਸਿੱਖਿਆ ਅਤੇ ਵਾਤਾਵਰਣ ਦੇ ਖੇਤਰ ਵਿੱਚ ਕੀਤੇ ਮਹੱਤਵਪੂਰਨ ਯੋਗਦਾਨ ਦੀ ਕਦਰ ਹੈ।ਡਾ. ਸੰਧਾ ਨੇ ਐਮ ਕਾਮ ਦੀ ਡਿਗਰੀ ਹਾਸਲ ਕੀਤੀ ਹੈ। ਸਾਲ 2014 ਵਿੱਚ ਉਨ੍ਹਾਂ ਨੇ ਸੀ ਏ ਆਈ ਆਈ ਬੀ ਦੀ ਪ੍ਰੀਖਿਆ ਪਾਸ ਕੀਤੀ। 1999 ਵਿੱਚ ਉਨ੍ਹਾਂ ਨੇ ਓਰੈਕਲ ਦਾ ਸਰਟੀਫਿਕੇਟ ਕੋਰਸ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨੇ ਐਗਜ਼ਿਕਿਊਟਿਵ ਬਿਜ਼ਨਸ ਮੈਨੇਜਮੈਂਟ ਵਿੱਚ ਮਾਸਟਰ ਡਿਗਰੀ ਪ੍ਰਾਪਤ ਕੀਤੀ। ਸਾਲ 2023 ਵਿੱਚ ਉਨ੍ਹਾਂ ਨੂੰ ਵਾਤਾਵਰਣ ਪ੍ਰਬੰਧਨ ਅਤੇ ਟਿਕਾਊ ਵਿਕਾਸ ਵਿਸ਼ੇ ਵਿੱਚ ਡਾਕਟਰੇਟ ਦੀ ਡਿਗਰੀ ਮਿਲੀ।ਡਾ. ਸੰਧਾ ਵਾਤਾਵਰਣ ਸੰਭਾਲ ਲਈ ਵੀ ਸਮਰਪਿਤ ਹਨ। ਉਨ੍ਹਾਂ ਨੇ ਤਿੰਨ ਕਿਤਾਬਾਂ ਲਿਖੀਆਂ ਹਨ। ਪਹਿਲੀ ਕਿਤਾਬ ਏ ਜੀ ਆਈ ਇੰਫਰਾ ਲਿਮਿਟੇਡ ਵਿੱਚ ਰੈਟਰੋ ਪਲੈਨਿੰਗ ਬਾਰੇ ਹੈ। ਦੂਜੀ ਕਿਤਾਬ ਵਿੱਚ ਵਿਸ਼ਵ ਯੁੱਧਾਂ ਅਤੇ ਹੋਰ ਜੰਗਾਂ ਨਾਲ ਵਾਤਾਵਰਣ ਨੂੰ ਹੋਏ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਗਈ ਹੈ। ਤੀਜੀ ਕਿਤਾਬ ਜਲਵਾਯੂ ਪਰਿਵਰਤਨ ਅਤੇ ਟਿਕਾਊ ਵਿਕਾਸ ਦੀ ਲੋੜ 'ਤੇ ਆਧਾਰਿਤ ਹੈ।ਦਸੰਬਰ 2024 ਵਿੱਚ ਡਾ. ਸੰਧਾ ਨੇ ਸ੍ਰੀਲੰਕਾ ਵਿੱਚ ਹੋਈ ਜੈਵਿਕ ਖੇਤੀਬਾੜੀ, ਜੈਵ ਵਿਭਿੰਨਤਾ ਅਤੇ ਟਿਕਾਊ ਵਿਕਾਸ ਸੰਬੰਧੀ ਏਸ਼ੀਅਨ ਪ੍ਰੋਡਕਟਿਵਿਟੀ ਆਰਗੇਨਾਈਜ਼ੇਸ਼ਨ ਦੇ ਅੰਤਰਰਾਸ਼ਟਰੀ ਸੰਮੇਲਨ ਵਿੱਚ ਭਾਰਤ ਦੀ ਨੁਮਾਇੰਦਗੀ ਵੀ ਕੀਤੀ।ਆਪਣੀ ਨਿਯੁਕਤੀ 'ਤੇ ਡਾ. ਬਲਵਿੰਦਰ ਸਿੰਘ ਸੰਧਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮਾਣਯੋਗ ਚਾਂਸਲਰ ਅਤੇ ਯੂਨੀਵਰਸਿਟੀ ਪ੍ਰਬੰਧਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੇ।



# ਲੋੜਵੰਦਾਂ ਨੂੰ ਦਿੱਤੀਆ ਮੁਫਤ ਦਵਾਈਆਂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗੁਰਦੁਆਰਾ ਸ੍ਰੀ ਅਮਰ ਦਰਬਾਰ ਸਾਹਿਬ, ਅਕਾਸ਼ ਕਲੋਨੀ ਹੁਸ਼ਿਆਰਪੁਰ ਵਿੱਚ ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ 321 ਡੀ ਦੇ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਦੀ ਰਹਿਨੁਮਾਈ ਹੇਠ ਪੰਜਾਬ ਸਟੇਟ ਏਡਜ਼ ਕੰਟਰੋਲ ਬੋਰਡ ਵੱਲੋਂ ਮੁਫ਼ਤ ਐੱਚ ਆਈ ਵੀ, ਬਲਡ ਪ੍ਰੈਸ਼ਰ,ਸ਼ੂਗਰ ਚੈੱਕ ਅੱਪ , ਕਾਲਾ ਪੀਲੀਆ ਤੇ ਹੋਰ ਟੈਸਟ ਬਿਲਕੁਲ ਮੁਫ਼ਤ ਕੀਤੇ ਗਏ ਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆ ਦਿੱਤੀਆਂ ਗਈਆਂ । ਇਸ ਸਮੇ ਬੋਰਡ ਵੱਲੋ ਡਾਕਟਰ ਪ੍ਰੀਤਕਾ ਸਿੰਘ, ਸ਼ਿਖਾ ਡੋਗਰਾ ਪ੍ਰੋਜੈਕਟ ਮੈਨੇਜਰ, ਸਰਬਜੀਤ ਸਿੰਘ ਆਈ ਸੀ ਟੀ ਸੀ ਕੌਂਸਲਰ, ਕਮਲ ਸੈਣੀ ਲੈਬ ਟੈਕਨੀਸ਼ੀਅਨ, ਸਟਾਫ ਸ਼ਿਲਪਾ, ਨੇਹਾ ਦੇਵੀ, ਸ਼ਸ਼ੀ ਬਾਲਾ ਨੇ ਮੁਫ਼ਤ ਸੇਵਾ ਪ੍ਰਦਾਨ ਕੀਤੀਆਂ।ਕਲੱਬ ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਖਜ਼ਾਨਚੀ ਲਾਇਨ ਡਾਕਟਰ ਹਰਮਨਪ੍ਰੀਤ ਕੌਰ ਧਾਲੀਵਾਲ, ਵਾਈਸ ਪ੍ਰਧਾਨ ਫਸਟ ਡਾਕਟਰ ਪ੍ਰੇਮ ਭਾਰਦਵਜ, ਚੇਅਰਮੈਨ ਮੈਂਬਰਸ਼ਿਪ ਸੁਖਵਿੰਦਰ ਕੌਰ , ਮੀਤ ਪ੍ਰਧਾਨ ਸੈਕਿੰਡ ਲਾਇਨ ਬਲਵਿੰਦਰ ਸਿੰਘ, ਲਾਇਨਜ਼ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਡਾਇਰੈਕਟਰ ਲਾਇਨ ਡਾ. ਐਮ ਐਸ ਸਿੱਧੂ ਨੇ ਵਿਸ਼ੇਸ਼ ਪ੍ਰਬੰਧਕੀ ਜ਼ਿੰਮੇਵਾਰੀਆ ਨਿਭਾਈਆਂ। ਗੁਰਦੁਆਰਾ ਸਾਹਿਬ ਦੇ ਸਰਪ੍ਰਸਤ ਬੀਬੀ ਤਰਸੇਮ ਕੌਰ, ਬੀਬੀ ਰਮਨਦੀਪ ਕੌਰ, ਹੈਡ ਗ੍ਰੰਥੀ ਭਾਈ ਜਤਿੰਦਰ ਸਿੰਘ ਵਲੋਂ ਆਏ ਹੋਏ ਮਹਿਮਾਨਾਂ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਭੇਟ ਕਰਨ ਉਪਰੰਤ ਸ਼ਾਨਦਾਰ ਚਾਹ ਪਾਰਟੀ ਦਾ ਆਯੋਜਨ ਵੀ ਕੀਤਾ ਗਿਆ ।

# ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਅਣਪਛਾਤੇ ਦੀ ਮੌਤ

**ਫਿਲੌਰ (ਨਿਰਮਲ)**- ਰੇਲਵੇ ਚੌਂਕੀ ਫਿਲੌਰ ਦੇ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਫਿਲੌਰ ਭੱਟੀਆਂ ਵਿਚਕਾਰ ਰੇਲਵੇ ਲਾਈਨਾਂ ਪਾਰ ਕਰਦੇ ਹੋਏ ਇੱਕ 50-55 ਸਾਲਾਂ ਮੋਨਾ ਵਿਅਕਤੀ ਗਰੀਬ ਰੱਥ ਦੀ ਲਪੇਟ ਵਿੱਚ ਆ ਗਿਆ ਜਿਸ ਦੀ ਮੌਕੇ ਤੇ ਮੌਤ ਹੋ ਗਈ ਮ੍ਰਿਤਕ ਵਿਅਕਤੀ ਦੀ ਪਹਿਚਾਣ ਨਹੀਂ ਹੋ ਸਕੀ। ਮ੍ਰਿਤਕ ਨੇ ਲਾਲ ਰੰਗ ਦੀ ਟੀ ਸ਼ਰਟ, ਕਾਲੇ ਰੰਗ ਦੀ ਜੀਨ ਦੀ ਪੈਂਟ ਪਾਈ ਹੋਈ ਹੈ। ਲਾਸ਼ ਪਹਿਚਾਣ ਲਈ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਕੇ ਉਸ ਦੇ ਵਾਰਸਾਂ ਦਾ ਪਤਾ ਲਗਾਉਣ ਦੇ ਯਤਨ ਜਾਰੀ ਹਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੇਘੋਵਾਲ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਮੇਘੋਵਾਲ ਗੰਜਿਆ ਤੋਂ ਸ੍ਰੀ ਹਰਿਮੰਦਰ ਸਾਹਿਬ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਸਮੇਤ ਦੂਸਰੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਬੱਸ ਨੂੰ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦੀ ਹੈ ਅਤੇ ਇਸੇ ਸੋਚ ਤਹਿਤ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਉਨ੍ਹਾਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਜਿਨ੍ਹਾਂ ਲਈ ਆਪਣੇ ਪੱਧਰ 'ਤੇ ਯਾਤਰਾ ਕਰਨਾ ਮੁਸ਼ਕਲ ਹੁੰਦਾ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਵਾਜਾਈ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਹ ਬਿਨਾਂ ਕਿਸੇ ਚਿੰਤਾ ਦੇ ਆਪਣੀ ਧਾਰਮਿਕ ਯਾਤਰਾ ਕਰ ਸਕਣ।ਇਸ ਮੌਕੇ ਪ੍ਰੇਮ ਸਿੰਘ ਵੀ ਹਾਜਰ ਸਨ।



# ਮੋਦੀ ਨਾਲ ਭਾਜਪਾ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਮੁਲਾਕਾਤ

**ਬਲਾਚੌਰ, (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਰਾਜਵਿੰਦਰ ਸਿੰਘ ਲੱਕੀ ਨੇ ਜਲੰਧਰ ਦੌਰੇ 'ਤੇ ਪਹੁੰਚੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਕੇ ਪੰਜਾਬ ਦੀ ਧਰਤੀ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਵਿਕਾਸ ਲਈ ਸ਼ੁਰੂ ਕੀਤੇ ਜਾ ਰਹੇ ਵੱਖ-ਵੱਖ ਪ੍ਰੋਜੈਕਟਾਂ ਅਤੇ ਦਿੱਤੇ ਜਾ ਰਹੇ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਮੁਲਾਕਾਤ ਦੌਰਾਨ ਰਾਜਵਿੰਦਰ ਸਿੰਘ ਲੱਕੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਪੰਜਾਬ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ, ਰਾਸ਼ਟਰੀ ਮਾਰਗਾਂ ਦੇ ਵਿਸਥਾਰ, ਰੇਲਵੇ, ਸਿਹਤ ਸਹੂਲਤਾਂ, ਉਦਯੋਗਿਕ ਤਰੱਕੀ ਅਤੇ ਕਿਸਾਨਾਂ ਦੀ ਭਲਾਈ ਲਈ ਮਹੱਤਵਪੂਰਨ ਉਪਰਾਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਦੀਆਂ ਲੋਕ-ਭਲਾਈ ਨੀਤੀਆਂ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ।



# ਮਾਨ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਲਈ 1,423.33 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੀਨੀਅਰ ਨਾਗਰਿਕਾਂ ਦੀ ਮਾਣ-ਮਰਿਆਦਾ, ਵਿੱਤੀ ਸੁਰੱਖਿਆ ਅਤੇ ਸਤਿਕਾਰਯੋਗ ਜੀਵਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ 2026-27 ਦੌਰਾਨ ਬੁਢਾਪਾ ਪੈਨਸ਼ਨ ਸਕੀਮ ਤਹਿਤ 1,423.33 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਪੱਕਾ ਵਿਸ਼ਵਾਸ ਹੈ ਕਿ ਸਾਡੇ ਬਜ਼ੁਰਗ ਸਾਡੇ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਉਨ੍ਹਾਂ ਦੀ ਸੁਰੱਖਿਅਤ ਤੇ ਸਨਮਾਨਜਨਕ ਜ਼ਿੰਦਗੀ ਯਕੀਨੀ ਬਣਾਉਣਾ ਸਰਕਾਰ ਦਾ ਮੁਢਲਾ ਫ਼ਰਜ਼ ਹੈ। ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੌਜੂਦਾ ਵਿੱਤੀ ਸਾਲ ਦੌਰਾਨ ਬੁਢਾਪਾ ਪੈਨਸ਼ਨ ਸਕੀਮ ਲਈ 4,000 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਹੈ, ਤਾਂ ਜੋ ਸਾਰੇ ਯੋਗ ਲਾਭਪਾਤਰੀਆਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਮੇਂ ਸਿਰ ਵਿੱਤੀ ਸਹਾਇਤਾ ਮਿਲਣੀ ਯਕੀਨੀ ਬਣਾਈ ਜਾ ਸਕੇ।

# ਐੱਸ ਆਈ ਆਰ-2026 ਤਹਿਤ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਸੰਪਨ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ-2026) ਮੁਹਿੰਮ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੂਹ ਪੋਲਿੰਗ ਬੂਥਾਂ 'ਤੇ ਲਗਾਏ ਗਏ ਵਿਸ਼ੇਸ਼ ਕੈਂਪ ਸਫਲਤਾਪੂਰਵਕ ਸੰਪਨ ਹੋ ਗਏ। ਇਨ੍ਹਾਂ ਕੈਂਪਾਂ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਯੋਗ ਵੋਟਰਾਂ ਦੇ ਐਨਿਊਮਰੇਸ਼ਨ ਫਾਰਮਾਂ ਦੀ ਪ੍ਰਾਪਤੀ, ਵੋਟਰਾਂ ਦੀ ਮੈਪਿੰਗ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕੀਤਾ ਗਿਆ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਵਿਸ਼ੇਸ਼ ਗਹਿਰੀ ਸੁਧਾਈ ਮੁਹਿੰਮ ਦਾ ਉਦੇਸ਼ ਵੋਟਰ ਸੂਚੀ ਨੂੰ ਸਹੀ, ਅੱਪਡੇਟ ਅਤੇ ਪਾਰਦਰਸ਼ੀ ਬਣਾਉਣਾ ਹੈ। ਇਸ ਲਈ ਹਰੇਕ ਯੋਗ ਨਾਗਰਿਕ ਦਾ ਵੇਰਵਾ ਨਿਰਧਾਰਿਤ ਸਮੇਂ ਅੰਦਰ ਦਰਜ ਕਰਨਾ ਅਤੇ ਕਿਸੇ ਵੀ ਯੋਗ ਵੋਟਰ ਨੂੰ ਵੋਟਰ ਸੂਚੀ ਤੋਂ ਵਾਂਝਾ ਨਾ ਰਹਿਣ ਦੇਣਾ ਪ੍ਰਸ਼ਾਸਨ ਦੀ ਪ੍ਰਮੁੱਖ ਤਰਜੀਹ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਨ੍ਹਾਂ ਵੋਟਰਾਂ ਨੇ ਅਜੇ ਤੱਕ ਆਪਣੇ ਐਨਿਊਮਰੇਸ਼ਨ ਫਾਰਮ ਜਮ੍ਹਾਂ ਨਹੀਂ ਕਰਵਾਏ, ਉਹ 3 ਅਗਸਤ, 2026 ਤੋਂ ਪਹਿਲਾਂ ਆਪਣੇ ਸਬੰਧਤ ਬੂਥ ਲੈਵਲ ਅਫ਼ਸਰ ਨਾਲ ਸੰਪਰਕ ਕਰਕੇ ਫਾਰਮ ਜਮ੍ਹਾਂ ਕਰਵਾਉਣ, ਤਾਂ ਜੋ ਉਨ੍ਹਾਂ ਦੇ ਵੇਰਵੇ ਸਮੇਂ ਸਿਰ ਡਿਜੀਟਲ ਰਿਕਾਰਡ ਵਿੱਚ ਸ਼ਾਮਲ ਕੀਤੇ ਜਾ ਸਕਣ।



# ਧਾਰਮਿਕ ਸਮਾਗਮਾਂ ਨਾਲ ਆਪਸੀ ਭਾਈਚਾਰੇ ਤੇ ਸਾਂਝੀਵਾਲਤਾ ਨੂੰ ਮਿਲਦੀ ਹੈ ਮਜ਼ਬੂਤੀ : ਬੈਂਸ

**ਭਲਾਣ (ਹਰਭਜਨ ਸਿੰਘ ਢਿੱਲੋਂ)** ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਦੜੋਲੀ ਅੱਪਰ ਵਿਖੇ ਖਵਾਜਾ ਪੀਰ ਜੀ ਦੇ ਪਵਿੱਤਰ ਬੇੜਾ ਛੱਡਣ ਦੀ ਰਸਮ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਸ਼ਮੂਲੀਅਤ ਕੀਤੀ। ਇਸ ਪਾਵਨ ਮੌਕੇ ਉਨ੍ਹਾਂ ਨੇ ਖਵਾਜਾ ਪੀਰ ਜੀ ਦੇ ਦਰਬਾਰ ਵਿੱਚ ਮੱਥਾ ਟੇਕ ਕੇ ਅਸੀਸਾਂ ਪ੍ਰਾਪਤ ਕੀਤੀਆਂ ਅਤੇ ਪੰਜਾਬ ਦੀ ਤਰੱਕੀ, ਖੁਸ਼ਹਾਲੀ, ਅਮਨ-ਸ਼ਾਂਤੀ, ਆਪਸੀ ਭਾਈਚਾਰੇ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ, ਧਾਰਮਿਕ ਸ਼ਖਸੀਅਤਾਂ ਅਤੇ ਪਤਵੰਤੇ ਹਾਜ਼ਰ ਸਨ, ਜਿਨ੍ਹਾਂ ਨੇ ਪੂਰੀ ਸ਼ਰਧਾ ਨਾਲ ਇਸ ਧਾਰਮਿਕ ਰਸਮ ਵਿੱਚ ਭਾਗ ਲਿਆ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਦੀ ਧਰਤੀ ਸਦੀਆਂ ਤੋਂ ਆਪਸੀ ਪਿਆਰ, ਸਦਭਾਵਨਾ ਅਤੇ ਧਾਰਮਿਕ ਸਾਂਝ ਦੀ ਪ੍ਰਤੀਕ ਰਹੀ ਹੈ। ਉਨ੍ਹਾਂ ਕਿਹਾ ਕਿ ਖਵਾਜਾ ਪੀਰ ਜੀ ਵਰਗੇ ਮਹਾਨ ਸੰਤਾਂ ਦੀਆਂ ਸਿੱਖਿਆਵਾਂ ਸਾਨੂੰ ਮਨੁੱਖਤਾ ਦੀ ਸੇਵਾ, ਭਾਈਚਾਰੇ ਅਤੇ ਆਪਸੀ ਸਤਿਕਾਰ ਦਾ ਸੰਦੇਸ਼ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਲੋਕਾਂ ਨੂੰ ਇੱਕ ਸੂਤਰ ਵਿੱਚ ਪਰੋਣ ਦੇ ਨਾਲ-ਨਾਲ ਸਮਾਜ ਵਿੱਚ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।ਇਸ ਮੌਕੇ ਬੇੜਾ ਛੱਡਣ ਦੀ ਰਸਮ ਪੂਰੀ ਧਾਰਮਿਕ ਗੀਤ-ਰਿਵਾਜਾਂ ਅਤੇ ਸ਼ਰਧਾ ਭਾਵਨਾ ਨਾਲ ਸੰਪੰਨ ਹੋਈ। ਸੰਗਤਾਂ ਨੇ ਸ਼ਰਧਾ ਨਾਲ ਦਰਬਾਰ ਵਿੱਚ ਹਾਜ਼ਰੀ ਭਰਦਿਆਂ ਅਰਦਾਸਾਂ ਕੀਤੀਆਂ ਅਤੇ ਖਵਾਜਾ ਪੀਰ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਦੀਪਕ ਸੋਨੀ ਚੈਅਰਮੈਨ ਖੱਤਰੀ ਅਰੋੜਾ ਵੈਲਫੇਅਰ ਬੋਰਡ ਜ਼ਿਲ੍ਹਾ ਰੂਪਨਗਰ, ਕੌਂਸਲਰ ਮਨਜੋਤ, ਐਡਵੋਕੇਟ ਨਿਸ਼ਾਂਤ ਗੁਪਤਾ, ਲਾਲਾ, ਮੈਨੂੰ ਪੁਰੀ, ਸ਼ਿਵ ਕੁਮਾਰ ਸਰਪੰਚ, ਪਰਤਾਪ ਸਿੰਘ, ਅਮਰਜੀਤ ਸਿੰਘ, ਕੈਪਟਨ ਸੂਬੇਦਾਰ, ਅਮਰਿੰਦਰ ਸਿੰਘ, ਅੰਜਨਾ ਕੁਮਾਰੀ ਬਲਾਕ ਸੰਮਤੀ ਮੈਂਬਰ, ਨਰੇਸ਼ ਕੁਮਾਰ, ਜਸਵੀਰ ਸਿੰਘ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।



# ਲੋਕ ਅਦਾਲਤ 'ਚ 13,08,99,9050 ਦੀ ਰਕਮ ਦੇ ਐਵਾਰਡ ਪਾਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੰਜਾਬ ਰਾਜ ਵਿੱਚ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 138 ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਹ ਵਿਸ਼ੇਸ਼ ਲੋਕ ਅਦਾਲਤ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ, ਕਾਰਜਕਾਰੀ ਮੁੱਖ ਨਿਆਂਮੂਰਤੀ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਹੇਠ ਆਯੋਜਿਤ ਕੀਤੀ ਗਈ। ਹਰੇਕ ਨਾਗਰਿਕ ਨੂੰ ਸੁਲਭ, ਸਸਤਾ ਅਤੇ ਤੁਰੰਤ ਨਿਆਂ ਪ੍ਰਦਾਨ ਕਰਨ ਦੇ ਉਦੇਸ਼ ਨੂੰ ਅੱਗੇ ਵਧਾਉਂਦਿਆਂ ਇਸ ਲੋਕ ਅਦਾਲਤ ਵਿੱਚ ਸੂਬੇ ਭਰ ਦੇ ਮੁਕੱਦਮੇਬਾਜ਼ਾਂ, ਨਿਆਂਇਕ ਅਧਿਕਾਰੀਆਂ, ਵਕੀਲਾਂ ਅਤੇ ਹੋਰ ਸਬੰਧਤ ਧਿਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਉਪਰਾਲੇ ਨਾਲ ਚੈੱਕ ਬਾਊਂਸ ਮਾਮਲਿਆਂ ਨੂੰ ਤੁਰੰਤ ਰਾਹਤ ਪ੍ਰਾਪਤ ਹੋਈ, ਸਗੋਂ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੀ ਗਿਣਤੀ ਵਿੱਚ ਵੀ ਮਹੱਤਵਪੂਰਨ ਕਮੀ ਲਿਆਉਣ ਵਿੱਚ ਯੋਗਦਾਨ ਪਾਇਆ ਗਿਆ। ਇਸ ਵਿਸ਼ੇਸ਼ ਲੋਕ ਅਦਾਲਤ ਦੌਰਾਨ ਰਾਜ ਦੇ ਸਮੂਹ ਜ਼ਿਲ੍ਹਿਆਂ ਅਤੇ ਉਪ-ਮੰਡਲਾਂ ਵਿੱਚ ਕੁੱਲ 175 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ, ਜਿਨ੍ਹਾਂ ਵਿੱਚ ਕੁੱਲ 17723 ਮਾਮਲੇ ਵਿਚਾਰ ਲਈ ਰੱਖੇ ਗਏ। ਇਨ੍ਹਾਂ ਵਿੱਚੋਂ 4871 ਮਾਮਲਿਆਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਇਸ ਸਬੰਧੀ ਕੁੱਲ ਰੁਪਏ 13,08,99,9050/- ਦੀ ਰਕਮ ਦੇ ਐਵਾਰਡ ਪਾਸ ਕੀਤੇ ਗਏ। ਇਸ ਵਿਸ਼ੇਸ਼ ਲੋਕ ਅਦਾਲਤ ਰਾਹੀਂ ਪੰਜਾਬ ਭਰ ਦੇ ਹਜ਼ਾਰਾਂ ਪ੍ਰਤੀਵਾਦੀਆਂ ਨੂੰ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਨਾਲ ਸਬੰਧਤ ਆਪਣੇ ਵਿਵਾਦਾਂ ਦਾ ਤੁਰੰਤ ਅਤੇ ਸੁਖਾਲੇ ਢੰਗ ਨਾਲ ਨਿਪਟਾਰਾ ਕਰਵਾਉਣ ਦਾ ਮੌਕਾ ਪ੍ਰਾਪਤ ਹੋਇਆ। ਇਸ ਦੌਰਾਨ ਕਈ ਲੰਬੇ ਸਮੇਂ ਤੋਂ ਲੰਬਿਤ ਪਏ ਮਾਮਲਿਆਂ ਦਾ ਵੀ ਸਫਲਤਾਪੂਰਵਕ ਨਿਪਟਾਰਾ ਕੀਤਾ ਗਿਆ।

# ਜ਼ੋਨਲ ਕਮੇਟੀ ਵੱਲੋਂ ਟੂਰਨਾਮੈਂਟ ਸੰਬੰਧੀ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਸ ਸ ਸ ਸ ਸਿੰਬਲ ਮਜਾਰਾ ਵਿਖੇ ਜੋਨਲ ਕਮੇਟੀ ਜੋਨ 10 ਸੜੋਆ ਟੂਰਨਾਮੈਂਟ ਕਮੇਟੀ ਅਤੇ ਸਮੂਹ ਸਕੂਲ ਮੁਖੀ ਅਤੇ ਖੇਡਾਂ ਨਾਲ ਸੰਬੰਧਿਤ ਅਧਿਆਪਕਾਂ ਦੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸਕੂਲੀ ਖੇਡਾਂ ਦੀ ਨੀਤੀ ਤੇ ਵਿਭਾਗੀ ਹਦਾਇਤਾਂ ਬਾਰੇ ਜਾਣਕਾਰੀ ਪ੍ਰਧਾਨ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਅਟਵਾਲ ਅਤੇ ਜਨਰਲ ਸਕੱਤਰ ਅਨੁਰਾਗ ਚੌਧਰੀ ਲੈਕਚਰਰ ਫਿਜੀਕਲ ਐਜੂਕੇਸ਼ਨ ਵੱਲੋਂ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੀਟਿੰਗ ਦੌਰਾਨ ਜਿਹੜੇ ਵਿਦਿਆਰਥੀਆਂ ਨੇ ਨੈਸ਼ਨਲ ਅਤੇ ਸਟੇਟ ਪੱਧਰ ਤੇ ਸਥਾਨ ਪ੍ਰਾਪਤ ਕੀਤੇ ਸਨ



ਉਹਨਾਂ ਦੇ ਸਰਟੀਫਿਕੇਟ ਸੰਬੰਧਿਤ ਸਕੂਲਾਂ ਨੂੰ ਦਿੱਤੇ ਗਏ ਇਸ ਸਾਲ ਦੌਰਾਨ ਕਰਵਾਏ ਜਾਣ ਵਾਲੇ ਟੂਰਨਾਮੈਂਟ ਵਿੱਚ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਭਾਗੀਦਾਰੀ ਕਰਵਾਉਣ ਸੰਬੰਧੀ ਹਦਾਇਤ ਕੀਤੀ ਗਈ। ਇਸ ਮੀਟਿੰਗ ਵਿੱਚ ਵੱਖ-ਵੱਖ ਸਕੂਲਾਂ ਦੇ ਸਕੂਲ ਮੁਖੀ, ਸਕੂਲ ਇੰਚਾਰਜ ਜਿਨਾਂ ਵਿੱਚ ਪ੍ਰਿੰਸੀਪਲ ਸ੍ਰੀ ਦੇਵਰਾਜ, ਸੁਨੀਤਾ ਕੁਮਾਰੀ ਮੁਖ ਅਧਿਆਪਕਾ, ਪਵਨ ਕੁਮਾਰ ਬੀਆਰਸੀ ਸੜੋਆ, ਸਤਵਿੰਦਰ ਸਿੰਘ ਸੈਂਭੀ, ਹਰਕੇਸ਼ ਲਾਲ, ਗੁਰ ਪਿਆਰ ਸਿੰਘ, ਬਲਵਿੰਦਰ ਕੁਮਾਰ, ਨਰਿੰਦਰ ਕੁਮਾਰ, ਅੰਮ੍ਰਿਤਪ੍ਰੀਤ ਸਿੰਘ ਨਾਗਰਾ, ਸੰਦੀਪ ਕੁਮਾਰ, ਅਮਰਜੀਤ ਸਿੰਘ, ਰੋਜੀ ਲੀਲ, ਮਨਪ੍ਰੀਤ ਕੌਰ, ਰੀਤੂ, ਇੰਦਰਜੀਤ ਕੌਰ, ਰਾਜਵੀਰ ਕੌਰ, ਪੂਜਾ, ਰਾਜਵਿੰਦਰ ਕੌਰ ਤੇ ਮਨਪ੍ਰੀਤ ਕੌਰ ਆਦਿ ਹਾਜ਼ਰ ਸਨ।

# ਗਲਤ ਪਾਰਕਿੰਗ ਕਰਨ ਵਾਲੇ 20 ਵਾਹਨਾਂ ਦੇ ਕੀਤੇ ਚਲਾਨ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**- ਸਥਾਨਕ ਸਰਕਾਰੀ ਹਸਪਤਾਲ ਦੇ ਮੁੱਖ ਗੇਟ ਦੇ ਸਾਹਮਣੇ ਨਾਜਾਇਜ਼ ਤੇ ਗਲਤ ਢੰਗ ਨਾਲ ਖੜ੍ਹੇ ਕੀਤੇ ਵਾਹਨਾਂ ਕਾਰਨ ਪੈਦਾ ਹੋ ਰਹੀ ਆਵਾਜਾਈ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ, ਡੇਰਾਬੱਸੀ ਟਰੈਫਿਕ ਪੁਲਸ ਵੱਲੋਂ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਕਾਰਵਾਈ ਦੌਰਾਨ ਰਸਤੇ ਵਿੱਚ ਅੜਿੱਕਾ ਬਣ ਰਹੇ ਕਰੀਬ 20 ਮੋਟਰਸਾਈਕਲਾਂ ਅਤੇ ਕਾਰਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ ਅਤੇ ਵਾਹਨ ਚਾਲਕਾਂ ਨੂੰ ਸਖ਼ਤ ਤਾੜਨਾ ਕੀਤੀ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਕਾਰੀ ਹਸਪਤਾਲ ਦੇ ਮੁੱਖ ਦਾਖ਼ਲਾ ਮਾਰਗ (ਐਂਟਰੀ ਗੇਟ) ਦੇ ਬਿਲਕੁਲ ਸਾਹਮਣੇ ਤੇ ਆਲੇ-ਦੁਆਲੇ ਲੋਕਾਂ ਵੱਲੋਂ ਆਪਣੇ ਵਾਹਨ ਬੇਤਰਤੀਬੇ ਢੰਗ ਨਾਲ ਪਾਰਕ ਕੀਤੇ ਜਾ ਰਹੇ ਸਨ। ਇਸ ਗਲਤ ਪਾਰਕਿੰਗ ਕਾਰਨ ਹਸਪਤਾਲ ਆਉਣ-ਜਾਣ ਵਾਲੀਆਂ ਐਂਬੂਲੈਂਸਾਂ ਨੂੰ ਅੰਦਰ ਦਾਖ਼ਲ ਹੋਣ ਅਤੇ ਬਾਹਰ ਨਿਕਲਣ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਕਈ ਵਾਰ ਐਮਰਜੈਂਸੀ ਦੀ ਹਾਲਤ ਵਿੱਚ ਮਰੀਜ਼ਾਂ ਨੂੰ ਲਿਆ ਰਹੀਆਂ ਐਂਬੂਲੈਂਸਾਂ ਜਾਮ ਵਿੱਚ ਫਸ ਜਾਂਦੀਆਂ ਸਨ, ਜਿਸ ਨਾਲ ਕੀਮਤੀ ਜਾਨਾਂ ਨੂੰ ਖ਼ਤਰਾ ਬਣਿਆ ਹੋਇਆ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਟਰੈਫਿਕ ਇੰਚਾਰਜ ਸੁਰਿੰਦਰ ਸਿੰਘ ਨੇ ਪੁਲਿਸ ਪਾਰਟੀ ਸਮੇਤ ਖੁਦ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਤੁਰੰਤ ਕਾਰਵਾਈ ਕਰਦਿਆਂ ਰਸਤੇ ਵਿੱਚ ਗਲਤ ਢੰਗ ਨਾਲ ਖੜ੍ਹੇ ਕੀਤੇ ਵਾਹਨਾਂ ਨੂੰ ਉਥੋਂ ਹਟਵਾਇਆ ਤੇ ਪੂਰੇ ਹਸਪਤਾਲ ਮਾਰਗ ਨੂੰ ਸਾਫ਼ ਕਰਵਾ ਕੇ ਆਵਾਜਾਈ ਨੂੰ ਸੁਚਾਰੂ ਬਣਾਇਆ। ਜਿਹੜੇ ਵਾਹਨ ਚਾਲਕ ਮੌਕੇ 'ਤੇ ਮੌਜੂਦ ਨਹੀਂ ਸਨ, ਉਨ੍ਹਾਂ ਦੇ ਵਾਹਨਾਂ ਦੇ ਨੰਬਰ ਨੋਟ ਕਰਕੇ ਕਾਨੂੰਨੀ ਚਲਾਨ ਕੀਤੇ ਗਏ।



# ਡਿਜੀ 100 ਐਕਸ ਮਹਾਰਾਸ਼ਟਰ ਕਾਨਫਰੰਸ 'ਚ ਗੂੰਜੀ ਰਿਆਤ ਬਾਹਰਾ ਗਰੁੱਪ ਦੀ ਮੌਜੂਦਗੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਆਰ ਬੀ ਜੀ ਆਈ) ਦੇ ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਨੇ ਮਹਾਰਾਸ਼ਟਰ ਦੇ ਕਲਿਆਣੀ ਨਗਰ ਵਿਖੇ ਆਯੋਜਿਤ ਵੱਕਾਰੀ ਡਿਜੀ100ਐਕਸ ਮਹਾਰਾਸ਼ਟਰ ਕਾਨਫਰੰਸ ਵਿੱਚ ਵਿਸ਼ੇਸ਼ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਸੰਸਥਾ ਦੀ ਪ੍ਰਭਾਵਸ਼ਾਲੀ ਨੁਮਾਇੰਦਗੀ ਕੀਤੀ। ਇਸ ਰਾਸ਼ਟਰੀ ਪੱਧਰੀ ਸਿੱਖਿਆ ਸੰਮੇਲਨ ਵਿੱਚ ਦੇਸ਼ ਭਰ ਦੇ ਪ੍ਰਸਿੱਧ ਸਿੱਖਿਆ ਸ਼ਾਸਤਰੀ, ਯੂਨੀਵਰਸਿਟੀਆਂ ਅਤੇ ਸਿੱਖਿਆ ਸੰਸਥਾਵਾਂ ਦੇ ਮੁਖੀ, ਨੀਤੀ ਨਿਰਮਾਤਾ ਅਤੇ ਉਦਯੋਗ ਜਗਤ ਦੇ ਮਾਹਿਰ ਇਕੱਠੇ ਹੋਏ। ਕਾਨਫਰੰਸ ਦੌਰਾਨ ਸਿੱਖਿਆ ਦੇ ਭਵਿੱਖ, ਨਵੀਨਤਾ, ਡਿਜੀਟਲ ਤਕਨਾਲੋਜੀ ਦੇ ਏਕੀਕਰਨ ਅਤੇ ਪਰਿਵਰਤਨਸ਼ੀਲ ਲੀਡਰਸ਼ਿਪ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਆਪਣੇ ਸੰਬੋਧਨ ਵਿੱਚ ਗੁਰਿੰਦਰ ਸਿੰਘ ਬਾਹਰਾ ਨੇ ਉੱਚ ਸਿੱਖਿਆ ਦੇ ਬਦਲਦੇ ਦ੍ਰਿਸ਼ਟੀਕੋਣ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਤੇਜ਼ੀ ਨਾਲ ਵਿਕਸਤ ਹੋ ਰਹੀ ਤਕਨਾਲੋਜੀ ਦੇ ਇਸ ਯੁੱਗ ਵਿੱਚ ਵਿਦਿਅਕ ਸੰਸਥਾਵਾਂ ਲਈ ਨਵੇਂ ਮੌਕੇ ਅਤੇ ਚੁਣੌਤੀਆਂ ਦੋਵੇਂ ਮੌਜੂਦ ਹਨ। ਉਨ੍ਹਾਂ ਉਦਯੋਗ ਅਤੇ ਅਕਾਦਮਿਕ ਸੰਸਥਾਵਾਂ ਦਰਮਿਆਨ ਮਜ਼ਬੂਤ ਸਹਿਯੋਗ, ਡਿਜੀਟਲ ਪਰਿਵਰਤਨ ਨੂੰ ਅਪਣਾਉਣ ਅਤੇ ਗੁਣਵੱਤਾ ਭਰਪੂਰ ਸਿੱਖਿਆ ਰਾਹੀਂ ਭਵਿੱਖ ਲਈ ਯੋਗ ਅਤੇ ਸਮਰੱਥ ਮਨੁੱਖੀ ਸੰਸਾਧਨ ਤਿਆਰ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਹ ਕਾਨਫਰੰਸ ਦੇਸ਼ ਦੀਆਂ ਪ੍ਰਮੁੱਖ ਸਿੱਖਿਆ ਸੰਸਥਾਵਾਂ ਅਤੇ ਸਿੱਖਿਆ ਖੇਤਰ ਨਾਲ ਜੁੜੇ ਮਾਹਿਰਾਂ ਲਈ ਵਿਚਾਰਾਂ ਦੇ ਆਦਾਨ-ਪ੍ਰਦਾਨ, ਸਰਵੋਤਮ ਕਾਰਜ-ਪ੍ਰਣਾਲੀਆਂ ਨੂੰ ਸਾਂਝਾ ਕਰਨ ਅਤੇ ਆਪਸੀ ਸਹਿਯੋਗ ਨੂੰ ਮਜ਼ਬੂਤ ਕਰਨ ਦਾ ਇੱਕ ਮਹੱਤਵਪੂਰਨ ਮੰਚ ਸਾਬਤ ਹੋਈ। ਸਮਾਗਮ ਦੌਰਾਨ ਗੁਰਿੰਦਰ ਸਿੰਘ ਬਾਹਰਾ ਨੇ ਦੇਸ਼ ਦੇ ਨਾਮਵਰ ਸਿੱਖਿਆ ਆਗੂਆਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਉੱਚ ਸਿੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਲਈ ਸਾਂਝੇ ਉਪਰਾਲਿਆਂ ਦੀਆਂ ਸੰਭਾਵਨਾਵਾਂ 'ਤੇ ਵੀ ਚਰਚਾ ਕੀਤੀ।ਉਨ੍ਹਾਂ ਦੀ ਭਾਗੀਦਾਰੀ ਨੇ ਰਿਆਤ ਬਾਹਰਾ ਗਰੁੱਪ ਦੀ ਰਾਸ਼ਟਰੀ ਪੱਧਰ 'ਤੇ ਵਧਦੀ ਸਾਖ ਅਤੇ ਸਿੱਖਿਆ ਦੇ ਭਵਿੱਖ ਨੂੰ ਦਿਸ਼ਾ ਦੇਣ ਵਾਲੇ ਮਹੱਤਵਪੂਰਨ ਮੰਚਾਂ 'ਤੇ ਇਸ ਦੀ ਸਰਗਰਮ ਭੂਮਿਕਾ ਨੂੰ ਹੋਰ ਮਜ਼ਬੂਤੀ ਨਾਲ ਉਭਾਰਿਆ।




# ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਦੀ ਕੀਤੀ ਵੰਡ



**ਡੇਰਾ ਬੱਸੀ, (ਵਿਨੈ ਕੁਮਾਰ ਜੈਨ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਣੀ ਮਾਜਰਾ ਵਿਖੇ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਐਸ.ਏ.ਐਸ. ਨਗਰ ਦੇ ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਰੁਪੇਸ਼ ਕੁਮਾਰ ਦੀ ਅਗਵਾਈ ਹੇਠ ਸਕੂਲ ਦੇ 18 ਖਿਡਾਰੀਆਂ ਨੂੰ ਸਪੋਰਟਸ ਕਿੱਟਾਂ (ਟਰੈਕ ਸੂਟ ਅਤੇ ਸਪੋਰਟਸ ਸ਼ੂਜ਼) ਵੰਡੀਆਂ ਗਈਆਂ। ਸਮਾਗਮ ਵਿੱਚ ਪਿੰਡ ਰਾਣੀ ਮਾਜਰਾ ਦੇ ਸਰਪੰਚ ਗੁਰਮੀਤ ਗਿਰ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਬਲਵਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਰੁਪੇਸ਼ ਕੁਮਾਰ ਨੇ ਸੰਬੋਧਨ ਕਰਦਿਆਂ ਕਹਿ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਉਹ ਕੌਮੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਖੇਡ ਕੇ ਪੰਜਾਬ ਦਾ ਨਾਂਅ ਰੋਸ਼ਨ ਕਰ ਸਕਣ।ਪਿੰਡ ਦੇ ਸਰਪੰਚ ਸ੍ਰੀ ਗੁਰਮੀਤ ਗਿਰ ਨੇ ਦੱਸਿਆ ਕਿ ਡੇਰਾ ਬੱਸੀ ਦੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਪਿੰਡ ਵਿੱਚ ਐਥਲੈਟਿਕਸ ਕੋਚ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੋਚ ਪ੍ਰਿਤਪਾਲ ਸਿੰਘ ਸਿੱਧੂ ਵੱਲੋਂ ਇਲਾਕੇ ਦੇ ਨੌਜਵਾਨਾਂ ਨੂੰ ਸਵੇਰੇ-ਸ਼ਾਮ ਦੌੜਾਂ, ਜੰਪ ਅਤੇ ਵੱਖ-ਵੱਖ ਖੇਡਾਂ ਦੀ ਪੇਸ਼ੇਵਰ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ?ਸਮਾਗਮ ਦੇ ਅਖੀਰ ਵਿੱਚ ਸਕੂਲ ਪ੍ਰਿੰਸੀਪਲ ਅਤੇ ਸਰਪੰਚ ਵੱਲੋਂ ਜ਼ਿਲ੍ਹਾ ਖੇਡ ਅਫ਼ਸਰ ਰੁਪੇਸ਼ ਕੁਮਾਰ ਨੂੰ ਸਨਮਾਨ-ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਐਥਲੈਟਿਕਸ ਕੋਚ ਪ੍ਰਿਤਪਾਲ ਸਿੰਘ ਸਿੱਧੂ, ਲੈਕਚਰਾਰ ਸੁੰਦਰੀ, ਲੈਕਚਰਾਰ ਜੈ ਪਾਲ, ਅਧਿਆਪਕਾ ਕਮਲਦੀਪ ਕੌਰ, ਵਿਭਾ ਮਦਾਨ ਅਤੇ ਅਧਿਆਪਕ ਰਵੀ ਕੁਮਾਰ ਸਮੇਤ ਸਕੂਲ ਸਟਾਫ਼ ਤੇ ਪਤਵੰਤੇ ਸੱਜਣ ਹਾਜ਼ਰ ਸਨ।

# ਮਹਿਤਪੁਰ ਵਿਖੇ ਚਿੱਟੇ ਮੋਤੀਆ ਦੀ ਜਾਂਚ ਲਈ ਵਿਸ਼ੇਸ਼ ਅੱਖਾਂ ਦਾ ਕੈਂਪ

**ਨਕੋਦਰ (ਮਨਜੀਤ ਮਾਨ)**

ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੰਤਮੀਤ ਸਿੰਘ ਦੀ ਅਗਵਾਈ ਹੇਠ ਪੀ.ਐੱਚ.ਸੀ. ਮਹਿਤਪੁਰ ਵਿਖੇ ਚਿੱਟੇ ਮੋਤੀਆ ਦੀ ਸਕ੍ਰੀਨਿੰਗ ਲਈ ਵਿਸ਼ੇਸ਼ ਅੱਖਾਂ ਦਾ ਕੈਂਪ ਆਯੋਜਿਤ ਕੀਤਾ ਗਿਆ।ਕੈਂਪ ਦੌਰਾਨ ਆਏ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਚਿੱਟੇ ਮੋਤੀਆ ਤੋਂ ਪੀੜਤ ਮਰੀਜ਼ਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਅਗਲੇ ਇਲਾਜ ਅਤੇ ਲੋੜ ਅਨੁਸਾਰ ਆਪ੍ਰੇਸ਼ਨ ਲਈ ਮਾਰਗਦਰਸ਼ਨ ਦਿੱਤਾ ਗਿਆ। ਨਾਲ ਹੀ ਲੋਕਾਂ ਨੂੰ ਅੱਖਾਂ ਦੀ ਸਿਹਤ ਸੰਬੰਧੀ ਜਾਗਰੂਕ ਕੀਤਾ ਗਿਆ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਕੈਂਪ ਵਿੱਚ ਡਾ. ਗੁਰਵਿੰਦਰ ਕੌਰ, ਡਾ. ਪ੍ਰਭਲੀਨ, ਡਾ. ਪੁਨੀਤ ਕੌਰ, ਡਾ. ਸੋਨੀਆ ਅਤੇ ਕਾਊਂਸਲਰ ਸੰਦੀਪ ਸਿੰਘ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਸਿਹਤ ਟੀਮ ਵੱਲੋਂ ਮਰੀਜ਼ਾਂ ਨੂੰ ਚਿੱਟੇ ਮੋਤੀਆ ਦੇ ਲੱਛਣਾਂ, ਬਚਾਅ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਸੀਨੀਅਰ ਮੈਡੀਕਲ ਅਫ਼ਸਰ ਡਾ. ਸੰਤਮੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਨਜ਼ਰ ਧੁੰਦਲੀ ਹੋਣ, ਰੌਸ਼ਨੀ ਵਿੱਚ ਤਕਲੀਫ਼ ਜਾਂ ਅੱਖਾਂ ਨਾਲ ਸੰਬੰਧਤ ਕੋਈ ਵੀ ਸਮੱਸਿਆ ਮਹਿਸੂਸ ਹੋਵੇ ਤਾਂ ਨੇੜਲੇ ਸਰਕਾਰੀ ਸਿਹਤ ਕੇਂਦਰ ਵਿੱਚ ਮੁਫ਼ਤ ਜਾਂਚ ਜ਼ਰੂਰ ਕਰਵਾਉਣ, ਤਾਂ ਜੋ ਸਮੇਂ ਸਿਰ ਇਲਾਜ ਕਰਕੇ ਨਜ਼ਰ ਨੂੰ ਸੁਰੱਖਿਅਤ ਰੱਖਿਆ ਜਾ ਸਕੇ।



# ਸ਼ੇਰਪੁਰ ਢੱਕੋਂ ਵਿਖੇ ਫਰੀ ਚੈੱਕਅੱਪ ਕੈਂਪ ਲਗਾਇਆ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਸ਼ੇਰਪੁਰ ਢੱਕੋਂ ਦੇ ਡੇਰਾ ਬਾਬਾ ਕੱਲਰਾਂ (ਸੰਤ ਬਾਬਾ ਨਰਾਇਣ ਦਾਸ ਜੀ) ਵਿਖੇ ਸੰਤ ਬਾਬਾ ਅਮਰਦਾਸ ਮਹਾਰਾਜ ਜੀ ਦੀ ਗਿਆਰਵੀਂ, ਸੰਤ ਬਾਬਾ ਰਾਮ ਕ੍ਰਿਸ਼ਨ ਮਹਾਰਾਜ ਦੀ ਪੰਜਵੀਂ ਬਰਸੀ ਅਤੇ ਸੰਤ ਬੀਬੀ ਜਵਾਲੀ ਰਾਮ ਜੀ ਦੀ 24ਵੀਂ ਬਰਸੀ ਦੇ ਸਮਾਗਮ ਮੁੱਖ ਸੇਵਾਦਾਰ ਸੰਤ



ਬਾਬਾ ਹਰਮੇਸ਼ ਦਾਸ ਮਹਾਰਾਜ ਦੀ ਅਗਵਾਹੀ ਵਿੱਚ ਸ਼ਰਧਾਪੂਰਬਕ ਮਨਾਏ ਗਏ। ਬਰਸੀ ਦੇ ਸਮਾਗਮ ਮੁੱਖ ਸੇਵਾਦਾਰ ਸੰਤ ਬਾਬਾ ਹਰਮੇਸ਼ ਦਾਸ ਮਹਾਰਾਜ ਦੀ ਅਗਵਾਹੀ ਵਿੱਚ ਸ਼ਰਧਾਪੂਰਬਕ ਮਨਾਏ ਗਏ। ਇਨ੍ਹਾਂ ਬਰਸੀਂ ਸਮਾਗਮਾਂ ਮੌਕੇ ਅਰੋਗਿਆ ਆਯੁਰਵੈਦਿਕ ਕਲੀਨਿਕ ਤੇ ਸਿਮਰਨ ਆਯੁਰਵੈਦਿਕ ਫਾਰਮੈਸੀ ਪਿੰਡ ਖੜਕਾਂ ਵੱਲੋਂ ਫਰੀ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਡੇਰਾ ਕੱਲਰਾਂ ਦੇ ਮੁੱਖ ਗੱਦੀ ਨਸ਼ੀਨ ਸੇਵਾਦਾਰ ਸੰਤ ਬਾਬਾ ਹਰਮੇਸ਼ ਦਾਸ ਵੱਲੋਂ ਆਪਣੇ ਸ਼ੁੱਭ ਕਰ ਕਮਲਾਂ ਨਾਲ ਕੀਤਾ ਗਿਆ ਜਿਸ ਵਿੱਚ 1960 ਮਰੀਜ਼ਾਂ ਦਾ ਮੁਆਇੰਨਾਂ ਕਰਕੇ ਮਾਹਰ ਵੈਦ ਸਹਿਬਾਨਾਂ ਦੀ ਟੀਮ ਵੱਲੋਂ ਦਵਾਈਆਂ ਫ੍ਰੀ ਦਿੱਤੀਆਂ ਗਈਆਂ। ਇਸ ਕੈਂਪ ਦਾ ਆਯੋਜਨ ਮੁੱਖ ਵੈਦ ਬਲਜਿੰਦਰ ਰਾਮ ਖੜਕਾ ਤੇ ਵੈਦ ਸਿਮਰਨ ਕੌਰ ਦੀ ਵਿਸ਼ੇਸ਼ ਅਗਵਾਹੀ ਵਿੱਚ ਕੀਤਾ ਗਿਆ। ਕੈਂਪ ਮੌਕੇ ਤੇ ਮੁੱਖ ਵੈਦ ਬਲਜਿੰਦਰ ਰਾਮ ਖੜਕਾ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਦੱਸਿਆ ਕਿ ਆਯੁਰਵੈਦਿਕ ਦਵਾਈਆਂ ਰਿਸ਼ੀਆਂ, ਮੁੰਨੀਆਂ ਦੇ ਸਮੇਂ ਤੋਂ ਚੱਲੀਆਂ ਆ ਰਹੀਆਂ ਹਨ ਜੋ ਕਿ ਸਾਨੂੰ ਕੁਦਰਤ ਦੀ ਦੇਣ ਹੈ ਤੇ ਕੁਦਰਤ ਵੱਲੋਂ ਦਿੱਤੀਆਂ ਗਈਆਂ ਜੜੀਆਂ ਬੂਟੀਆਂ ਨਾਲ ਬਣੀਆਂ ਦਵਾਈਆਂ ਸਰੀਰਕ ਰੋਗ ਜੜ੍ਹ ਤੋਂ ਖਤਮ ਕਰਦੀਆਂ ਹਨ। ਜਿਨ੍ਹਾਂ ਦਾ ਸਰੀਰ ਤੇ ਕੋਈ ਮਾੜਾ ਨੁਕਸਾਨ ਨਹੀਂ ਹੁੰਦਾ, ਸਗੋ ਫਾਇਦਾ ਹੀ ਹੁੰਦਾ ਹੈ। ਇਸ ਕੈਂਪ ਮੌਕੇ ਤੇ ਵੈਦ ਬਲਜਿੰਦਰ ਰਾਮ, ਵੈਦ ਸਿਮਰਨ ਕੌਰ, ਵੈਦ ਗੁਰਪ੍ਰੀਤ ਕੌਰ, ਵੈਦ ਅੰਸ਼, ਵੈਦ ਲੁਕੇਸ਼ ਕੁਮਾਰ, ਵੈਦ ਰੂਪੀਕਾ ਵਤੀ ਨਵਾਂ ਸ਼ਹਿਰ, ਵੈਦ ਇੰਦਰਜੀਤ ਸਿੰਘ, ਵੈਦ ਚਰਨਜੀਤ, ਵੈਦ ਸਹਿਜਪ੍ਰੀਤ, ਵੈਦ ਵਿਵੇਕ, ਵੈਦ ਹਰਬੰਸ ਤੋਂ ਇਲਾਵਾ ਡਾ. ਸ਼ਿਵਾਨੀ ਚੰਡੀਗੜ੍ਹ, ਡਾ. ਕਰੁਨਾ ਸ਼ਰਮਾਂ, ਡਾ. ਮੁਕੇਸ਼ ਕੁਮਾਰ, ਡਾ. ਤੁਲੀਕਾ, ਡਾ. ਬਲਦੇਵ ਅਤੇ ਸ਼੍ਰੀ ਧਨਵੰਤਰੀ ਪ੍ਰਾਈਵੇਟ ਲਿਮਿਟਿਡ ਤੋਂ ਡਾ. ਜੇ.ਪੀ ਸਿੰਘ ਵੱਲੋਂ ਬੀ.ਐਮ.ਡੀ ਅਤੇ ਸ਼ੂਗਰ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਡੇਰਾ ਸੰਤ ਬਾਬਾ ਪ੍ਰੀਤਮ ਦਾਸ ਜੀ ਬਾਬੇ ਜੌੜੇ (ਰਾਏਪੁਰ ਰਸੂਲਪੁਰ) ਜਲੰਧਰ ਤੋਂ ਸੰਤ ਬਾਬਾ ਨਿਰਮਲ ਦਾਸ ਜੀ ਤੇ ਭੈਣ ਸੰਤੋਸ਼ ਕੁਮਾਰੀ, ਹਲਕਾ ਐੱਮ ਐੱਲ ਏ ਇਸ਼ਾਤ ਕੁਮਾਰ ਵੀ ਆਪਣੇ ਸਾਥੀਆਂ ਸਮੇਤ ਉਚੇਚੇ ਤੌਰ ਤੇ ਹਾਜ਼ਰ ਹੋਏ।

# ਫਰੀ ਮੈਡੀਕਲ ਕੈਂਪ ਲਗਾਇਆ ਗਿਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ



ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ।ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਸਿੰਘ ਸਭਾ ਪਿੰਡ ਪ੍ਰੇਮਪੁਰ 173 ਵਾਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਡਾਕਟਰਾਂ ਦੀ ਟੀਮ ਨੇ 130 ਮਰੀਜ਼ਾਂ ਦਾ ਚੈੱਕਅੱਪ ਕਰਕੇ ਫਰੀ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਗੁਰੂ ਘਰ ਵਜ਼ੀਰ ਭਾਈ ਅਜੀਤ ਸਿੰਘ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ,ਭਗਵਾਨ ਸਿੰਘ ਖਾਲਸਾ ਜਗਜੀਤਪੁਰ, ਬਲਜੀਤ ਸਿੰਘ ਬਿੱਲਾ ਅਜਨੋਹਾ ਓਕਾਰ ਸਿੰਘ ਖਾਲਸਾ ਨੂਰੜ,ਡਾਕਟਰ ਤਰਸੇਮ ਸਿੰਘ, ਡਾਕਟਰ ਸੂਬੇਦਾਰ ਬਲਦੇਵ ਸਿੰਘ ਕਾਲਰਾ, ਡਾਕਟਰ ਸਤਨਾਮ ਸਿੰਘ ਖਾਲਸਾ, ਲੈਬ ਟੈਕਨੀਸ਼ਨ ਮਨਦੀਪ ਕੌਰ, ਰਾਜਦੀਪ ਕੌਰ ਪਾਸ਼ਟਾਂ, ਸੰਦੀਪ ਕੌਰ , ਸਰਪੰਚ ਰਾਣੋ, ਸੁਰਜੀਤ ਸਿੰਘ,ਗੁਰਮੇਲ ਸਿੰਘ ਹਰਨੇਕ ਸਿੰਘ, ਤਰਲੋਚਨ ਸਿੰਘ,ਚੈਨ ਸਿੰਘ, ਨਰਿੰਦਰ ਸਿੰਘ, ਮਨਜੋਤ ਸਿੰਘ, ਅੰਮ੍ਰਿਤਪਾਲ ਸਿੰਘ, ਅਮਨ ਸਿੰਘ, ਸੁਰਿੰਦਰ ਸਿੰਘ ਗੱਗੂ, ਸਨੀ, ਪਰਸੀਨੀ ਦੇਵੀ, ਜਸਵਿੰਦਰ ਕੌਰ, ਪਰਮਜੀਤ ਕੌਰ, ਗਿਆਨ ਕੌਰ, ਹਰਜਿੰਦਰ ਕੌਰ ਅਤੇ ਬਲਵਿੰਦਰ ਕੌਰ ਆਦਿ ਹਾਜ਼ਰ ਸਨ।

# ਨਾਇਬ ਸਿੰਘ ਸੈਣੀ ਨੇ ਦਰਬਾਰ ਬਾਪੂ ਲਾਲ ਬਾਦਸ਼ਾਹ ਵਿਖੇ ਤਿੰਨ ਰੋਜ਼ਾ ਮੇਲੇ 'ਚ ਕੀਤੀ ਸ਼ਿਰਕਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਲਮਸਤ ਬਾਪੂ ਲਾਲ ਬਾਦਸ਼ਾਹ ਦਾ ਜੀਵਨ ਪਿਆਰ, ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਏਕਤਾ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਦਾ ਸੰਦੇਸ਼ ਸੀ ਕਿ ਜਿੱਥੇ ਸੱਚਾ ਪਿਆਰ ਹੁੰਦਾ ਹੈ, ਉੱਥੇ ਵਿਤਕਰੇ ਲਈ ਕੋਈ ਥਾਂ ਨਹੀਂ ਹੁੰਦੀ। ਮੁੱਖ ਮੰਤਰੀ ਸੋਮਵਾਰ ਨੂੰ ਜਲੰਧਰ ਦੇ ਨਕੋਦਰ ਵਿੱਚ ਸਥਿਤ ਦਰਬਾਰ ਬਾਪੂ ਲਾਲ ਬਾਦਸ਼ਾਹ ਜੀ ਵਿਖੇ ਮਨਾਏ ਜਾ ਰਹੇ 43ਵੇਂ ਤਿੰਨ ਰੋਜ਼ਾ ਮੇਲੇ ਵਿੱਚ ਸ਼ਿਰਕਤ ਕਰ ਰਹੇ ਸਨ। ਇਸ ਦੌਰਾਨ ਬਾਪੂ ਲਾਲ ਬਾਦਸ਼ਾਹ ਦਰਗਾਹ ਦੇ ਗੱਦੀਨਸ਼ੀਨ ਅਤੇ ਸਾਬਕਾ ਸੰਸਦ ਮੈਂਬਰ ਹੰਸਰਾਜ ਹੰਸ ਵੀ ਮੌਜੂਦ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਸ ਦੌਰਾਨ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਲਮਸਤ ਬਾਪੂ ਲਾਲ ਬਾਦਸ਼ਾਹ ਜੀ ਦੀ ਪਵਿੱਤਰ ਧਰਤੀ ਨਕੋਦਰ ਵਿੱਚ ਆ ਕੇ ਉਨ੍ਹਾਂ ਨੂੰ ਬਹੁਤ ਸੁਭਾਗ ਅਤੇ ਮਾਣ ਮਹਿਸੂਸ ਹੋ ਰਿਹਾ ਹੈ।

# ਭਾਈ ਘਨੱਈਆ ਜੀ ਸੇਵਾ ਸਮਿਤੀ ਵੱਲੋਂ ਲੋੜਵੰਦ ਨੂੰ ਟਰਾਈ ਸਾਈਕਲ ਭੇਟ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਮਨੁੱਖਤਾ ਦੀ ਭਲਾਈ ਅਤੇ ਸੇਵਾ ਲਈ ਯਤਨਸ਼ੀਲ ਭਾਈ ਘਨੱਈਆ ਜੀ ਸੇਵਾ ਸਮਿਤੀ ਖੁੱਡਾ ਵੱਲੋਂ ਆਪਣੇ ਸਮਾਜ ਸੇਵੀ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਪਿੰਡ ਮੂਨਕਾ ਦੇ ਇੱਕ ਲੋੜਵੰਦ ਨੂੰ ਟਰਾਈ ਸਾਈਕਲ ਦਿੱਤਾ ਗਿਆ। ਸੇਵਾ ਸਮਿਤੀ ਦੇ ਮੁੱਖ ਪ੍ਰਬੰਧਕ ਸੇਵਾਦਾਰ ਜਸਵਿੰਦਰ ਸਿੰਘ ਜੀ.ਐਮ ਰੇਲਵੇ ਵੱਲੋਂ ਹੋਰਨਾਂ ਸੇਵਾਦਾਰ ਮੈਂਬਰਾਂ ਦੀ ਹਾਜ਼ਰੀ ਵਿੱਚ ਇਹ ਟਰਾਈ ਸਾਈਕਲ ਭੇਟ ਕਰਦੇ ਹੋਏ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਹੋਰਨਾ ਕਾਰਜਾਂ ਸੰਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਜੀ.ਐਮ ਰੇਲਵੇ ਜਸਵਿੰਦਰ ਸਿੰਘ ਨੇ ਦੱਸਿਆ ਕਿ ਸੇਵਾ ਸਮਿਤੀ ਵੱਲੋਂ ਸਰਕਾਰੀ ਪ੍ਰਾਇਮਰੀ ਦੀ ਬਿਹਤਰੀ ਵਾਸਤੇ ਪ੍ਰਿੰਟਰ ਵੀ ਸਕੂਲ ਨੂੰ ਦਿੱਤਾ ਗਿਆ ਹੈ। ਇਸ ਮੌਕੇ ਸਰਬੱਤ ਦਾ ਭਲਾ ਸੇਵਾ ਸੋਸਾਇਟੀ ਮੂਨਕਾ ਦੇ ਮੁੱਖ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੂਨਕ, ਸਰਪੰਚ ਮਨਵੀਰ ਸਿੰਘ, ਸੇਵੀ ਰੂਪ ਲਾਲ ਕਲਸੀਆ, ਸਮਾਜ ਸੇਵੀ ਅਮਰਜੀਤ ਕਲਸੀਆ ਤੇ ਪਰਦੀਪ ਸਿੰਘ ਨੇ ਭਾਈ ਘਨ੍ਹਈਆ ਜੀ ਸੇਵਾ ਸਮਿਤੀ ਖੁਦਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਇਸ ਸੋਸਾਇਟੀ ਵੱਲੋਂ ਹਰ ਸਾਲ ਹੀ ਵੱਡੀ ਪੱਧਰ ਤੇ ਮੁਫਤ ਮੈਗਾ ਮੈਡੀਕਲ ਚੈਕ ਅਪ ਕੈਂਪ ਲੋੜਵੰਦ ਵਿਦਿਆਰਥੀਆਂ ਨੂੰ ਵਜ਼ੀਫੇ ਵਰਦੀਆਂ ਅਤੇ ਹੋਰ ਸਮਾਨ ਦੇਣ ਤੋਂ ਇਲਾਵਾ ਸਰਕਾਰੀ ਪ੍ਰਾਇਮਰੀ ਸਕੂਲ ਰਲਹਣ ਦੀ ਬਿਹਤਰੀ ਵਾਸਤੇ ਵੀ ਯੋਗਦਾਨ ਪਾਇਆ ਜਾਂਦਾ ਹੈ।ਇਸ ਸਮੇਂ ਹਾਜ਼ਰ ਸਮੂਹ ਸੇਵਾਦਾਰਾਂ ਨੇ ਦੱਸਿਆ ਕਿ ਸੋਸਾਇਟੀ ਦੇ ਸਹਿਯੋਗ ਨਾਲ ਆਉਣ ਵਾਲੇ ਸਮੇਂ ਵਿੱਚ ਪਿੰਡ ਰਲਹਣ ਅਤੇ ਇਸ ਦੇ ਆਸ ਪਾਸ ਵਾਤਾਵਰਨ ਦੀ ਸੇਵਾ ਸੰਭਾਲ ਦੇ ਮੱਦੇ ਨਜ਼ਰ ਵੱਖ-ਵੱਖ ਤਰ੍ਹਾਂ ਦੇ ਪੌਦੇ ਵੀ ਲਗਾਏ ਜਾਣਗੇ।



## ਕਾਂਗਰਸ ਤੇ ਅਕਾਲੀ ਦਲ ਛੱਡ ਕੇ 130 ਤੋਂ ਵਧੇਰੇ ਮਹਿਲਾਵਾਂ 'ਆਪ' 'ਚ ਸ਼ਾਮਲ

### ਮਹਿਲਾਵਾਂ ਨੇ ਸਰਕਾਰ ਦੀਆਂ ਨੀਤੀਆਂ 'ਤੇ ਭਰੋਸਾ ਜਤਾਇਆ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ 130 ਤੋਂ ਵਧੇਰੇ ਮਹਿਲਾਵਾਂ ਨੇ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਛੱਡ ਕੇ 'ਆਪ' ਦਾ ਪੱਲਾ ਫੜ ਲਿਆ।ਇਹ ਸ਼ਮੂਲੀਅਤ ਆਮ ਆਦਮੀ ਪਾਰਟੀ ਮਹਿਲਾ ਵਿੰਗ ਪੰਜਾਬ ਦੀ ਪ੍ਰਧਾਨ ਤੇ ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਕਰਵਾਈ ਗਈ।ਇਸ ਮੌਕੇ ਮਹਿਲਾਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਯੋਜਨਾਵਾਂ, ਖ਼ਾਸ ਕਰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਿਲ ਰਹੀ ਸਨਮਾਨ ਰਾਸ਼ੀ ਤੇ ਸਰਕਾਰ ਦੇ ਵਿਕਾਸਮੁਖੀ ਕੰਮਾਂ ਤੋਂ ਪ੍ਰਭਾਵਿਤ ਹੋਕੇ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈਆਂ ਹਨ।ਡਾ. ਅਮਨਦੀਪ ਕੌਰ ਅਰੋੜਾ ਨੇ ਪਾਰਟੀ ਵਿੱਚ ਸ਼ਾਮਲ ਹੋਈਆਂ ਸਾਰੀਆਂ ਮਹਿਲਾਵਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਮਹਿਲਾਵਾਂ ਦਾ ਲਗਾਤਾਰ ਵੱਧ ਰਿਹਾ ਵਿਸ਼ਵਾਸ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਪੰਜਾਬ ਨਿਵਾਸੀ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੋਂ ਅਤਿਅੰਤ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਪਾਰਟੀ ਹਮੇਸ਼ਾ ਮਹਿਲਾ ਸਸ਼ਕਤੀਕਰਨ ਤੇ ਲੋਕ ਭਲਾਈ ਲਈ ਵਚਨਬੱਧ ਰਹੀ ਹੈ ਅਤੇ ਅੱਗੇ ਵੀ ਇਸੇ ਤਰ੍ਹਾਂ ਕੰਮ ਕਰਦੀ ਰਹੇਗੀ।ਇਸ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਈਆਂ ਮਹਿਲਾਵਾਂ ਨੇ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਯਤਨਸ਼ੀਲ ਰਹਿਣਗੀਆਂ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੀ ਜਿੱਤ ਯਕੀਨੀ ਬਣਾਉਣਗੀਆਂ।

## ਅਕਾਲੀ ਆਗੂਆਂ ਤੇ ਵਰਕਰਾਂ ਨਾਲ ਕਲੇਰ ਨੇ ਕੀਤੀ ਮੀਟਿੰਗ



**ਜਗਰਾਓਂ (ਅਮਿਤ ਖੰਨਾ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਜਗਰਾਓਂ ਸ੍ਰੀ ਐੱਸ. ਆਰ. ਕਲੇਰ ਵੱਲੋਂ ਸਰਕਲ ਸਬ ਅਰਬਨ ਜਗਰਾਓਂ ਦੇ ਪਿੰਡ ਕੋਠੇ ਅੱਠ ਚੱਕ ਵਿਖੇ ਅਕਾਲੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਪਾਰਟੀ ਨੂੰ ਬੂਥ ਪੱਧਰ 'ਤੇ ਹੋਰ ਮਜ਼ਬੂਤ ਕਰਨ ਤੇ ਸੰਗਠਨਾਤਮਕ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਜਗਤਾਰ ਸਿੰਘ ਗਿੱਲ, ਜਸਜੀਤ ਸਿੰਘ, ਜਗਰੂਪ ਸਿੰਘ, ਅਮਰਜੀਤ ਸਿੰਘ (ਸਾਬਕਾ ਸਰਪੰਚ), ਜਗਰੂਪ ਸਿੰਘ ਮੈਂਬਰ, ਡਾ. ਗੁਰਮੀਤ ਸਿੰਘ, ਜਿੰਦਰ ਸਿੰਘ, ਮਿਲਾਪ ਸਿੰਘ ਧਾਲੀਵਾਲ ਗਿਆਨੀ, ਮੈਂਬਰ ਕੇਵਲ ਸਿੰਘ ਤੇ ਹੋਰ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

## ਰੇਲਵੇ ਪਾਣੀ ਸੇਵਾ ਦਲ ਨੇ ਸਟੇਸ਼ਨ 'ਤੇ ਲਗਾਇਆ ਲੰਗਰ



**ਮਾਨਸਾ (ਆਤਮਾ ਸਿੰਘ ਪਮਾਰ)**-ਰੇਲਵੇ ਪਾਣੀ ਸੇਵਾ ਦਲ ਮਾਨਸਾ ਵੱਲੋਂ ਰੇਲ ਯਾਤਰੀਆਂ ਤੇ ਆਮ ਲੋਕਾਂ ਲਈ ਰੇਲਵੇ ਸਟੇਸ਼ਨ ਮਾਨਸਾ 'ਤੇ ਸ਼ਨੀਵਾਰ ਨੂੰ ਤੰਦੂਰੀ ਮਿੱਸੀ ਰੋਟੀ ਤੇ ਦਾਲ ਮੱਖਣੀ ਦਾ ਲੰਗਰ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਲਗਾਇਆ ਗਿਆ।ਲੰਗਰ ਦੀ ਸ਼ੁਰੂਆਤ 11 ਕੰਜਕਾਂ ਦੇ ਪੂਜਣ ਨਾਲ ਹੋਈ।ਰੇਲਵੇ ਪਾਣੀ ਸੇਵਾ ਦਲ ਦੇ ਪ੍ਰਧਾਨ ਹਰਬੰਸ ਭੀਲਾ, ਸਕੱਤਰ ਪੂਰਨ ਸਿੰਘ, ਮੱਖਣ ਗੋਇਲ ਨੰਗਲ ਮੀਡੀਆ ਇੰਚਾਰਜ, ਸਤੀਸ਼ ਬੌਬੀ ਖਜ਼ਾਨਚੀ ਤੇ ਰਮੇਸ਼ ਵਰਮਾ ਮੀਤ ਪ੍ਰਧਾਨ ਨੇ ਲੰਗਰ ਲਈ ਦਾਨ ਕਰਨ ਵਾਲੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ।ਲੰਗਰ 'ਚ ਸਹਿਯੋਗ ਲਈ ਕੌਂਸਲਰ ਅਰਪਿਤ ਸਿੰਗਲਾ ਤੇ ਪ੍ਰਵੀਨ ਟੋਨੀ ਵੀ ਹਾਜ਼ਰ ਹੋਏ।ਉਨ੍ਹਾਂ ਇਸ ਕਾਰਜ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਰੁਝੇਵਿਆਂ ਭਰੇ ਸਮੇਂ 'ਚ ਅਜਿਹੇ ਸੇਵਾ ਦੇ ਕਾਰਜ ਕਰਨੇ ਬਹੁਤ ਔਖੇ ਹਨ, ਪ੍ਰੰਤੂ ਰੇਲਵੇ ਪਾਣੀ ਸੇਵਾ ਦਲ ਇਸ ਸੇਵਾ ਲਈ ਵਧਾਈ ਦਾ ਹੱਕਦਾਰ ਹੈ।ਇਸ ਮੌਕੇ ਕਮੇਟੀ ਮੈਂਬਰ ਭਾਨਾ ਨੰਗਲੀਆ, ਵਰਿੰਦਰ ਭਲਵਾਨ, ਤੇਲੂ ਰਾਮ ਸਾਬਕਾ ਪ੍ਰਧਾਨ, ਵਿਜੈ ਕੁਮਾਰ, ਰਾਜਿੰਦਰ ਭੰਮੇ, ਅਨਿਲ ਬਾਂਸਲ, ਚਿਮਨ ਲਾਲ, ਬਲਕਰਨ ਮਾਨਸਾਹੀਆ, ਵਿਜੈ ਕੁਮਾਰ ਜਗਨ ਕੋਕਲਾ, ਕਸ਼ਮੀਰ ਕਟੋਦੀਆਂ, ਮਨਜੀਤ ਸਿੰਘ, ਮੋਹਨ ਮੋਹਨੀ, ਬਸੰਤ ਰਾਮ, ਮਦਨ ਲਾਲ, ਸੁਰਜੀਤ ਫੌਜੀ, ਰਾਜ ਕੁਮਾਰ ਸਿੰਗਲਾ, ਚੰਨੀ ਬੰਟੀ, ਚਾਨਣ ਸ਼ਰਮਾ ਤੋਂ ਇਲਾਵਾ ਸਮੁੱਚੇ ਸੇਵਾਦਾਰ ਤੇ ਮੁਲਾਜ਼ਮ ਆਗੂ ਬਿੱਕਰ ਮੰਘਾਣੀਆਂ ਨੇ ਤਨੋਂ ਮਨੋਂ ਸੇਵਾ ਕੀਤੀ।

## ਮਨਿੰਦਰ ਕਪਿਆਲ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ, ਵਰਕਰਾਂ 'ਚ ਭਾਰੀ ਉਤਸ਼ਾਹ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਵੱਲੋਂ ਮਨਿੰਦਰ ਸਿੰਘ ਕਪਿਆਲ ਨੂੰ ਸੰਗਰੂਰ ਦਾ ਨਵਾਂ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਨਾਲ ਪੂਰੇ ਜ਼ਿਲ੍ਹੇ ਦੇ ਭਾਜਪਾ ਵਰਕਰਾਂ ਤੇ ਆਗੂਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ।ਨਵੀਂ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਅੱਜ ਜ਼ਿਲ੍ਹਾ ਪ੍ਰਧਾਨ ਮਨਿੰਦਰ ਸਿੰਘ ਕਪਿਆਲ ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਸੂਬਾ ਸਕੱਤਰ ਜਤਿੰਦਰ ਕਾਲੜਾ ਦੇ ਗ੍ਰਹਿ ਵਿਖੇ ਮੁਲਾਕਾਤ ਕਰਨ ਪਹੁੰਚੇ।ਇਸ ਮੌਕੇ ਜਤਿੰਦਰ ਕਾਲੜਾ ਤੇ ਉਨ੍ਹਾਂ ਦੇ ਧਰਮਪਤਨੀ ਆਰਤੀ ਕਾਲੜਾ (ਸਾਬਕਾ ਐੱਮ.ਸੀ. ਸੰਗਰੂਰ) ਵੱਲੋਂ ਨਵ-ਨਿਯੁਕਤ ਪ੍ਰਧਾਨ ਦਾ ਨਿੱਘਾ ਸਵਾਗਤ ਕੀਤਾ ਗਿਆ।ਉਨ੍ਹਾਂ ਨੇ ਮਨਿੰਦਰ ਸਿੰਘ ਕਪਿਆਲ ਨੂੰ ਸਿਰੋਪਾਓ ਪਾ ਕੇ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਤੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ?ਇਸ ਮੌਕੇ ਭਾਜਪਾ ਪੰਜਾਬ ਦੇ ਸੂਬਾ ਕਾਰਜਕਾਰਨੀ ਮੈਂਬਰ ਐਡਵੋਕੇਟ ਲਲਿਤ ਗਰਗ ਤੇ ਸੀਨੀਅਰ ਆਗੂ ਜਤਿੰਦਰ ਕਾਲੜਾ ਨੇ ਮਨਿੰਦਰ ਸਿੰਘ ਕਪਿਆਲ ਦੀ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।

## ਕ੍ਰਿਸ਼ਨ ਧਰਮਸੋਤ ਨੂੰ ਚੇਅਰਮੈਨ ਨਿਯੁਕਤ ਕਰਨ 'ਤੇ ਕੀਤਾ ਸਨਮਾਨਤ



**ਨਾਭਾ (ਅਮਨ ਗਰਗ)**-ਆਪ ਆਗੂ ਤੇ ਪਿਛਲੇ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਨਾਲ ਜੁੜ ਕੇ ਪਾਰਟੀ ਦੀ ਸੇਵਾ ਕਰ ਰਹੇ ਕ੍ਰਿਸ਼ਨ ਸਿੰਘ ਧਰਮਸੋਤ ਨੂੰ ਉਨ੍ਹਾਂ ਦੀ ਪਾਰਟੀ ਪ੍ਰਤੀ ਸੇਵਾ ਨੂੰ ਦੇਖਦੇ ਹੋਏ ਵਿਮੁਕਤ ਜਾਤੀ ਭਲਾਈ ਬੋਰਡ ਹਲਕਾ ਨਾਭਾ ਦਾ ਚੇਅਰਮੈਨ ਨਿਯੁਕਤ ਕਰਨ 'ਤੇ ਗੁਰੂ ਤੇਗ ਬਹਾਦਰ ਨਗਰ ਨਿਵਾਸੀਆਂ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਸਰਪੰਚ ਰਣਜੀਤ ਸਿੰਘ ਜੱਜ, ਸਰਪੰਚ ਬਹਾਦਰ ਸਿੰਘ, ਸਰਪੰਚ ਗੋਨਾ ਗਰਗ, ਗੋਲੂ ਪ੍ਰਧਾਨ, ਬਬਲੂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਉਪਰੋਕਤ ਸਾਰਿਆਂ ਨੇ ਕਿਹਾ ਕਿ ਕ੍ਰਿਸ਼ਨ ਸਿੰਘ ਧਰਮਸੋਤ ਇੱਕ ਮਿਹਨਤੀ ਵਰਕਰ ਹਨ ਤੇ ਪਾਰਟੀ ਨੇ ਉਨ੍ਹਾਂ ਨੂੰ ਚੇਅਰਮੈਨ ਬਣਾ ਕੇ ਵੱਡਾ ਸਨਮਾਨ ਦਿੱਤਾ ਹੈ।ਆਸ ਕਰਦੇ ਹਾਂ ਕਿ ਉਹ ਇਸੇ ਤਰ੍ਹਾਂ ਪਾਰਟੀ ਦੀ ਸੇਵਾ ਕਰਦੇ ਰਹਿਣਗੇ।ਇਸ ਮੌਕੇ ਕ੍ਰਿਸ਼ਨ ਸਿੰਘ ਧਰਮਸੋਤ ਨੇ ਸਨਮਾਨਤ ਕਰਨ ਲਈ ਸਮੂਹ ਸਰਪੰਚਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਮੈਨੂੰ ਜੋ ਸੇਵਾ ਸੌਂਪੀ ਹੈ, ਮੈਂ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ ਤੇ ਪਹਿਲਾਂ ਦੀ ਤਰ੍ਹਾਂ ਪਾਰਟੀ ਦੀ ਤਰੱਕੀ ਲਈ ਦਿਨ-ਰਾਤ ਸੇਵਾ ਕਰਦਾ ਰਹਾਂਗਾ।ਇਸ ਮੌਕੇ ਕ੍ਰਿਸ਼ਨ ਸਿੰਘ ਧਰਮਸੋਤ ਨੇ ਸਮੁੱਚੀ ਪਾਰਟੀ ਹਾਈ ਕਮਾਂਡ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਇਕ ਦੇਵ ਮਾਨ, ਕੈਬਨਿਟ ਮੰਤਰੀ ਅਮਨ ਅਰੋੜਾ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਤੇਜਿੰਦਰ ਸਿੰਘ ਖਹਿਰਾ ਦਾ ਧੰਨਵਾਦ ਕੀਤਾ।

## ਜੈ ਸ੍ਰੀ ਰਾਮ ਸੇਵਾ ਸਮਿਤੀ ਵੱਲੋਂ ਖ਼ੂਨਦਾਨ ਕੈਂਪ



**ਨਾਭਾ (ਅਮਨ ਗਰਗ)**-ਜੈ ਸ੍ਰੀ ਰਾਮ ਸੇਵਾ ਸਮਿਤੀ ਨਾਭਾ ਵੱਲੋਂ ਚੌਥਾ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਖ਼ੂਨਦਾਨ ਕੈਂਪ ਸ੍ਰੀ ਹਨੂੰਮਾਨ ਮੰਦਰ ਬਠਿੰਡੀਆਂ ਮੁਹੱਲਾ ਨਾਭਾ ਵਿਖੇ ਲਗਾਇਆ ਗਿਆ।ਕੈਂਪ ਵਿੱਚ ਬਲੱਡ ਬੈਂਕ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਡਾਕਟਰਾਂ ਦੀ ਟੀਮ ਵੱਲੋਂ 60 ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਪ੍ਰਧਾਨ ਮੋਹਿਤ ਅਰੋੜਾ, ਕੈਸ਼ੀਅਰ ਸੰਜੀਵ ਜਿੰਦਲ ਤੇ ਸਮੂਹ ਮੈਂਬਰਾਂ ਵੱਲੋਂ ਆਈਆਂ ਹੋਈਆਂ ਸ਼ਖ਼ਸੀਅਤਾਂ ਤੇ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਕੌਂਸਲਰ ਯਾਦਵਿੰਦਰ ਯਾਦੂ, ਪ੍ਰਿੰਸੀਪਲ ਅਸ਼ਵਨੀ ਮਦਾਨ, ਲੇਖ ਰਾਜ ਰਾਣਾ ਰਜਨੀਸ਼ ਕੁਮਾਰ ਸੋਨੂ, ਅਨਿਲ ਖੱਟਰ ਨੰਨ੍ਹੀ ਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੇ ਜੈ ਸ੍ਰੀ ਰਾਮ ਸੇਵਾ ਸਮਿਤੀ (ਰਜਿ.) ਨਾਭਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਕੈਸ਼ੀਅਰ ਸੰਜੀਵ ਜਿੰਦਲ, ਸੈਕਟਰੀ ਕਮਲ ਚੋਪੜਾ, ਵਿਕਾਸ ਮਿੱਤਲ, ਚੇਅਰਮੈਨ ਸ਼ਿਵ ਕੌਸ਼ਲ, ਦਿਵਿਜ ਜਿੰਦਲ, ਮਹਿੰਦਰ ਪਾਲ ਗਰਗ, ਕੇਸ਼ਵ ਗਰਗ, ਵਿਕਾਸ ਮਿੱਤਲ, ਕੇਸ਼ਵ ਗਰਗ, ਅਜੇ ਸਿੰਗਲਾ, ਜਤਿਨ ਗੁਪਤਾ, ਸੰਜੀਵ ਜਿੰਦਲ ਸ਼ਾਲੂ, ਤਰੁਣ ਗੁਪਤਾ, ਗਿਰੀਸ਼ ਬਾਂਸਲ, ਕੌਸ਼ਲ ਸਿੰਗਲਾ, ਨਿਤਿਨ ਵਰਮਾ, ਅਜੇ ਸੰਮੀ, ਮਯੰਕ ਸਹਿਗਲ, ਹਰਸ਼ਿਤ ਗਰਗ ਆਦਿ ਹਾਜ਼ਰ ਸਨ।

## ਬਰਸਟ ਵੱਲੋਂ ਹਲਕਾ ਸਮਾਣਾ ਦੇ ਕੌਂਸਲਰਾਂ ਤੇ ਪੱਤਰਕਾਰਾਂ ਦਾ ਸਨਮਾਨ



**ਸਮਾਣਾ (ਗੁਰਪਿਆਰ ਸਿੰਘ ਬੱਲ)**

ਜੌਹਰੀ ਪਰਿਵਾਰ ਵੱਲੋਂ ਨਗਰ ਕੌਂਸਲ ਸਮਾਣਾ ਦੇ ਕੌਂਸਲਰਾਂ ਤੇ ਪੱਤਰਕਾਰਾਂ ਨੂੰ ਸਨਮਾਨਤ ਕਰਨ ਲਈ ਜੌਹਰੀ ਬੇਨਕੁਐਟ ਹਾਲ ਵਿਖੇ ਵਿਸ਼ੇਸ਼ ਸਨਮਾਨ ਸਮਾਰੋਹ ਕੀਤਾ ਗਿਆ।ਸਮਾਰੋਹ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਸ੍ਰ. ਬਰਸਟ ਵੱਲੋਂ ਵੱਖ-ਵੱਖ ਵਾਰਡਾਂ ਦੇ ਨਵੇਂ ਕੌਂਸਲਰਾਂ ਸਮੇਤ ਪੱਤਰਕਾਰਾਂ ਨਾਲ ਵਿਸ਼ੇਸ਼ ਮਿਲਣੀ ਕੀਤੀ ਗਈ।ਸਮਾਰੋਹ ਵਿੱਚ ਵਾਰਡ ਨੰ. 16 ਦੇ ਕੌਂਸਲਰ ਬੇਅੰਤ ਸਿੰਘ ਪੱਪੀ, ਵਾਰਡ ਨੰ. 14 ਦੇ ਕੌਂਸਲਰ ਹਰਪ੍ਰੀਤ ਸਿੰਘ ਕੂਕਾ, ਵਾਰਡ ਨੰ. 3 ਦੀ ਕੌਂਸਲਰ ਰੇਨੂ ਸ਼ਰਮਾ ਦੇ ਪਤੀ ਯਤਿੰਦਰ ਸ਼ਰਮਾ, ਵਾਰਡ ਨੰ. 21 ਦੀ ਕੌਂਸਲਰ ਨਰਿੰਦਰ ਕੌਰ ਦੇ ਪਤੀ ਗੁਰਪ੍ਰੀਤ ਸਿੰਘ, ਵਾਰਡ ਨੰ. 9 ਦੀ ਕੌਂਸਲਰ ਮਨਜੀਤ ਕੌਰ ਦੇ ਪਤੀ ਪਰਮਿੰਦਰ ਸਿੰਘ ਗੋਲਡੀ ਤੇ ਵਾਰਡ ਨੰ. 4 ਦੇ ਕੌਂਸਲਰ ਗੋਪਾਲ ਕ੍ਰਿਸ਼ਨ ਦੇ ਭਰਾ ਕਾਲਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਸ੍ਰ. ਬਰਸਟ ਨੇ ਕੌਂਸਲਰਾਂ ਤੇ ਪੱਤਰਕਾਰ ਭਾਈਚਾਰੇ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਉਨ੍ਹਾ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਤਰੱਕੀ ਤੇ ਵਿਕਾਸ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਪੰਜਾਬ ਸਰਕਾਰ ਨੇ ਸੂਬੇ ਦੇ ਹਰ ਵਰਗ ਲਈ ਇਤਿਹਾਸਕ ਫ਼ੈਸਲੇ ਲਏ ਹਨ।ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ, ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ, ਸਕੂਲ ਆਫ਼ ਐਮੀਨੈਂਸ ਵਰਗੇ ਲੋਕ-ਪੱਖੀ ਉਪਰਾਲਿਆਂ ਨੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਤੇ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾਵੇ, ਤਾਂ ਜੋ ਲੋਕ ਵੱਧ ਤੋਂ ਵੱਧ ਇਨ੍ਹਾਂ ਦਾ ਲਾਭ ਲੈ ਸਕਣ।ਅਖੀਰ ਵਿੱਚ ਜੌਹਰੀ ਪਰਿਵਾਰ ਵੱਲੋਂ ਸਮਾਰੋਹ ਵਿੱਚ ਪਹੁੰਚੇ ਸਾਰੇ ਮੁੱਖ ਮਹਿਮਾਨਾਂ, ਕੌਂਸਲਰਾਂ ਤੇ ਪੱਤਰਕਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਜੌਹਰੀ ਨਗਰ ਜੌਹਰੀ, ਸਤਪਾਲ ਜੌਹਰੀ, ਡਾ. ਕੇ. ਕੇ. ਜੌਹਰੀ, ਨਰਿੰਦਰ ਸਿੰਘ ਸਰਪੰਚ ਬਰਸਟ, ਦਰਸ਼ਨ ਮਿੱਤਲ ਪ੍ਰਧਾਨ ਅਗਰਵਾਲ ਧਰਮਸ਼ਾਲਾ, ਜੀਵਨ ਗਰਗ ਸਾਬਕਾ ਪ੍ਰਧਾਨ ਅਗਰਵਾਲ ਧਰਮਸ਼ਾਲਾ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਯਸ਼ਪਾਲ ਸਾਬਕਾ ਪ੍ਰਧਾਨ ਨਗਰ ਕੌਂਸਲ ਤੇ ਹੋਰਨਾਂ ਸਮੇਤ ਸਮੂਹ ਪੱਤਰਕਾਰ ਭਾਈਚਾਰਾ ਮੌਜੂਦ ਰਿਹਾ।

## ਸ਼ਹੀਦ ਊਧਮ ਸਿੰਘ ਦੇ ਆਦਮ-ਕੱਦ ਬੁੱਤ ਦਾ ਉਦਘਾਟਨ 25 ਨੂੰ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਅੰਤਰਰਾਸ਼ਟਰੀ ਸਰਵ ਕੰਬੋਜ ਸਮਾਜ ਸਭਾ ਦੇ ਰਾਸ਼ਟਰੀ ਪ੍ਰਧਾਨ ਇਕਬਾਲ ਚੰਦ ਪਾਲਾ ਬੱਟੀ ਨੇ ਦੱਸਿਆ ਕਿ ਦੇਸ਼ ਦੇ ਮਹਾਨ ਕ੍ਰਾਂਤੀਕਾਰੀ ਤੇ ਸ਼੍ਰੋਮਣੀ ਸ਼ਹੀਦ ਸ. ਊਧਮ ਸਿੰਘ ਜੀ ਦੇ ਆਦਮ ਕੱਦ ਬੁੱਤ ਦਾ ਉਦਘਾਟਨ 25 ਜੁਲਾਈ ਸ਼ਨੀਵਾਰ ਨੂੰ ਸ਼ਾਮ 4 ਵਜੇ ਦੇਸ਼ ਦੀ ਰਾਜਧਾਨੀ ਨਵੀਂ ਦਿੱਲੀ ਵਿਖੇ ਕੀਤਾ ਜਾ ਰਿਹਾ ਹੈ।ਇਸ ਇਤਿਹਾਸਕ ਸਮਾਗਮ ਵਿੱਚ ਦੇਸ਼ ਭਰ ਤੋਂ ਸਮਾਜਿਕ, ਧਾਰਮਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਦੇ ਨਾਲ-ਨਾਲ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਹੀਦ ਨੂੰ ਪ੍ਰੇਮ ਕਰਨ ਵਾਲੇ ਲੋਕ ਸ਼ਾਮਲ ਹੋਣਗੇ।

ਇਕਬਾਲ ਚੰਦ ਪਾਲਾ ਬੱਟੀ ਨੇ ਸਮੂਹ ਪੰਜਾਬ ਵਾਸੀਆਂ, ਖ਼ਾਸ ਕਰਕੇ ਸ਼ਹੀਦ ਨੂੰ ਪਿਆਰ ਕਰਨ ਵਾਲਿਆਂ ਸੰਸਥਾਵਾਂ ਤੇ ਦੇਸ਼ ਭਰ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 25 ਜੁਲਾਈ ਨੂੰ ਸ਼ਾਮ 4 ਵਜੇ ਨਵੀਂ ਦਿੱਲੀ ਵਿਖੇ ਹੋਣ ਵਾਲੇ ਇਸ ਇਤਿਹਾਸਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਹੁੰਚ ਕੇ ਸ਼੍ਰੋਮਣੀ ਸ਼ਹੀਦ ਊਧਮ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਤੇ ਉਨ੍ਹਾਂ ਦੇ ਮਹਾਨ ਬਲਿਦਾਨ ਨੂੰ ਸਲਾਮ ਕਰਨ।

## ਟੁੱਟੀ ਸੜਕ ਦੀ ਮੁਰੰਮਤ ਨਾ ਹੋਣ ਕਾਰਨ ਲੋਕਾਂ 'ਚ ਰੋਸ, ਪ੍ਰਸ਼ਾਸਨ ਖਾਮੋਸ਼

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਦੀ ਮੁੱਖ ਸੜਕ ਦਿਆਲਪੁਰਾ ਰੋਡ ਵਾਲੀ ਪਿਛਲੇ ਲੰਬੇ ਸਮੇਂ ਤੋਂ ਬਦਹਾਲੀ ਦਾ ਸ਼ਿਕਾਰ ਹੈ, ਜਿਸ ਕਾਰਨ ਥਾਂ-ਥਾਂ ਪਏ ਵੱਡੇ-ਵੱਡੇ ਟੋਇਆਂ ਕਾਰਨ ਰਾਹਗੀਰਾਂ ਦਾ ਲੰਘਣਾ ਦੁੱਭਰ ਹੋਇਆ ਪਿਆ ਹੈ।ਸੜਕ ਦੇ ਟੁੱਟਣ ਨਾਲ ਹਰ ਵਾਹਨ ਦੇ ਲੰਘਣ ਸਮੇਂ ਗੁਬਾਰ ਵਾਂਗ ਉੱਡਦੀ ਧੂੜ ਨੇ ਲੋਕਾਂ ਦਾ ਸਾਹ ਲੈਣਾ ਵੀ ਔਖਾ ਕਰ ਦਿੱਤਾ ਹੈ।ਸੜਕ ਕਿਨਾਰੇ ਰਹਿੰਦੇ ਵਸਨੀਕਾਂ ਦਾ ਕਹਿਣਾ ਹੈ ਕਿ ਦਿਨ ਭਰ ਉੱਡਦੀ ਧੂੜ ਕਾਰਨ ਘਰਾਂ ਦੇ ਬੂਹੇ-ਬਾਰੀਆਂ ਬੰਦ ਰੱਖਣੀਆਂ ਪੈਂਦੀਆਂ ਹਨ, ਫਿਰ ਵੀ ਘਰ ਦੇ ਅੰਦਰ ਧੂੜ ਦੀ ਪਰਤ ਜੰਮ ਜਾਂਦੀ ਹੈ।ਬਜ਼ੁਰਗਾਂ ਤੇ ਬੱਚਿਆਂ ਨੂੰ ਸਾਹ ਦੀ ਤਕਲੀਫ਼, ਖੰਘ ਤੇ ਅੱਖਾਂ ਵਿੱਚ ਜਲਨ ਵਰਗੀਆਂ ਸ਼ਿਕਾਇਤਾਂ ਆਮ ਹੋ ਗਈਆਂ ਹਨ।ਰਸਤੇ ਦੇ ਨਾਲ-ਨਾਲ ਲੱਗੀਆਂ ਦੁਕਾਨਾਂ ਦੇ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਧੂੜ ਕਾਰਨ ਸਾਮਾਨ ਖ਼ਰਾਬ ਹੋ ਰਿਹਾ ਹੈ ਤੇ ਗਾਹਕ ਵੀ ਘੱਟ ਆਉਂਦੇ ਹਨ।ਸੜਕ ਦੀ ਖ਼ਸਤਾ ਹਾਲਤ ਕਾਰਨ ਦੋਪਹੀਆ ਵਾਹਨ ਚਾਲਕਾਂ ਨੂੰ ਸੰਤੁਲਨ ਬਣਾਈ ਰੱਖਣਾ ਮੁਸ਼ਕਲ ਹੋ ਜਾਂਦਾ ਹੈ ਤੇ ਅਕਸਰ ਹਾਦਸੇ ਵਾਪਰਨ ਦਾ ਖ਼ਦਸ਼ਾ ਬਣਿਆ ਰਹਿੰਦਾ ਹੈ।ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਸੜਕ ਦੀ ਮੁਰੰਮਤ ਲਈ ਕਈ ਵਾਰ ਸਬੰਧਤ ਵਿਭਾਗ ਤੇ ਨਗਰ ਕੌਂਸਲ ਨੂੰ ਸ਼ਿਕਾਇਤਾਂ ਦਿੱਤੀਆਂ ਜਾ ਚੁੱਕੀਆਂ ਹਨ, ਪਰ ਹਾਲੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ।ਲੋਕਾਂ ਨੇ ਮੰਗ ਕੀਤੀ ਹੈ ਕਿ ਸੜਕ ਦੀ ਜਲਦ ਮੁਰੰਮਤ ਕਰਵਾਈ ਜਾਵੇ ਤੇ ਧੂੜ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਪਾਣੀ ਦਾ ਛਿੜਕਾਅ ਕਰਵਾਇਆ ਜਾਵੇ, ਨਹੀਂ ਤਾਂ ਲੋਕ ਧਰਨਾ ਦੇਣ ਲਈ ਮਜਬੂਰ ਹੋਣਗੇ।

## ਲਾਇਨਜ਼ ਕਲੱਬ ਵੱਲੋਂ ਵਾਤਾਵਰਣ ਸੰਭਾਲ ਮੁਹਿੰਮ ਸ਼ੁਰੂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਵਾਤਾਵਰਨ ਦੀ ਸੰਭਾਲ ਤੇ ਹਰਿਆਵਲ ਨੂੰ ਪ੍ਰੋਤਸਾਹਤ ਕਰਨ ਦੇ ਉਦੇਸ਼ ਨਾਲ ਲਾਇਨਜ਼ ਕਲੱਬ ਗਿੱਦੜਬਾਹਾ ਵੱਲੋਂ ਪ੍ਰਧਾਨ ਲਾਇਨ ਅਸ਼ੋਕ ਕੁਮਾਰ ਗਰਗ (ਪੱਪੂ) ਪੰਜਾਬ ਬੀਜ ਭੰਡਾਰ ਦੀ ਪ੍ਰਧਾਨਗੀ ਹੇਠ ਰੁੱਖ ਲਗਾਉਣ ਤੇ ਹਰਬਲ ਪੌਦੇ ਵੰਡਣ ਦੀ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੀ ਸ਼ੁਰੂਆਤ ਨਗਰ ਕੌਂਸਲ ਗਿੱਦੜਬਾਹਾ ਦੇ ਪ੍ਰਧਾਨ ਐਡਵੋਕੇਟ ਗੌਰਵ ਜੈਨ ਚੀਨੂੰ ਵੱਲੋਂ ਕੀਤੀ ਗਈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪਾਸਟ ਜ਼ਿਲ੍ਹਾ ਗਵਰਨਰ ਲਾਇਨ ਦਰਸ਼ਨ ਮੋਂਗਾ, ਪ੍ਰੋਜੈਕਟ ਚੇਅਰਮੈਨ ਲਾਇਨ ਸੰਜੀਵ ਦੁੱਗਲ ਤੇ ਪ੍ਰਧਾਨ ਲਾਇਨ ਅਸ਼ੋਕ ਕੁਮਾਰ ਗਰਗ ਨੇ ਦੱਸਿਆ ਕਿ ਅੱਜ ਇਸ ਮੁਹਿੰਮ ਤਹਿਤ ਸੈਂਕੜਿਆਂ ਦੀ ਗਿਣਤੀ ਵਿੱਚ ਸਹੁੰਜਨ, ਤੁਲਸੀ, ਬੇਲਗਿਰੀ, ਹਾਰ-ਸ਼ਿੰਗਾਰ, ਕੜੀ ਪੱਤਾ, ਲੈਮਨ ਗਰਾਸ ਆਦਿ ਦੇ ਵੱਖ-ਵੱਖ ਕਿਸਮਾਂ ਦੇ ਹਰਬਲ ਤੇ ਛਾਂਦਾਰ ਪੌਦੇ ਲੋਕਾਂ ਨੂੰ ਮੁਫ਼ਤ ਵੰਡੇ ਗਏ।ਇਸ ਮੌਕੇ ਰੀਜਨ ਚੇਅਰਮੈਨ ਲਾਇਨ ਰਾਹੁਲ ਗਰਗ ਨੇ ਕਿਹਾ ਕਿ ਵਧ ਰਹੇ ਪ੍ਰਦੂਸ਼ਣ ਤੇ ਗਲੋਬਲ ਵਾਰਮਿੰਗ ਦੇ ਪ੍ਰਭਾਵਾਂ ਨੂੰ ਘਟਾਉਣ ਲਈ ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣਾ ਚਾਹੀਦਾ ਹੈ।ਉਨ੍ਹਾਂ ਲੋਕਾਂ ਨੂੰ ਸਿਰਫ਼ ਪੌਦੇ ਲਗਾਉਣ ਹੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਨ ਲਈ ਵੀ ਪ੍ਰੇਰਿਤ ਕੀਤਾ।ਨਗਰ ਕੌਂਸਲ ਪ੍ਰਧਾਨ ਐਡਵੋਕੇਟ ਗੌਰਵ ਜੈਨ ਨੇ ਲਾਇਨਜ਼ ਕਲੱਬ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਵਾਤਾਵਰਣ ਸੰਭਾਲ ਦੇ ਨਾਲ-ਨਾਲ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਵੀ ਬਹੁਤ ਲਾਭਦਾਇਕ ਸਾਬਿਤ ਹੁੰਦੀਆਂ ਹਨ।ਉਨ੍ਹਾਂ ਨੇ ਸਮੂਹ ਨਾਗਰਿਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਹਰਿਆਲੀ ਵਧਾਉਣ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਲਾਇਨ ਸੰਜੀਵ ਦੁੱਗਲ, ਸਕੱਤਰ ਲਾਇਨ ਬਲਕਾਰ ਸਿੰਘ, ਲਾਇਨ ਸੁਰਿੰਦਰ ਬਾਂਸਲ, ਲਾਇਨ ਜਸਕਰਨ ਸਦਿਓੜਾ ਪੀਆਰਓ ਤੇ ਲਾਇਨ ਸਾਹਿਲ ਬਾਂਸਲ ਆਦਿ ਵੀ ਮੌਜੂਦ ਸਨ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਵੱਲੋਂ ਲਹਿਰਾ ਵਿਖੇ ਅਸੈਂਬਲੀ ਪੱਧਰ ਦੀ ਰੈਲੀ



**ਮੂਨਕ (ਰਾਜਪਾਲ ਸਿੰਗਲਾ)**

ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਵੱਲੋਂ ਲਹਿਰਾ ਹਲਕੇ ਦੇ ਮਲਾਣਾ ਪੈਲੇਸ ਵਿਖੇ ਅਸੈਂਬਲੀ ਪੱਧਰ ਦੀ ਰੈਲੀ ਕਰਵਾਈ ਗਈ।ਰੈਲੀ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਇਸ ਸਮੇਂ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵਿਗੜ ਰਹੀ ਹੈ ਤੇ ਗੈਂਗਸਟਰਵਾਦ ਤੇ ਫਿਰੌਤੀ ਮੰਗਣ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਅਸੁਰੱਖਿਆ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਵੀਹ ਸਾਲ ਪਹਿਲਾਂ ਦੇ ਬਿਹਾਰ ਵਰਗੀ ਸਥਿਤੀ ਵੱਲ ਧੱਕਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਬੇਰੁਜ਼ਗਾਰੀ ਲਗਾਤਾਰ ਵੱਧ ਰਹੀ ਹੈ, ਜਦਕਿ ਪੰਜਾਬ ਦੀ ਪਛਾਣ, ਵਿਰਾਸਤ ਤੇ ਸੱਭਿਆਚਾਰ ਨੂੰ ਬਦਲਣ ਦੇ ਯਤਨ ਕੀਤੇ ਜਾ ਰਹੇ ਹਨ।ਗਿਆਨੀ ਹਰਪ੍ਰੀਤ ਸਿੰਘ ਨੇ ਦੋਸ਼ ਲਾਇਆ ਕਿ ਲੋਕਾਂ ਦੇ ਅਸਲ ਮੁੱਦਿਆਂ ਤੋਂ ਧਿਆਨ ਹਟਾਉਣ ਲਈ ਬੇਲੋੜੇ ਵਿਵਾਦ ਖੜ੍ਹੇ ਕੀਤੇ ਜਾ ਰਹੇ ਹਨ ਤੇ ਲੋਕਾਂ ਨੂੰ ਹਕੀਕੀ ਸਮੱਸਿਆਵਾਂ ਦੀ ਬਜਾਏ ਹੋਰ ਮਸਲਿਆਂ ਵਿੱਚ ਉਲਝਾਇਆ ਜਾ ਰਿਹਾ ਹੈ, ਜੋ ਸੂਬੇ ਦੇ ਭਵਿੱਖ ਲਈ ਚਿੰਤਾਜਨਕ ਹੈ।

ਉਨ੍ਹਾਂ ਕਿਹਾ ਕਿ ਪੁਨਰ ਸੁਰਜੀਤ ਅਕਾਲੀ ਦਲ ਪੰਥ ਤੇ ਪੰਜਾਬ ਦੇ ਹੱਕਾਂ, ਲੋਕਤੰਤਰਿਕ ਕਦਰਾਂ-ਕੀਮਤਾਂ ਤੇ ਅਕਾਲੀ ਦਲ ਦੀ ਮੂਲ ਵਿਚਾਰਧਾਰਾ ਨੂੰ ਮਜ਼ਬੂਤ ਕਰਨ ਲਈ ਯਤਨਸ਼ੀਲ ਹੈ।ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਆਲੋਚਨਾ ਕਰਦਿਆਂ ਕਿਹਾ ਕਿ ਉਸ ਦੀਆਂ ਨੀਤੀਆਂ ਤੇ ਫ਼ੈਸਲਿਆਂ ਕਾਰਨ ਅਕਾਲੀ ਦਲ ਨੂੰ ਵੱਡਾ ਸਿਆਸੀ ਨੁਕਸਾਨ ਹੋਇਆ ਹੈ।ਉਨ੍ਹਾਂ ਪਾਰਟੀ ਵਰਕਰਾਂ ਨੂੰ ਪੰਜਾਬ ਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ।ਸਮਾਗਮ ਦੌਰਾਨ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਇਸ ਭਿਆਨਕ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦਾ ਉਹ ਦਿਲੋਂ ਧੰਨਵਾਦ ਕਰਦੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਉਤਸ਼ਾਹ ਪਾਰਟੀ ਦੀ ਸੋਚ ਤੇ ਪੰਜਾਬ ਦੇ ਭਵਿੱਖ ਪ੍ਰਤੀ ਉਨ੍ਹਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਵਿੱਚ ਨੌਜਵਾਨਾਂ ਦੀ ਭੂਮਿਕਾ ਬਹੁਤ ਅਹਿਮ ਹੈ।

ਇਸ ਮੌਕੇ ਜ਼ਿਲ੍ਹਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ, ਗੁਰਸੰਤ ਸਿੰਘ ਭੁਟਾਲ, ਨਫਾ ਸਿੰਘ ਭੁਲਣ, ਜਸਵੰਤ ਸਿੰਘ ਹੈਪੀ, ਗੁਰਮੀਤ ਸਿੰਘ ਹਾਂਡਾ, ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ, ਕਾਬਲ ਸਿੰਘ ਸੇਖੋਂ, ਰਜੇਸ਼ ਕੁਮਾਰ ਰੱਜਾ, ਜਸਵੰਤ ਸਿੰਘ ਹੈਪੀ, ਚਮਕੌਰ ਸਿੰਘ ਬਾਦਲਗੜ੍ਹ, ਵਿਸਾਖਾ ਸਿੰਘ ਮਕੋਰੜ, ਰਾਮਪਾਲ ਸਿੰਘ ਬੇੜੀ, ਕੁਲਦੀਪ ਸਿੰਘ ਫੌਜੀ, ਭੀਮ ਸੇਨ ਗਰਗ, ਰਘਵੀਰ ਬਨਾਰਸੀ, ਇੰਦਰ ਅਨਦਾਨਾ, ਗੁਰਸੇਵਕ ਸਿੰਘ ਮਨਿਆਣਾ, ਪਰਮਜੀਤ ਸਿੰਘ ਨਵਾਂਗਾਓਂ, ਸੰਜੇ ਤੋਤੂ, ਲਾ ਲਹਿਰਾ, ਮਹੀਪਾਲ ਭੂਲਣ, ਬਲਜੀਤ ਸਿੰਘ ਗੁਲਾੜੀ, ਸਤਵੀਰ ਸ਼ਾਸਤਰੀ, ਗੋਰਾ ਪ੍ਰਧਾਨ ਹਮੀਰਗੜ੍ਹ ਤੋਂ ਇਲਾਵਾ ਭਾਰੀ ਗਿਣਤੀ 'ਚ ਆਗੂ ਤੇ ਵਰਕਰ ਮੌਜੂਦ ਸਨ।

## ਰਾਤ ਸਮੇਂ ਲਗਦੇ ਬਿਜਲੀ ਕੱਟਾਂ ਦਾ ਤੁਰੰਤ ਹੱਲ ਕਰੇ ਸਰਕਾਰ : ਸ਼ਾਦੀਪੁਰ, ਗਨੌਰ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਸਰਕਲ ਪ੍ਰਧਾਨ ਨਿਰਮੈਲ ਗਨੌਰ ਨੇ ਸਨੌਰ ਬਿਜਲੀ ਗਰਿੱਡ ਅਧੀਨ ਆਉਂਦੇ ਪਿੰਡਾਂ ਵਿੱਚ ਰਾਤ ਸਮੇਂ ਲੱਗ ਰਹੇ ਲੰਬੇ ਬਿਜਲੀ ਕੱਟਾਂ ਨੂੰ ਲੈ ਕੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੇ ਬਿਜਲੀ ਵਿਭਾਗ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕੇ ਹਨ।ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਵੱਡੀ ਅਣਗਹਿਲੀ ਹੈ ਕਿ ਲੋਕਾਂ ਨੂੰ ਗਰਮੀ ਦੇ ਮੌਸਮ ਵਿੱਚ ਰਾਤ ਭਰ ਬਿਜਲੀ ਤੋਂ ਵਾਂਝਾ ਰਹਿਣਾ ਪੈ ਰਿਹਾ ਹੈ, ਨਿਰਮੈਲ ਗਨੌਰ ਨੇ ਕਿਹਾ ਕਿ ਸਨੌਰ ਬਿਜਲੀ ਗਰਿੱਡ ਅਧੀਨ ਆਉਂਦੇ ਕਈ ਪਿੰਡਾਂ ਵਿੱਚ ਹਰ ਰੋਜ਼ ਰਾਤ ਵੇਲੇ ਘੰਟਿਆਂ ਬਿਜਲੀ ਬੰਦ ਰਹਿੰਦੀ ਹੈ, ਜਿਸ ਕਾਰਨ ਬਜ਼ੁਰਗਾਂ, ਬੱਚਿਆਂ, ਮਰੀਜ਼ਾਂ ਤੇ ਆਮ ਲੋਕਾਂ ਦਾ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।

ਇਸ ਮੌਕੇ ਫੋਨ 'ਤੇ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਨੇ ਕਿਹਾ ਕਿ ਸਨੌਰ ਗਰਿੱਡ ਅਧੀਨ ਪਿੰਡਾਂ ਵਿੱਚ ਲਗਾਤਾਰ ਬਿਜਲੀ ਕੱਟਾਂ ਨੇ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਜੇਕਰ ਭਗਵੰਤ ਮਾਨ ਸਰਕਾਰ ਤੇ ਬਿਜਲੀ ਵਿਭਾਗ ਨੇ ਇਸ ਗੰਭੀਰ ਸਮੱਸਿਆ ਦਾ ਤੁਰੰਤ ਹੱਲ ਨਾ ਕੀਤਾ ਤਾਂ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਲੋਕਾਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਤੇ ਬਿਜਲੀ ਵਿਭਾਗ ਦੀ ਹੋਵੇਗੀ। ਯੂਨੀਅਨ ਆਗੂਆਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਨੌਰ ਬਿਜਲੀ ਗਰਿੱਡ ਅਧੀਨ ਆਉਂਦੇ ਸਾਰੇ ਪਿੰਡਾਂ ਵਿੱਚ ਰਾਤ ਸਮੇਂ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਭਾਰੀ ਗਰਮੀ ਤੇ ਲਗਾਤਾਰ ਬਿਜਲੀ ਕੱਟਾਂ ਤੋਂ ਰਾਹਤ ਮਿਲ ਸਕੇ।

## ਕੰਟਰੈਕਟ ਇੰਸਟਰਕਟਰ ਯੂਨੀਅਨ ਦੇ ਅਹੁਦੇਦਾਰਾਂ ਨੇ ਕੀਤੀ ਮੀਟਿੰਗ

**ਕੋਟਕਪੂਰਾ (ਰਛਪਾਲ ਭੁੱਲਰ)**

ਆਲ ਪੰਜਾਬ ਡੀ.ਐੱਸ.ਟੀ.ਸੀ.ਟੀ.ਐੱਸ. ਕੰਟਰੈਕਟ ਇੰਸਟਰਕਟਰ ਯੂਨੀਅਨ ਦੇ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਹੋਈ।ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਅਸੀਂ ਪੰਜਾਬ ਦੀਆਂ ਸਰਕਾਰੀ ਆਈ.ਟੀ.ਆਈ. ਵਿੱਚ ਬਹੁਤ ਹੀ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਾਂ।ਸਾਡੀ ਭਰਤੀ ਪੂਰੇ ਪਾਰਦਰਸ਼ੀ ਤਰੀਕੇ ਨਾਲ ਹੋਈ ਹੈ ਤੇ ਅਸੀਂ ਆਪਣੀਆਂ ਇਸ ਪੋਸਟ ਸਬੰਧੀ ਯੋਗਤਾਵਾਂ ਵੀ ਪੂਰੀਆਂ ਕਰਦੇ ਹਾਂ, ਬਹੁਤ ਹੀ ਲੰਮੇ ਸਮੇਂ ਤੋਂ ਲਗਾਤਾਰ ਸੰਘਰਸ਼ ਤੋਂ ਬਾਅਦ ਬਹੁਤ ਵਾਰ ਮੁੱਖ ਮੰਤਰੀ ਭਗਵੰਤ ਮਾਨ ਤਕਨੀਕੀ ਸਿੱਖਿਆ ਮੰਤਰੀ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਸ ਵਿੱਚ ਉਨ੍ਹਾਂ ਸਾਡੀਆਂ ਜਾਇਜ਼ ਮੰਗਾਂ ਜਿਵੇਂ ਕਿ 58 ਸਾਲ ਤੱਕ ਸੇਵਾ ਸੁਰੱਖਿਆ ਦੇ ਕੇ ਵਿਭਾਗ ਅਧੀਨ ਕਰਕੇ ਤਨਖਾਹਾਂ ਵਿੱਚ ਵਾਧਾ ਕਰਨ ਉੱਪਰ ਵਿਸ਼ਵਾਸ ਦਿਵਾਇਆ ਕਿ ਬਹੁਤ ਜਲਦ ਹੀ ਤੁਹਾਨੂੰ ਵਿਭਾਗ ਅਧੀਨ ਲੈ ਕੇ ਤੁਹਾਡੀਆਂ ਤਨਖਾਹਾਂ ਵਿੱਚ ਵਾਧਾ ਕਰ ਦਿੱਤਾ ਜਾਵੇਗਾ, ਪਰ ਹੁਣ ਸਰਕਾਰ ਆਪਣੇ ਵਾਅਦਿਆਂ ਤੋਂ ਭੱਜਦੀ ਨਜ਼ਰ ਆ ਰਹੀ ਹੈ। ਇਸ ਤੋਂ ਤੰਗ ਆ ਕੇ ਯੂਨੀਅਨ ਵੱਲੋਂ ਸਰਕਾਰ ਨੂੰ ਇਹ ਚੁਣੌਤੀ ਦਿੰਦਿਆਂ ਕਿਹਾ ਗਿਆ ਹੈ ਕਿ ਜੇਕਰ ਇਸ ਭਾਰਤੀ ਤੋਂ ਪਹਿਲਾਂ ਕੁਝ ਹੀ ਦਿਨਾਂ ਵਿੱਚ ਸਾਡੇ ਨਾਲ ਕੀਤੇ ਵਾਅਦੇ ਅਨੁਸਾਰ ਸਾਡੀਆਂ ਜਾਇਜ਼ ਮੰਗਾਂ ਨੂੰ ਪੂਰਾ ਨਾ ਕਰਦੇ ਹੋਏ ਸਾਨੂੰ ਵਿਭਾਗ ਅਧੀਨ ਜਾਂ ਕਿਸੇ ਪੋਲਸੀ ਵਿੱਚ ਨਾ ਪਾਇਆ ਗਿਆ ਅਤੇ ਸਾਡੇ ਸਬੰਧ ਵਿੱਚ ਕੋਈ ਪੋਲਸੀ ਦੇ ਨੋਟੀਫਿਕੇਸ਼ਨ ਜਾਰੀ ਨਾ ਕੀਤਾ ਗਿਆ ਤਾਂ ਆਉਣ ਵਾਲੀ 25 ਜੁਲਾਈ ਨੂੰ ਸੰਗਰੂਰ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਵਿੱਚ ਜੇਕਰ ਕਿਸੇ ਪ੍ਰਕਾਰ ਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਤੇ ਤਕਨੀਕੀ ਸਿੱਖਿਆ ਵਿਭਾਗ ਦੀ ਹੋਵੇਗੀ।ਇਸ ਸਮੇਂ ਯੂਨੀਅਨ ਦੇ ਪ੍ਰਧਾਨ ਕਿਰਨਦੀਪ ਸਿੰਘ ਰੁਪਾਣਾ, ਵਾਈਸ ਪ੍ਰਧਾਨ ਸਿਮਰਨਜੀਤ ਸਿੰਘ, ਪ੍ਰਦੀਪ ਸਿੰਘ, ਹਰਪ੍ਰੀਤ ਸਿੰਘ, ਸੁਖਬੀਰ ਸਿੰਘ, ਗੁਰਜੀਤ ਸਿੰਘ, ਸਵਰਨ ਸਿੰਘ ਸ਼ਮਸ਼ੇਰ ਸਿੰਘ, ਮਨਪ੍ਰੀਤ ਸਿੰਘ, ਰਣਜੀਤ ਸਿੰਘ ਆਦਿ ਹਾਜ਼ਰ ਸਨ।

## ਜਮਹੂਰੀ ਅਧਿਕਾਰ ਸਭਾ ਬਠਿੰਡਾ ਦਾ ਜ਼ਿਲ੍ਹਾ ਅਜਲਾਸ ਸੰਪੰਨ

### ਬੱਗਾ ਸਿੰਘ ਪ੍ਰਧਾਨ ਤੇ ਪ੍ਰਿਤਪਾਲ ਸਿੰਘ ਸਕੱਤਰ ਚੁਣੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਜਮਹੂਰੀ ਅਧਿਕਾਰ ਸਭਾ ਇਕਾਈ ਬਠਿੰਡਾ ਦਾ ਜ਼ਿਲ੍ਹਾ ਅਜਲਾਸ ਟੀਚਰਜ਼ ਹੋਮ ਬਠਿੰਡਾ ਵਿਖੇ ਹੋਇਆ, ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੀ ਮੈਂਬਰਸ਼ਿਪ ਨੇ ਸ਼ਮੂਲੀਅਤ ਕੀਤੀ।ਅਜਲਾਸ ਦੀ ਪ੍ਰਧਾਨਗੀ ਜ਼ਿਲ੍ਹਾ ਸਕੱਤਰੇਤ ਨੇ ਪ੍ਰੀਜ਼ੀਡੀਅਮ ਦੇ ਰੂਪ ਵਿੱਚ ਕੀਤੀ।ਅਜਲਾਸ ਦੇ ਆਰੰਭ ਵਿੱਚ ਪਿਛਲੇ ਸੈਸ਼ਨ ਦੌਰਾਨ ਵਿਛੋੜਾ ਦੇ ਗਏ ਸਭਾ ਦੇ ਆਗੂ ਐੱਨ. ਕੇ. ਜੀਤ ਸਮੇਤ ਸਮੂਹ ਵਿੱਛੜੇ ਸਾਥੀਆਂ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ ਤੇ ਉਨ੍ਹਾਂ ਦੀ ਯਾਦ ਵਿੱਚ ਮੌਨ ਧਾਰਿਆ ਗਿਆ।ਸਭਾ ਦੇ ਪ੍ਰਧਾਨ ਬੱਗਾ ਸਿੰਘ ਨੇ ਮੈਂਬਰਾਂ ਦਾ ਸਵਾਗਤ ਕਰਦਿਆਂ ਅਜਲਾਸ ਦੀ ਮਹੱਤਤਾ ਤੇ ਮੌਜੂਦਾ ਹਾਲਾਤ ਵਿੱਚ ਜਮਹੂਰੀ ਹੱਕਾਂ ਦੀ ਲਹਿਰ ਨੂੰ ਮਜ਼ਬੂਤ ਕਰਨ ਦੀ ਲੋੜ ਉੱਪਰ ਜ਼ੋਰ ਦਿੱਤਾ।ਸਭਾ ਦੇ ਸਕੱਤਰ ਸੁਦੀਪ ਸਿੰਘ ਨੇ ਸੈਸ਼ਨ 2024-26 ਦੀ ਮੁਲਾਂਕਣ ਤੇ ਸਰਗਰਮੀ ਰਿਪੋਰਟ ਪੇਸ਼ ਕੀਤੀ।ਰਿਪੋਰਟ ਵਿੱਚ ਜਥੇਬੰਦੀ ਦੀਆਂ ਪ੍ਰਾਪਤੀਆਂ ਦੇ ਨਾਲ ਕਮੀਆਂ ਤੇ ਭਵਿੱਖੀ ਕਾਰਜਾਂ ਬਾਰੇ ਵੀ ਵਿਚਾਰ ਰੱਖੇ ਗਏ।ਰਿਪੋਰਟ ਉੱਪਰ ਹੋਈ ਵਿਚਾਰ-ਚਰਚਾ ਵਿੱਚ ਸੁਖਦੇਵ ਪਾਂਧੀ, ਜਗਦੇਵ ਸਿੰਘ, ਮਹੇਸ਼ ਕੁਮਾਰ, ਡਾ. ਅਜੀਤਪਾਲ ਸਿੰਘ, ਭੋਲਾ ਸਧਾਣਾ, ਲਛਮਣ ਸਿੰਘ ਮਲੂਕਾ ਮੰਦਰ ਜੱਸੀ, ਭਗਵੰਤ ਸਿੰਘ, ਪ੍ਰਿਤਪਾਲ ਸਿੰਘ, ਪ੍ਰਿੰ: ਰਣਜੀਤ ਸਿੰਘ, ਅਵਤਾਰ ਸਿੰਘ, ਪਵਨ ਜਿੰਦਲ, ਸੁਰਿੰਦਰ ਸਿੰਘ ਵਿਰਦੀ, ਮੋਹਨ ਲਾਲ, ਪ੍ਰੋਫੈਸਰ ਤਰਸੇਮ ਨਰੂਲਾ, ਜਗਮੇਲ ਜਠੌਲ, ਅਸ਼ਵਨੀ ਕੁਮਾਰ, ਭੂਰਾ ਸਿੰਘ ਮਹਿਮਾ ਸਰਜਾ, ਜਸਪਾਲ ਮਾਨਖੇੜਾ, ਜਸਵੀਰ ਕੌਰ, ਪੁਸ਼ਪਲਤਾ, ਗੁਰਚਰਨ ਖੇਮੋਆਣਾ, ਕੁਲਵੰਤ ਕੌਰ, ਮੁਖਤਿਆਰ ਕੌਰ, ਬਿਸ਼ਨਦੀਪ ਕੌਰ, ਸੰਤੋਖ ਸਿੰਘ ਮੱਲਣ, ਬੱਗਾ ਸਿੰਘ, ਗੁਰਤੇਜ ਸਿੰਘ, ਅਮਨਪ੍ਰੀਤ, ਸੁਰਿੰਦਰ ਪ੍ਰੀਤ ਘਣੀਆ, ਅੰਮ੍ਰਿਤਪਾਲ ਮਾੜੀ, ਸੁਖਪਾਲ ਸਿੰਘ ਖਿਆਲੀ ਵਾਲਾ, ਜਗਦੇਵ ਸਿੰਘ ਲਹਿਰਾ ਤੇ ਹੋਰਨਾਂ ਨੇ ਨੇ ਭਾਗ ਲਿਆ।ਮੰਦਰ ਜੱਸੀ, ਡਾ. ਬਲਜਿੰਦਰ ਸਿੰਘ, ਡਾ. ਅਜੀਤਪਾਲ ਸਿੰਘ ਤੇ ਸੁਖਦੇਵ ਪਾਂਧੀ ਨੇ ਰਿਪੋਰਟ ਸਬੰਧੀ ਤਰਮੀਮਾਂ ਤੇ ਸੁਝਾਅ ਪੇਸ਼ ਕੀਤੇ।ਵਿਚਾਰ-ਚਰਚਾ ਉਪਰੰਤ ਰਿਪੋਰਟ ਨੂੰ ਲੋੜੀਂਦੀਆਂ ਤਰਮੀਮਾਂ ਸਮੇਤ ਪਾਸ ਕਰ ਦਿੱਤਾ ਗਿਆ।ਵਿੱਤ ਸਕੱਤਰ ਸੰਤੋਖ ਮੱਲ੍ਹਣ ਨੇ ਸੈਸ਼ਨ ਦੀ ਵਿੱਤ ਰਿਪੋਰਟ ਪੇਸ਼ ਕੀਤੀ, ਜਿਸ ਨੂੰ ਵਿਚਾਰ-ਚਰਚਾ ਮਗਰੋਂ ਪ੍ਰਵਾਨ ਕੀਤਾ ਗਿਆ।

ਉਪਰੰਤ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰਧਾਨ ਜਗਮੋਹਨ ਸਿੰਘ ਨੇ ਚੋਣ ਅਬਜ਼ਰਵਰ ਵਜੋਂ ਨਵੀਂ ਜ਼ਿਲ੍ਹਾ ਕਾਰਜਕਾਰਨੀ ਦੀ ਚੋਣ ਕਰਵਾਈ।ਸੈਸ਼ਨ 2026-28 ਲਈ ਚੁਣੀ ਗਈ 15 ਮੈਂਬਰੀ ਕਾਰਜਕਾਰਨੀ ਵਿੱਚ ਪ੍ਰਧਾਨ ਬੱਗਾ ਸਿੰਘ, ਸਕੱਤਰ ਪ੍ਰਿਤਪਾਲ ਸਿੰਘ, ਮੀਤ ਪ੍ਰਧਾਨ ਰਣਜੀਤ ਸਿੰਘ, ਵਿੱਤ ਸਕੱਤਰ ਸੰਤੋਖ ਮੱਲ੍ਹਣ, ਮੀਤ ਸਕੱਤਰ ਅਵਤਾਰ ਸਿੰਘ, ਪ੍ਰੈੱਸ ਸਕੱਤਰ ਸੁਦੀਪ ਸਿੰਘ, ਡਾ. ਅਜੀਤਪਾਲ ਸਿੰਘ, ਪੁਸ਼ਪ ਲਤਾ, ਜਗਦੇਵ ਸਿੰਘ, ਸੁਖਦੇਵ ਪਾਂਧੀ, ਵਿਕਾਸ ਰਾਠੀ, ਬਿਸ਼ਨਦੀਪ ਕੌਰ, ਮੰਦਰ ਜੱਸੀ, ਸਿਕੰਦਰ ਧਾਲੀਵਾਲ ਤੇ ਭੋਲਾ ਸਿਧਾਣਾ ਚੁਣੇ ਗਏ।ਇਸ ਮੌਕੇ ਸੂਬਾ ਅਜਲਾਸ ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਗਈ।ਅੰਤ ਵਿੱਚ ਪ੍ਰਧਾਨ ਬੱਗਾ ਸਿੰਘ ਨੇ ਅਜਲਾਸ ਵਿੱਚ ਸ਼ਾਮਲ ਮੈਂਬਰਾਂ, ਚੋਣ ਅਬਜ਼ਰਵਰ ਤੇ ਅਜਲਾਸ ਦੇ ਪ੍ਰਬੰਧਾਂ ਵਿੱਚ ਸਹਿਯੋਗ ਦੇਣ ਵਾਲੇ ਸਾਥੀਆਂ ਦਾ ਧੰਨਵਾਦ ਕਰਦਿਆਂ ਜਮਹੂਰੀ ਹੱਕਾਂ ਉੱਪਰ ਹੋ ਰਹੇ ਹਮਲਿਆਂ ਵਿਰੁੱਧ ਲੋਕਾਂ ਨੂੰ ਚੇਤਨ ਤੇ ਜਥੇਬੰਦ ਕਰਨ ਲਈ ਸਰਗਰਮੀ ਹੋਰ ਤੇਜ਼ ਕਰਨ ਦਾ ਸੱਦਾ ਦਿੱਤਾ।

## ਪੀ ਸੀ ਕੁਮਾਰ ਦੀ ਪੁਸਤਕ 'ਰੋਸ਼ਨੀ ਦੀ ਰਾਹ' ਲੋਕ ਅਰਪਣ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿੱਖ ਕੰਨਿਆ ਮਹਾ ਵਿਦਿਆਲੇ ਵਿਖੇ ਇੱਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ, ਜਿਸ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਪੀ. ਸੀ. ਕੁਮਾਰ ਵੱਲੋਂ ਲਿਖੀ ਗਈ ਬਹੁਮੁੱਲੀ ਪੁਸਤਕ 'ਰੋਸ਼ਨੀ ਦੀ ਰਾਹ' ਲੋਕ ਅਰਪਣ ਕੀਤੀ ਗਈ।ਇਸ ਪੁਸਤਕ ਨੂੰ ਰਿਲੀਜ਼ ਕਰਨ ਦੀ ਰਸਮ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਵਿੰਦਰ ਕਪੂਰ ਤੇ ਉਨ੍ਹਾਂ ਦੀ ਧਰਮ ਪਤਨੀ ਮੈਡਮ ਸਵੀਤਾ ਕਪੂਰ ਕੌਂਸਲਰ ਵੱਲੋਂ ਸਾਂਝੇ ਤੌਰ 'ਤੇ ਨਿਭਾਈ ਗਈ।ਇਸ ਮੌਕੇ ਸਿੱਖ ਕੰਨਿਆ ਸਕੂਲ ਦੀ ਪ੍ਰਿੰਸੀਪਲ ਮੈਡਮ ਸੀਮਾ, ਟੀਚਰ ਪ੍ਰਭਜਿੰਦਰ ਕੌਰ, ਮਧੂਬਾਲਾ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਕਿਰਨ, ਸੋਨਤ, ਵੇਣਾਲੀ, ਸ਼ਕੀਲਾ, ਗੀਤਾ, ਪੂਨਮ ਤੇ ਅਮਨ ਸਣੇ ਸਮੁੱਚਾ ਸਟਾਫ਼ ਤੇ ਵੱਡੀ ਗਿਣਤੀ ਵਿੱਚ ਸਕੂਲੀ ਵਿਦਿਆਰਥੀ ਹਾਜ਼ਰ ਸਨ।ਸਮਾਗਮ ਦੌਰਾਨ ਬੱਚਿਆਂ ਤੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਲੇਖਕ ਪੀ. ਸੀ. ਕੁਮਾਰ ਦੱਸਿਆ ਕਿ ਇਹ ਕਿਤਾਬ ਉਨ੍ਹਾਂ ਨੇ ਆਪਣੀ ਸਵਰਗੀ ਧਰਮਪਤਨੀ ਦਰਸ਼ਨਾ ਦੇਵੀ ਦੀ ਪ੍ਰੇਰਨਾ ਸਦਕਾ ਲਿਖੀ ਹੈ। ਉਨ੍ਹਾਂ ਭਰੇ ਮਨ ਨਾਲ ਕਿਹਾ ਕਿ ਭਾਵੇਂ ਅੱਜ ਉਨ੍ਹਾਂ ਦੀ ਪਤਨੀ ਇਸ ਫ਼ਾਨੀ ਸੰਸਾਰ ਵਿੱਚ ਨਹੀਂ ਹਨ, ਪਰ ਉਨ੍ਹਾਂ ਦੀਆਂ ਯਾਦਾਂ ਹਮੇਸ਼ਾ ਉਨ੍ਹਾਂ ਦੇ ਦਿਲ ਵਿੱਚ ਜ਼ਿੰਦਾ ਰਹਿਣਗੀਆਂ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਾਬਕਾ ਪ੍ਰਧਾਨ ਦਵਿੰਦਰ ਕਪੂਰ ਨੇ ਲੇਖਕ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੀ. ਸੀ. ਕੁਮਾਰ ਬਹੁਤ ਹੀ ਨੇਕ ਤੇ ਵਧੀਆ ਇਨਸਾਨ ਹਨ, ਉਹ ਗਿਆਨ ਦੇ ਅਥਾਹ ਭੰਡਾਰ ਹਨ, ਜੋ ਪਿਛਲੇ 50 ਸਾਲਾਂ ਤੋਂ ਹਰ ਰੋਜ਼ ਸਵੇਰੇ 8 ਵਜੇ ਸਕੂਲਾਂ ਵਿੱਚ ਪਹੁੰਚ ਕੇ ਬੱਚਿਆਂ ਨੂੰ ਨੈਤਿਕਤਾ ਦਾ ਪਾਠ ਪੜ੍ਹਾ ਰਹੇ ਹਨ। ਸਕੂਲ ਪ੍ਰਿੰਸੀਪਲ ਮੈਡਮ ਸੀਮਾ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਨਿੱਘਾ ਸਵਾਗਤ ਕੀਤਾ। ਸਮਾਗਮ ਦੇ ਅਖੀਰ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਹਰਸ਼ਵੀਰ ਸੇਖੋਂ ਦੀ ਰਾਸ਼ਟਰ ਮੰਡਲ ਖੇਡਾਂ ਲਈ ਭਾਰਤੀ ਸਾਈਕਲਿੰਗ ਟੀਮ 'ਚ ਚੋਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੀ ਧਰਤੀ ਦੇ ਹੋਣਹਾਰ ਖਿਡਾਰੀਆਂ ਨੇ ਹਮੇਸ਼ਾ ਹੀ ਖੇਡ ਮੈਦਾਨਾਂ ਵਿੱਚ ਦੇਸ਼ ਦਾ ਨਾਂਅ ਪੂਰੀ ਦੁਨੀਆ ਵਿੱਚ ਚਮਕਾਇਆ ਹੈ।ਇਸੇ ਸੁਨਹਿਰੀ ਪੈੜ ਨੂੰ ਅੱਗੇ ਵਧਾਉਂਦਿਆਂ ਪੰਜਾਬ ਦੇ ਸਿਰਕੱਢ ਟ੍ਰੈਕ ਸਾਈਕਲਿਸਟ ਹਰਸ਼ਵੀਰ ਸਿੰਘ ਸੇਖੋਂ ਨੇ ਇੱਕ ਵੱਡੀ ਅੰਤਰਰਾਸ਼ਟਰੀ ਪ੍ਰਾਪਤੀ ਆਪਣੇ ਨਾਂਅ ਕੀਤੀ ਹੈ।ਹਰਸ਼ਵੀਰ ਸਿੰਘ ਦੀ ਸ਼ਾਨਦਾਰ ਖੇਡ ਬਦੌਲਤ ਉਸ ਦੀ ਚੋਣ 30 ਜੁਲਾਈ ਤੋਂ 02 ਅਗਸਤ ਤੱਕ ਗਲਾਸਗੋ ਵਿਖੇ ਹੋਣ ਵਾਲੀਆਂ ਵੱਕਾਰੀ ਰਾਸ਼ਟਰ ਮੰਡਲ ਖੇਡਾਂ ਲਈ ਭਾਰਤੀ ਸਾਈਕਲਿੰਗ ਟੀਮ ਵਿੱਚ ਹੋ ਗਈ ਹੈ।ਇਸ ਇਤਿਹਾਸਕ ਤੇ ਮਾਣਮੱਤੀ ਪ੍ਰਾਪਤੀ 'ਤੇ ਗੌਰਵ ਮਹਿਸੂਸ ਕਰਦਿਆਂ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਹਰਸ਼ਵੀਰ ਸਿੰਘ ਸੇਖੋਂ ਨੇ ਆਪਣੀ ਦਿਨ-ਰਾਤ ਦੀ ਅਣਥੱਕ ਮਿਹਨਤ, ਜਜ਼ਬੇ ਤੇ ਦ੍ਰਿੜ੍ਹਤਾ ਸਦਕਾ ਨਾ ਸਿਰਫ਼ ਪੰਜਾਬ ਰਾਜ ਦਾ, ਬਲਕਿ ਪੂਰੇ ਹਿੰਦੁਸਤਾਨ ਦਾ ਸਿਰ ਫ਼ਖ਼ਰ ਨਾਲ ਉੱਚਾ ਕੀਤਾ ਹੈ।ਵੇਰਵੇ ਸਾਂਝੇ ਕਰਦਿਆਂ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਹਰਸ਼ਵੀਰ ਸਿੰਘ ਸੇਖੋਂ ਨੇ ਸਾਲ 2019 ਵਿੱਚ ਭਾਰਤੀ ਰਾਸ਼ਟਰੀ ਟ੍ਰੈਕ ਸਾਈਕਲਿੰਗ ਟੀਮ ਦਾ ਹਿੱਸਾ ਬਣ ਕੇ ਆਪਣੇ ਅੰਤਰਰਾਸ਼ਟਰੀ ਸਫ਼ਰ ਦੀ ਸ਼ੁਰੂਆਤ ਕੀਤੀ ਸੀ।ਉਸ ਤੋਂ ਬਾਅਦ ਉਨ੍ਹਾਂ ਨੇ ਕਦੇ ਪਿੱਛੇ ਮੁੜ ਕੇ ਨਹੀਂ ਦੇਖਿਆ।ਜਨਰਲ ਸਕੱਤਰ ਨੇ ਇਸ ਮੁਕਾਮ ਤੱਕ ਪਹੁੰਚਣ ਲਈ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਸ੍ਰ. ਚਰਨਜੀਤ ਸਿੰਘ ਧਾਲੀਵਾਲ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।ਇਸ ਸ਼ੁਭ ਮੌਕੇ ਐਸੋਸੀਏਸ਼ਨ ਦੇ ਖ਼ਜ਼ਾਨਚੀ ਬੀ. ਐੱਸ. ਸੁਦਾਨ ਨੇ ਖਿਡਾਰੀ ਹਰਸ਼ਵੀਰ ਸਿੰਘ ਸੇਖੋਂ, ਉਨ੍ਹਾਂ ਦੇ ਮਾਪਿਆਂ ਤੇ ਕੋਚ ਨੂੰ ਦਿਲੋਂ ਵਧਾਈ ਦਿੱਤੀ।ਐਸੋਸੀਏਸ਼ਨ ਵੱਲੋਂ ਖਿਡਾਰੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।

## ਗੁਰੂ ਕਿਰਪਾ ਸੇਵਾ ਸੰਸਥਾਨ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ




**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਨੁੱਖਤਾ ਦੀ ਨਿਸ਼ਕਾਮ ਸੇਵਾ ਨੂੰ ਸਮਰਪਤ ਗੁਰੂ ਕਿਰਪਾ ਸੇਵਾ ਸੰਸਥਾਨ ਸਰਹਿੰਦ ਵੱਲੋਂ ਸਿਨੇਮਾ ਰੋਡ ਸਥਿਤ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ।ਇਸ ਮੌਕੇ ਐੱਸ.ਡੀ.ਐੱਮ. ਸਰਹਿੰਦ ਸ੍ਰੀ ਕਰੁਣ ਗੁਪਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੈਂਪ ਦਾ ਉਦਘਾਟਨ ਕੀਤਾ ਤੇ ਖ਼ੂਨਦਾਨ ਕਰਨ ਵਾਲਿਆਂ ਦਾ ਹੌਸਲਾ ਵਧਾਇਆ। ਉਨ੍ਹਾਂ ਕਿਹਾ ਕਿ ਖ਼ੂਨਦਾਨ ਤੋਂ ਉੱਤਮ ਕੋਈ ਕਾਰਜ ਨਹੀਂ, ਜਿਸ ਦੇ ਲਈ ਸਾਨੂੰ ਅਜਿਹੇ ਲੋਕ ਭਲਾਈ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਉਨ੍ਹਾਂ ਗੁਰੂ ਕਿਰਪਾ ਸੇਵਾ ਸੰਸਥਾਨ ਵੱਲੋਂ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਸੇਵਾ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਸੇਵਾ ਤੇ ਪਰਉਪਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।ਇਸ ਮੌਕੇ ਸੰਸਥਾ ਦੇ ਅਹੁਦੇਦਾਰਾਂ ਨੇ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਸਮੂਹ ਲੋਕਾਂ ਨੂੰ ਇਸ ਮਹਾਨ ਸੇਵਾ ਨਾਲ ਜੁੜਨ ਦੀ ਅਪੀਲ ਕੀਤੀ।ਅੰਤ ਵਿੱਚ ਸੰਸਥਾ ਵੱਲੋਂ ਮੁੱਖ ਮਹਿਮਾਨ ਐੱਸ.ਡੀ.ਐੱਮ. ਕਰੁਣ ਗੁਪਤਾ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸਮਾਜ ਸੇਵੀ, ਪਤਵੰਤੇ ਵਿਅਕਤੀ ਤੇ ਖ਼ੂਨਦਾਨੀ ਹਾਜ਼ਰ ਸਨ।

## ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਯੂਥ ਕਲੱਬ ਭਾਰੂ ਚੌਕ ਗਿੱਦੜਬਾਹਾ ਦੇ ਨੌਜਵਾਨਾਂ ਵੱਲੋਂ ਭਿਆਨਕ ਗਰਮੀ ਦੇ ਮੱਦੇਨਜ਼ਰ ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ।ਇਸ ਮੌਕੇ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਵਾਤਾਵਰਨ ਦੀ ਸਾਂਭ ਸੰਭਾਲ ਤੇ ਇਲਾਕੇ ਨੂੰ ਹਰਾ ਭਰਿਆ ਬਣਾਉਣ ਲਈ ਲੋਕਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਮਨੁੱਖ ਨੇ ਕੁਦਰਤ ਵੱਲੋਂ ਮਿਲੇ ਖ਼ੂਬਸੂਰਤ ਵਾਤਾਵਰਨ ਨੂੰ ਗੰਦਲਾ ਕਰ ਦਿੱਤਾ ਹੈ ਤੇ ਅੱਜ ਦੇ ਪ੍ਰਦੂਸ਼ਣ ਭਰੇ ਵਾਤਾਵਰਨ ਨੂੰ ਸ਼ੁੱਧ ਕਰਨ ਲਈ ਹਰੇਕ ਵਿਅਕਤੀ ਨੂੰ ਇੱਕ ਬੂਟਾ ਜ਼ਰੂਰ ਲਗਾਉਣਾ ਚਾਹੀਦਾ ਹੈ।ਇਸ ਮੌਕੇ ਰਾਜਵਿੰਦਰ ਸਿੰਘ ਦੁੱਗਲ, ਅਮਨਦੀਪ ਧਾਲੀਵਾਲ, ਸੰਜੀਵ ਰਾਜਪੂਤ, ਪਾਰਸ ਸਰਾਂ, ਗੁਰਮੀਤ ਧਾਲੀਵਾਲ, ਦੀਪ ਧਾਲੀਵਾਲ, ਸਪਤਾਲ ਸਿੰਘ, ਭੀਮਾ ਸਿੰਘ, ਸੁਖਪ੍ਰੀਤ ਸਿੰਘ ਜੈਲੀ, ਹਰਮੋਹਣ ਸਿੰਘ, ਮਹਿੰਦਰ ਸਿੰਘ, ਰਾਜਵੀਰ ਸਿੰਘ ਤੇ ਰਾਜਪਾਲ ਰਾਮ ਆਦਿ ਮੌਜੂਦ ਸਨ।

## ਸਰਕਾਰ ਪਾਵਰਕਾਮ ਮੁਲਾਜ਼ਮਾਂ ਨੂੰ ਸੇਫਟੀ ਕਿੱਟਾਂ ਮੁਹੱਈਆ ਕਰਾਵੇ : ਰੋਹਟੀ



**ਨਾਭਾ (ਅਮਨ ਗਰਗ)**-ਹਰ ਰੋਜ਼ ਕਿਤੇ ਨਾ ਕਿਤੇ ਕਰੰਟ ਲੱਗਣ ਨਾਲ ਬਿਜਲੀ ਮੁਲਾਜ਼ਮਾਂ ਦੀਆਂ ਹੋ ਰਹੀਆਂ ਮੌਤਾਂ ਉੱਪਰ ਚਿੰਤਾ ਜ਼ਾਹਰ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਕਾਂਗਰਸ ਪਟਿਆਲਾ, ਅਜੈਬ ਸਿੰਘ ਸਾਬਕਾ ਸਰਪੰਚ ਰੋਹਟੀ ਬਸਤਾ ਸਿੰਘ ਨੇ ਕਿਹਾ ਕਿ ਅਜਿਹੇ ਹਾਦਸਿਆਂ ਦੇ ਮੱਦੇਨਜ਼ਰ ਪਾਵਰਕਾਮ ਮਹਿਕਮੇ ਨੂੰ ਫਾਲਟ ਦੌਰਾਨ ਕੰਮ ਕਰਨ ਲਈ ਸੇਫਟੀ ਕਿੱਟਾਂ ਮੁਹੱਈਆ ਕਰਵਾਉਣੀਆਂ ਚਾਹੀਦੀਆਂ ਹਨ ਤਾਂ ਜੋ ਕਿਸੇ ਕਰਮਚਾਰੀ ਦਾ ਨੁਕਸਾਨ ਨਾ ਹੋ ਸਕੇ। ਅਜੈਬ ਸਿੰਘ ਨੇ ਝੋਨੇ ਦੇ ਸੀਜ਼ਨ ਦੌਰਾਨ ਮੋਟਰਾਂ ਤੇ ਘਰਾਂ ਦੀ ਸਪਲਾਈ ਦੌਰਾਨ ਲੱਗ ਰਹੇ ਵੱਡੇ ਵੱਡੇ ਕੱਟਾਂ ਦੀ ਨਿਖੇਧੀ ਕਰਦਿਆਂ ਅੰਤਾਂ ਦੀ ਪੈ ਰਹੀ ਗਰਮੀ ਨੂੰ ਦੇਖਦਿਆਂ ਸਰਪਲੱਸ ਬਿਜਲੀ ਸਪਲਾਈ ਦੇਣ ਦੀ ਮੰਗ ਕੀਤੀ। ਉਨ੍ਹਾ ਕਿਹਾ ਕਿ ਬਿਜਲੀ ਵਿਭਾਗ ਕੋਲ ਟਰਾਂਸਫਾਰਮਰ, ਤਾਰਾਂ ਤੇ ਹੋਰ ਮਟੀਰੀਅਲ ਦੀ ਘਾਟ ਕਾਰਨ ਕਿਸਾਨਾਂ ਨੂੰ ਲੋੜ ਸਮੇਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਲਈ ਸਰਕਾਰ ਤੇ ਮਹਿਕਮੇ ਨੂੰ ਗਰਮੀ ਦੇ ਸੀਜ਼ਨ ਨੂੰ ਦੇਖਦਿਆਂ ਅਗਾਊਂ ਪ੍ਰਬੰਧ ਕਰਨੇ ਚਾਹੀਦੇ ਹਨ।

## ਏ ਆਈ ਬੀ ਓ ਸੀ ਨੇ ਬੈਂਕ ਰਾਸ਼ਟਰੀਕਰਨ ਦਿਵਸ ਮੀਡੀਆ ਕਲੱਬ 'ਚ ਪੌਦੇ ਲਾ ਕੇ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਲ ਇੰਡੀਆ ਬੈਂਕ ਆਫਿਸਰਜ਼ ਕਨਫੈਡਰੇਸ਼ਨ (ਏਆਈਬੀਓਸੀ) ਦੀ ਪੰਜਾਬ ਰਾਜ ਇਕਾਈ ਵੱਲੋਂ 58ਵਾਂ ਬੈਂਕ ਰਾਸ਼ਟਰੀਕਰਨ ਦਿਵਸ ਪਟਿਆਲਾ ਮੀਡੀਆ ਕਲੱਬ ਵਿੱਚ ਪੌਦੇ ਲਗਾ ਕੇ ਮਨਾਇਆ ਗਿਆ।ਇਸ ਮੌਕੇ ਕਰੀਬ 200 ਪੌਦੇ ਵੱਖ-ਵੱਖ ਥਾਵਾਂ 'ਤੇ ਲਗਾਏ ਗਏ।ਮੁਹਿੰਮ ਦੀ ਸ਼ੁਰੂਆਤ ਮੀਡੀਆ ਕਲੱਬ ਪਟਿਆਲਾ ਤੋਂ ਹੋਈ।ਇਹ ਉਪਰਾਲਾ ਵਾਤਾਵਰਣ ਸੰਭਾਲ ਤੇ ਰਾਸ਼ਟਰ ਨਿਰਮਾਣ ਪ੍ਰਤੀ ਏਆਈਬੀਓਸੀ ਦੀ ਵਚਨਬੱਧਤਾ ਦਾ ਪ੍ਰਤੀਕ ਹੈ।ਮੀਡੀਆ ਨਾਲ ਗੱਲਬਾਤ ਕਰਦਿਆਂ ਏਆਈਬੀਓਸੀ ਪੰਜਾਬ ਦੇ ਸਕੱਤਰ ਰਾਜੀਵ ਸਰਹਿੰਦੀ ਤੇ ਪ੍ਰਧਾਨ ਸ੍ਰੀ ਪੁਨੀਤ ਵਰਮਾ ਨੇ ਕਿਹਾ ਕਿ ਏਆਈਬੀਓਸੀ ਨੇ ਹਮੇਸ਼ਾ ਬੈਂਕਿੰਗ ਉਦਯੋਗ ਤੇ ਸਰਕਾਰੀ ਖੇਤਰ ਦੇ ਬੈਂਕਾਂ ਦੇ ਸਰੂਪ ਨੂੰ ਬਚਾਉਣ ਵਿੱਚ ਅਗਵਾਈ ਵਾਲੀ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਏਆਈਬੀਓਸੀ ਦੀ ਜ਼ਿੰਮੇਵਾਰੀ ਸਿਰਫ਼ ਬੈਂਕ ਅਧਿਕਾਰੀਆਂ ਦੀਆਂ ਸੇਵਾ ਸ਼ਰਤਾਂ ਦੀ ਰੱਖਿਆ ਤੱਕ ਸੀਮਿਤ ਨਹੀਂ ਹੈ।ਇਸ ਮੌਕੇ ਪਟਿਆਲਾ ਮੀਡੀਆ ਕਲੱਬ ਦੇ ਸਰਪ੍ਰਸਤ ਜਸਪਾਲ ਸਿੰਘ ਢਿੱਲੋਂ ਤੇ ਬਾਨੀ ਪ੍ਰਧਾਨ ਰਵੇਲ ਸਿੰਘ ਭਿੰਡਰ ਨੇ ਰੁਖ਼ ਲਾਉਣ ਦੀ ਮੁਹਿੰਮ ਲਈ ਏ ਆਈ ਬੀ ਓ ਸੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਰੁਖ਼ ਲਗਾ ਕੇ ਹੀ ਅਸੀਂ ਆਪਣੇ ਜੀਵਨ ਪੱਧਰ ਨੂੰ ਸੁਧਾਰ ਸਕਦੇ ਹਾਂ।ਉਨ੍ਹਾਂ ਨੇ ਸਕੂਲਾਂ ਵਿਚ ਇਹ ਮੁਹਿੰਮ 6ਵੀਂ ਕਲਾਸ ਤੋਂ ਸ਼ੁਰੂ ਕਰਨ ਦਾ ਸੱਦਾ ਦਿੱਤਾ ਤੇ ਕਿਹਾ ਕਿ ਇਕ ਸਾਲ ਤੱਕ ਬੂਟੇ ਦੀ ਸੰਭਾਲ ਉਸ ਨੂੰ ਚੰਗੇ ਦਰੱਖ਼ਤ ਵਿੱਚ ਬਦਲ ਸਕਦੀ ਹੈ। ਇਸ ਮੌਕੇ ਬਿਨੈ ਸਿਨਹਾ, ਦਿਨੇਸ਼ ਗੁਪਤਾ, ਜਸਬੀਰ ਸਿੰਘ, ਹਰਬਾਗ ਸਿੰਘ, ਵਿਨੀਤ ਸ਼ਰਮਾ, ਮਨੀਸ਼ ਕੁਮਾਰ, ਪੁਨੀਤ ਕੜ, ਹਰਮੀਤ ਕੌਰ, ਗਗਨਪ੍ਰੀਤ ਕੌਰ, ਰਾਜੀਵ ਕੁਮਾਰ, ਚੇਤਨ ਸ਼ਰਮਾ, ਪੰਕਜਪ੍ਰੀਤ ਸਿੰਘ, ਹਿਮਾਂਸ਼ੀ ਸਿਆਲ, ਕ੍ਰਿਸ਼ਨ ਕੁਮਾਰ, ਧੀਰੇਨ ਕੁਮਾਰ, ਪ੍ਰੀਤ ਮੋਹਿੰਦਰ ਸਿੰਘ, ਪਲਪ੍ਰੀਤ ਸਿੰਘ, ਓਮ ਪ੍ਰਕਾਸ਼, ਅਮਨਜੋਤ ਸਿੰਘ, ਰਾਹੁਲ, ਜਗਦੀਪ ਸਿੰਘ ਲਾਂਬਾ, ਪਟਿਆਲਾ ਮੀਡੀਆ ਕਲੱਬ ਤੋਂ ਪ੍ਰਧਾਨ ਪਰਮੀਤ ਸਿੰਘ, ਜਗਤਾਰ ਸਿੰਘ, ਸੁੰਦਰ ਸ਼ਰਮਾ, ਜਸਵਿੰਦਰ ਜ਼ੁਲਕਾਂ, ਕਮਲ ਦੂਆ, ਜਸਮੀਤ ਸਿੰਘ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਵਾਲਮੀਕਿ ਭਵਨ ਦੀ ਮੰਗ ਨੂੰ ਲੈ ਕੇ ਡੀਸੀ ਦਫ਼ਤਰ ਦੇ ਬਾਹਰ ਰੋਸ ਪ੍ਰਦਰਸ਼ਨ




ਪਠਾਨਕੋਟ (ਦਵਿੰਦਰ ਸਿੰਘ)-ਰਾਸ਼ਟਰੀ ਵਾਲਮੀਕੀ ਧਰਮ ਸਮਾਜ ਨੇ ਪੰਜਾਬ ਪ੍ਰਧਾਨ ਅਮਿਤ ਰੰਧਾਵਾ ਦੀ ਅਗਵਾਈ ਹੇਠ ਜ਼ਿਲ੍ਹਾ ਪਠਾਨਕੋਟ ਵਿੱਚ ਵਾਲਮੀਕਿ ਭਵਨ ਦੀ ਮੰਗ ਨੂੰ ਲੈ ਕੇ ਡੀਸੀ ਦਫ਼ਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਪ੍ਰਦਰਸ਼ਨ ਵਿੱਚ ਰਾਸ਼ਟਰੀ ਮੁੱਖ ਕਾਰਜਕਾਰੀ ਬੀਰ ਆਰ. ਕੇ. ਸਫ਼ਰੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਸ਼ਟਰੀ ਵਾਲਮੀਕਿ ਧਰਮ ਸਮਾਜ ਪੰਜਾਬ ਦੇ ਪ੍ਰਧਾਨ ਅਮਿਤ ਰੰਧਾਵਾ ਨੇ ਕਿਹਾ ਕਿ ਉਹ ਪਹਿਲਾਂ ਵੀ ਕਈ ਵਾਰ ਡੀਸੀ ਰਾਹੀਂ ਪੰਜਾਬ ਸਰਕਾਰ ਕੋਲ ਜ਼ਿਲ੍ਹਾ ਪਠਾਨਕੋਟ ਵਿੱਚ ਵਾਲਮੀਕਿ ਭਵਨ ਬਣਾਉਣ ਦੀ ਮੰਗ ਕਰ ਚੁੱਕੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਕੋਈ ਸੁਣਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਉਹ ਸਰਕਾਰ ਨੂੰ ਕਈ ਵਾਰ ਯਾਦ-ਪੱਤਰ (ਰਿਮਾਈਂਡਰ) ਵੀ ਭੇਜ ਚੁੱਕੇ ਹਨ, ਪਰ ਅਜੇ ਤੱਕ ਕੋਈ ਜਵਾਬ ਨਹੀਂ ਮਿਲਿਆ।ਉਨ੍ਹਾਂ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਵਿੱਚ ਉਨ੍ਹਾਂ ਕੋਲ ਆਪਣੀਆਂ ਧੀਆਂ-ਭੈਣਾਂ ਦੇ ਵਿਆਹ ਅਤੇ ਹੋਰ ਸਮਾਜਿਕ ਸਮਾਗਮ ਕਰਵਾਉਣ ਲਈ ਆਪਣਾ ਕੋਈ ਭਵਨ ਨਹੀਂ ਹੈ। ਇਸੇ ਲਈ ਉਹ ਲੰਮੇ ਸਮੇਂ ਤੋਂ ਪੰਜਾਬ ਸਰਕਾਰ ਕੋਲ ਪਠਾਨਕੋਟ ਵਿੱਚ ਵਾਲਮੀਕੀ ਭਵਨ ਬਣਾਉਣ ਦੀ ਮੰਗ ਕਰ ਰਹੇ ਹਨ, ਪਰ ਸਰਕਾਰ ਇਸ ਨੂੰ ਨਜ਼ਰਅੰਦਾਜ਼ ਕਰ ਰਹੀ ਹੈ। ਇਸ ਕਾਰਨ ਉਨ੍ਹਾਂ ਨੂੰ ਮਜਬੂਰਨ ਡੀਸੀ ਦਫ਼ਤਰ ਪਠਾਨਕੋਟ ਅੱਗੇ ਧਰਨਾ ਦੇਣਾ ਪਿਆ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਅਤੇ ਸਰਕਾਰ ਨੇ ਜਲਦੀ ਹੀ ਉਨ੍ਹਾਂ ਦੀ ਮੰਗ ਪੂਰੀ ਨਾ ਕੀਤੀ ਤਾਂ ਉਹ ਆਪਣਾ ਸੰਘਰਸ਼ ਅਤੇ ਧਰਨਾ ਹੋਰ ਤੇਜ਼ ਕਰਨਗੇ।ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਏਡੀਸੀ ਅਰਸ਼ਦੀਪ ਸਿੰਘ ਲੁਬਾਣਾ ਨੂੰ ਮੁੱਖ ਮੰਤਰੀ ਦੇ ਨਾਮ ਇੱਕ ਮੰਗ ਪੱਤਰ ਸੌਂਪਿਆ।ਏਡੀਸੀ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦਾ ਮੰਗ ਪੱਤਰ ਮੁੱਖ ਮੰਤਰੀ ਤੱਕ ਪਹੁੰਚਾ ਦੇਣਗੇ।ਇਸ ਮੌਕੇ ਪੰਜਾਬ ਜਨਰਲ ਸਕੱਤਰ ਕਮਲ ਗਿੱਲ, ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਹਰੀਸ਼ ਹੈਪੀ, ਜ਼ਿਲ੍ਹਾ ਚੇਅਰਮੈਨ ਬੰਟੀ ਖੋਸਲਾ, ਸੁਰਿੰਦਰ ਕੁਮਾਰ, ਸੁਭਾਸ਼ ਚੰਦਰ, ਅਰਜੁਨ ਕੁਮਾਰ, ਪੰਮੀ ਸਮੇਤ ਹੋਰ ਹਾਜ਼ਰ ਸਨ।

# ਕਮਿਊਨਿਟੀ ਹੈੱਲਥ ਅਫ਼ਸਰਾਂ ਨੇ ਵਿਧਾਇਕ ਰਾਹੀਂ ਵਿੱਤ ਮੰਤਰੀ ਦੇ ਨਾਂਅ ਸੌਂਪਿਆ ਮੰਗ-ਪੱਤਰ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਰਕਾਰ ਵੱਲੋਂ ਕਈ ਮੀਟਿੰਗਾਂ ਵਿੱਚ ਸਿਧਾਂਤਕ ਤੌਰ ਤੇ ਮੰਨੀਆਂ ਜਾ ਚੁੱਕੀਆਂ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਕਰਨ ਵਿੱਚ ਹੋ ਰਹੀ ਲਗਾਤਾਰ ਦੇਰੀ ਦੇ ਵਿਰੋਧ ਵਿੱਚ ਕਮਿਊਨਿਟੀ ਹੈਲਥ ਅਫ਼ਸਰ ਐਸੋਸੀਏਸ਼ਨ ਪੰਜਾਬ ਅਤੇ ਨੋਵਲ ਇੰਟੀਗ੍ਰੇਟਿਡ ਐਸੋਸੀਏਸ਼ਨ ਆਫ਼ ਕਮਿਊਨਿਟੀ ਹੈਲਥ ਅਫ਼ਸਰ ਦੇ ਸੱਦੇ 'ਤੇ ਸੋਮਵਾਰ ਨੂੰ ਸਮੂਹ ਪੰਜਾਬ ਵਿੱਚ ਕਮਿਊਨਿਟੀ ਹੈਲਥ ਅਫ਼ਸਰਾਂ ਨੇ ਰੋਸ ਦਾ ਬਿਗੁਲ ਵਜਾ ਦਿੱਤਾ।ਸੂਬੇ ਭਰ ਦੇ ਹਰ ਜ਼ਿਲ੍ਹੇ ਵਿੱਚ ਕਮਿਊਨਿਟੀ ਹੈਲਥ ਅਫ਼ਸਰਾਂ ਨੇ ਰੋਸ ਮਾਰਚ ਕੱਢ ਕੇ ਆਪਣੇ-ਆਪਣੇ ਹਲਕਿਆਂ ਦੇ ਵਿਧਾਇਕਾਂ, ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਹਲਕਾ ਇੰਚਾਰਜਾਂ ਰਾਹੀਂ ਪੰਜਾਬ ਦੇ ਵਿੱਤ ਮੰਤਰੀ ਦੇ ਨਾਮ ਮੰਗ-ਪੱਤਰ ਸੌਂਪੇ ਅਤੇ ਸਰਕਾਰ ਨੂੰ ਸਪੱਸ਼ਟ ਚਿਤਾਵਨੀ ਦਿੱਤੀ ਕਿ ਹੁਣ ਭਰੋਸਿਆਂ ਨਾਲ ਨਹੀਂ, ਸਗੋਂ ਲਿਖਤੀ ਨੋਟੀਫਿਕੇਸ਼ਨਾਂ ਨਾਲ ਹੀ ਗੱਲ ਬਣੇਗੀ।ਤਰਨ ਤਾਰਨ ਵਿਖੇ ਜ਼ਿਲ੍ਹਾ ਪ੍ਰਧਾਨ ਜੈਸਮੀਨ ਕੌਰ ਅਤੇ ਜੁਗਰਾਜ ਕੌਰ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਮਿਊਨਿਟੀ ਹੈਲਥ ਅਫ਼ਸਰ ਇਕੱਠੇ ਹੋਏ ਅਤੇ ਰੋਸ ਮਾਰਚ ਕਰਦੇ ਹੋਏ ਵਿਧਾਇਕ ਦੀ ਕੋਠੀ ਤੱਕ ਪੁੱਜੇ।ਵਿਧਾਇਕ ਦੀ ਗੈਰ-ਹਾਜ਼ਰੀ ਵਿੱਚ ਉਨ੍ਹਾਂ ਦੇ ਦਫਤਰ ਵਿਖੇ ਹਾਜ਼ਰ ਆਗੂ ਰਮਨੀਕ ਸਿੰਘ ਖੇੜਾ ਨੂੰ ਵਿੱਤ ਮੰਤਰੀ ਦੇ ਨਾਮ ਮੰਗ-ਪੱਤਰ ਸੌਂਪਿਆ ਗਿਆ।ਇਸ ਦੌਰਾਨ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕਮਿਊਨਿਟੀ ਹੈਲਥ ਅਫ਼ਸਰਾਂ ਨੇ ਕਿਹਾ ਕਿ ਵਾਰ-ਵਾਰ ਮੀਟਿੰਗਾਂ ਕਰਕੇ ਭਰੋਸੇ ਦੇਣਾ ਅਤੇ ਫਿਰ ਫ਼ੈਸਲਿਆਂ ਨੂੰ ਲਾਗੂ ਨਾ ਕਰਨਾ ਮੁਲਾਜ਼ਮਾਂ ਨਾਲ ਸਿੱਧਾ ਧੋਖਾ ਹੈ।ਯੂਨੀਅਨ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ, ਸਿਹਤ ਵਿਭਾਗ, ਮਿਸ਼ਨ ਡਾਇਰੈਕਟਰ, ਮੁੱਖ ਸਕੱਤਰ ਸਿਹਤ ਅਤੇ ਵਿੱਤ ਮੰਤਰੀ ਨਾਲ ਕਈ ਦੌਰ ਦੀਆਂ ਮੀਟਿੰਗਾਂ ਹੋ ਚੁੱਕੀਆਂ ਹਨ।ਇਨ੍ਹਾਂ ਮੀਟਿੰਗਾਂ ਵਿੱਚ ਕਮਿਊਨਿਟੀ ਹੈਲਥ ਅਫ਼ਸਰਾਂ ਦੀਆਂ ਮੰਗਾਂ ਨੂੰ ਸਿਧਾਂਤਕ ਤੌਰ ਤੇ ਮੰਨਦਿਆਂ ਜਲਦੀ ਨੋਟੀਫਿਕੇਸ਼ਨ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅੱਜ ਤੱਕ ਕੋਈ ਵੀ ਨੋਟੀਫਿਕੇਸ਼ਨ ਜਾਰੀ ਨਾ ਹੋਣ ਕਾਰਨ ਸਮੂਹ ਕਮਿਊਨਿਟੀ ਹੈਲਥ ਅਫ਼ਸਰਾਂ ਵਿੱਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਗਾਂ ਵਿੱਚ ਕਮਿਊਨਿਟੀ ਹੈਲਥ ਅਫ਼ਸਰਾਂ ਲਈ ਰੈਗੂਲਰ ਕੈਡਰ ਮਨਜ਼ੂਰ ਕਰਨਾ, ਹੋਰ ਸੂਬਿਆਂ ਦੇ ਮੁਕਾਬਲੇ ਪੰਜਾਬ ਵਿੱਚ ਮਿਲ ਰਹੀ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਘੱਟ ਤਨਖ਼ਾਹ ਦੀ ਵਿਸੰਗਤੀ ਦੂਰ ਕਰਨੀ, ਸਾਲ 2018 ਤੋਂ ਬੰਦ ਲੌਇਲਟੀ ਬੋਨਸ ਨੂੰ ਮੁੜ ਬਹਾਲ ਕਰਨਾ, ਤਨਖ਼ਾਹ ਅਤੇ ਇੰਸੈਂਟਿਵ ਨੂੰ ਇੱਕਜੁੱਟ ਕਰਨਾ ਅਤੇ ਨਵੇਂ ਇੰਸੈਂਟਿਵ ਪਰਫਾਰਮੇ ਦੀ ਸਮੀਖਿਆ ਕਰਕੇ ਗੈਰ-ਵਾਜਬ ਸ਼ਰਤਾਂ ਵਾਪਸ ਲੈਣੀਆਂ ਸ਼ਾਮਲ ਹਨ।ਆਗੂਆਂ ਨੇ ਕਿਹਾ ਕਿ ਇਹ ਸਾਰੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ ਅਤੇ ਇਨ੍ਹਾਂ ਨੂੰ ਲਾਗੂ ਕਰਨ ਵਿੱਚ ਹੋਰ ਦੇਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਆਗੂਆਂ ਨੇ ਕਿਹਾ ਕਿ ਸਰਕਾਰ ਹਰ ਵਾਰ ਭਰੋਸੇ ਦੇ ਕੇ ਸਮਾਂ ਲੰਘਾ ਰਹੀ ਹੈ, ਜਿਸ ਨਾਲ ਸਿਹਤ ਸੇਵਾਵਾਂ ਵਿੱਚ ਦਿਨ-ਰਾਤ ਜੁਟੇ ਕਮਿਊਨਿਟੀ ਹੈਲਥ ਅਫ਼ਸਰ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਮੰਨੀਆਂ ਹੋਈਆਂ ਮੰਗਾਂ ਦੇ ਲਿਖਤੀ ਨੋਟੀਫਿਕੇਸ਼ਨ ਜਾਰੀ ਨਹੀਂ ਹੋ ਜਾਂਦੇ। ਯੂਨੀਅਨ ਆਗੂਆਂ ਨੇ ਐਲਾਨ ਕੀਤਾ ਕਿ 22 ਜੁਲਾਈ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਨੇੜੇ ਹੋਣ ਵਾਲੀ ਸੂਬਾ ਪੱਧਰੀ ਮਹਾਂਰੈਲੀ ਨੂੰ ਇਤਿਹਾਸਕ ਬਣਾਇਆ ਜਾਵੇਗਾ। ਪੰਜਾਬ ਦੇ ਹਰ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਕਮਿਊਨਿਟੀ ਹੈਲਥ ਅਫ਼ਸਰ ਅਤੇ ਰਾਸ਼ਟਰੀ ਸਿਹਤ ਮਿਸ਼ਨ ਦੇ ਹੋਰ ਮੁਲਾਜ਼ਮ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਇਹ ਮਹਾਂਰੈਲੀ ਸਰਕਾਰ ਨੂੰ ਸਿਹਤ ਕਰਮਚਾਰੀਆਂ ਦੀ ਏਕਤਾ, ਦ੍ਰਿੜ੍ਹ ਇਰਾਦੇ ਅਤੇ ਆਪਣੇ ਹੱਕਾਂ ਲਈ ਹਰ ਪੱਧਰ ਤੱਕ ਸੰਘਰਸ਼ ਕਰਨ ਦੀ ਤਿਆਰੀ ਦਾ ਸਪੱਸ਼ਟ ਸੰਦੇਸ਼ ਦੇਵੇਗੀ ਅੰਤ ਵਿੱਚ ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ 22 ਜੁਲਾਈ ਤੋਂ ਪਹਿਲਾਂ ਹੀ ਮੰਨੀਆਂ ਹੋਈਆਂ ਮੰਗਾਂ ਦੇ ਨੋਟੀਫਿਕੇਸ਼ਨ ਜਾਰੀ ਕਰਕੇ ਟਕਰਾਅ ਦੀ ਸਥਿਤੀ ਤੋਂ ਬਚਿਆ ਜਾਵੇ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਸ ਵਾਰ ਵੀ ਸਰਕਾਰ ਨੇ ਵਾਅਦਾ-ਖ਼ਿਲਾਫ਼ੀ ਕੀਤੀ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੀ ਹੋਵੇਗੀ।ਇਸ ਮੌਕੇ ਪ੍ਰਭਜੀਤ ਕੌਰ ਸੁਰਸਿੰਘ, ਰਵਿੰਦਰ ਕੌਰ ਬਾਗੜੀਆਂ, ਜੀਵਨਜੋਤ ਸਿੰਘ ਨੌਰੰਗਾਬਾਦ, ਅਮਰਜੀਤ ਕੌਰ ਖੇਮਕਰਨ, ਮਨਪ੍ਰੀਤ ਕੌਰ ਕਸੇਲ, ਨਵਜੋਤ ਕੌਰ ਸਰਹਾਲੀ, ਦਵਿੰਦਰ ਕੌਰ ਕੈਰੋਂ, ਸੁਖਪਾਲ ਕੌਰ ਮੀਆਂਵਿੰਡ ਅਤੇ ਮਨਜਿੰਦਰ ਕੌਰ ਘਰਿਆਲਾ ਸਮੇਤ ਵੱਡੀ ਗਿਣਤੀ ਵਿੱਚ ਕਮਿਊਨਿਟੀ ਹੈਲਥ ਅਫ਼ਸਰ ਹਾਜ਼ਰ ਸਨ।

## ਖੇੜਾ ਥਾਣੇਵਾਲ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ) ਪਿੰਡ ਖੇੜਾ ਥਾਣੇਵਾਲ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਓਮ ਪ੍ਰਕਾਸ਼ ਆਈ ਕੇਅਰ ਹਸਪਤਾਲ ਵੱਲੋਂ ਸਮਾਜ ਸੇਵਕ ਸਭਾ ਰਈਆ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੱਤੇਵਾਲ, ਹਲਕਾ ਬਾਬਾ ਬਕਾਲਾ ਸਾਹਿਬ ਦੇ 'ਆਪ' ਦੇ ਸੀਨੀਅਰ ਆਗੂ ਜ਼ਿਲ੍ਹਾ ਪ੍ਰਧਾਨ ਸਮਾਜ ਸੇਵਾ ਹੈਲਪ ਲਾਈਨ ਅਤੇ ਐਂਟੀ ਕੁਰੱਪਸ਼ਨ ਰਜਿੰਦਰ ਸਿੰਘ ਸਹੋਤਾ, ਸੋਹਣ ਸਿੰਘ, ਸਤਨਾਮ ਸਿੰਘ ਬਲਾਕ ਸੰਮਤੀ ਮੈਂਬਰ ਪਿੰਡ ਝਲਾੜੀ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ।ਇਸ ਕੈਂਪ ਵਿਚ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਲੋੜਵੰਦ ਬਜ਼ੁਰਗਾਂ ਨੂੰ ਡਾਕਟਰਾਂ ਵੱਲੋਂ ਅੱਖਾਂ ਦਾ ਦਾਰੂ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਨਿਗ੍ਹਾ ਦੇ ਨੰਬਰ ਦਾ ਚੈੱਕਅਪ ਕੰਪਿਊਟਰ ਦੁਆਰਾ ਬਿਲਕੁਲ ਮੁਫ਼ਤ ਕੀਤਾ ਗਿਆ।

## ਕੁੰਵਰ ਵਿਜੇ ਪ੍ਰਤਾਪ ਨੇ ਕਪਿਸ਼ ਖੇਮਕਾ ਨੂੰ ਜਨਮ ਦਿਨ 'ਤੇ ਦਿੱਤਾ ਆਸ਼ੀਰਵਾਦ



ਛੇਹਰਟਾ, (ਮਨੋਜ ਕੁਮਾਰ) : ਸਮਾਜ ਸੇਵਕ ਅਨੁਜ ਖੇਮਕਾ ਦੇ ਪੁੱਤਰ ਕਪਿਸ਼ ਖੇਮਕਾ ਦੇ ਜਨਮ ਦਿਨ ਮੌਕੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਉਨ੍ਹਾਂ ਦੇ ਘਰ ਜਾ ਕੇ ਕਪਿਸ਼ ਖੇਮਕਾ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਮਾਂ ਕਾਂਗੜਾ ਦੇਵੀ ਸੇਵਾ ਸੁਸਾਇਟੀ ਦੇ ਚੇਅਰਮੈਨ ਰਾਜੀਵ ਰੱਤਰਾ, ਵਿੰਸ ਪਬਲਿਕ ਸਕੂਲ ਦੇ ਮਨਦੀਪ ਸਿੰਘ, ਅਸ਼ਵਨੀ ਜੋਸ਼ੀ, ਅਮਨ ਜੋਸ਼ੀ, ਸ਼ੰਕਰ ਅਰੋੜਾ, ਅਸ਼ੀਸ਼ ਖੇਮਕਾ, ਇੰਦੂ ਬਾਲਾ, ਸ਼ਿਖਾ ਖੇਮਕਾ, ਮੀਨਾਕਸ਼ੀ ਖੇਮਕਾ, ਲਵ ਭੱਟੀ, ਜਸਕੀਰਤ ਸਿੰਘ, ਨਵਲ ਸੇਠ, ਸਿਧਾਂਤ ਅਗਰਵਾਲ, ਉਦਿਤ ਖੇਮਕਾ, ਭਾਵਿਕ ਖੇਮਕਾ ਆਦਿ ਹਾਜ਼ਰ ਸਨ।

## ਨਵ-ਨਿਯੁਕਤ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਦਾ ਸਨਮਾਨ



ਮਜੀਠਾ (ਸੋਇਮ ਆਨੰਦ)-ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮਾਰਕੀਟ ਕਮੇਟੀਆਂ ਦੇ ਚੇਅਰਮੈਨਾਂ ਦਾ ਐਲਾਨ ਰਸਮੀ ਤੌਰ 'ਤੇ ਕਰ ਦਿੱਤਾ ਹੈ ਜਿਸ ਦੇ ਤਹਿਤ ਮਾਰਕੀਟ ਕਮੇਟੀ ਮਜੀਠਾ ਦਾ ਆਮ ਆਦਮੀ ਪਾਰਟੀ ਦੇ ਅਣਥੱਕ ਅਤੇ ਮਿਹਨਤੀ ਵਰਕਰ ਬਲਬੀਰ ਸਿੰਘ ਬੋਪਾਰਾਏ ਨੂੰ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।ਬੋਪਾਰਾਏ ਦੇ ਚੇਅਰਮੈਨ ਬਨਣ 'ਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ।ਇਸ ਦੇ ਨਾਲ ਹੀ ਮਾਰਕੀਟ ਕਮੇਟੀ ਮਜੀਠਾ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਵੀ ਬੋਪਾਰਾਏ ਨੂੰ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਕਰਵਾਕੇ ਸਨਮਾਨਿਤ ਕੀਤਾ ਗਿਆ।ਮਾਰਕੀਟ ਕਮੇਟੀ ਮਜੀਠਾ ਦੇ ਸਮੂਹ ਕਰਮਚਾਰੀਆਂ ਨੇ ਨਵ-ਨਿਯੁਕਤ ਚੇਅਰਮੈਨ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਨੂੰ ਵਿਸ਼ਵਾਸ ਦੁਆਇਆ ਗਿਆ ਕਿ ਸਮੂਹ ਅਧਿਕਾਰੀ ਤੇ ਕਰਮਚਾਰੀ ਉਨ੍ਹਾਂ ਨਾਲ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਹਰ ਕੰਮ ਵਿਚ ਉਨ੍ਹਾਂ ਦਾ ਸਹਿਯੋਗ ਕਰਨਗੇ।ਇਸ ਮੌਕੇ ਮੰਡੀ ਸੁਪਰਵਾਈਜ਼ਰ ਕੁਲਦੀਪ ਸਿੰਘ ਕਾਹਲੋਂ, ਏ. ਆਰ. ਹਰਜਿੰਦਰ ਸਿੰਘ, ਹਰਦੀਪ ਸਿੰਘ, ਸ਼ਿਵ ਵਰਿੰਦਰਪਾਲ ਸਿੰਘ, ਨਿਤਿਸ਼ ਅਗਨੀਹੋਤਰੀ, ਰਾਜ ਕਰਨ ਸਿੰਘ ਆਦਿ ਹਾਜ਼ਰ ਸਨ।

## 5 ਅਗਸਤ ਦੇ ਇਕੱਠ ਦੀਆਂ ਤਿਆਰੀਆਂ ਪਿੰਡਾਂ 'ਚ ਜ਼ੋਰਾਂ 'ਤੇ : ਕਾਮਰੇਡ ਜੋਗਿੰਦਰ ਸਿੰਘ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਦਿਹਾਤੀ ਮਜ਼ਦੂਰ ਸਭਾ ਤਹਿਸੀਲ ਕਮੇਟੀ ਖਡੂਰ ਸਾਹਿਬ ਦੀ ਮੀਟਿੰਗ ਕਾਮਰੇਡ ਜੋਗਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਹੋਇਆ ਹੈ, ਕੋਈ ਵੀ ਮਸਲਾ ਹੱਲ ਨਹੀਂ ਕੀਤਾ। ਮਜ਼ਦੂਰਾਂ ਦੇ ਸਾਰੇ ਮਸਲੇ ਹੱਲ ਕਰਵਾਉਣ ਲਈ 5 ਅਗਸਤ ਨੂੰ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਜਲੰਧਰ ਵਿਖੇ ਵੱਡਾ ਇਕੱਠ ਕੀਤਾ ਜਾ ਰਿਹਾ ਹੈ ਜਿਸ ਦੀ ਤਿਆਰੀ ਪਿੰਡਾਂ ਵਿੱਚ ਜ਼ੋਰਾਂ 'ਤੇ ਕੀਤੀ ਜਾ ਰਹੀ ਹੈ। ਤਹਿਸੀਲ ਵਿੱਚੋਂ ਹਜ਼ਾਰਾਂ ਸਾਥੀ ਸ਼ਾਮਲ ਹੋਣਗੇ। ਮੀਟਿੰਗ ਵਿੱਚ ਨਛੱਤਰ ਸਿੰਘ ਤੁੜ, ਬਾਬਾ ਦਿਆਲ ਸਿੰਘ ਦੀਨੇਵਾਲ, ਬਗੀਚਾ ਸਿੰਘ, ਜਗੀਰ ਸਿੰਘ ਫਤਿਆਬਾਦ, ਗੁਰਪ੍ਰੀਤ ਸਿੰਘ ਢੋਟਾ, ਸੁਖਦੇਵ ਸਿੰਘ ਉਪਲ, ਚੇਨ ਸਿੰਘ ਨਾਗੋਕੇ, ਅਜੀਤ ਸਿੰਘ ਏਕਲਗੱਡਾ, ਦਲੇਰ ਸਿੰਘ ਵੈਰੋਵਾਲ ਆਦਿ ਆਗੂ ਹਾਜ਼ਰ ਸਨ।

## 'ਸਮੱਸਿਆਵਾਂ ਨੂੰ ਸਮੇਂ ਸਿਰ ਹੱਲ ਕਰਨਾ ਮਾਨ ਸਰਕਾਰ ਦੀ ਮੁੱਖ ਤਰਜੀਹ'



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਮਾਨ ਸਰਕਾਰ ਦੀ ਹਮੇਸ਼ਾ ਤੋਂ ਮੁੱਖ ਤਰਜੀਹ ਰਹੀ ਹੈ।ਇਸੇ ਉਦੇਸ਼ ਤਹਿਤ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਮਲਕਵਾਲ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵਲੋਂ ਲੋਕ ਮਿਲਣੀ ਕਰਕੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਹੱਲ ਲਈ ਸਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨਾ ਸਾਡੀ ਜ਼ਿੰਮੇਵਾਰੀ ਹੈ।ਇਸ ਮੌਕੇ ਸਰਪੰਚ ਪਰਮਜੀਤ ਕੌਰ, ਬਲਵਿੰਦਰ ਸਿੰਘ, ਜਸਬੀਰ ਸਿੰਘ,ਪੰਕਜ ਕੁਮਾਰ,ਪੀਟਰ ਮਸੀਹ, ਤਰਲੋਕ ਕੁਮਾਰ, ਸਤਪਾਲ ਮਾਲਕ, ਮਾਨੂੰ ਮਸੀਹ, ਗੁਰਮੁਖ ਸਿੰਘ, ਸੁਖਜਿੰਦਰ ਸਿੰਘ, ਲਖਵਿੰਦਰ ਸਿੰਘ, ਅਮਲੋਕ ਸਿੰਘ ਆਦਿ ਹਾਜ਼ਰ ਰਹੇ।

## ਬਲਬੀਰ ਸਿੰਘ ਸਿੱਧੂ ਨੇ ਸੈਂਕੜੇ ਲੋਕਾਂ ਨੂੰ ਕਾਂਗਰਸ ਪਾਰਟੀ 'ਚ ਕਰਵਾਈ ਸ਼ਮੂਲੀਅਤ

ਮੁਹਾਲੀ ( ਗੁਰਜੀਤ ਬਿੱਲਾ)-ਸਾਬਕਾ ਸਿਹਤ ਮੰਤਰੀ ਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਤੋਂ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਏ ਜੁਝਾਰ ਨਗਰ ਸਮੇਤ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰਵਾਈ। ਇਸ ਮੌਕੇ ਬਲਬੀਰ ਸਿੰਘ ਸਿੱਧੂ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਦੀ ਆਵਾਜ਼ ਬਣੀ ਹੈ ਅਤੇ ਲੋਕ-ਭਲਾਈ ਦੀ ਰਾਜਨੀਤੀ ਲਈ ਵਚਨਬੱਧ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਇਲਾਕੇ ਦੇ ਵਿਕਾਸ ਤੇ ਲੋਕਾਂ ਦੀ ਭਲਾਈ ਲਈ ਮਿਲ ਕੇ ਕੰਮ ਕੀਤਾ ਜਾਵੇਗਾ।

## ਸਿਵਲ ਸਰਜਨ ਡਾ. ਸੰਦੀਪ ਧਵਨ ਵੱਲੋਂ ਸੀ ਐੱਚ ਸੀ ਸਰਹਾਲੀ ਦੀ ਅਚਨਚੇਤ ਚੈਕਿੰਗ



ਚੋਹਲਾ ਸਾਹਿਬ (ਰਮਨ ਚੱਢਾ)-ਜ਼ਿਲ੍ਹਾ ਤਰਨ ਤਾਰਨ ਦੇ ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਵੱਲੋਂ ਸਵੇਰ ਵੇਲੇ ਸੀਐੱਚਸੀ ਸਰਹਾਲੀ ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਢੰਗ ਨਾਲ ਆਮ ਜਨਤਾ ਤੱਕ ਪਹੁੰਚਾਉਣ ਲਈ ਸਿਹਤ ਸੇਵਾਵਾਂ ਦਾ ਨਿਰੀਖਣ ਕੀਤਾ ਗਿਆ। ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਨੇ ਚੈਕਿੰਗ ਦੌਰਾਨ ਕਿਹਾ ਕਿ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਬਹਿਤਰ ਢੰਗ ਨਾਲ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਡਾਕਟਰ ਸੰਦੀਪ ਧਵਨ ਨੇ ਚੈਕਿੰਗ ਦੌਰਾਨ ਓ ਪੀ ਡੀ ਜੱਚਾ ਬੱਚਾ, ਵਾਰਡ, ਐਮਰਜੈਂਸੀ ਸੇਵਾਵਾਂ, ਐਕਸਰੇ ਸੇਵਾਵਾਂ,ਲੈਬ ਸੇਵਾਵਾਂ,ਡਰੱਗ ਸਟੋਰ ਅਤੇ ਡੀ ਅਡੀਕਸ਼ਨ ਸਟੋਰ ਦਾ ਨਿਰੀਖਣ ਕੀਤੀ ਡਾਕਟਰ ਸੰਦੀਪ ਧਵਨ ਨੇ ਕਿਹਾ ਕਿ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣਾ ਮੇਰਾ ਮੁੱਖ ਮਕਸਦ ਹੈ। ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਨੇ ਸੀਐੱਚਸੀ ਸਰਹਾਲੀ ਦੀ ਅਚਨਚੇਤ ਚੈਕਿੰਗ ਦੌਰਾਨ ਸਟਾਫ ਦਾ ਸਾਰਾ ਰਿਕਾਰਡ ਚੈੱਕ ਕੀਤਾ। ਇਸ ਸਮੇਂ ਡਾਕਟਰ ਸੰਦੀਪ ਧਵਨ ਨੇ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਹਸਪਤਾਲ ਨੂੰ ਸੁੱਚਜੇ ਢੰਗ ਨਾਲ ਚਲਾਇਆ ਜਾ ਰਿਹਾ ਹੈ ਅਤੇ ਮਰੀਜ਼ਾਂ ਨੂੰ ਬਿਨਾਂ ਖੱਜਲ ਖੁਆਰੀ ਤੋਂ ਲੋੜੀਂਦੇ ਟੈਸਟ ਕਰਨ ਉਪਰੰਤ ਲੋੜੀਂਦੀਆਂ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਸਪਤਾਲ ਦੀ ਬਿਲਡਿੰਗ ਬਹੁਤ ਵਧੀਆ ਹੈ ਅਤੇ ਸਾਫ ਸਫ਼ਾਈ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ। ਇਸ ਸਮੇਂ ਡਾਕਟਰ ਸੰਦੀਪ ਕੌਰ ਮੈਡੀਕਲ ਅਫਸਰ, ਡਾਕਟਰ ਸੁਖਮਨੀ ਕੌਰ ਮੈਡੀਕਲ ਅਫਸਰ, ਬਲਰਾਜ ਸਿੰਘ ਗਿੱਲ ਬੀਈਈ, ਤਰਜੀਤ ਕੌਰ ਨਰਸਿੰਗ ਸਿਸਟਰ, ਸੰਦੀਪ ਕੌਰ ਸਟਾਫ ਨਰਸ, ਨਰਿੰਦਰ ਕੌਰ ਸਟਾਫ ਨਰਸ, ਗੁਰਜੀਤ ਸਿੰਘ ਵਾਰਡ ਅਟੈਂਡੈਂਟ, ਲਖਵਿੰਦਰ ਸਿੰਘ ਲੱਖਾ, ਰਣਜੀਤ ਸਿੰਘ, ਬੇਅੰਤ ਸਿੰਘ ਆਦਿ ਹਾਜ਼ਰ ਸਨ।

## ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਚਾਰ ਵੈਨਾਂ ਰੱਤੇਵਾਲ, ਲੋਧੀਪੁਰ ਤੇ ਬੱਬਰੀ ਵਿਖੇ ਪਹੁੰਚੀਆਂ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨਾਂ ਪਿੰਡ ਰੱਤੇਵਾਲ, ਲੋਧੀਪੁਰ, ਬੱਬਰੀ ਵਿਖੇ ਪਹੁੰਚੀਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਉਪਦੇਸ਼ਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪ੍ਰਚਾਰ ਵੈਨ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਅਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਡਾਕੂਮੈਂਟਰੀ ਨੇ ਹਾਜ਼ਰ ਦਰਸ਼ਕਾਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਅਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਨਾਲ ਨੇੜਿਓਂ ਜਾਣੂ ਕਰਵਾਇਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ।ਦੱਸਣਯੋਗ ਹੈ ਕਿ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਗੁਰਦਾਸਪੁਰ, ਬਟਾਲਾ, ਦੀਨਾਨਗਰ ਅਤੇ ਡੇਰਾ ਬਾਬਾ ਨਾਨਕ ਦੇ ਵੱਖ ਵੱਖ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ।ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਜਾਰੀ ਰਹੇਗੀ ਤਾਂ ਜੋ ਵੱਧ ਤੋਂ ਵੱਧ ਲੋਕ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ ਤੋਂ ਜਾਣੂ ਹੋ ਸਕਣ।

## 'ਊਰਜਾ ਬਚਾਓ, ਸਰੋਤ ਬਚਾਓ' ਵਿਸ਼ੇ 'ਤੇ ਇੰਟਰ-ਕਲਾਸ ਸਲੋਗਨ ਲਿਖਣ ਮੁਕਾਬਲਾ



ਧਾਰੀਵਾਲ (ਮਨਦੀਪ ਵਿੱਕੀ)- ਕਲਗੀਧਰ ਟਰੱਸਟ, ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਗੋ ਗ੍ਰੀਨ ਕਲੱਬ ਦੇ ਅਧੀਨ 'ਊਰਜਾ ਬਚਾਓ, ਸਰੋਤ ਬਚਾਓ' ਵਿਸ਼ੇ 'ਤੇ ਇੰਟਰ-ਕਲਾਸ ਸਲੋਗਨ ਲਿਖਣ ਮੁਕਾਬਲੇ ਦਾ ਸਫਲ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਊਰਜਾ ਸੰਭਾਲ, ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਸੀ।

ਮੁਕਾਬਲੇ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਊਰਜਾ ਸੰਭਾਲ ਅਤੇ ਵਾਤਾਵਰਣ ਸੁਰੱਖਿਆ ਨਾਲ ਸੰਬੰਧਿਤ ਰਚਨਾਤਮਕ, ਪ੍ਰਭਾਵਸ਼ਾਲੀ ਅਤੇ ਪ੍ਰੇਰਣਾਦਾਇਕ ਸਲੋਗਨ ਪੇਸ਼ ਕੀਤੇ।ਵਿਦਿਆਰਥੀਆਂ ਨੇ ਆਪਣੀ ਮੌਲਿਕ ਸੋਚ, ਸਿਰਜਣਾਤਮਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਲੋਗਨਾਂ ਦਾ ਮੁਲਾਂਕਣ ਰਚਨਾਤਮਕਤਾ, ਮੌਲਿਕਤਾ, ਵਿਸ਼ੇ ਨਾਲ ਸੰਬੰਧਿਤਤਾ, ਸਪਸ਼ਟਤਾ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਦੇ ਆਧਾਰ ਤੇ ਕੀਤਾ ਗਿਆ।ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਨੂੰ ਹੋਰ ਮਜ਼ਬੂਤ ਕੀਤਾ ਅਤੇ ਉਨ੍ਹਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਊਰਜਾ ਦੀ ਬਚਤ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਜ਼ਿੰਮੇਵਾਰ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਅਕੈਡਮੀ ਦੀ ਪ੍ਰਿੰਸੀਪਲ ਅਮਨਦੀਪ ਕੌਰ ਭੰਗੂ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾ ਸਿਰਫ਼ ਵਿਦਿਆਰਥੀਆਂ ਦੀ ਰਚਨਾਤਮਕ ਸੋਚ ਨੂੰ ਨਿਖਾਰਦੀਆਂ ਹਨ, ਸਗੋਂ ਉਨ੍ਹਾਂ ਵਿੱਚ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਅਤੇ ਟਿਕਾਊ ਵਿਕਾਸ ਦੀ ਸੋਚ ਵੀ ਵਿਕਸਿਤ ਕਰਦੀਆਂ ਹਨ। ਇਹ ਮੁਕਾਬਲਾ ਗਿਆਨਵਰਧਕ, ਪ੍ਰੇਰਣਾਦਾਇਕ ਅਤੇ ਜਾਗਰੂਕਤਾ ਭਰਿਆ ਅਨੁਭਵ ਹੋਇਆ।

## ਸੰਗਤਪ੍ਰੀਤ ਸਿੰਘ ਨੇ ਸ਼ਾਟਗਨ ਚੈਂਪੀਅਨਸ਼ਿਪ 'ਚ ਜਿੱਤੇ 3 ਤਮਗੇ



ਚੰਡੀਗੜ੍ਹ -ਖੇਡ ਜਗਤ ਵਿੱਚ ਸ਼ਾਨਦਾਰ ਪ੍ਰਾਪਤੀ ਦਰਜ ਕਰਦਿਆਂ ਸਟ੍ਰਾਬੇਰੀ ਫੀਲਡਜ਼ ਹਾਈ ਸਕੂਲ, ਚੰਡੀਗੜ੍ਹ ਦੇ 10ਵੀਂ ਜਮਾਤ ਦੇ ਵਿਦਿਆਰਥੀ ਸੰਗਤਪ੍ਰੀਤ ਸਿੰਘ ਨੇ ਪਟਿਆਲਾ ਵਿਖੇ ਹੋਈ 61ਵੀਂ ਪੰਜਾਬ ਸਟੇਟ ਸ਼ਾਟਗਨ ਚੈਂਪੀਅਨਸ਼ਿਪ-2026 ਵਿੱਚ ਤਿੰਨ ਤਗਮੇ ਜਿੱਤ ਕੇ ਸਕੂਲ ਅਤੇ ਸ਼ਹਿਰ ਦਾ ਮਾਣ ਵਧਾਇਆ ਹੈ। ਸੰਗਤਪ੍ਰੀਤ ਨੇ ਟਰੈਪ ਸ਼ੂਟਿੰਗ ਮੁਕਾਬਲੇ ਵਿੱਚ ਯੂਥ ਸ਼੍ਰੇਣੀ ਵਿੱਚ ਸੋਨ ਤਗ਼ਮਾ, ਜੂਨੀਅਰ ਪੁਰਸ਼ ਸ਼੍ਰੇਣੀ ਵਿੱਚ ਸੋਨ ਤਗ਼ਮਾ ਅਤੇ ਪੁਰਸ਼ ਸ਼੍ਰੇਣੀ ਵਿੱਚ ਚਾਂਦੀ ਦਾ ਤਗ਼ਮਾ ਹਾਸਲ ਕੀਤਾ ਹੈ। ਸਟ੍ਰਾਬੇਰੀ ਫੀਲਡਜ਼ ਹਾਈ ਸਕੂਲ ਦੇ ਪ੍ਰਬੰਧਕਾਂ, ਸਟਾਫ ਅਤੇ ਵਿਦਿਆਰਥੀਆਂ ਨੇ ਸੰਗਤਪ੍ਰੀਤ ਨੂੰ ਉਸ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਸਮਰਪਣ ਲਈ ਵਧਾਈ ਦਿੱਤੀ ਹੈ।

## ਸੈਕਰਡ ਹਾਰਟ ਕਾਨਵੈਂਟ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ

ਬਿਆਸ (ਪਰਮਜੀਤ ਸਿੰਘ ਰੱਖੜਾ) ਸੈਕਰਡ ਹਾਰਟ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਿਆਸ ਵਿੱਚ ਤੀਆਂ ਦਾ ਤਿਉਹਾਰ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਸਕੂਲ ਪ੍ਰਸ਼ਾਸਨ, ਅਧਿਆਪਕ ਅਤੇ ਵਿਦਿਆਰਥੀਆਂ ਨੇ ਸਾਉਣ ਦੇ ਮਹੀਨੇ ਵਿੱਚ ਮਨਾਇਆ ਜਾਂਦਾ ਪੰਜਾਬ ਦਾ ਇਹ ਸੱਭਿਆਚਾਰਕ ਤਿਉਹਾਰ ਸਾਂਝੇ ਤੌਰ 'ਤੇ ਸਕੂਲ ਦੀ ਗਰਾਊਂਡ ਵਿੱਚ ਮਨਾਇਆ। ਇਸ ਦੌਰਾਨ ਬੱਚਿਆਂ ਨੇ ਖੀਰ-ਪੂੜੇ ਲਿਆਂਦੇ ਅਤੇ ਬੋਲੀਆਂ ਪਾ ਕੇ, ਪੀਘਾਂ ਝੂਟ ਕੇ ਪੰਜਾਬੀ ਸੱਭਿਆਚਾਰ ਨੂੰ ਜਿਉਂਦਾ ਰੱਖਣ ਦਾ ਉਪਰਾਲਾ ਕੀਤਾ। ਸਕੂਲ ਦੇ ਡਾਇਰੈਕਟਰ ਫਾਦਰ ਪੋਲਰਾਇ ਨੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਅਹਿਮੀਅਤ ਦੇਣ, ਸੱਭਿਆਚਾਰ ਦਾ ਸਤਿਕਾਰ ਅਤੇ ਸੱਭਿਆਚਾਰ ਨੂੰ ਸੰਭਾਲਣ ਦੀ ਗੱਲ ਆਖੀ। ਪ੍ਰਿੰਸੀਪਲ ਸਿਸਟਰ ਅੰਜਲੀ ਫਰਾਂਸਿਸ, ਸਿਸਟਰ ਮੈਰੀ, ਸਿਸਟਰ ਸਲਮਾ, ਸਿਸਟਰ ਫਰਾਂਸਿਸਕਾ, ਕੁਸ਼ਲ ਸ਼ਰਮਾ, ਪਿੰਦਰਜੀਤ, ਪ੍ਰਭਸ਼ਰਨ ਤੇ ਅੰਮ੍ਰਿਤਪਾਲ ਕੌਰ ਆਦਿ ਹਾਜ਼ਰ ਸਨ।



## ਨਿਰਮਲ ਸਿੰਘ ਨਾਗ ਚੇਅਰਮੈਨ ਨਿਯੁਕਤ



ਮਜੀਠਾ (ਸੋਇਮ ਆਨੰਦ)-ਕੰਬੋਜ ਭਲਾਈ ਬੋਰਡ ਪੰਜਾਬ ਦੇ ਵਿਧਾਨ ਸਭਾ ਹਲਕਾ ਮਜੀਠਾ ਦਾ ਸਾਬਕਾ ਸਰਪੰਚ ਪਿੰਡ ਨਾਗ ਨਵੇਂ ਨੂੰ ਚੇਅਰਮੈਨ ਨਿਯੁਕਤ ਕੀਤਾ ਗਿਆ।ਚੇਅਰਮੈਨ ਬਣਨ 'ਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਵਧਾਈ ਦਿੱਤੀ।ਗੱਲਬਾਤ ਕਰਦਿਆਂ ਨਵ ਨਿਯੁਕਤ ਚੇਅਰਮੈਨ ਨਿਰਮਲ ਸਿੰਘ ਨਾਗ ਨਵੇਂ ਨੇ ਗਿੱਲ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਕਰਕੇ ਉਨ੍ਹਾਂ ਦੇ ਨਾਂਅ ਦੀ ਸਿਫਾਰਸ਼ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਤੇ ਕੀਤੇ ਗਏ ਭਰੋਸੇ ਨੂੰ ਉਹ ਹਮੇਸ਼ਾ ਬਰਕਰਾਰ ਰੱਖਣਗੇ ਅਤੇ ਪਾਰਟੀ ਦੀ ਮਜ਼ਬੂਤੀ ਵਾਸਤੇ ਦਿਨ ਰਾਤ ਇੱਕ ਕਰ ਦੇਣਗੇ।ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਹਲਕੇ ਦੇ ਪਿੰਡਾਂ ਵਿਚ ਜਾ ਕੇ ਬਰਾਦਰੀ ਦੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਹੱਕ ਵਿਚ ਲਾਮਬੰਦ ਕਰਨਗੇ ਅਤੇ 2027 ਦੀਆਂ ਵਿਧਾਨ ਸਭਾ ਚੋਣਾ ਵਿਚ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਵੱਡੀ ਲੀਡ ਦਿਵਾ ਕੇ ਵਿਧਾਨ ਸਭਾ ਵਿੱਚ ਭੇਜਣਗੇ।ਇਸ ਮੌਕੇ ਨਵ-ਨਿਯੁਕਤ ਚੇਅਰਮੈਨ ਨੂੰ ਵਧਾਈ ਦੇਣ ਵਾਲਿਆਂ ਵਿਚ ਤਲਬੀਰ ਸਿੰਘ ਗਿੱਲ, ਬਲਜਿੰਦਰ ਸਿੰਘ ਛੀਨਾ ਸਿਆਸੀ ਸਕੱਤਰ ਗਿੱਲ, ਸਤਿੰਦਰ ਸਿੰਘ ਸ਼ਾਹ ਮਜੀਠਾ, ਹਰਭੁਪਿੰਦਰ ਸਿੰਘ ਸ਼ਾਹ ਮਜੀਠਾ, ਪਰਮਿੰਦਰ ਸਿੰਘ ਉਪਲ, ਯਾਦਵਿੰਦਰ ਸਿੰਘ ਚੇਅਰਮੈਨ ਬਲਾਕ ਸੰਮਤੀ, ਜਗਦੀਸ਼ ਸਿੰਘ ਨਾਗ ਨਵੇਂ, ਪਹਿਲਵਾਨ ਸੁੱਖ ਭੰਗਵਾਂ ਆਦਿ ਹਾਜ਼ਰ ਸਨ।

## ਆਰ ਟੀ ਓ ਨੇ 20 ਦੇ ਕਰੀਬ ਗੱਡੀਆਂ ਦੇ ਕੱਟੇ ਚਲਾਨ, 5 ਤੋਂ 6 ਗੱਡੀਆਂ ਬਾਊਂਡ



ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)-ਆਰ. ਟੀ. ਓ. ਗੁਰਦਾਸਪੁਰ ਮੈਡਮ ਰੋਬਿਨਜੀਤ ਕੌਰ ਵੱਲੋਂ ਸੜਕ ਸੁਰੱਖਿਆ ਨਿਯਮਾਂ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਇਲਾਕਿਆਂ 'ਚ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ ਬੀਤੀ ਦੇਰ ਰਾਤ ਆਰ.ਟੀ.ਓ. ਗੁਰਦਾਸਪੁਰ ਮੈਡਮ ਰੋਬਿਨਜੀਤ ਕੌਰ ਵਲੋਂ ਵੱਖ-ਵੱਖ ਇਲਾਕਿਆਂ 'ਚ ਨਾਕਾਬੰਦੀ ਕਰਕੇ ਓਵਰਲੋਡ ਵਾਹਨਾਂ ਅਤੇ ਨਿਯਮਾਂ ਦੀਆਂ ਉਲੰਘਣਾ ਕਰਨ ਵਾਲੀਆਂ ਟੂਰਿਸਟ ਬੱਸਾਂ ਦੀ ਚੈਕਿੰਗ ਕੀਤੀ ਗਈ।ਇਸ ਚੈਕਿੰਗ ਦੌਰਾਨ ਆਰ. ਟੀ. ਓ ਗੁਰਦਾਸਪੁਰ ਮੈਡਮ ਰੋਬਿਨਜੀਤ ਕੌਰ ਵੱਲੋਂ ਨਿਯਮਾਂ ਦੀਆਂ ਉਲੰਘਣਾ ਕਰਨ ਵਾਲਿਆਂ 20 ਗੱਡੀਆਂ ਦੇ ਚਲਾਨ ਕੱਟਦੇ ਹੋਏ 6.50 ਲੱਖ ਰੁਪਏ ਦੀ ਜੁਰਮਾਨਾ ਰਾਸ਼ੀ ਵਸੂਲ ਕੀਤੀ ਗਈ ਜਦਕਿ 5 ਤੋਂ 6 ਗੱਡੀਆਂ ਨੂੰ ਬਾਊਂਡ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਆਰ.ਟੀ.ਓ ਗੁਰਦਾਸਪੁਰ ਮੈਡਮ ਰੋਬਿਨਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਉਨ੍ਹਾਂ ਵੱਲੋਂ ਰੋਜ਼ਾਨਾ ਨਾਕਾਬੰਦੀ ਕਰਦੇ ਹੋਏ ਓਵਰਲੋਡ ਵਾਹਨਾਂ ਅਤੇ ਅਧੂਰੇ ਦਸਤਾਵੇਜ਼ਾਂ ਵਾਲੇ ਟਰੱਕਾਂ ਅਤੇ ਬੱਸਾਂ ਦੇ ਚਲਾਨ ਕੱਟੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਉਨ੍ਹਾਂ ਵਲੋਂ ਸਕੂਲ ਬੱਸਾਂ ਦੀ ਵੀ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਸਕੂਲ ਪ੍ਰਬੰਧਕਾਂ ਨੂੰ ਸੇਫ ਸਕੂਲ ਵੈਨ ਦੇ ਨਿਯਮਾਂ ਦੀ ਪਾਲਣਾ ਕਰਨ ਲਈ ਤਾੜਨਾ ਵੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਬੀਤੀ ਰਾਤ ਉਨ੍ਹਾਂ ਵਲੋਂ ਵੱਖ-ਵੱਖ ਇਲਾਕਿਆਂ 'ਚ ਨਾਕਾਬੰਦੀ ਕਰਕੇ ਅਧੂਰੇ ਦਸਤਾਵੇਜ਼ਾਂ ਵਾਲੀਆਂ ਬੱਸਾਂ ਅਤੇ ਓਵਰਲੋਡ ਟਰੱਕਾਂ ਅਤੇ ਟਿੱਪਰਾਂ ਦੇ 20 ਚਲਾਨ ਕੱਟੇ ਗਏ ਹਨ ਅਤੇ 6.50 ਲੱਖ ਰੁਪਏ ਦੀ ਜੁਰਮਾਨਾ ਰਾਸ਼ੀ ਵਸੂਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਉਨ੍ਹਾਂ ਵਲੋਂ 5 ਤੋਂ 6 ਗੱਡੀਆਂ ਨੂੰ ਬਾਊਂਡ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।ਉਨ੍ਹਾਂ ਬੱਸਾਂ ਅਤੇ ਟਰੱਕ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨਾਂ ਦੇ ਦਸਤਾਵੇਜ਼ ਪੂਰੇ ਰੱਖਣ ਅਤੇ ਨਿਯਮਾਂ ਦੀ ਪਾਲਣਾ ਕਰਨ।ਉਨ੍ਹਾਂ ਕਿਹਾ ਕਿ ਭਵਿੱਖ 'ਚ ਵੀ ਉਨ੍ਹਾਂ ਵੱਲੋਂ ਇਹ ਕਾਰਵਾਈ ਜਾਰੀ ਰਹੇਗੀ ਅਤੇ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇਗਾ।

## ਕਰੀਬ ਦੋ ਦਰਜਨ ਕਾਂਗਰਸੀ ਆਪ 'ਚ ਸ਼ਾਮਲ; ਕਟਾਰੂਚੱਕ ਨੇ ਸਿਰੋਪੇ ਪਾ ਕੇ ਕਿਹਾ ਜੀ ਆਇਆਂ ਨੂੰ



ਪਠਾਨਕੋਟ, (ਦਵਿੰਦਰ ਸਿੰਘ)-ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਪਲਾਹ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਪਿੰਡ ਦੇ ਨਿਵਾਸੀ ਪ੍ਰਿਤਪਾਲ ਸਿੰਘ ਉਰਫ਼ ਬੰਟੀ ਆਪਣੇ ਕਰੀਬ ਦੋ ਦਰਜਨ ਸਾਥੀਆਂ ਸਮੇਤ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਆਗੂਆਂ ਅਤੇ ਕਾਰਜਕਰਤਾਵਾਂ ਨੂੰ ਸਿਰੋਪੇ ਪਾ ਕੇ ਸਨਮਾਨਿਤ ਕੀਤਾ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਪ੍ਰਿਤਪਾਲ ਸਿੰਘ ਉਰਫ਼ ਬੰਟੀ ਤੋਂ ਇਲਾਵਾ ਬਚਿੱਤਰ ਸਿੰਘ, ਕੁਲਵਿੰਦਰ ਕੌਰ, ਸਤਨਾਮ ਸਿੰਘ, ਗੁਰਨਾਮ ਸਿੰਘ, ਗੁਰਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਬਲਵਿੰਦਰ ਸਿੰਘ, ਸਵਰਨ ਸਿੰਘ, ਜਗੀਰ ਕੌਰ, ਮੁਕੇਸ਼ ਸ਼ਰਮਾ, ਦਿਲਬਾਗ ਸਿੰਘ ਅਤੇ ਹੋਰ ਕਈ ਸਾਥੀ ਸ਼ਾਮਲ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹਰ ਰੋਜ਼ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡ ਪਲਾਹ, ਖੋਜਕੀ ਚੱਕ, ਬਲੋਤਰ ਅਤੇ ਆਲੇ-ਦੁਆਲੇ ਦੇ ਪਿੰਡਾਂ ਤੋਂ ਲੋਕਾਂ ਦਾ ਪਾਰਟੀ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸਬੂਤ ਹੈ ਕਿ ਲੋਕ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ ਤੇ ਭਰੋਸਾ ਜਤਾ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਹਰ ਵਰਕਰ ਦਾ ਪੂਰਾ ਮਾਣ-ਸਨਮਾਨ ਕਰਦੀ ਹੈ ਅਤੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਾ ਹਰ ਵਿਅਕਤੀ ਸਾਡੇ ਪਰਿਵਾਰ ਦਾ ਮੈਂਬਰ ਹੈ।ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਮਜ਼ਬੂਤੀ ਲੋਕਾਂ ਦੀ ਸੇਵਾ ਰਾਹੀਂ ਹੋਰ ਵਧੇਗੀ।ਇਸ ਮੌਕੇ ਪ੍ਰਿਤਪਾਲ ਸਿੰਘ ਉਰਫ਼ ਬੰਟੀ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਉਹ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਲਈ ਪੂਰਾ ਯੋਗਦਾਨ ਦੇਣਗੇ।ਇਸ ਮੌਕੇ ਧਰਮਪਾਲ ਬਲਾਕ ਸੰਮਤੀ ਚੇਅਰਮੈਨ, ਮਨੀਸ਼ ਗੁਪਤਾ ਸਰਪੰਚ ਬਮਿਆਲ, ਰਾਜੇਸ਼ ਕੁਮਾਰ ਬਲਾਕ ਪ੍ਰਧਾਨ, ਰਾਜੇਸ਼ ਸਰਪੰਚ, ਵਿਪਨ ਕੁਮਾਰ ਸਰਪੰਚ, ਰਾਜਕੁਮਾਰ, ਬਿੰਦੂ ਠਾਕੁਰ, ਨਾਜਰ ਸਿੰਘ, ਕੁਨਨ ਸਿੰਘ, ਮਹਿੰਦਰ ਸਿੰਘ, ਸਰਪੰਚ ਜੋਗਿੰਦਰ ਸਿੰਘ (ਖੋਜਕੀ ਚੱਕ), ਯਸ਼ਪਾਲ ਵਰਮਾ ਅਤੇ ਆਮ ਆਦਮੀ ਪਾਰਟੀ ਦੇ ਹੋਰ ਆਗੂ ਅਤੇ ਕਾਰਜਕਰਤਾ ਵੀ ਹਾਜ਼ਰ ਸਨ।

## ਵਾਂਗਚੁਕ ਨੂੰ ਚੁੱਕਣ ਵਿਰੁੱਧ ਧਰਮਿੰਦਰ ਪ੍ਰਧਾਨ ਦਾ ਪੁਤਲਾ ਫੂਕਿਆ



**ਛੇਹਰਟਾ/ਖਾਸਾ/ਝਬਾਲ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ/ਹਰਜਿੰਦਰ ਸਿੰਘ ਸੋਨੀ)** : ਨੀਟ ਤੇ ਹੋਰ ਮੁਕਾਬਲਾ ਪ੍ਰੀਖਿਆਵਾਂ ਵਿੱਚ ਹੋਈ ਹੇਰਾਫੇਰੀ ਦੇ ਵਿਰੋਧ ਵਿੱਚ ਦਿੱਲੀ ਦੇ ਜੰਤਰ-ਮੰਤਰ 'ਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਭੁੱਖ ਹੜਤਾਲ 'ਤੇ ਬੈਠੇ ਪ੍ਰਸਿੱਧ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੂੰ ਪੁਲਸ ਵੱਲੋਂ ਜਬਰੀ ਚੁੱਕ ਕੇ ਹਸਪਤਾਲ ਦਾਖ਼ਲ ਕਰਵਾਉਣ ਦੀ ਕਾਰਵਾਈ ਦਾ ਤਿੱਖਾ ਵਿਰੋਧ ਸ਼ੁਰੂ ਹੋ ਗਿਆ ਹੈ। ਇਸੇ ਦੇ ਚੱਲਦਿਆਂ ਸੀਪੀਆਈ (ਐੱਮ) ਦੀ ਅੰਮ੍ਰਿਤਸਰ ਇਕਾਈ ਦੇ ਸੱਦੇ 'ਤੇ ਕੁੱਲ ਹਿੰਦ ਕਿਸਾਨ ਸਭਾ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤੇ ਸੀਟੂ ਵੱਲੋਂ ਸਾਂਝੇ ਤੌਰ 'ਤੇ ਪੁਤਲੀਘਰ ਚੌਕ ਵਿਚ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਕੇਂਦਰ ਸਰਕਾਰ ਦੇਸ਼ ਦੇ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਦੋਸ਼ੀਆਂ ਨੂੰ ਬਚਾਉਣ ਤੇ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਲਈ ਤਾਨਾਸ਼ਾਹੀ ਰਵੱਈਆ ਅਪਣਾ ਰਹੀ ਹੈ। ਸੋਨਮ ਵਾਂਗਚੁਕ ਦੀ ਲੋਕਤੰਤਰਿਕ ਤੇ ਸ਼ਾਂਤੀਪੂਰਨ ਭੁੱਖ ਹੜਤਾਲ ਨੂੰ ਜਬਰੀ ਖ਼ਤਮ ਕਰਾਉਣ ਦੀ ਮਨਸ਼ਾ ਨਾਲ ਉਨ੍ਹਾਂ ਨੂੰ ਹਿਰਾਸਤ ਵਿਚ ਲੈਣਾ ਨਿੰਦਣਯੋਗ ਹੈ। ਕੇਂਦਰ ਸਰਕਾਰ ਨੂੰ ਤੁਰੰਤ ਸਿੱਖਿਆ ਮੰਤਰੀ ਦਾ ਅਸਤੀਫਾ ਲੈਣਾ ਚਾਹੀਦਾ ਹੈ ਤੇ ਪ੍ਰੀਖਿਆਵਾਂ ਵਿਚ ਹੋਏ ਘੁਟਾਲੇ ਦੀ ਨਿਰਪੱਖ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਰੋਸ ਪ੍ਰਦਰਸ਼ਨ ਦੌਰਾਨ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਚਰਨਜੀਤ ਮਜੀਠਾ, ਜਸਬੀਰ ਸਿੰਘ ਝਬਾਲ, ਐਡਵੋਕੇਟ ਕਵਲਜੀਤ ਕੌਰ, ਸੁਖਦੇਵ ਸਿੰਘ ਰੇਲਵੇ, ਕਵਲਜੀਤ ਸਿੰਘ ਕੌਰ ਰੇਲਵੇ, ਬਲਜਿੰਦਰ ਸਿੰਘ, ਸੰਤੋਖ ਸਿੰਘ, ਨਰਿੰਦਰ ਧੰਜਲ, ਪ੍ਰੇਮ ਬਿਲਾਸ, ਵਾਸੂਦੇਵ, ਮਨਜੀਤ ਸਿੰਘ ਝਬਾਲ, ਗੁਰਦੀਪ ਸਿੰਘ ਭਿਖੀਵਿੰਡ ਤੇ ਮਨਜੀਤ ਓਬਰਾਏ ਸਮੇਤ ਵੱਡੀ ਗਿਣਤੀ ਵਿਚ ਵਰਕਰ ਅਤੇ ਸਾਥੀ ਹਾਜ਼ਰ ਸਨ। ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਵਿਦਿਆਰਥੀਆਂ ਨੂੰ ਇਨਸਾਫ਼ ਨਾ ਮਿਲਿਆ ਤੇ ਲੋਕਤੰਤਰਿਕ ਆਵਾਜ਼ਾਂ ਨੂੰ ਦਬਾਉਣਾ ਬੰਦ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਸ਼ੈਰੀ ਕਲਸੀ ਤੇ ਡੀ ਸੀ ਉੱਪਲ ਨੇ ਬਟਾਲਾ ਦੇ ਵਿਕਾਸ ਕਾਰਜਾਂ ਸੰਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ



ਬਟਾਲਾ, (ਤਰਲੋਕ ਬੱਗਾ)-ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਵੱਲੋਂ ਬਟਾਲਾ ਹਲਕੇ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦੇ ਸਬੰਧ ਵਿੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਗੁਰਸਿਮਰਨ ਸਿੰਘ ਢਿੱਲੋਂ, ਕਮਿਸ਼ਨਰ ਨਗਰ ਨਿਗਮ ਬਟਾਲਾ-ਕਮ-ਵਧੀਕ ਡਿਪਟੀ ਕਮਿਸ਼ਨਰ (ਜ), ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ ਬਟਾਲਾ, ਮੇਅਰ ਭੁਪਿੰਦਰ ਸਿੰਘ ਬਾਜਵਾ, ਅੰਮ੍ਰਿਤ ਕਲਸੀ, ਮਨਦੀਪ ਸਿੰਘ ਗਿੱਲ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕੌਂਸਲਰ ਆਦਿ ਮੌਜੂਦ ਸਨ।ਮੀਟਿੰਗ ਦੌਰਾਨ ਵਿਧਾਇਕ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਵੱਲੋਂ ਬਟਾਲਾ ਸ਼ਹਿਰ ਅਤੇ ਪਿੰਡਾਂ ਵਿੱਚ ਕਰਵਾਏ ਜਾ ਰਹੇ ਵੱਖ-ਵੱਖ ਕਾਰਜਾਂ, ਲਿੰਕ ਸੜਕਾਂ ਦਾ ਨਿਰਮਾਣ ਤੇ ਮੁਰੰਮਤ, ਸੈਨੀਟੇਸ਼ਨ ਤੇ ਜਲ ਸਪਲਾਈ ਵਿਭਾਗ, ਨਹਿਰੀ ਅਤੇ ਡਰੇਨਜ ਵਿਭਾਗ ਆਦਿ ਅਧੀਨ ਕਰਵਾਏ ਜਾ ਰਹੇ ਕਾਰਜਾਂ ਸਬੰਧੀ ਵਿਸਥਾਰ ਪੂਰਵਕ ਜਾਇਜ਼ਾ ਲਿਆ ਗਿਆ ਅਤੇ ਨਿਸ਼ਚਿਤ ਸਮੇਂ ਅੰਦਰ ਵਿਕਾਸ ਕਾਰਜ ਮੁਕੰਮਲ ਕਰਨ ਲਈ ਲਈ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਗਏ।ਮੀਟਿੰਗ ਦੌਰਾਨ ਉਨ੍ਹਾਂ ਨੇ ਸੰਬੰਧਿਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਸਮੂਹ ਵਿਕਾਸ ਕਾਰਜਾਂ ਦੀ ਗੁਣਵੱਤਾ ਯਕੀਨੀ ਬਣਾਉਣ ਦੇ ਨਾਲ-ਨਾਲ ਵਿਕਾਸ ਕੰਮਾਂ ਦੀ ਫਿਜ਼ੀਕਲ ਵੈਰੀਫਿਕੇਸ਼ਨ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਵਿਕਾਸ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਉਨ੍ਹਾਂ ਨੇ ਕਿਹਾ ਕਿ ਇਸ ਮੀਟਿੰਗ ਦਾ ਮਨੋਰਥ ਵੱਖ-ਵੱਖ ਵਿਭਾਗਾਂ ਦਾ ਆਪਸੀ ਤਾਲਮੇਲ ਕਰਵਾ ਕੇ ਚੱਲ ਰਹੇ ਅਤੇ ਹੋਰ ਸ਼ੁਰੂ ਕੀਤੇ ਜਾਣ ਵਾਲੇ ਕੰਮਾਂ ਵਿੱਚ ਤੇਜ਼ੀ ਲਿਆਉਣਾ ਹੈ।ਉਨਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾਂਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਸਬੰਧੀ ਸਰਪੰਚਾਂ-ਪੰਚਾਂ/ਕੌਂਸਲਰਾਂ ਨੂੰ ਦੱਸਣ। ਉਨਾਂ ਕਿਹਾ ਕਿ ਸਰਕਾਰ ਵਿਕਾਸ ਕਾਰਜਾਂ ਲਈ ਲਗਾਤਾਰ ਯਤਨਸ਼ੀਲ ਹੈ ਤੇ ਹੁਣ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਕੋਈ ਵੀ ਕੰਮ ਮਿੱਥੇ ਸਮੇਂ ਤੋਂ ਲੇਟ ਨਾ ਹੋਵੇ।

## ਕਟਾਰੂਚੱਕ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



ਪਠਾਨਕੋਟ, (ਦਵਿੰਦਰ ਸਿੰਘ)-ਕੈਬਨਿਟ ਮੰਤਰੀ ਕਟਾਰੂਚੱਕ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਰਕਵਾਲ ਅਤੇ ਬਕਨੌਰ ਵਿਖੇ ਲੋਕ ਮਿਲਣੀਆਂ ਦਾ ਆਯੋਜਨ ਕਰਕੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦੀ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ (ਸਕੱਤਰ ਮਾਝਾ ਜ਼ੋਨ, ਪੰਜਾਬ ਬੀ.ਸੀ. ਵਿੰਗ), ਰਵਿੰਦਰ ਸਾਹੂਚੱਕ, ਸਰਪੰਚ ਤੇ ਬਲਾਕ ਪ੍ਰਧਾਨ ਹੈਪੀ (ਰਕਵਾਲ), ਬਲਾਕ ਪ੍ਰਧਾਨ ਜੰਗ ਬਹਾਦਰ, ਸੁਰਿੰਦਰ ਸਹਾਰਨਪੁਰ, ਸੋਨੂ ਨਰਾਇਣਪੁਰ, ਸਰਪੰਚ ਮਨਜੀਤ ਸਿੰਘ (ਸਹਾਰਨਪੁਰ), ਰਾਜਾ ਬਕਨੌਰ ਅਤੇ ਆਮ ਆਦਮੀ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਵੀ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਚੰਦ ਕਟਾਰੂ ਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਲੋਕ ਮਿਲਣੀਆਂ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਉਨ੍ਹਾਂ ਦੇ ਘਰ-ਦੁਆਰ ਤੇ ਜਾ ਕੇ ਸੁਣਨਾ ਅਤੇ ਉਨ੍ਹਾਂ ਦਾ ਪਹਿਲ ਦੇ ਆਧਾਰ ਤੇ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਸਮੇਂ ਸਿਰ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਅੱਜ ਰਕਵਾਲ ਅਤੇ ਬਕਨੌਰ ਵਿਖੇ ਹੋਈਆਂ ਲੋਕ ਮਿਲਣੀਆਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ।ਕਈ ਸਮੱਸਿਆਵਾਂ ਦਾ ਮੌਕੇ ਤੇ ਹੀ ਨਿਪਟਾਰਾ ਕਰ ਦਿੱਤਾ ਗਿਆ, ਜਦਕਿ ਬਾਕੀ ਮਾਮਲਿਆਂ ਨੂੰ ਸਬੰਧਤ ਵਿਭਾਗਾਂ ਕੋਲ ਭੇਜ ਕੇ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।

## ਰੋਟਰੀ ਕਲੱਬ ਨਾਰਥ ਦਾ ਗੀਤਾਂ ਭਰੀ ਸ਼ਾਮ ਸਮਾਗਮ ਯਾਦਗਾਰੀ ਹੋ ਨਿੱਬੜਿਆ




**ਅੰਮ੍ਰਿਤਸਰ (ਅਰੋੜਾ)**-ਰੋਟਰੀ ਕਲੱਬ ਨਾਰਥ ਵੱਲੋਂ ਕਲੱਬ ਦੇ ਪ੍ਰਧਾਨ ਇੰਜੀਨੀਅਰ ਪਰਮੀਤ ਸਿੰਘ, ਸਕੱਤਰ ਮਨਿੰਦਰ ਕੌਰ ਅਰੋੜਾ, ਪ੍ਰੋਜੈਕਟ ਚੇਅਰਮੈਨ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ, ਪੈਟਰਨ ਡਾ. ਕੁਲਦੀਪ ਸਿੰਘ ਅਰੋੜਾ ਦੀ ਪ੍ਰਧਾਨਗੀ ਹੇਠ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿਖੇ ਗੀਤਾਂ ਭਰੀ ਸ਼ਾਮ ਸਾਵਣ ਦਾ ਸਮਾਗਮ ਬੜੇ ਹੀ ਧਾਰਮਿਕ ਵਿਧੀ ਵਿਧਾਨ ਦੇ ਨਾਲ ਸੰਪੰਨ ਹੋਇਆ। ਸਾਬਕਾ ਗਵਰਨਰ ਉਪਕਾਰ ਸਿੰਘ ਸੇਠੀ ਅਤੇ ਆਉਣ ਵਾਲੇ ਗਵਰਨਰ ਐੱਚ. ਐੱਸ. ਜੋਗੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।ਰੋਟੇਰੀਅਨ ਗਾਇਕ ਸੁਰਿੰਦਰ ਕੱਕੜ ਨੇ ਸਾਵਣ ਦੇ ਗੀਤਾਂ ਨਾਲ ਆਪਣੀ ਛਵੀ ਬਿਖੇਰੀ।ਗਾਇਕਾ ਰੋਟੇਰੀਅਨ ਕਾਜਲ ਕੱਕੜ ਨੇ ਸਾਵਣ ਸਬੰਧੀ ਗੀਤਾਂ ਦੀ ਝੜੀ ਲਗਾਈ।ਆਰ. ਐੱਸ. ਚੱਠਾ ਨੇ ਆਪਣੇ ਸ਼ਾਇਰਾਨਾ ਅੰਦਾਜ਼ ਵਿੱਚ ਸਾਰਿਆਂ ਦਾ ਖੂਬ ਮਨੋਰੰਜਨ ਕੀਤਾ।ਰੋਟੇਰੀਅਨ ਮਨਿੰਦਰ ਕੌਰ ਅਤੇ ਪਰਮੀਤ ਸਿੰਘ ਖੇੜਾ ਨੇ ਹੁਣ ਤੱਕ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੀ ਜਾਣਕਾਰੀ ਦਿੱਤੀ। ਇੰਡੀਅਨ ਮੈਡੀਕਲ ਐਸੋਸੀਏਸ਼ਨ ਪੰਜਾਬ ਦੇ ਸਾਬਕਾ ਪ੍ਰਧਾਨ ਡਾ. ਕੁਲਦੀਪ ਸਿੰਘ ਅਰੋੜਾ ਨੇ ਆਪਣੇ ਗੀਤਾਂ ਨਾਲ ਖੂਬ ਸਮਾਂ ਬੰਨ੍ਹਿਆ। ਕਲੱਬ ਵੱਲੋਂ ਸਾਰੇ ਮੈਂਬਰਾਂ ਨੂੰ ਮਨੋਰੰਜਨ ਲਈ ਤੰਬੋਲਾ, ਅੰਤਾਕਸ਼ਰੀ ਅਤੇ ਅਲੱਗ-ਅਲੱਗ ਤਰਾਂ ਦੇ ਗੀਤਾਂ ਦਾ ਉਚਾਰਨ ਕਰਵਾਇਆ ਗਿਆ। ਕਲੱਬ ਵੱਲੋਂ ਜੇਤੂ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੁਰਸਕਾਰ ਦੇ ਨਾਲ ਨਾਲ ਨਕਦ ਰਾਸ਼ੀ ਵੀ ਵੰਡੀ ਗਈ।

ਸਮਾਗਮ ਵਿੱਚ ਰੋਟਰੀ ਦੇ ਜ਼ੋਨਲ ਚੇਅਰਮੈਨ ਜ਼ਿਲਾ ਸਕੱਤਰ ਵਿਜੇ ਭਸੀਨ, ਸਾਬਕਾ ਸਹਾਇਕ ਗਵਰਨਰ ਸੰਜੇ ਮਲਿਕ, ਅਮਨਦੀਪ ਕੌਰ, ਆਸ਼ਾ ਮਲਿਕ, ਹਰਜਿੰਦਰ ਕੌਰ ਚੱਠਾ, ਰਮੇਸ਼ ਕੱਕੜ, ਸੁਨੀਤਾ ਭਸੀਨ, ਦਲਜੀਤ ਕੌਰ ਅਰੋੜਾ, ਰੀਟਾ ਕੱਕੜ, ਨੇਹਾ ਕੱਕੜ, ਸਾਬਕਾ ਪ੍ਰਧਾਨ ਵਰੁਣ ਕੱਕੜ, ਗੁਰਮੀਤ ਸਿੰਘ ਹੀਰਾ, ਸਹਾਇਕ ਗਵਰਨਰ ਕੇ.ਐਸ. ਚੱਠਾ, ਵਿਪਨ ਲੂੰਬਾ, ਟੀ. ਪੀ. ਐੱਸ. ਚਾਵਲਾ, ਅਤੁਲ ਮੇਹਰਾ, ਸਮੇਤ ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਪਰਿਵਾਰਾਂ ਦੇ ਨਾਲ ਮੌਜੂਦ ਸਨ।ਮੁੱਖ ਮਹਿਮਾਨ ਉਪਕਾਰ ਸਿੰਘ ਸੇਠੀ ਨੂੰ ਖਾਸ ਤੌਰ ਤੇ ਸਨਮਾਨਿਤ ਕੀਤਾ ਗਿਆ।

**ਜਨਮ ਦਿਨ ਮੁਬਾਰਕ**



ਕਪਿਸ਼ ਖੇਮਕਾ
ਅੰਮ੍ਰਿਤਸਰ



ਰਹਿਮਨ ਕੌਰ
ਪਿੰਡ ਨਸੀਰੇਵਾਲਾ

# ਕੇਜਰੀਵਾਲ ਤੇ ਭਗਵੰਤ ਮਾਨ ਨੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਭਜਨ ਸੰਧਿਆ 'ਚ ਲਿਆ ਹਿੱਸਾ







**ਦਸੂਹਾ/ਹੁਸ਼ਿਆਰਪੁਰ (ਕਰਨੈਲ ਮਾਂਗਟ, ਓ ਪੀ ਰਾਣਾ)**

ਵਿਧਾਨ ਸਭਾ ਦਸੂਹਾ ਦੇ ਕਸਬਾ ਤਲਵਾੜਾ ਵਿਖੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਭਜਨ ਸੰਧਿਆ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਭਗਵੰਤ ਮਾਨ ਸਰਕਾਰ ਦੀ ਮੁਫ਼ਤ 'ਤੀਰਥ ਯਾਤਰਾ' ਯੋਜਨਾ ਦੇ ਵੱਡੇ ਵਿਸਥਾਰ ਦਾ ਐਲਾਨ ਕੀਤਾ। ਅਗਸਤ ਮਹੀਨੇ ਤੋਂ ਪੰਜਾਬ ਸਰਕਾਰ ਖਾਟੂ ਸ਼ਿਆਮ ਜੀ-ਸਾਲਾਸਰ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਲਈ ਮੁਫ਼ਤ ਤੀਰਥ ਯਾਤਰਾ ਸ਼ੁਰੂ ਕਰੇਗੀ। ਇਨ੍ਹਾਂ ਤਿੰਨਾਂ ਨਵੇਂ ਰੂਟਾਂ ਲਈ ਰਜਿਸਟਰੇਸ਼ਨ ਅਗਸਤ ਵਿੱਚ ਖੁੱਲ੍ਹੇਗੀ, ਜਿਸ ਤਹਿਤ ਸਰਕਾਰ ਡੇਢ ਲੱਖ ਸ਼ਰਧਾਲੂਆਂ ਨੂੰ 'ਦਰਸ਼ਨ' ਕਰਵਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਮੁਫ਼ਤ 'ਤੀਰਥ ਯਾਤਰਾ' ਯੋਜਨਾ ਮੌਜੂਦਾ ਸਮੇਂ ਸ਼ਰਧਾਲੂਆਂ ਨੂੰ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਜਾਂਦੀ ਹੈ, ਜਿਸ ਵਿੱਚ ਏ ਸੀ ਬੱਸਾਂ, ਹੋਟਲਾਂ, ਖਾਣੇ ਅਤੇ ਹੋਰ ਪ੍ਰਬੰਧਾਂ ਦਾ ਸਾਰਾ ਖ਼ਰਚਾ ਸਰਕਾਰ ਵੱਲੋਂ ਚੁੱਕਿਆ ਜਾਂਦਾ ਹੈ। ਹੁਣ ਇਸ ਯੋਜਨਾ ਦਾ ਤਿੰਨ ਨਵੇਂ ਰੂਟਾਂ ਨਾਲ ਵਿਸਥਾਰ ਕੀਤਾ ਗਿਆ ਹੈ। ਹੁਣ ਬੱਸਾਂ ਸਾਲਾਸਰ ਜੀ-ਖਾਟੂ ਸ਼ਿਆਮ ਜੀ, ਮਥੁਰਾ-ਵ੍ਰਿੰਦਾਵਨ ਅਤੇ ਹਰਿਦੁਆਰ-ਰਿਸ਼ੀਕੇਸ਼ ਲਈ ਵੀ ਚੱਲਣਗੀਆਂ।

ਇਨ੍ਹਾਂ ਤਿੰਨਾਂ ਨਵੇਂ ਰੂਟਾਂ ਲਈ ਰਜਿਸਟਰੇਸ਼ਨ ਅਗਸਤ ਵਿੱਚ ਸ਼ੁਰੂ ਹੋਵੇਗੀ ਅਤੇ ਸਰਕਾਰ ਡੇਢ ਲੱਖ ਸ਼ਰਧਾਲੂਆਂ ਨੂੰ ਦਰਸ਼ਨ ਕਰਵਾਏਗੀ। ਔਰਤਾਂ ਲਈ ਵਿੱਤੀ ਸਹਾਇਤਾ ਬਾਰੇ ਬੋਲਦਿਆਂ 'ਆਪ' ਸੁਪਰੀਮੋ ਨੇ ਕਿਹਾ, 'ਜਿਨ੍ਹਾਂ ਔਰਤਾਂ ਨੇ ਆਪਣੀ ਰਜਿਸਟਰੇਸ਼ਨ ਮੁਕੰਮਲ ਕਰ ਲਈ ਸੀ ਬਾਵਜੂਦ ਅਜੇ ਤੱਕ ਖਾਤਿਆਂ ਵਿੱਚ ਪੈਸੇ ਪ੍ਰਾਪਤ ਨਹੀਂ ਕੀਤੇ ਹਨ, ਉਨ੍ਹਾਂ ਨੂੰ 1 ਅਗਸਤ ਨੂੰ 3,000 ਮਿਲਣਗੇ, ਜਿਸ ਵਿੱਚ ਜੁਲਾਈ, ਅਗਸਤ ਅਤੇ ਸਤੰਬਰ ਮਹੀਨੇ ਦੇ ਪੈਸੇ ਇਕੱਠੇ ਸ਼ਾਮਲ ਹੋਣਗੇ। ਐੱਸ ਸੀ ਭਾਈਚਾਰੇ ਦੀਆਂ ਔਰਤਾਂ ਨੂੰ 4,500 ਮਿਲਣਗੇ। ਪਹਿਲੀ ਜੁਲਾਈ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ 32 ਲੱਖ ਔਰਤਾਂ ਦੇ ਖਾਤਿਆਂ ਵਿੱਚ ਪੈਸੇ ਟਰਾਂਸਫਰ ਕੀਤੇ ਸਨ ਅਤੇ ਪਹਿਲੀ ਅਗਸਤ ਨੂੰ 50 ਲੱਖ ਤੋਂ ਵੱਧ ਔਰਤਾਂ ਨੂੰ ਇਹ ਲਾਭ ਮਿਲੇਗਾ। ਸਰਕਾਰ ਇਨ੍ਹਾਂ ਲੋਕ-ਪੱਖੀ ਸਕੀਮਾਂ ਲਈ ਫੰਡ ਕਿਵੇਂ ਜੁਟਾ ਰਹੀ ਹੈ, ਇਸ ਬਾਰੇ ਸਪੱਸ਼ਟ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਦਾਅਵਾ ਕੀਤਾ ਕਿ ਸਰਕਾਰ ਕੋਲ ਇੰਨਾ ਪੈਸਾ ਇਸ ਲਈ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਇਮਾਨਦਾਰ ਹਨ। ਸੂਬੇ ਭਰ ਵਿੱਚ ਧਾਰਮਿਕ ਪਹਿਲਕਦਮੀਆਂ ਬਾਰੇ ਗੱਲ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਜ਼ੋਰ ਦੇ ਕੇ ਕਿਹਾ, ਪੰਜਾਬ ਦੇ ਸਾਰੇ 22 ਸ਼ਹਿਰਾਂ ਵਿੱਚ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਵਰਗੇ ਭਜਨ ਸੰਧਿਆ ਪ੍ਰੋਗਰਾਮ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਮਾਨ ਪਟਿਆਲਾ ਦੇ ਕਾਲੀ ਮਾਤਾ ਮੰਦਰ ਨੂੰ ਇੱਕ ਵਿਸ਼ਾਲ ਅਤੇ ਸ਼ਾਨਦਾਰ ਮੰਦਰ ਵਜੋਂ ਵਿਕਸਤ ਕਰਨ ਲਈ 80 ਕਰੋੜ ਖਰਚ ਰਹੇ ਹਨ, ਜੋ 30 ਸਤੰਬਰ ਤੱਕ ਮੁਕੰਮਲ ਹੋ ਜਾਵੇਗਾ। ਉਸ ਤੋਂ ਬਾਅਦ ਸਾਰਿਆਂ ਨੂੰ ਦਰਸ਼ਨਾਂ ਲਈ ਜਾਣਾ ਚਾਹੀਦਾ ਹੈ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਇਸ ਪਵਿੱਤਰ ਅਸਥਾਨ 'ਤੇ ਆ ਕੇ ਇਸ ਮੁਕੱਦਸ ਸਮਾਗਮ ਵਿੱਚ ਹਿੱਸਾ ਲੈ ਕੇ ਬਹੁਤ ਮਾਣ ਮਹਿਸੂਸ ਕਰ ਰਿਹਾ ਹਾਂ। ਇਸ ਇਕੱਠ ਵਿੱਚ ਹਾਜ਼ਰ ਹੋਣਾ ਅਤੇ ਮਨੁੱਖਤਾ, ਏਕਤਾ ਤੇ ਪਿਆਰ ਦਾ ਸੰਦੇਸ਼ ਫੈਲਾਉਣਾ ਮੇਰੇ ਲਈ ਬਹੁਤ ਮਾਣ ਵਾਲੀ ਗੱਲ ਹੈ। ਮੈਨੂੰ ਖ਼ੁਸ਼ੀ ਹੈ ਕਿ ਤੁਸੀਂ ਸਾਰੇ ਇਸ ਸਮਾਗਮ ਵਿੱਚ ਹਿੱਸਾ ਲੈਣ ਲਈ ਇੰਨੀ ਵੱਡੀ ਗਿਣਤੀ ਵਿੱਚ ਇੱਥੇ ਪਹੁੰਚੇ ਹੋ। ਮੁੱਖ ਮੰਤਰੀ ਨੇ ਕਿਹਾ, "ਲੋਕਾਂ ਦਾ ਬੇਅੰਤ ਪਿਆਰ ਅਤੇ ਅਸੀਸਾਂ ਸੂਬਾ ਸਰਕਾਰ ਨੂੰ ਹੋਰ ਵੀ ਵੱਧ ਉਤਸ਼ਾਹ ਅਤੇ ਵਚਨਬੱਧਤਾ ਨਾਲ ਉਨ੍ਹਾਂ ਦੀ ਸੇਵਾ ਕਰਨ ਦਾ ਭਰੋਸਾ ਦਿੰਦੀਆਂ ਹਨ। ਪੰਜਾਬ ਇੱਕ ਅਜਿਹੀ ਉਪਜਾਊ ਧਰਤੀ ਹੈ ਜਿੱਥੇ ਨਫ਼ਰਤ ਦੇ ਬੀਜ ਨੂੰ ਛੱਡ ਕੇ ਹਰ ਬੀਜ ਪੁੰਗਰ ਸਕਦਾ ਹੈ। ਸਾਡੇ ਸੂਬੇ ਵਿੱਚ ਏਕਤਾ ਦਾ ਜਜ਼ਬਾ ਇੰਨਾ ਮਜ਼ਬੂਤ ਹੈ ਕਿ ਇੱਥੇ ਲੋਕ ਹਰ ਤਿਉਹਾਰ ਮਿਲ-ਜੁਲ ਕੇ ਮਨਾਉਂਦੇ ਹਨ। ਉਨ੍ਹਾਂ ਕਿਹਾ, "ਪੰਜਾਬ ਹਮੇਸ਼ਾ ਹੀ ਫਿਰਕੂ ਸਦਭਾਵਨਾ ਦੀ ਭਾਵਨਾ ਰੱਖਣ ਵਾਲਾ ਸੂਬਾ ਰਿਹਾ ਹੈ। ਵੰਡ ਪਾਉਣ ਵਾਲੀਆਂ ਤਾਕਤਾਂ ਇੱਥੇ ਕਦੇ ਵੀ ਕਾਮਯਾਬ ਨਹੀਂ ਹੋ ਸਕਦੀਆਂ। ਭਾਵੇਂ ਅੱਜ ਦਾ ਇਹ ਸਮਾਗਮ ਭਗਵਾਨ ਸ਼ਿਵ ਨੂੰ ਸਮਰਪਿਤ ਹੈ, ਪਰ ਹਰ ਧਰਮ ਦੇ ਲੋਕ ਇਸ ਵਿੱਚ ਹਿੱਸਾ ਲੈ ਰਹੇ ਹਨ, ਜੋ ਕਿ ਪੰਜਾਬ ਦੀ ਅਸਲ ਭਾਵਨਾ ਨੂੰ ਦਰਸਾਉਂਦਾ ਹੈ।

# ਮੁਫ਼ਤ ਮੈਡੀਕਲ ਕੈਂਪ ਲਗਾਇਆ



**ਕਰਤਾਰਪੁਰ (ਹਰਮੇਸ਼ ਦੱਤ)**-ਆਪੀ ਚੈਰੀਟੇਬਲ ਹਸਪਤਾਲ ਕਰਤਾਰਪੁਰ ਵੱਲੋਂ ਹਸਪਤਾਲ ਦੇ ਵਿਹੜੇ ਵਿੱਚ ਹੀ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ 167ਵਾਂ ਮੁਫ਼ਤ ਮੈਡੀਕਲ ਕੈਂਪ ਲਗਾਇਆ। ਗਿਆ। ਮਾਹਿਰ ਡਾਕਟਰਾਂ ਵੱਲੋਂ 83 ਮਰੀਜ਼ਾਂ ਦੀ ਜਾਂਚ ਕੀਤੀ ਗਈ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।ਇਸ ਮੌਕੇ ਮਰੀਜ਼ਾਂ ਨੂੰ ਫਲ ਵੀ ਵੰਡੇ ਗਏ। ਇਸ ਮੌਕੇ ਵਿਮਲ ਜੈਨ, ਸੁਮਨ ਲਤਾ ਕਲਸਨ, ਸਤੀਸ਼ ਗੁਪਤਾ, ਅਨਿਲ ਵਰਮਾ, ਡਾਕਟਰ ਰੋਹਿਤ ਡੋਗਰਾ, ਡਾਕਟਰ ਨੀਰਜ ਕੁਮਾਰ, ਡਾ. ਅਮਨਦੀਪ ਬਾਲਾ, ਸੋਨੀ ਸਿੰਘ, ਸਰਬਜੀਤ ਕੌਰ, ਮੁਕਤਾ, ਹਰਪ੍ਰੀਤ ਕੌਰ, ਕਵਿਤਾ, ਸਨੀ ਕੁਮਾਰ, ਸੁਰਿੰਦਰ ਕੁਮਾਰ, ਸਤਨਾਮ ਸਿੰਘ, ਇੰਦਰਜੀਤ, ਕੁਲਵਿੰਦਰ, ਨੀਲਮ ਤੇ ਸਟਾਫ ਮੌਜੂਦ ਸੀ।

# 'ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰੇ'




**ਬੰਗਾ (ਅਵਤਾਰ ਕਲੇਰ)**-ਸਰਕਾਰ ਦੇ ਵੱਖ ਵੱਖ ਅਦਾਰਿਆਂ ਤੋਂ ਸੇਵਾ ਮੁਕਤ ਮੁਲਾਜ਼ਮਾਂ ਦੀ ਮਹੀਨਾਵਾਰ ਮੀਟਿੰਗ ਰਾਮ ਮਿਤਰ ਕੋਹਲੀ, ਤਹਿਸੀਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਸਥਾਨਕ ਬਾਬਾ ਗੋਲਾ ਪਾਰਕ ਵਿਖੇ ਕੀਤੀ ਗਈ।ਮੀਟਿੰਗ ਵਿੱਚ ਵਿਚਾਰ ਚਰਚਾ ਕਰਦਿਆਂ ਪੰਜਾਬ ਦੇ ਪੈਨਸ਼ਨਾਂ ਤੇ ਮੁਲਾਜ਼ਮਾਂ ਵੱਲੋਂ ਵੱਖ ਵੱਖ ਮੰਤਰੀਆਂ ਦੇ ਰਿਹਾਇਸ਼ੀ ਮਹੱਲਾਂ ਵੱਲ ਰੋਸ ਮੁਜ਼ਾਹਰੇ ਕਰਕੇ ਚਿਤਾਵਨੀ ਪੱਤਰ ਦਿੱਤੇ ਗਏ ਜਾਂ ਉਹਨਾਂ ਦੀ ਰਿਹਾਇਸ਼ੀ ਗੇਟ ਉਤੇ ਚਿਪਕਾਉਣ ਦੇ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ ਗਈ। ਪੈਨਸ਼ਨਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਵਿੱਚ ਡੀ.ਏ. ਅਤੇ ਹੋਰ ਵਿੱਤੀ ਮੰਗਾਂ ਨੂੰ ਪੂਰਾ ਕਰਨਾ, ਕੈਸ਼ਲੇਸ ਸਿਹਤ ਬੀਮਾ ਸਕੀਮ ਨੂੰ ਸੋਧ ਕੇ ਲਾਗੂ ਕਰਨਾ, ਬੱਝਵਾਂ ਮੈਡੀਕਲ ਭੱਤਾ ਘੱਟੋ ਘੱਟ ਰੁਪੈ 2000/- ਪ੍ਰਤੀ ਮਹੀਨਾ ਕਰਨਾ। ਵੱਖ ਵੱਖ ਬੈਂਕਾਂ ਵਲੋਂ ਹਰ ਮਹੀਨੇ ਪੈਨਸ਼ਨ ਤੇ ਹੋਰ ਵਿੱਤੀ ਲਾਭ ਬਿਨ੍ਹਾ ਦੇਰੀ ਦੇਣਾ, ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਪੈਨਸ਼ਨਾਂ ਦੇ ਡਿਜੀਟਲ ਲਾਈਵ ਸਰਟੀਫਿਕੇਟ ਦੇਣ ਵਿੱਚ ਆ ਰਹੀਆਂ ਮੁਸਕਲਾਂ ਦਾ ਸਾਰਥਕ ਤੇ ਸਥਾਈ ਹੱਲ ਕੀਤਾ ਜਾਵੇ, ਵੱਖ ਵੱਖ ਅਦਾਰਿਆਂ ਵਿੱਚ ਖ਼ਾਲੀ ਅਸਾਮੀਆਂ ਨੂੰ ਰੈਗੂਲਰ ਭਰਤੀਆਂ ਰਾਹੀਂ ਭਰਿਆ ਜਾਵੇ। ਕਮਿਊਨਿਟੀ ਸਿਹਤ ਕੇਂਦਰ ਬੰਗਾ ਨੂੰ ਤਹਿਸੀਲ ਪੱਧਰੀ ਸਿਵਲ ਹਸਪਤਾਲ ਵਜੋਂ ਉਚ ਪਧਰੀ ਬਣਾਇਆ ਜਾਵੇ ਅਤੇ ਸ਼ਹੀਦ ਭਗਤ ਸਿੰਘ ਮੈਡੀਕਲ ਇੰਸਟੀਚਿਊਟ ਨਵਾਂ ਸ਼ਹਿਰ ਦੀ ਉਸਾਰੀ ਸਰਕਾਰ ਆਪਣੇ ਪੱਧਰ 'ਤੇ ਕਰਵਾਏ, ਪਬਲਿਕ ਪ੍ਰਾਈਵੇਟ ਪਾਰਟਨਰਸਿਪ ਨੀਤੀ ਨੂੰ ਤੁਰੰਤ ਰੱਦ ਕੀਤਾ ਜਾਵੇ। ਮੀਟਿੰਗ ਵਿੱਚ ਰਾਮ ਰਤਨ, ਤਰਲੋਕ ਸਿੰਘ ਫਲੋਰਾ, ਪਰਮਜੀਤ ਸਿੰਘ ਜੌਹਰ, ਡਾਃ ਹਰੀ ਬਿਲਾਸ, ਸੰਤੋਖ ਸਿੰਘ, ਸੁਰਿੰਦਰ ਸਿੰਘ, ਅਸ਼ੋਕ ਕੁਮਾਰ ਸ਼ਰਮਾ, ਰਾਮ ਲਾਲ ਸਿੱਧੂ ਅਤੇ ਪ੍ਰਭਾਤ ਚੰਦ ਸ਼ਾਮਲ ਸਨ।

# ਸਰਕਾਰੀ ਸਕੂਲ ਧੁੱਗਾ ਦਾ ਨਾਂਅ ਸ਼ਹੀਦ ਵਰਿਆਮ ਸਿੰਘ ਦੇ ਨਾਂਅ 'ਤੇ ਰੱਖਿਆ

**ਜਲੰਧਰ (ਕੇਸਰ)**-ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਸਥਿਤ ਧੁੱਗਾ ਪਿੰਡ ਦੇ ਸਰਕਾਰੀ ਐਲੀਮੈਂਟਰੀ ਸਕੂਲ ਦਾ ਨਾਂਅ ਸ਼ਹੀਦ ਵਰਿਆਮ ਸਿੰਘ ਸਰਕਾਰੀ ਐਲੀਮੈਂਟਰੀ ਸਕੂਲ ਧੁੱਗਾ



ਰੱਖਿਆ ਗਿਆ ਹੈ। ਪਿੰਡ ਵਾਸੀ ਲੰਬੇ ਸਮੇਂ ਤੋਂ ਸਕੂਲ ਦਾ ਨਾਮ ਬਦਲਣ ਦੀ ਮੰਗ ਕਰ ਰਹੇ ਸਨ। ਸ਼ਾਮਚੁਰਾਸੀ ਹਲਕੇ ਦੇ 'ਆਪ' ਵਿਧਾਇਕ ਡਾ. ਰਵਜੋਤ ਸਿੰਘ ਜੋ ਇਸ ਸਮੇਂ ਪੰਜਾਬ ਸਰਕਾਰ ਵਿੱਚ ਕੈਬਨਿਟ ਮੰਤਰੀ ਹਨ ਦੀਆਂ ਕੋਸ਼ਿਸ਼ਾਂ ਉਪਰੰਤ ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਧੁੱਗਾ ਪਿੰਡ ਦੇ ਵਸਨੀਕ ਵਰਿਆਮ ਸਿੰਘ, ਭਾਰਤ ਦੀ ਆਜ਼ਾਦੀ ਲਈ ਚੱਲੀ ਬੱਬਰ ਲਹਿਰ ਵਿੱਚ ਇੱਕ ਪ੍ਰਮੁੱਖ ਹਸਤੀ ਸਨ। ਬ੍ਰਿਟਿਸ਼ ਸਰਕਾਰ ਨੇ ਉਨ੍ਹਾਂ ਨੂੰ ਫੜਨ ਲਈ ਤਿੰਨ ਹਜ਼ਾਰ ਰੁਪਏ, ਤਿੰਨ ਮੁਰੱਬੇ ਇਨਾਮ ਐਲਾਨੇ ਸਨ। 8 ਜੂਨ 1924 ਨੂੰ ਲਾਇਲਪੁਰ ਜ਼ਿਲ੍ਹੇ (ਹੁਣ ਪਾਕਿਸਤਾਨ ਵਿੱਚ) ਵਿੱਚ ਅੰਗਰੇਜ਼ ਸੁਪਰਡੈਂਟ ਡੀਗੇਲ ਨਾਲ ਹੋਏ ਮੁਕਾਬਲੇ ਵਿੱਚ ਬੜੀ ਬਹਾਦਰੀ ਨਾਲ ਮੁਕਾਬਲਾ ਕਰਦੇ ਹੋਏ ਵਰਿਆਮ ਸਿੰਘ ਸ਼ਹੀਦ ਹੋ ਗਏ ਸਨ। ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵੱਲੋਂ ਵੀ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਈ ਗਈ।

# 'ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ ਇਤਿਹਾਸਕ ਢੰਗ ਨਾਲ ਮਨਾਏਗੀ'



**ਭਲਾਣ (ਹਰਭਜਨ ਸਿੰਘ ਢਿੱਲੋਂ)**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਆ ਰਹੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ, ਸਤਿਕਾਰ ਅਤੇ ਸ਼ਾਨੋ-ਸ਼ੌਕਤ ਨਾਲ ਮਨਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਮਹਾਨ ਯੋਗਦਾਨ 'ਤੇ ਆਧਾਰਿਤ ਵਿਸ਼ੇਸ਼ ਡਾਕੂਮੈਂਟਰੀ ਸ਼ੋਅ ਕਰਵਾਏ ਜਾ ਰਹੇ ਹਨ। ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਯਾਦਗਾਰੀ ਢੰਗ ਨਾਲ ਮਨਾਏਗੀ ਤਾਂ ਜੋ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ।ਪਿੰਡ ਹਾਜੀਪੁਰ ਅਤੇ ਸਹਿਜੋਵਾਲ ਵਿੱਚ ਵਿਸ਼ੇਸ਼ ਐਲਈਡੀ ਸਕਰੀਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਆਧਾਰਿਤ ਡਾਕੂਮੈਂਟਰੀ ਦਿਖਾਈ ਗਈ। ਇਸ ਮੌਕੇ ਪਿੰਡ ਵਾਸੀਆਂ, ਨੌਜਵਾਨਾਂ, ਬਜ਼ੁਰਗਾਂ ਅਤੇ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਡਾਕੂਮੈਂਟਰੀ ਨੂੰ ਬੜੇ ਧਿਆਨ ਅਤੇ ਉਤਸ਼ਾਹ ਨਾਲ ਦੇਖਿਆ। ਡਾਕੂਮੈਂਟਰੀ ਵਿੱਚ ਗੁਰੂ ਜੀ ਦੇ ਜੀਵਨ ਸੰਘਰਸ਼, ਮਨੁੱਖਤਾ, ਬਰਾਬਰੀ, ਭਾਈਚਾਰੇ ਅਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ, ਜਿਸ ਦੀ ਹਾਜ਼ਰ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।ਉਨ੍ਹਾਂ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਉਪਦੇਸ਼ਾਂ ਤੋਂ ਪ੍ਰੇਰਣਾ ਲੈਣ। ਆਉਣ ਵਾਲੇ ਦਿਨਾਂ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਹੋਰ ਪਿੰਡਾਂ ਵਿੱਚ ਵੀ ਡਾਕੂਮੈਂਟਰੀ ਸ਼ੋਅ ਕਰਵਾਏ ਜਾਣਗੇ ਤਾਂ ਜੋ ਹਰ ਵਰਗ ਦੇ ਲੋਕ ਗੁਰੂ ਜੀ ਦੀਆਂ ਸਿੱਖਿਆਵਾਂ ਨਾਲ ਜੁੜ ਸਕਣ।

# ਸੀਵਰੇਜ ਠੱਪ ਹੋਣ ਨਾਲ ਲੋਕ ਨਰਕ ਵਰਗੀ ਜ਼ਿੰਦਗੀ ਜਿਉਣ ਲਈ ਮਜਬੂਰ : ਨਰਿੰਦਰ ਪੰਨੂੰ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਨੂੰ ਭਾਵੇਂ ਸਮਾਰਟ ਸਿਟੀ ਦੇ ਸੁਪਨੇ ਦਿਖਾਏ ਜਾ ਰਹੇ ਹਨ, ਪਰ ਜ਼ਮੀਨੀ ਹਕੀਕਤ ਇਸ ਦੇ ਬਿਲਕੁਲ ਉਲਟ ਹੈ। ਸ਼ਹਿਰ ਦੇ ਮੁਹੱਲਾ ਮੋਰੀ ਵਿੱਚ ਸੀਵਰੇਜ ਪ੍ਰਣਾਲੀ ਪੂਰੀ ਤਰ੍ਹਾਂ ਠੱਪ ਹੋ ਚੁੱਕੀ ਹੈ, ਜਿਸ ਕਾਰਨ ਗੰਦਾ ਪਾਣੀ ਲੋਕਾਂ ਦੇ ਘਰਾਂ ਵਿੱਚ ਦਾਖਲ ਹੋ ਰਿਹਾ ਹੈ ਅਤੇ ਪੂਰਾ ਇਲਾਕਾ ਬਦਬੂ ਤੇ ਗੰਦਗੀ ਨਾਲ ਭਰਿਆ ਪਿਆ ਹੈ। ਹਾਲਾਤ ਇੰਨੇ ਮਾੜੇ ਹੋ ਚੁੱਕੇ ਹਨ ਕਿ ਲੋਕਾਂ ਦਾ ਘਰਾਂ ਵਿੱਚ ਰਹਿਣਾ ਵੀ ਔਖਾ ਹੋ ਗਿਆ ਹੈ। ਹਰ ਪਾਸੇ ਫੈਲੀ ਬਦਬੂ ਕਾਰਨ ਲੋਕ ਰੋਟੀ ਤੱਕ ਨਹੀਂ ਖਾ ਸਕਦੇ। ਗੰਦੇ ਪਾਣੀ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਔਰਤਾਂ ਦੀ ਸਿਹਤ ਖਤਰੇ ਵਿੱਚ ਪੈ ਗਈ ਹੈ। ਬਰਸਾਤ ਅਤੇ ਭਿਆਨਕ ਗਰਮੀ ਦੇ ਮੌਸਮ ਵਿੱਚ ਜਮਾਂ ਗੰਦੇ ਪਾਣੀ ਕਾਰਨ ਮੱਛਰ, ਮੱਖੀਆਂ ਅਤੇ ਡੇਂਗੂ ਵਰਗੀਆਂ ਖ਼ਤਰਨਾਕ ਬਿਮਾਰੀਆਂ ਫੈਲਣ ਦਾ ਖ਼ਤਰਾ ਦਿਨੋ-ਦਿਨ ਵੱਧ ਰਿਹਾ ਹੈ। ਪਰ ਪ੍ਰਸ਼ਾਸਨ ਅਜੇ ਵੀ ਕੁੰਭਕਰਨੀ ਨੀਂਦ ਸੁੱਤਾ ਹੋਇਆ ਨਜ਼ਰ ਆ ਰਿਹਾ ਹੈ। ਕਾਂਗਰਸ ਦੇ ਬਲਾਕ ਪ੍ਰਧਾਨ ਨਰਿੰਦਰ ਸਿੰਘ ਪੰਨੂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਮੰਗ ਕੀਤੀ ਹੈ ਕਿ ਮੁਹੱਲਾ ਮੋਰੀ ਦੀ ਸੀਵਰੇਜ ਸਮੱਸਿਆ ਦਾ ਤੁਰੰਤ ਅਤੇ ਪੱਕਾ ਹੱਲ ਕੀਤਾ ਜਾਵੇ।

# ਜਵਾਹਰ ਖੁਰਾਨਾ ਨੇ ਹਰਜੀਤ ਗਰੇਵਾਲ ਨਾਲ ਕੀਤੀ ਮੁਲਾਕਾਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਭਾਰਤੀ ਜਨਤਾ ਪਾਰਟੀ ਵੱਲੋਂ ਹਾਲ ਹੀ ਵਿਚ ਨਿਯੁਕਤ ਕੀਤੇ ਗਏ ਆਲ ਇੰਡੀਆ ਘੱਟ ਗਿਣਤੀਆ ਦੇ ਕੌਮੀ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਨਾਲ ਹਲਕਾ ਟਾਂਡਾ ਤੋਂ ਭਾਜਪਾ ਆਗੂ ਜਵਾਹਰ ਲਾਲ ਪੁਰਾਨਾ ਨੇ ਸਾਥੀਆਂ ਸਮੇਤ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ।ਪਲੈਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਤੇ ਭਾਜਪਾ ਸਟੇਟ ਐਗਜ਼ੈਕਟਿਵ ਦੇ ਮੈਂਬਰ ਜਵਾਹਰ ਖੁਰਾਨਾ ਨੇ ਕੇਂਦਰ ਸਰਕਾਰ ਵੱਲੋਂ ਉਨਾਂ ਨੂੰ ਘੱਟ ਗਿਣਤੀਆਂ ਦੇ ਚੇਅਰਮੈਨ ਨਿਯੁਕਤ ਕੀਤੇ ਜਾਣ ਤੇ ਮੁਬਾਰਕਬਾਦ ਦਿੱਤੀ । ਇਸ ਮੌਕੇ ਉਨਾਂ ਨੇ ਚੇਅਰਮੈਨ ਹਰਜੀਤ ਗਰੇਵਾਲ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਕਿਹਾ ਕਿ ਸਰਕਾਰ ਵੱਲੋਂ ਉਨਾਂ ਨੂੰ ਇਹ ਵਿਸ਼ੇਸ਼ ਮਾਨ ਸਨਮਾਨ ਪਿਛਲੇ ਸਮੇਂ ਦੌਰਾਨ ਪਾਰਟੀ ਵਿੱਚ ਵੱਖ-ਵੱਖ ਅਹੁਦਿਆਂ ਤੇ ਰਹਿੰਦੇ ਹੋਏ ਕੀਤੀਆਂ ਗਈਆਂ ਸੇਵਾਵਾਂ ਬਦਲੇ ਦਿੱਤਾ ਹੈ। ਖੁਰਾਨਾ ਨੇ ਇਸ ਮੌਕੇ ਹੋਰ ਕਿਹਾ ਕਿ ਉਹਨਾਂ ਦੀ ਇਸ ਨਿਯੁਕਤੀ ਨਾਲ ਘੱਟ ਗਿਣਤੀਆਂ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਚੇਅਰਮੈਨ ਬਣਨ ਨਾਲ ਗਿਣਤੀਆਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦਾ ਹੱਲ ਵੀ ਹੋਵੇਗਾ।ਖੁਰਾਨਾ ਨੇ ਪਿਛਲੇ ਦਿਨੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਫੇਰੀ



ਦੌਰਾਨ ਪੰਜਾਬ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਵਾਏ ਗਏ ਖਾਸ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹਨਾਂ ਕਾਰਜਾਂ ਦੇ ਨਾਲ ਆਉਣ ਵਾਲੇ ਸਮੇਂ ਵਿੱਚ ਪੰਜਾਬ ਤਰੱਕੀ ਦੀਆਂ ਬੁਲੰਦੀਆਂ ਤੇ ਹੋਵੇਗਾ। ਇਸ ਮੌਕੇ ਉਨਾਂ ਦੇ ਨਾਲ ਆਸ਼ੂ ਖੰਨਾ, ਯੁਵਰਾਜ ਸਿੰਘ ਗੁਰੂ, ਸੰਜੀਵ ਸਿਆਲ, ਵੀਨੂ ਪੰਡਿਤ, ਲਲਿਤ ਵੈਦ, ਵਿਕੀ ਮਦਾਨ ਤੇ ਹੋਰ ਭਾਜਪਾ ਵਰਕਰ ਵੀ ਹਾਜ਼ਰ ਸਨ।

# ਲੈਂਡ ਪੂਲਿੰਗ ਕਿਸਾਨਾਂ ਦੇ ਹਿੱਤਾਂ ਦੇ ਉਲਟ : ਗਿਲਜੀਆਂ





**ਅੱਡਾ ਸਰਾਂ, ( ਜਸਵੀਰ ਕਾਜਲ)**

ਪਿੰਡ ਬੈਂਚ ਬਾਜਾ ਵਿਖੇ ਕਾਂਗਰਸ ਪਾਰਟੀ ਦੀ ਇਕ ਅਹਿਮ ਮੀਟਿੰਗ ਸਾਬਕਾ ਸਰਪੰਚ ਵਿਜੇ ਪਾਲ ਅਤੇ ਪੰਜਾਬ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ। ਮੀਟਿੰਗ ਵਿਚ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਅਤੇ ਕਾਂਗਰਸ ਦੇ ਜ਼ਿਲਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਨੂੰ ਮੌਜੂਦਾ ਲੋਕ ਮਸਲਿਆਂ ਅਤੇ ਸੂਬੇ ਦੀ ਰਾਜਨੀਤਿਕ ਸਥਿਤੀ ਬਾਰੇ ਜਾਣੂ ਕਰਵਾਇਆ ਅਤੇ ਕਾਂਗਰਸ ਪਾਰਟੀ ਨਾਲ ਜੁੜ ਕੇ ਲੋਕ ਹਿੱਤਾਂ ਦੀ ਲੜਾਈ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਸਰਕਾਰ ਵੱਲੋਂ ਲਿਆਂਦੀਆਂ ਜਾ ਰਹੀਆਂ ਲੈਂਡ ਪੂਲਿੰਗ ਵਰਗੀਆਂ ਨੀਤੀਆਂ ਕਿਸਾਨਾਂ ਦੇ ਹਿੱਤਾਂ ਦੇ ਉਲਟ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ ਅਤੇ ਬੇਰੁਜ਼ਗਾਰੀ ਕਾਰਨ ਨੌਜਵਾਨਾਂ ਵਿਚ ਨਿਰਾਸ਼ਾ ਦਾ ਮਾਹੌਲ ਪੈਦਾ ਹੋ ਗਿਆ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ, ਉਨ੍ਹਾਂ ਦੇ ਹੱਲ ਲਈ ਸੰਘਰਸ਼ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ। ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੇ ਵੀ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕ ਹਿੱਤਾਂ ਦੀ ਆਵਾਜ਼ ਬਣ ਕੇ ਖੜ੍ਹੀ ਰਹੀ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਇਕਜੁੱਟ ਹੋ ਕੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਪੰਚ ਰਵੀਸਨ, ਤਰਲੋਕ ਸਿੰਘ, ਹਰਮੇਸ਼ ਬਸੀ, ਮਨਜੀਤ ਸਿੰਘ ਮਨੀ, ਮਹਿੰਗਾ ਸਿੰਘ, ਸੰਤੋਖ ਸਿੰਘ, ਮਨਜੀਤ ਕੌਰ, ਸੁਮਨ ਕਾਂਤਾ, ਰੀਨਾ ਰਾਣੀ, ਰਾਮ ਸਿੰਘ, ਗੁਰਦੀਪ ਸਿੰਘ, ਕੁਲਦੀਪ ਕੌਰ, ਤਰਲੋਚਨ ਸਿੰਘ, ਸਤਨਾਮ ਸਿੰਘ, ਸਿਮਰਤ ਸਿੰਘ, ਕਮਲਜੀਤ ਕੌਰ, ਬੰਦਨਾ, ਸੁਖਵਿੰਦਰ ਕੌਰ, ਸੁਰਿੰਦਰ ਕੌਰ, ਅਨਿਲ ਪਿੰਕਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਕਾਂਗਰਸੀ ਵਰਕਰ ਹਾਜ਼ਰ ਸਨ।

# ਸਫਾਈ ਕਰਮਚਾਰੀਆਂ ਦੀ ਹੜਤਾਲ ਨਾਲ 150 ਟਨ ਤੋਂ ਵੱਧ ਕੂੜਾ ਇਕੱਠਾ, ਬਿਮਾਰੀਆਂ ਫੈਲਣ ਦਾ ਖਤਰਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਮੋਰਿੰਡਾ ਸ਼ਹਿਰ ਵਿੱਚ ਸਫਾਈ ਵਿਵਸਥਾ ਦਿਨੋ-ਦਿਨ ਵਿਗੜਦੀ ਜਾ ਰਹੀ ਹੈ। ਪਿਛਲੇ ਕਈ ਸਾਲਾਂ ਤੋਂ ਚੱਲ ਰਹੀ ਕੂੜਾ ਨਿਪਟਾਰੇ ਦੀ ਸਮੱਸਿਆ ਦਾ ਅਜੇ ਤੱਕ ਕੋਈ ਪੱਕਾ ਹੱਲ ਨਹੀਂ ਨਿਕਲ ਸਕਿਆ। ਹੁਣ ਸਫਾਈ ਕਰਮਚਾਰੀਆਂ ਦੀ ਅਣਮਿੱਥੇ ਸਮੇਂ ਲਈ ਚੱਲ ਰਹੀ ਹੜਤਾਲ 10ਵੇਂ ਦਿਨ ਵਿੱਚ ਦਾਖਲ ਹੋ ਗਈ ਹੈ, ਜਿਸ ਕਾਰਨ ਪੂਰਾ ਸ਼ਹਿਰ ਕੂੜੇ ਦੇ ਢੇਰਾਂ ਵਿੱਚ ਤਬਦੀਲ ਹੁੰਦਾ ਨਜ਼ਰ ਆ ਰਿਹਾ ਹੈ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ 150 ਟਨ ਤੋਂ ਵੱਧ ਕੂੜਾ ਇਕੱਠਾ ਹੋ ਚੁੱਕਾ ਹੈ। ਉੱਧਰ, ਨਗਰ ਕੌਂਸਲ ਵੱਲੋਂ ਨਿਯਮਤ ਸਫਾਈ ਅਤੇ ਫੋਗਿੰਗ ਨਾ ਹੋਣ ਕਾਰਨ ਲੋਕਾਂ ਵਿੱਚ ਡੇਂਗੂ, ਮਲੇਰੀਆ ਅਤੇ ਹੋਰ ਛੂਤ ਦੀਆਂ ਬਿਮਾਰੀਆਂ ਦਾ ਖਤਰਾ ਵੱਧ ਗਿਆ ਹੈ। ਕਰੀਬ ਇੱਕ ਸਾਲ ਪਹਿਲਾਂ ਸਥਾਨਕ ਸਰਕਾਰਾਂ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਮੋਰਿੰਡਾ ਦਾ ਅਚਾਨਕ ਦੌਰਾ ਕਰਕੇ ਸੀਵਰੇਜ ਅਤੇ ਸਫਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ ਸੀ। ਉਸ ਵੇਲੇ ਉਨ੍ਹਾਂ ਲਾਪਰਵਾਹੀ ਦੇ ਦੋਸ਼ ਹੇਠ ਇੱਕ ਸੈਨੇਟਰੀ ਇੰਸਪੈਕਟਰ ਨੂੰ ਮੁਅੱਤਲ ਕਰ ਦਿੱਤਾ ਸੀ ਅਤੇ ਸਬੰਧਤ ਅਧਿਕਾਰੀਆਂ ਨੂੰ ਇੱਕ ਮਹੀਨੇ ਅੰਦਰ ਹਾਲਾਤ ਸੁਧਾਰਨ ਦੇ ਨਿਰਦੇਸ਼ ਦਿੱਤੇ ਸਨ। ਪਰ ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਹਦਾਇਤਾਂ ਦਾ ਕੋਈ ਸਥਾਈ ਅਸਰ ਨਹੀਂ ਹੋਇਆ ਅਤੇ ਹਾਲਾਤ ਪਹਿਲਾਂ ਨਾਲੋਂ ਵੀ ਜ਼ਿਆਦਾ ਵਿਗੜ ਗਏ। ਸ਼ਹਿਰ ਦੀਆਂ ਮੁੱਖ ਸੜਕਾਂ, ਬਾਜ਼ਾਰਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਥਾਂ-ਥਾਂ ਕੂੜੇ ਦੇ ਢੇਰ ਲੱਗੇ ਹੋਏ ਹਨ। ਕਈ ਥਾਵਾਂ 'ਤੇ ਸੜਕਾਂ ਉੱਪਰ ਖਿਲਰੇ ਕੂੜੇ ਵਿੱਚ ਅਵਾਰਾ ਪਸ਼ੂ ਮੂੰਹ ਮਾਰਦੇ ਨਜ਼ਰ ਆ ਰਹੇ ਹਨ। ਅਜੇ ਕੁਮਾਰ ਗਿੰਨੀ, ਬਲਵੀਰ ਸਿੰਘ ਸੱਲ੍ਹ, ਵਰਿੰਦਰ ਸਿੰਘ ਹੈਪੀ, ਵਿਨੇ ਕੁਮਾਰ, ਮਨਜੀਤ ਸਿੰਘ ਟੋਨੀ, ਜਗਪਾਲ ਸਿੰਘ ਕੰਗ ਸਮੇਤ ਹੋਰ ਸ਼ਹਿਰ ਵਾਸੀਆਂ ਨੇ ਦੋਸ਼ ਲਾਇਆ ਕਿ ਨਗਰ ਕੌਂਸਲ ਲੋਕਾਂ ਨੂੰ ਮੁੱਢਲੀਆਂ ਸਫਾਈ ਸਹੂਲਤਾਂ ਵੀ ਮੁਹੱਈਆ ਨਹੀਂ ਕਰਵਾ ਸਕੀ। ਉਨ੍ਹਾਂ ਨਵੀਂ ਨਗਰ ਕੌਂਸਲ ਤੋਂ ਜਲਦ ਠੋਸ ਕਦਮ ਚੁੱਕਣ ਦੀ ਮੰਗ ਕੀਤੀ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ ਸੱਤ-ਅੱਠ ਮਹੀਨਿਆਂ ਤੋਂ ਨਗਰ ਕੌਂਸਲ ਕੂੜੇ ਦੇ ਇਕੱਠ, ਛਾਂਟੀ ਅਤੇ ਨਿਪਟਾਰੇ ਲਈ ਕੋਈ ਪੱਕੀ ਵਿਵਸਥਾ ਨਹੀਂ ਕਰ ਸਕੀ। ਦੂਜੇ ਪਾਸੇ, 140 ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਕੂੜਾ ਚੁੱਕਣ ਦਾ ਕੰਮ ਪੂਰੀ ਤਰ੍ਹਾਂ ਠੱਪ ਪਿਆ ਹੋਇਆ ਹੈ। ਸੈਨੇਟਰੀ ਵਿਭਾਗ ਅਨੁਸਾਰ ਸ਼ਹਿਰ ਵਿੱਚ ਹਰ ਰੋਜ਼ 15 ਟਨ ਤੋਂ ਵੱਧ ਕੂੜਾ ਪੈਦਾ ਹੁੰਦਾ ਹੈ, ਜਿਸ ਨਾਲ ਹਰ ਦਿਨ ਸਥਿਤੀ ਹੋਰ ਗੰਭੀਰ ਬਣਦੀ ਜਾ ਰਹੀ ਹੈ। ਕੂੜਾ ਡੰਪਿੰਗ ਨੂੰ ਲੈ ਕੇ ਵੀ ਨਗਰ ਕੌਂਸਲ ਮੁਸ਼ਕਲਾਂ ਦਾ ਸਾਹਮਣਾ ਕਰ ਰਹੀ ਹੈ। ਸਾਲ 2025 ਵਿੱਚ ਪੁਰਾਣੇ ਡੰਪਿੰਗ ਸਥਾਨ ਦਾ ਠੇਕਾ ਖਤਮ ਹੋਣ ਤੋਂ ਬਾਅਦ ਨਵੇਂ ਸਥਾਨ ਦਾ ਪ੍ਰਬੰਧ ਨਹੀਂ ਹੋ ਸਕਿਆ। ਇਸ ਵੇਲੇ ਕੂੜਾ ਜੀਰਕਪੁਰ ਅਤੇ ਲਾਲੜੂ ਭੇਜਣ ਲਈ ਇੱਕ ਨਿੱਜੀ ਕੰਪਨੀ ਨੂੰ 180/- ਰੁਪਏ ਪ੍ਰਤੀ ਟਨ ਦੇ ਹਿਸਾਬ ਨਾਲ ਭੁਗਤਾਨ ਕੀਤਾ ਜਾ ਰਿਹਾ ਹੈ, ਜਿਸ 'ਤੇ ਹਰ ਮਹੀਨੇ ਲੱਖਾਂ ਰੁਪਏ ਖਰਚ ਹੋ ਰਹੇ ਹਨ। ਜਦਕਿ ਐੱਸ ਡੀ ਐੱਮ ਚੇਤਨ ਬੰਗੜ ਨੇ ਦੱਸਿਆ ਕਿ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਸਰਕਾਰ ਪੱਧਰ ਨਾਲ ਸਬੰਧਤ ਹਨ। ਜਿਨਾ ਦੇ ਹੱਲ ਲਈ ਸਰਕਾਰੀ ਪੱਧਰ ਤੇ ਗੱਲਬਾਤ ਚੱਲ ਰਹੀ ਹੈ।

# ਰਵਜੋਤ ਸਿੰਘ ਵੱਲੋਂ ਮੇਘੋਵਾਲ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਮੇਘੋਵਾਲ ਗੰਜਿਆ ਤੋਂ ਸ੍ਰੀ ਹਰਿਮੰਦਰ ਸਾਹਿਬ, ਦਰਬਾਰ ਸਾਹਿਬ, ਅੰਮ੍ਰਿਤਸਰ ਸਮੇਤ ਦੂਸਰੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ




ਲਈ ਜਾਣ ਵਾਲੇ ਸ਼ਰਧਾਲੂਆਂ ਦੀ ਬੱਸ ਨੂੰ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦੀ ਹੈ ਅਤੇ ਇਸੇ ਸੋਚ ਤਹਿਤ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਉਨ੍ਹਾਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਜਿਨ੍ਹਾਂ ਲਈ ਆਪਣੇ ਪੱਧਰ 'ਤੇ ਯਾਤਰਾ ਕਰਨਾ ਮੁਸ਼ਕਲ ਹੁੰਦਾ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਵਾਜਾਈ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਹ ਬਿਨਾਂ ਕਿਸੇ ਚਿੰਤਾ ਦੇ ਆਪਣੀ ਧਾਰਮਿਕ ਯਾਤਰਾ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ ਅਤੇ ਇਹ ਯੋਜਨਾ ਵੀ ਉਸੇ ਵਚਨਬੱਧਤਾ ਦਾ ਹਿੱਸਾ ਹੈ। ਇਸ ਮੌਕੇ ਹਾਜ਼ਰ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਨੇ ਉਨ੍ਹਾਂ ਦੀ ਲੰਬੇ ਸਮੇਂ ਤੋਂ ਧਾਰਮਿਕ ਯਾਤਰਾ ਕਰਨ ਦੀ ਇੱਛਾ ਨੂੰ ਪੂਰਾ ਕੀਤਾ ਹੈ। ਇਸ ਮੌਕੇ ਪ੍ਰੇਮ ਸਿੰਘ ਵੀ ਹਾਜ਼ਰ ਸਨ।

# ਜਗਨਨਾਥ ਯਾਤਰਾ 'ਚ ਜੁੜੇ ਸੈਂਕੜੇ ਸ਼ਰਧਾਲੂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਸ਼ਹਿਰ ਵਿੱਚ ਲਗਾਤਾਰ ਦੂਜੀ ਵਾਰ ਭਗਵਾਨ ਸ੍ਰੀ ਜਗਨਨਾਥ ਜੀ ਦੀ ਸ਼ਾਨਦਾਰ ਯਾਤਰਾ ਕੱਢੀ ਗਈ। ਸ੍ਰੀ ਕੈਮਲੋ ਤੀਰਥ ਗਊਸ਼ਾਲਾ ਮੁਕੰਦਪੁਰ ਅਤੇ ਸ੍ਰੀਵਾਸ ਆਂਗਨ ਮੰਦਰ ਪੰਚਕੂਲਾ ਦੇ ਸਹਿਯੋਗ ਨਾਲ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਾਨ ਸ੍ਰੀ ਜਗਨਨਾਥ ਜੀ ਦੀ ਰਥ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਯਾਤਰਾ ਰਾਮ ਤਲਾਈ ਬੱਸ ਸਟੈਂਡ ਤੋਂ ਸ਼ੁਰੂ ਹੋਈ, ਜਿਸ ਵਿੱਚ ਸੈਂਕੜੇ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਜਿਨ੍ਹਾਂ ਵਿੱਚ ਜ਼ਿਆਦਾਤਰ ਗਿਣਤੀ ਔਰਤਾਂ ਦੀ ਸੀ, ਜਗਨਨਾਥ ਦੇ ਪਾਵਨ ਰਥ ਨੂੰ ਖਿੱਚ ਕੇ ਖੁਦ ਨੂੰ ਪੁੰਨ ਦੇ ਭਾਗੀਦਾਰ ਬਣਾਇਆ। ਰਥ ਯਾਤਰਾ ਤਹਿਸੀਲ ਰੋਡ ਤੋਂ ਬਾਅਦ ਸਾਧੂ ਨਗਰ ਸ਼ਾਰਦਾ ਮੰਦਰ, ਅਨਾਜ ਮੰਡੀ, ਲੇਬਰ ਚੌਂਕ ਅਤੇ ਹਾਈਵੇ ਤੋਂ ਹੁੰਦੀ ਹੋਈ ਰਾਮਲੀਲਾ ਮੈਦਾਨ ਵਿੱਚ ਪਹੁੰਚ ਕੇ ਸਮਾਪਤ ਹੋਈ। ਵਿਦਿਆਪੂਰਨ ਪ੍ਰਭੂ ਨੇ ਲੋਕਾਂ ਨੂੰ ਪ੍ਰਸਾਦ ਵੰਡਿਆ। 'ਸ੍ਰੀ ਰਾਮਾ, ਸ੍ਰੀ ਕ੍ਰਿਸ਼ਨਾ' ਦੇ ਭਜਨਾਂ ਦੇ ਵਿਚਕਾਰ ਯਾਤਰਾ ਦਾ ਲਾਈਵ ਪ੍ਰਸਾਰਣ ਵੀ ਜਾਰੀ ਰਿਹਾ। ਇਸ ਦੌਰਾਨ ਭਾਜਪਾ ਦੇ ਸੰਜੀਵ ਖੰਨਾ, ਪਵਨ ਧੀਮਾਨ ਪੰਮਾ, ਰਵਿੰਦਰ ਵੈਸ਼ਨਵ ਅਤੇ ਹਨੂਮਾਨ ਸੇਵਾ ਸੰਘ ਦੇ ਸੰਯੋਜਕ ਰਵਿੰਦਰ ਬਤਰਾ ਸਮੇਤ ਵੱਡੀ ਗਿਣਤੀ ਵਿੱਚ ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਮੌਜੂਦ ਸਨ।



ਰਥ ਵਿੱਚ ਸ੍ਰੀ ਠਾਕੁਰ ਜੀ ਨੂੰ ਬਿਰਾਜਮਾਨ ਕੀਤਾ ਗਿਆ ਸੀ, ਜਦੋਂ ਕਿ ਰਥ ਨੂੰ ਖਿੱਚਣ ਲਈ ਇੱਕ ਪਾਸੇ ਪੁਰਸ਼ਾਂ ਅਤੇ ਦੂਜੇ ਪਾਸੇ ਮਹਿਲਾ ਸ਼ਰਧਾਲੂਆਂ ਦੀ ਭੀੜ ਮੌਜੂਦ ਰਹੀ। ਰਥ ਯਾਤਰਾ ਦੌਰਾਨ ਠਾਕੁਰ ਜੀ ਦੇ ਛੱਪਣ ਭੋਗ ਮਹਾਪ੍ਰਸਾਦ ਲਈ ਸਾਰੇ ਸ਼ਰਧਾਲੂ ਆਪਣੇ-ਆਪਣੇ ਘਰਾਂ ਤੋਂ ਭੋਗ ਪ੍ਰਸਾਦ ਲੈ ਕੇ ਯਾਤਰਾ ਵਿੱਚ ਸ਼ਾਮਲ ਹੋਏ। ਯਾਤਰਾ ਸੰਪੰਨ ਹੋਣ ਤੋਂ ਬਾਅਦ ਸ੍ਰੀ ਰਾਮਲੀਲਾ ਗਰਾਊਂਡ ਵਿੱਚ ਪ੍ਰਸਾਦ ਅਤੇ ਭੰਡਾਰੇ ਦਾ ਵੀ ਆਯੋਜਨ ਕੀਤਾ ਗਿਆ।

# ਪਲਾਸਟਿਕ ਮੁਕਤ ਦਿਵਸ 'ਤੇ ਅਸੈਂਬਲੀ ਕਰਵਾਈ

**ਗੁਰਾਇਆ (ਬਿੰਦਰ ਸੁਮਨ)**

ਐੱਸ ਟੀ ਐੱਸ ਸਕੂਲ ਦੇ ਵਿਦਿਆਰਥੀਆਂ ਵੱਲੋਂ ਪਲਾਸਟਿਕ ਮੁਕਤ ਦਿਵਸ ਦੇ ਮੌਕੇ 'ਤੇ, ਦਸਵੀਂ-ਏ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਗ੍ਰੇਡ ਇੰਚਾਰਜ ਕੁਲਵਿੰਦਰ ਦੀ ਅਗਵਾਈ ਹੇਠ ਵਾਤਾਵਰਣ ਚੇਤਨਾ ਨੂੰ ਉਤਸ਼ਾਹਿਤ ਕਰਨ ਅਤੇ ਸਕੂਲ ਭਾਈਚਾਰੇ ਨੂੰ ਟਿਕਾਊ ਜੀਵਨ ਨੂੰ ਅਪਣਾਉਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਇੱਕ ਗਤੀਸ਼ੀਲ ਅਸੈਂਬਲੀ ਦਾ ਆਯੋਜਨ ਕੀਤਾ। ਇਹ ਅਸੈਂਬਲੀ ਪਲਾਸਟਿਕ ਦੀ ਖਪਤ ਨੂੰ ਘਟਾ ਕੇ ਅਤੇ ਵਾਤਾਵਰਣ-ਅਨੁਕੂਲ ਵਿਕਲਪਾਂ ਨੂੰ ਅਪਣਾ ਕੇ ਸਾਡੇ ਗ੍ਰਹਿ ਦੀ ਰੱਖਿਆ ਦੀ ਸਮੂਹਿਕ ਜ਼ਿੰਮੇਵਾਰੀ 'ਤੇ ਜ਼ੋਰ ਦੇਣ ਲਈ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਵਜੋਂ ਕੰਮ ਕਰਦੀ ਸੀ। ਪ੍ਰੋਗਰਾਮ ਦੀ ਸ਼ੁਰੂਆਤ ਆਤਮਵਿਸ਼ਵਾਸੀ ਮੁਕਾਬਲੇਬਾਜ਼ਾਂ, ਵੰਸ਼ਿਕਾ ਅਤੇ ਗੁਰਕਮਲ ਦੁਆਰਾ ਇੱਕ ਦਿਲਚਸਪ ਸਵਾਗਤ ਨਾਲ ਹੋਈ, ਜਿਨ੍ਹਾਂ ਦੀ ਸ਼ਾਨਦਾਰ ਪੇਸ਼ਕਾਰੀ ਨੇ ਪ੍ਰੋਗਰਾਮ ਦੇ ਇੱਕ ਨਿਰਵਿਘਨ ਪ੍ਰਵਾਹ ਨੂੰ ਯਕੀਨੀ ਬਣਾਇਆ। ਮਨਕੀਰਤ ਨੇ ਦਿਵਸ ਦਾ ਵਿਚਾਰ ਪੇਸ਼ ਕੀਤਾ, ਇੱਕ ਡੂੰਘਾ ਸੰਦੇਸ਼ ਦਿੱਤਾ ਕਿ ਸਿੰਗਲ-ਯੂਜ਼ ਪਲਾਸਟਿਕ ਨੂੰ ਖਤਮ ਕਰਨ ਲਈ ਹਰ ਸੁਚੇਤ ਕਾਰਵਾਈ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਣ ਨੂੰ ਸੁਰੱਖਿਅਤ ਰੱਖਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ। ਸੁਖਮੀਤ ਦੁਆਰਾ ਇੱਕ ਸੂਝਵਾਨ ਤੇ ਪ੍ਰਭਾਵਸ਼ਾਲੀ ਭਾਸ਼ਣ ਨੇ ਵਾਤਾਵਰਣ ਪ੍ਰਣਾਲੀ, ਜੈਵ ਵਿਭਿੰਨਤਾ ਅਤੇ ਮਨੁੱਖੀ ਭਲਾਈ 'ਤੇ ਪਲਾਸਟਿਕ ਪ੍ਰਦੂਸ਼ਣ ਦੇ ਵਿਨਾਸ਼ਕਾਰੀ ਪ੍ਰਭਾਵ 'ਤੇ ਰੌਸ਼ਨੀ ਪਾਈ। ਸੰਬੋਧਨ ਵਿੱਚ ਸਾਰਿਆਂ ਨੂੰ ਸੁਚੇਤ ਵਿਕਲਪ ਬਣਾ ਕੇ ਜ਼ਿੰਮੇਵਾਰ ਵਾਤਾਵਰਣ ਸੰਭਾਲਣ ਵਾਲੇ ਬਣਨ ਦੀ ਅਪੀਲ ਕੀਤੀ ਗਈ ਜੋ ਸਥਿਰਤਾ ਨੂੰ ਉਤਸ਼ਾਹਿਤ ਕਰਦੇ ਹਨ ਅਤੇ ਵਾਤਾਵਰਣ ਦੇ ਪ੍ਰਭਾਵ ਨੂੰ ਘਟਾਉਂਦੇ ਹਨ। ਅਸੈਂਬਲੀ ਦੇ ਸਭ ਤੋਂ ਮਨਮੋਹਕ ਮੁੱਖ ਅੰਸ਼ਾਂ ਵਿੱਚੋਂ ਵਿਦਿਆਰਥੀਆਂ ਦੁਆਰਾ ਪੇਸ਼ ਕੀਤਾ ਗਿਆ ਇੱਕ ਸ਼ਕਤੀਸ਼ਾਲੀ ਨੁੱਕੜ ਨਾਟਕ ਸੀ। ਅਸੈਂਬਲੀ ਦਾ ਅੰਤ ਪ੍ਰਿੰਸੀਪਲ ਪ੍ਰਭਜੋਤ ਗਿੱਲ ਦੇ ਪ੍ਰਸ਼ੰਸਾ ਭਰੇ ਸ਼ਬਦਾਂ ਨਾਲ ਇੱਕ ਪ੍ਰੇਰਨਾਦਾਇਕ ਨੋਟ 'ਤੇ ਹੋਇਆ, ਜਿਨ੍ਹਾਂ ਨੇ ਵਿਦਿਆਰਥੀਆਂ ਦੁਆਰਾ ਪ੍ਰਦਰਸ਼ਿਤ ਕੀਤੇ ਗਏ ਇਮਾਨਦਾਰ ਯਤਨਾਂ, ਰਚਨਾਤਮਕਤਾ ਅਤੇ ਵਾਤਾਵਰਣ ਪ੍ਰਤੀ ਵਚਨਬੱਧਤਾਵਾਂ ਦੀ ਸ਼ਲਾਘਾ ਕੀਤੀ। ਉਸ ਨੇ ਭਾਗੀਦਾਰਾਂ ਦੀ ਇਸ ਤਰ੍ਹਾਂ ਦੇ ਅਰਥਪੂਰਨ ਅਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਨੂੰ ਪੇਸ਼ ਕਰਨ ਲਈ ਪ੍ਰਸ਼ੰਸਾ ਕੀਤੀ ਅਤੇ ਸਾਰਿਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਟਿਕਾਊ ਅਭਿਆਸਾਂ ਨੂੰ ਅਪਣਾ ਕੇ ਜਾਗਰੂਕਤਾ ਨੂੰ ਕਾਰਵਾਈ ਵਿੱਚ ਬਦਲਣ ਲਈ ਉਤਸ਼ਾਹਿਤ ਕੀਤਾ।




# ਜਲ ਸਪਲਾਈ ਵਰਕਰਾਂ ਵੱਲੋਂ 3 ਨੂੰ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਦਾ ਘਿਰਾਓ ਕਰਨ ਦਾ ਐਲਾਨ

**ਨਕੋਦਰ (ਮਨਜੀਤ ਮਾਨ)**

ਜਲ ਸਪਲਾਈ ਵਰਕਰਾਂ ਵੱਲੋਂ ਸਥਾਨਕ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਅਤੇ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਦੀ ਸਾਂਝੀ ਅਗਵਾਈ ਹੇਠ ਹੋਈ ਇੱਕ ਹੰਗਾਮੀ ਮੀਟਿੰਗ ਵਿੱਚ ਸਰਕਾਰ ਖ਼ਿਲਾਫ਼ ਤਿੱਖੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਗਈ।ਮੀਟਿੰਗ ਦੇ ਫੈਸਲਿਆਂ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੂਬਾ ਪ੍ਰੈੱਸ ਸਕੱਤਰ ਦਵਿੰਦਰ ਸਿੰਘ ਨਾਭਾ ਅਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਨੇ ਦੱਸਿਆ ਕਿ ਪਿਛਲੇ ਦਿਨਾਂ ਦੌਰਾਨ ਸਰਕਾਰ, ਜਲ ਸਪਲਾਈ ਮੰਤਰੀ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋਈਆਂ ਮੀਟਿੰਗਾਂ ਦੀ ਵਿਸਥਾਰਪੂਰਵਕ ਸਮੀਖਿਆ ਕੀਤੀ ਗਈ।ਮੌਜੂਦਾ ਹਾਲਾਤ 'ਤੇ ਗੰਭੀਰ ਚਰਚਾ ਤੋਂ ਬਾਅਦ, ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਆਗੂਆਂ ਨੇ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ ਐਲਾਨ ਕੀਤਾ ਕਿ 3 ਅਗਸਤ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੰਗਰੂਰ ਰਿਹਾਇਸ਼ ਅੱਗੇ ਵਿਸ਼ਾਲ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਸਾਰੇ ਜ਼ਿਲ੍ਹਿਆਂ ਦੇ ਆਗੂਆਂ ਨੇ ਇਸ ਸੰਘਰਸ਼ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਇਸ ਨੂੰ ਸਫ਼ਲ ਬਣਾਉਣ ਦਾ ਪੱਕਾ ਅਹਿਦ ਲਿਆ।ਸੂਬਾ ਕਮੇਟੀ ਦਾ ਦਾਇਰਾ ਵਧਾਉਂਦੇ ਹੋਏ ਅਮਨਦੀਪ ਕੌਰ ਲੁਧਿਆਣਾ ਦਫ਼ਤਰੀ ਸਟਾਫ਼ ਨੂੰ ਸੂਬਾ ਸੀਨੀਅਰ ਮੀਤ ਪ੍ਰਧਾਨ ਅਤੇ ਰਜਿੰਦਰ ਕੁਮਾਰ ਫਾਜ਼ਿਲਕਾ ਨੂੰ ਮੁੱਖ ਸਲਾਹਕਾਰ ਵਜੋਂ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਤੋਂ ਇਲਾਵਾ ਫਾਜ਼ਿਲਕਾ ਤੋਂ ਮੰਗਤ ਰਾਮ, ਗੁਰਪ੍ਰੀਤ ਸਿੰਘ ਅਤੇ ਮੱਖਣ ਲਾਲ ਨੇ ਵੀ ਸਾਥੀਆਂ ਸਮੇਤ ਜਥੇਬੰਦੀ ਵਿੱਚ ਸ਼ਾਮਲ ਹੋ ਕੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।ਇਸ ਮੀਟਿੰਗ ਵਿੱਚ ਸੂਬਾ ਵਿੱਤ ਸਕੱਤਰ ਬਲਜਿੰਦਰ ਸਿੰਘ ਸਮਾਣਾ, ਸੂਬਾ ਮੀਤ ਪ੍ਰਧਾਨ ਨਰਿੰਦਰ ਸਿੰਘ ਪੂੰਗਾ, ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਫਤਿਹਗੜ੍ਹ ਸਾਹਿਬ, ਸੂਬਾ ਸਲਾਹਕਾਰ ਪਵਿੱਤਰ ਸਿੰਘ ਮੋਗਾ, ਸੂਬਾ ਜੁਆਇੰਟ ਵਿੱਤ ਸਕੱਤਰ ਜਸਵੀਰ ਸਿੰਘ ਮਾਨਸਾ, ਸੂਬਾ ਮੀਤ ਪ੍ਰਧਾਨ ਲਾਲ ਸਿੰਘ ਗੁਰਦਾਸਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਜ਼ਿਲ੍ਹਾ ਅਤੇ ਬ੍ਰਾਂਚ ਕਮੇਟੀਆਂ ਵੱਲੋਂ ਗੁਰਪ੍ਰੀਤ ਸਿੰਘ ਬਾਲੇਵਾਲ ਮਲੇਰਕੋਟਲਾ, ਕਰਮਜੀਤ ਪਾਲ ਸੰਗਰੂਰ, ਗੁਰਮੀਤ ਸਿੰਘ ਕੋਟਲਾ ਕਾਜ਼ੀਆਂ ਅੰਮ੍ਰਿਤਸਰ, ਸੁੱਚਾ ਸਿੰਘ ਨੂਰਮਹਿਲ, ਸ਼ਿੰਦਰਪਾਲ ਸੰਧੂ ਜਲੰਧਰ, ਪ੍ਰਦੀਪ ਸਿੰਘ ਖੱਖ, ਕਮਲਜੀਤ ਸਿੰਘ ਤੇ ਰਵਿੰਦਰ ਸਿੰਘ ਹੁਸ਼ਿਆਰਪੁਰ ਅਤੇ ਮੋਹਨ ਸਿੰਘ ਘਨੌਰ, ਗੁਰਵਿੰਦਰ ਸਿੰਘ ਦੋਦਾ ਪਟਿਆਲਾ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਹਾਜ਼ਰ ਸਨ।



# ਚੰਨੀ ਨੇ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ ਦੋ ਵਰਕਰਾਂ ਨੂੰ ਪਾਰਟੀ 'ਚੋਂ ਕੱਢਿਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਨਗਰ ਕੌਂਸਲ ਮੋਰਿੰਡਾ ਦੀਆਂ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਵੱਲੋਂ ਇੱਕ ਵੱਡੀ ਅਨੁਸ਼ਾਸਨੀ ਕਾਰਵਾਈ ਸਾਹਮਣੇ ਆਈ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਮੌਜੂਦਗੀ ਵਿੱਚ ਸ੍ਰੀ ਵਿਜੇ ਸ਼ਰਮਾ ਟਿੰਕੂ ਦੇ ਗ੍ਰਹਿ ਵਿਖੇ ਹੋਈ ਇੱਕ ਅਹਿਮ ਮੀਟਿੰਗ ਦੌਰਾਨ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਬਾਗੀ ਹੋਏ ਕਾਂਗਰਸੀ ਆਗੂਆਂ ਰਣਜੋਧ ਸਿੰਘ ਖੱਟੜਾ ਅਤੇ ਬਿਕਰਮ ਬੱਤਾ ਨੂੰ ਕਾਂਗਰਸ ਪਾਰਟੀ ਵਿੱਚੋਂ ਬਾਹਰ ਕੱਢ ਦਿੱਤਾ ਗਿਆ ਹੈ।ਇਹ ਫੈਸਲਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਖਰੜ ਦੇ ਇੰਚਾਰਜ ਵਿਜੇ ਸ਼ਰਮਾ ਟਿੰਕੂ ਦੀ ਅਗਵਾਈ ਹੇਠ ਸ਼ਹਿਰ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਅਤੇ ਕੌਂਸਲਰਾਂ ਦੀ ਹੋਈ ਮੀਟਿੰਗ ਵਿੱਚ ਆਪਸੀ ਸਹਿਮਤੀ ਨਾਲ ਲਿਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਉਕਤ ਦੋਵਾਂ ਆਗੂਆਂ ਨੇ ਨਗਰ ਕੌਂਸਲ ਚੋਣਾਂ ਦੌਰਾਨ ਪਾਰਟੀ ਦੇ ਅਧਿਕਾਰਤ ਉਮੀਦਵਾਰ ਦਾ ਵਿਰੋਧ ਕਰਕੇ ਪਾਰਟੀ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅੱਜ ਤੋਂ ਬਾਅਦ ਉਕਤ ਵਿਅਕਤੀਆਂ ਦਾ ਕਾਂਗਰਸ ਪਾਰਟੀ ਨਾਲ ਕੋਈ ਸਬੰਧ ਨਹੀਂ ਹੋਵੇਗਾ। ਚੰਨੀ ਨੇ ਇਹ ਵੀ ਚਿਤਾਵਨੀ ਦਿੱਤੀ ਕਿ ਭਵਿੱਖ ਵਿੱਚ ਪਾਰਟੀ ਵਿਰੋਧੀ ਕਾਰਵਾਈਆਂ ਵਿੱਚ ਸ਼ਾਮਲ ਪਾਏ ਜਾਣ ਵਾਲੇ ਹੋਰ ਆਗੂਆਂ ਖ਼ਿਲਾਫ਼ ਵੀ ਅਜਿਹੀ ਹੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਵਿਜੇ ਕੁਮਾਰ ਟਿੰਕੂ ਨੇ ਕਿਹਾ ਕਿ ਕੋਈ ਵੀ ਪਾਰਟੀ ਜਾਂ ਸੰਸਥਾ ਅਨੁਸ਼ਾਸਨ ਕਾਇਮ ਰੱਖ ਕੇ ਹੀ ਸਫਲਤਾ ਹਾਸਲ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਹਾਸਲ ਕਰਨ ਲਈ ਕਾਂਗਰਸ ਅੰਦਰ ਅਨੁਸ਼ਾਸਨ ਦਾ ਹੋਣਾ ਬਹੁਤ ਜ਼ਰੂਰੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸ਼ਹਿਰ ਦੇ ਸਮੂਹ ਕਾਂਗਰਸੀ ਕੌਂਸਲਰਾਂ ਅਤੇ ਪਾਰਟੀ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਇੱਕਜੁੱਟਤਾ ਬਣਾਈ ਰੱਖਣ ਦੀ ਅਪੀਲ ਕੀਤੀ ਹੈ । ਇਸ ਮੌਕੇ ਪਨਗਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਰਜੇਸ਼ ਕੁਮਾਰ ਸਿਸੋਦੀਆ, ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਬਲਵੀਰ ਸਿੰਘ ਲਾਲਾ, ਵ੍ਰਗੇਸ਼ ਕੁਮਾਰ ਸੂਦ, ਸਨੀ ਭੂਮਕ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ ਤੇ ਰਕੇਸ਼ ਕੁਮਾਰ ਬੱਗਾ, ਗੁਰਵਿੰਦਰ ਸਿੰਘ ਗੁਰੂ ਸ਼ੇਰ ਗਿੱਲ, ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਰਾਹੁਲ ਸ਼ਰਮਾ, ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਮਿਲਕ ਪਲਾਂਟ ਮੋਹਾਲੀ ਦੇ ਡਾਇਰੈਕਟਰ ਬਲਜਿੰਦਰ ਸਿੰਘ ਧਾਲੀਵਾਲ, ਹਰਜੋਤ ਸਿੰਘ ਢੰਗਰਾਲੀ, ਸਨੂੰ ਦੱਤ, ਅਮਰਜੀਤ ਸਿੰਘ ਲੱਲਾ ਰੌਣੀ ਆਦਿ ਹਾਜ਼ਰ ਸਨ।



# ਬੀ ਏ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਦਾ ਨਤੀਜਾ ਰਿਹਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਬੀ.ਏ. ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਦਿਸ਼ਾ ਨੇ 10 ਵਿਚੋਂ 8.27 ਐੱਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਦੂਜਾ ਸਥਾਨ ਅਤੇ ਵਿਦਿਆਰਥਣ ਸ਼ਵੇਤਾ ਦੇਵੀ ਨੇ 8.23 ਐੱਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਤੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥਣ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਇਸ ਮੌਕੇ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਦੇ ਚੰਗੇ ਭਵਿੱਖ ਵਿਚ ਹੋਰ ਵੱਡੀਆਂ ਪ੍ਰਾਪਤੀਆਂ ਦੀ ਕਾਮਨਾ ਕੀਤੀ। ਵਿਦਿਆਰਥਣਾਂ ਨੇ ਆਪਣੀ ਇਸ ਉਪਲਬਧੀ ਦਾ ਸਿਹਰਾ ਅਧਿਆਪਕਾਂ ਨੂੰ ਅਤੇ ਕਾਲਜ ਦੇ ਵਧੀਆ ਪੜ੍ਹਾਈ ਦੇ ਵਾਤਾਵਰਣ ਨੂੰ ਦਿੱਤਾ। ਇਸ ਮੌਕੇ ਡਾ. ਹਰਜੀਤ ਸਿੰਘ ਮੁਖੀ ਗਣਿਤ ਵਿਭਾਗ, ਪ੍ਰੋ. ਅਹੂਜਾ ਸੰਦੀਪ, ਇੰਚਾਰਜ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ, ਪ੍ਰੋ. ਮੋਨਿਕਾ ਅਤੇ ਪ੍ਰੋ. ਅੰਜਲੀ ਭਾਰਦਵਾਜ ਵੀ ਹਾਜ਼ਰ ਸਨ।

